5-MAR-PAGE-1.qxd 3/4/2024 10:25 PM Page 1

ਮੰਗਲਵਾਰ, 5 ਮਾਰਚ, 2024
22 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 275

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

DAILY NAWAN ZAMANA • TUESDAY, 5 MARCH, 2024 ਜਲੰਧਰ
nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਦਿੱਲੀ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ ਇਕ ਹਜ਼ਾਰ ਰੁਪਏ

**ਨਵੀਂ ਦਿੱਲੀ** : ਦਿੱਲੀ ਦੀ ਵਿੱਤ ਮੰਤਰੀ ਆਤਿਸ਼ੀ ਨੇ ਸੋਮਵਾਰ ਵਿਧਾਨ ਸਭਾ ਵਿਚ ਵਿੱਤੀ ਸਾਲ 2024-25 ਲਈ 76,000 ਕਰੋੜ ਰੁਪਏ ਦੇ ਖਰਚੇ ਵਾਲਾ ਬਜਟ ਪੇਸ਼ ਕੀਤਾ। ਆਪਣਾ ਪਹਿਲਾ ਬਜਟ ਪੇਸ ਕਰਦੇ ਹੋਏ ਆਤਿਸ਼ੀ ਨੇ ਮੁੱਖ ਮੰਤਰੀ ਮਹਿਲਾ ਸਨਮਾਨ ਯੋਜਨਾ ਦਾ ਐਲਾਨ ਕੀਤਾ, ਜਿਸ ਤਹਿਤ 18 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਨੂੰ ਹਰ ਮਹੀਨੇ 1,000 ਰੁਪਏ ਦਿੱਤੇ ਜਾਣਗੇ। ਆਤਿਸ਼ੀ ਨੇ ਬਜਟ ਭਾਸ਼ਣ 'ਚ ਕਿਹਾ ਕਿ ਸਰਕਾਰ ਰਾਮ ਰਾਜ ਦੇ ਆਦਰਸ਼ਾਂ ਤੋਂ ਪ੍ਰੇਰਿਤ ਹੈ।

## ਕਿਸਾਨਾਂ ਨੂੰ ਪ੍ਰਚਾਰ ਲਈ ਨਾ ਵਰਤਿਆ ਜਾਵੇ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਕਿਸਾਨਾਂ ਦੇ ਪ੍ਰਦਰਸ਼ਨ ਨਾਲ ਜੁੜੇ ਮਾਮਲੇ ਨੂੰ ਗੰਭੀਰ ਕਰਾਰ ਦਿੰਦਿਆਂ ਪਟੀਸ਼ਨਰ ਨੂੰ ਸਿਰਫ ਪ੍ਰਚਾਰ ਹਾਸਲ ਕਰਨ ਲਈ ਅਖਬਾਰਾਂ ਦੀਆਂ ਖਬਰਾਂ ਦੇ ਆਧਾਰ 'ਤੇ ਪਟੀਸ਼ਨ ਦਾਇਰ ਕਰਨ ਤੋਂ ਬਚਣ ਲਈ ਕਿਹਾ। ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਬੈਂਚ ਨੇ ਸਿੱਖ ਚੈਂਬਰ ਆਫ ਕਾਮਰਸ ਦੇ ਮੈਨੇਜਿੰਗ ਡਾਇਰੈਕਟਰ ਪਟੀਸ਼ਨਰ ਅਗਨੋਸਟੋਸ ਥੀਓਸ ਨੂੰ ਆਪਣੀ ਪਟੀਸ਼ਨ ਵਾਪਸ ਲੈਣ ਦੀ ਇਜਾਜ਼ਤ ਦੇ ਦਿੱਤੀ ਹੈ, ਜਿਸ 'ਚ ਕੇਂਦਰ ਅਤੇ ਕੁਝ ਰਾਜਾਂ 'ਤੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੇ ਅਧਿਕਾਰਾਂ ਦੀ ਉਲੰਘਣਾ ਕਰਨ ਦਾ ਦੋਸ਼ ਲਾਇਆ ਗਿਆ ਸੀ।

## ਰਾਠੀ ਕਤਲ ਕੇਸ 'ਚ ਦੋ ਗੋਆ ਤੋਂ ਗ੍ਰਿਫਤਾਰ

**ਚੰਡੀਗੜ੍ਹ** : ਇੰਡੀਅਨ ਨੈਸ਼ਨਲ ਲੋਕ ਦਲ (ਇਨੈਲੋ) ਦੇ ਆਗੂ ਨਫੇ ਸਿੰਘ ਰਾਠੀ ਦੇ ਕਤਲ ਕੇਸ 'ਚ ਗੋਆ ਤੋਂ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਨੈਲੋ ਦੀ ਹਰਿਆਣਾ ਇਕਾਈ ਦੇ ਪ੍ਰਧਾਨ ਰਾਠੀ ਤੇ ਪਾਰਟੀ ਵਰਕਰ ਜੈਕਿਸ਼ਨ ਦੀ 25 ਫਰਵਰੀ ਨੂੰ ਝੱਜਰ ਦੇ ਬਹਾਦਰਗੜ੍ਹ 'ਚ ਗੋਲੀਆਂ ਚਲਾ ਕੇ ਹੱਤਿਆ ਕਰ ਦਿੱਤੀ ਗਈ ਸੀ। ਆਸ਼ੀਸ਼ ਅਤੇ ਸੌਰਭ ਨੂੰ ਹਰਿਆਣਾ ਪੁਲਸ ਦੀ ਸਪੈਸ਼ਲ ਟਾਸਕ ਫੋਰਸ, ਜ਼ਿਲ੍ਹਾ ਪੁਲਸ ਅਤੇ ਦਿੱਲੀ ਪੁਲਸ ਦੇ ਸਪੈਸ਼ਲ ਸੈੱਲ ਨੇ ਸਾਂਝੇ ਅਪਰੇਸ਼ਨ ਦੌਰਾਨ ਉੱਤਰੀ ਗੋਆ ਦੇ ਹੋਟਲ ਤੋਂ ਗ੍ਰਿਫਤਾਰ ਕੀਤਾ ਹੈ।

## ਤਿੰਨ ਵਿਦਿਆਰਥਣਾਂ 'ਤੇ ਤੇਜ਼ਾਬ ਸੁੱਟਿਆ

**ਮੇਂਗਲੁਰੂ** : ਦੱਖਣੀ ਕੰਨੜ ਜ਼ਿਲ੍ਹੇ ਦੇ ਕੜਾਬਾ ਕਸਬੇ 'ਚ ਸਰਕਾਰੀ ਕਾਲਜ 'ਚ ਨੌਜਵਾਨ ਨੇ ਤਿੰਨ ਵਿਦਿਆਰਥਣਾਂ 'ਤੇ ਤੇਜ਼ਾਬ ਸੁੱਟ ਦਿੱਤਾ, ਜਿਸ ਕਾਰਨ ਉਨ੍ਹਾਂ ਦੇ ਚਿਹਰੇ ਬੁਰੀ ਤਰ੍ਹਾਂ ਝੁਲਸ ਗਏ। ਵਿਦਿਆਰਥਣਾਂ ਕਾਲਜ ਦੇ ਗਲਿਆਰੇ 'ਚ ਬੈਠੀਆਂ ਪ੍ਰੀ-ਯੂਨੀਵਰਸਿਟੀ ਕੋਰਸ ਦੀ ਪ੍ਰੀਖਿਆ ਦੀ ਤਿਆਰੀ ਕਰ ਰਹੀਆਂ ਸਨ। ਨੌਜਵਾਨ ਨੇ ਆਪਣੀ ਪਛਾਣ ਛੁਪਾਉਣ ਲਈ ਮਾਸਕ ਅਤੇ ਟੋਪੀ ਪਾਈ ਹੋਈ ਸੀ। ਉਹ ਤੇਜ਼ਾਬ ਨਾਲ ਭਰੀ ਬੋਤਲ ਲੈ ਕੇ ਵਿਦਿਆਰਥਣਾਂ ਦੇ ਨੇੜੇ ਆਇਆ ਅਤੇ ਤੇਜ਼ਾਬ ਉਨ੍ਹਾਂ ਦੇ ਮੂੰਹ 'ਤੇ ਸੁੱਟ ਦਿੱਤਾ। ਮੁਲਜ਼ਮ ਦੀ ਪਛਾਣ ਕੇਰਲਾ ਦੇ ਕਾਸਰਗੋਡ ਜ਼ਿਲ੍ਹੇ ਦੇ ਰਹਿਣ ਵਾਲੇ ਅਬੀਨ ਵਜੋਂ ਹੋਈ ਹੈ। ਹਮਲੇ ਤੋਂ ਬਾਅਦ ਉਸ ਨੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਘਟਨਾ ਨੂੰ ਅੱਖੀਂ ਦੇਖਣ ਵਾਲੇ ਲੋਕਾਂ ਨੇ ਉਸ ਦਾ ਪਿੱਛਾ ਕਰਕੇ ਉਸ ਨੂੰ ਫੜ ਲਿਆ ਅਤੇ ਪੁਲਸ ਹਵਾਲੇ ਕਰ ਦਿੱਤਾ।

## ਕੇਜਰੀਵਾਲ ਦਾ ਈ ਡੀ ਨੂੰ ਜਵਾਬ

**ਨਵੀਂ ਦਿੱਲੀ** : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਆਬਕਾਰੀ ਨੀਤੀ ਮਾਮਲੇ ਨਾਲ ਸੰਬੰਧਤ ਈ ਡੀ ਦੇ ਤਾਜ਼ਾ ਸੰਮਨ ਦਾ ਜਵਾਬ ਦਿੰਦਿਆਂ ਕਿਹਾ ਹੈ ਕਿ ਉਹ 12 ਮਾਰਚ ਤੋਂ ਬਾਅਦ ਵੀਡੀਓ ਕਾਨਫਰੰਸ ਰਾਹੀਂ ਏਜੰਸੀ ਸਾਹਮਣੇ ਪੇਸ਼ ਹੋਣ ਲਈ ਤਿਆਰ ਹਨ। ਸੂਤਰਾਂ ਅਨੁਸਾਰ ਮੁੱਖ ਮੰਤਰੀ ਨੇ ਦੁਹਰਾਇਆ ਕਿ ਸੰਮਨ ਗੈਰ-ਕਾਨੂੰਨੀ ਹਨ, ਪਰ ਉਹ ਫਿਰ ਵੀ ਜਾਂਚ ਏਜੰਸੀ ਦੇ ਸਵਾਲਾਂ ਦੇ ਜਵਾਬ ਦੇਣ ਲਈ ਤਿਆਰ ਹਨ। ਕੇਜਰੀਵਾਲ ਨੇ 16 ਮਾਰਚ ਨੂੰ ਅਦਾਲਤ 'ਚ ਵੀ ਪੇਸ਼ ਹੋਣਾ ਹੈ।


## ਰੰਗਦਾਰ ਵਿਸ਼ੇਸ਼ ਸਪਲੀਮੈਂਟ


ਜਗਦੀਸ਼ ਰਾਏ
ਮਾਛੀਵਾੜਾ
98552-08112


ਸ਼ੈਂਕੀ ਸ਼ਰਮਾ
ਮਾਛੀਵਾੜਾ
98557-76622


ਹਰਸ਼ ਕੁਮਾਰ
ਮਾਛੀਵਾੜਾ
95018-19055

ਮਾਛੀਵਾੜਾ ਤੋਂ ਸ਼ਿਵਰਾਤਰੀ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ


## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

# ਕਾਨੂੰਨਸਾਜ਼ ਜੱਗੋਂ ਬਾਹਰੇ ਨਹੀਂ

### ਸੁਪਰੀਮ ਕੋਰਟ ਨੇ ਪੈਸੇ ਲੈ ਕੇ ਸਦਨ 'ਚ ਵੋਟ ਪਾਉਣ ਤੇ ਭਾਸ਼ਣ ਦੇਣ ਨੂੰ ਅਪਰਾਧ ਨਾ ਮੰਨਣ ਦਾ 25 ਸਾਲ ਪਹਿਲਾ ਫ਼ੈਸਲਾ ਪਲਟਿਆ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਵੋਟਿੰਗ ਜਾਂ ਸਦਨ 'ਚ ਭਾਸ਼ਣ ਦੇਣ ਲਈ ਰਿਸ਼ਵਤ ਲੈਣ ਦੇ ਮਾਮਲੇ 'ਚ ਮੁਕੱਦਮੇ ਤੋਂ ਛੋਟ ਨਹੀਂ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਸੱਤ ਜੱਜਾਂ ਦੀ ਸੰਵਿਧਾਨਕ ਬੈਂਚ ਨੇ ਝਾਰਖੰਡ ਮੁਕਤੀ ਮੋਰਚਾ (ਜੇ ਐੱਮ ਐੱਮ) ਰਿਸ਼ਵਤ ਮਾਮਲੇ 'ਚ ਪੰਜ ਜੱਜਾਂ ਦੀ ਬੈਂਚ ਵੱਲੋਂ 1998 ਵਿਚ ਦਿੱਤੇ ਫੈਸਲੇ ਨੂੰ ਸਰਬਸੰਮਤੀ ਨਾਲ ਉਲਟਾ ਦਿੱਤਾ, ਜਿਸ 'ਚ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਵੋਟਿੰਗ ਜਾਂ ਸਦਨ 'ਚ ਭਾਸ਼ਣ ਲਈ ਰਿਸ਼ਵਤ ਲੈਣ-ਦੇਣ ਦੇ ਮਾਮਲਿਆਂ 'ਚ ਮੁਕੱਦਮੇ ਤੋਂ ਛੋਟ ਦਿੱਤੀ ਗਈ ਸੀ। ਨਵਾਂ ਫੈਸਲਾ ਦੇਣ ਵਾਲੀ ਬੈਂਚ ਵਿਚ ਚੀਫ ਜਸਟਿਸ ਤੋਂ ਇਲਾਵਾ ਜਸਟਿਸ ਏ ਐੱਸ ਬੋਪੰਨਾ, ਜਸਟਿਸ ਐੱਮ ਐੱਮ ਸੁੰਦਰੇਸ਼, ਜਸਟਿਸ ਪੀ ਐੱਸ ਨਰਸਿਮ੍ਹਾ, ਜਸਟਿਸ ਜੇ ਬੀ ਪਰਦੀਵਾਲਾ, ਜਸਟਿਸ ਸੰਜੇ ਕੁਮਾਰ ਤੇ ਜਸਟਿਸ ਮਨੋਜ ਮਿਸ਼ਰਾ ਸ਼ਾਮਲ ਸਨ।

ਚੀਫ ਜਸਟਿਸ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ ਕਿ ਰਿਸ਼ਵਤਖੋਰੀ ਦੇ ਮਾਮਲੇ 'ਚ ਕਾਨੂੰਨਸਾਜ਼ ਵਿਸ਼ੇਸ਼ ਅਧਿਕਾਰ ਤਹਿਤ ਸੁਰੱਖਿਅਤ ਨਹੀਂ ਹਨ ਅਤੇ 1998 ਦੇ ਫੈਸਲੇ ਦੀ ਵਿਆਖਿਆ ਸੰਵਿਧਾਨ ਦੀ ਧਾਰਾ 105 ਅਤੇ 194 ਦੇ ਉਲਟ ਹੈ। 1998 ਵਿਚ ਬੈਂਚ ਨੇ 3-2 ਦੇ ਫਰਕ ਨਾਲ ਫੈਸਲਾ ਦਿੱਤਾ ਸੀ।

ਨਵੇਂ ਫੈਸਲੇ ਵਿਚ ਕਿਹਾ ਗਿਆ ਹੈ ਕਿ ਜਦ ਕੋਈ ਰਿਸ਼ਵਤ ਲੈਂਦਾ ਹੈ ਤਾਂ ਕੇਸ ਬਣ ਜਾਂਦਾ ਹੈ। ਇਹ ਮਾਅਨੇ ਨਹੀਂ ਰੱਖਦਾ ਕਿ ਉਸ ਨੇ ਬਾਅਦ ਵਿਚ ਵੋਟ ਪਾਈ ਜਾਂ ਭਾਸ਼ਣ ਦਿੱਤਾ। ਸੰਵਿਧਾਨ ਦੀ ਧਾਰਾ 105 ਤੇ 194 ਸਦਨ ਦੇ ਅੰਦਰ ਬਹਿਸ ਤੇ ਵਿਚਾਰ-ਵਟਾਂਦਰੇ ਦਾ ਮਾਹੌਲ ਬਣਾਈ ਰੱਖਣ ਲਈ ਹੈ। ਦੋਨਾਂ ਧਾਰਾਵਾਂ ਦਾ ਮਕਸਦ ਉਦੋਂ ਬੇਮਾਅਨੀ ਹੋ ਜਾਂਦਾ ਹੈ, ਜਦੋਂ ਕੋਈ ਮੈਂਬਰ ਰਿਸ਼ਵਤ ਲੈ ਕੇ ਸਦਨ ਵਿਚ ਵੋਟ ਪਾਉਂਦਾ ਹੈ ਜਾਂ ਖਾਸ ਤਰੀਕੇ ਨਾਲ ਬੋਲਣ ਲਈ ਪ੍ਰੇਰਤ ਹੁੰਦਾ ਹੈ। ਧਾਰਾ 105 ਜਾਂ 194 ਤਹਿਤ ਰਿਸ਼ਵਤਖੋਰੀ ਤੋਂ ਛੋਟ ਨਹੀਂ ਮਿਲ ਸਕਦੀ। ਰਿਸ਼ਵਤ ਲੈਣ ਵਾਲਾ ਮੁਜਰਮਾਨਾ ਕੰਮ ਵਿਚ ਸ਼ਾਮਲ ਹੁੰਦਾ ਹੈ। ਅਜਿਹਾ ਕਰਨਾ ਸਦਨ ਵਿਚ ਵੋਟ ਦੇਣ ਜਾਂ ਭਾਸ਼ਣ ਦੇਣ ਲਈ ਜ਼ਰੂਰਤ ਦੀ ਸ਼੍ਰੇਣੀ ਵਿਚ ਨਹੀਂ ਆਉਂਦਾ। ਸਾਂਸਦਾਂ ਦਾ ਭ੍ਰਿਸ਼ਟਾਚਾਰ ਤੇ ਰਿਸ਼ਵਤਖੋਹੀ ਜਨਤਕ ਜ਼ਿੰਦਗੀ ਵਿਚ ਇਮਾਨਦਾਰੀ ਨੂੰ ਨਸ਼ਟ ਕਰ ਦਿੰਦੀ ਹੈ। ਇਸ ਲਈ ਸੰਸਦੀ ਵਿਸ਼ੇਸ਼ ਅਧਿਕਾਰਾਂ ਤਹਿਤ ਰਿਸ਼ਵਤਖੋਰੀ ਨੂੰ ਸਰਪ੍ਰਸਤੀ ਨਹੀਂ ਦਿੱਤੀ ਜਾ ਸਕਦੀ।

ਇਹ ਮਾਮਲਾ ਝਾਰਖੰਡ ਮੁਕਤੀ ਮੋਰਚਾ ਦੇ ਸਾਂਸਦਾਂ ਦੇ ਰਿਸ਼ਵਤ ਕਾਂਡ 'ਤੇ ਆਏ ਫੈਸਲੇ ਨਾਲ ਜੁੜਿਆ ਹੈ। ਦੋਸ਼ ਸੀ ਕਿ ਸਾਂਸਦਾਂ ਨੇ 1993 ਵਿਚ ਨਰਸਿਮ੍ਹਾ ਰਾਓ ਸਰਕਾਰ ਨੂੰ ਬਚਾਉਣ ਲਈ ਪੈਸੇ ਲਏ ਸਨ।

ਸੁਪਰੀਮ ਕੋਰਟ ਦੀ ਪੰਜ ਮੈਂਬਰੀ ਬੈਂਚ ਨੇ ਫੈਸਲਾ ਦਿੱਤਾ ਸੀ ਕਿ ਪੈਸੇ ਲੈਣ ਦੇ ਮਾਮਲੇ ਵਿਚ ਸਾਂਸਦਾਂ ਤੇ ਵਿਧਾਇਕਾਂ 'ਤੇ ਕੇਸ ਨਹੀਂ ਚੱਲ ਸਕਦਾ। ਮੁੱਦਾ ਦੁਬਾਰਾ ਉਦੋਂ ਉਠਿਆ, ਜਦੋਂ ਝਾਰਖੰਡ ਮੁਕਤੀ ਮੋਰਚਾ ਦੇ ਮੁਖੀ ਸ਼ਿਬੂ ਸੋਰੇਨ ਦੀ ਨੂੰਹ ਤੇ ਵਿਧਾਇਕ ਸੀਤਾ ਸੋਰੇਨ ਨੇ ਆਪਣੇ ਖਿਲਾਫ ਜਾਰੀ ਫੌਜਦਾਰੀ ਕਾਰਵਾਈ ਨੂੰ ਰੱਦ ਕਰਨ ਲਈ ਪਟੀਸ਼ਨ ਪਾਈ। ਉਸ 'ਤੇ ਦੋਸ਼ ਸੀ ਕਿ ਉਸ ਨੇ 2012 ਵਿਚ ਝਾਰਖੰਡ ਤੋਂ ਰਾਜ ਸਭਾ ਚੋਣ ਵਿਚ ਇਕ ਖਾਸ ਉਮੀਦਵਾਰ ਨੂੰ ਵੋਟ ਦੇਣ ਲਈ ਰਿਸ਼ਵਤ ਲਈ ਸੀ। ਸੀਤਾ ਸੋਰੇਨ ਨੇ ਦਲੀਲ ਦਿੱਤੀ ਸੀ ਕਿ ਉਸ ਨੂੰ ਸਦਨ ਵਿਚ ਕੁਝ ਵੀ ਕਹਿਣ ਜਾਂ ਵੋਟ ਦੇਣ ਲਈ ਸੰਵਿਧਾਨ ਦੀ ਧਾਰਾ 194 (2) ਤਹਿਤ ਛੋਟ ਹਾਸਲ ਹੈ।

ਸੀਤਾ ਸੋਰੇਨ ਦਾ ਕੇਸ ਸੀਨੀਅਰ ਐਡਵੋਕੇਟ ਰਾਜੂ ਰਾਮਚੰਦਰਨ ਨੇ ਲੜਿਆ। ਉਨ੍ਹਾ ਹਾਲ ਹੀ ਵਿਚ ਲੋਕ ਸਭਾ ਵਿਚ ਬਸਪਾ ਸਾਂਸਦ ਦਾਨਿਸ਼ ਅਲੀ ਵਿਰੁੱਧ ਭਾਜਪਾ ਸਾਂਸਦ ਰਮੇਸ਼ ਬਿਧੂੜੀ ਦੇ ਅਪਮਾਨਜਨਕ ਬਿਆਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਵੋਟ ਜਾਂ ਭਾਸ਼ਣ ਨਾਲ ਜੁੜੀ ਕਿਸੇ ਵੀ ਚੀਜ਼ ਲਈ ਮੁਕੱਦਮੇ ਤੋਂ ਛੋਟ, ਭਲੇ ਹੀ ਉਹ ਰਿਸ਼ਵਤ ਜਾਂ ਸਾਜ਼ਿਸ਼ ਹੋਵੇ, ਪੂਰੀ ਤਰ੍ਹਾਂ ਹੋਣੀ ਚਾਹੀਦੀ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੁਪਰੀਮ ਕੋਰਟ ਦੇ ਫੈਸਲੇ ਨੂੰ ਸ਼ਾਨਦਾਰ ਕਰਾਰ ਦਿੱਤਾ ਹੈ। ਉਨ੍ਹਾ ਕਿਹਾ ਕਿ ਇਸ ਨਾਲ ਦੇਸ਼ 'ਚ ਸਾਫ-ਸੁਥਰੀ ਰਾਜਨੀਤੀ ਯਕੀਨੀ ਬਣੇਗੀ ਅਤੇ ਲੋਕਾਂ ਦਾ ਵਿਵਸਥਾ 'ਚ ਵਿਸ਼ਵਾਸ ਹੋਰ ਡੂੰਘਾ ਹੋਵੇਗਾ।

# ਕਾਂਗਰਸ ਪੁਰਾਣੇ ਮਾਡਲ ਦੀ ਫੀਏਟ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਰਾਜਪਾਲ ਦੇ ਭਾਸ਼ਣ ਤੋਂ ਭੱਜ ਜਾਣ ਲਈ ਵਿਰੋਧੀ ਧਿਰ ਉਤੇ ਜੰਮ ਕੇ ਵਰ੍ਹਦਿਆਂ ਕਿਹਾ ਕਿ ਅਸਲ ਵਿੱਚ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਕੀਤੇ ਜਾ ਰਹੇ ਉਪਰਾਲੇ ਵਿਰੋਧੀ ਪਾਰਟੀ ਦੇ ਵਿਧਾਇਕਾਂ ਨੂੰ ਹਜ਼ਮ ਨਹੀਂ ਹੋ ਰਹੇ।

ਸਦਨ ਵਿੱਚ ਰਾਜਪਾਲ ਦੇ ਭਾਸ਼ਣ ਉਤੇ ਚਰਚਾ ਵਿੱਚ ਹਿੱਸਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਨੇਤਾਵਾਂ ਨੂੰ ਸੂਬੇ ਦੀ ਭੋਰਾ ਵੀ ਪ੍ਰਵਾਹ ਨਹੀਂ, ਸਗੋਂ ਇਹ ਲੋਕ ਕਿਸੇ ਨਾ ਕਿਸੇ ਢੰਗ ਨਾਲ ਸਿਆਸੀ ਚੌਧਰੀ ਬਣੇ ਰਹਿਣਾ ਚਾਹੁੰਦੇ ਹਨ। ਉਨ੍ਹਾ ਕਿਹਾ ਕਿ ਜਦੋਂ ਉਨ੍ਹਾ ਦੀ ਸਰਕਾਰ ਕਿਸਾਨਾਂ ਦੀ ਭਲਾਈ ਲਈ ਅਣਥੱਕ ਯਤਨ ਕਰ ਰਹੀ ਹੈ ਤਾਂ ਵਿਰੋਧੀ ਪਾਰਟੀ ਅੰਨਦਾਤਿਆਂ ਦੇ ਮੁੱਦਿਆਂ ਉਤੇ ਸਿਰਫ ਮਗਰਮੱਛ ਦੇ ਹੰਝੂ ਵਹਾ ਰਹੀ ਹੈ। ਮਾਨ ਨੇ ਕਿਹਾ ਕਿ ਇਨ੍ਹਾਂ ਲੀਡਰਾਂ ਦੇ ਸ਼ੱਕੀ ਕਿਰਦਾਰ ਕਰਕੇ ਇਨ੍ਹਾਂ ਨੂੰ ਸੂਬੇ ਦੇ ਲੋਕਾਂ ਨੇ ਮੂੰਹ ਨਹੀਂ ਲਾਇਆ ਅਤੇ ਹੁਣ ਅਗਾਮੀ ਲੋਕ ਸਭਾ ਚੋਣਾਂ ਵਿੱਚ ਵੀ ਇਹ ਪੰਜਾਬ ਵਾਸੀ ਇਨ੍ਹਾਂ ਨੂੰ ਸਬਕ ਸਿਖਾਉਣਗੇ।

ਮਾਨ ਨੇ ਕਿਹਾ—ਇਨ੍ਹਾਂ ਲੋਕਾਂ ਦੀਆਂ ਮਾੜੀਆਂ ਨੀਤੀਆਂ ਨੇ ਸੂਬੇ ਦਾ ਭਵਿੱਖ ਤਬਾਹ ਕਰ ਦਿੱਤਾ ਹੈ। ਲੋਕਾਂ ਨੂੰ ਦੋ ਡੰਗ ਦੀ ਰੋਟੀ ਦਾ ਬੰਦੋਬਸਤ ਕਰਨ ਲਈ ਮਾਮੂਲੀ ਜਿਹੀਆਂ ਨੌਕਰੀਆਂ ਕਰਨੀਆਂ ਪਈਆਂ ਹਨ, ਜਦੋਂ ਕਿ ਇਨ੍ਹਾਂ ਲੋਕਾਂ ਨੇ ਆਪਣੇ ਪਿਓ-ਦਾਦਿਆਂ ਦੇ ਤਸਕਰੀ ਦੇ 'ਸੋਨੇ ਦੇ ਬਿਸਕੁਟਾਂ' ਦੇ ਸਹਾਰੇ ਜ਼ਿੰਦਗੀ ਦਾ ਆਨੰਦ ਮਾਣਿਆ ਹੈ। ਉਹਨਾ ਕਿਹਾ ਕਿ ਇਨ੍ਹਾਂ ਵਿੱਚੋਂ ਬਹੁਤੇ ਆਗੂ 'ਮੌਕਾਪ੍ਰਸਤ ਅਤੇ ਦਲ-ਬਦਲੂ' ਹਨ, ਜੋ ਆਪਣੇ ਸਵਾਰਥਾਂ ਅਨੁਸਾਰ ਵਫਾਦਾਰੀ ਬਦਲ ਲੈਂਦੇ ਹਨ।

ਮੁੱਖ ਮੰਤਰੀ ਨੇ ਸਦਨ ਦੇ ਸਪੀਕਰ ਨੂੰ ਜਿੰਦਰਾ ਭੇਟ ਕਰਕੇ ਵਿਧਾਨ ਸਭਾ ਸਦਨ ਦੇ ਗੇਟ ਨੂੰ ਅੰਦਰੋਂ ਤਾਲਾ ਲਗਾਉਣ ਦੀ ਅਪੀਲ ਕੀਤੀ ਤਾਂ ਜੋ ਵਿਰੋਧੀ ਧਿਰ ਬਾਹਰ ਨਾ ਜਾ ਸਕੇ। ਉਨ੍ਹਾ ਕਿਹਾ—ਰਾਜਪਾਲ ਦੇ ਭਾਸ਼ਣ ਦੌਰਾਨ ਵਿਰੋਧੀ ਧਿਰ ਸਦਨ ਤੋਂ ਭੱਜ ਗਈ ਸੀ, ਸਦਨ ਦੇ ਨਿਗਰਾਨ ਵਜੋਂ ਸਪੀਕਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਵਿਰੋਧੀ ਧਿਰ ਸਦਨ ਤੋਂ ਨਾ ਭੱਜੇ। ਵਿਰੋਧੀ ਧਿਰ ਨੂੰ ਰੋਜ਼ਾਨਾ ਕਿਸੇ ਨਾ ਕਿਸੇ ਬਹਾਨੇ ਸਦਨ ਤੋਂ ਭੱਜਣ ਦੀ ਆਦਤ ਹੈ, ਜਿਸ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ, ਕਿਉਂਕਿ ਇਹ ਸਦਨ ਦਾ ਮਜ਼ਾਕ ਹੈ। ਜਮਹੂਰੀਅਤ ਦੇ ਸਮੁੱਚੇ ਇਤਿਹਾਸ ਵਿੱਚ ਸਪੀਕਰ ਨੂੰ ਕਦੇ ਵੀ ਕਿਸੇ ਨੇ ਅਜਿਹਾ ਤੋਹਫਾ ਨਹੀਂ ਦਿੱਤਾ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੇ ਇਨ੍ਹਾਂ ਆਗੂਆਂ ਨੂੰ ਸਦਨ ਦੀ ਕਾਰਵਾਈ ਦੌਰਾਨ ਭੱਜਣ ਲਈ ਨਹੀਂ ਚੁਣਿਆ, ਸਗੋਂ ਇਨ੍ਹਾਂ ਨੂੰ ਬਹਿਸਾਂ ਵਿੱਚ ਹਿੱਸਾ ਲੈਣ ਲਈ ਚੁਣਿਆ ਗਿਆ ਹੈ। ਉਹਨਾ ਦਾ ਸੂਬੇ ਵਿੱਚ ਜਮਹੂਰੀਅਤ ਨੂੰ ਬਚਾਉਣ ਦਾ

ਬਾਕੀ ਸਫ਼ਾ 2 'ਤੇ

## ਭਾਜਪਾ ਸਾਂਸਦ ਮੁੜ ਚੋਣ ਲੜਨ ਲਈ ਤਿਆਰ ਨਹੀਂ

**ਲਖਨਊ** : ਯੂ ਪੀ ਦੇ ਬਾਰਾਬੰਕੀ ਤੋਂ ਭਾਜਪਾ ਸਾਂਸਦ ਉਪੇਂਦਰ ਸਿੰਘ ਰਾਵਤ ਨੇ ਕਥਿਤ ਅਸ਼ਲੀਲ ਵੀਡੀਓ ਵਾਇਰਲ ਹੋਣ ਦੇ ਬਾਅਦ ਲੋਕ ਸਭਾ ਚੋਣ ਨਾ ਲੜਨ ਦਾ ਐਲਾਨ ਕਰ ਦਿੱਤਾ ਹੈ। ਭਾਜਪਾ ਨੇ ਉਸ ਨੂੰ ਐਤਕੀਂ ਫਿਰ ਟਿਕਟ ਦਿੱਤੀ ਸੀ। ਉਸ ਨੇ ਪਾਰਟੀ ਪ੍ਰਧਾਨ ਜੇ ਪੀ ਨੱਢਾ ਨੂੰ ਬੇਨਤੀ ਕੀਤੀ ਹੈ ਕਿ ਉਹ ਵੀਡੀਓ ਦੀ ਜਾਂਚ ਕਰਾਉਣ। ਜਦੋਂ ਤੱਕ ਉਹ ਬੇਗੁਨਾਹ ਸਾਬਤ ਨਹੀਂ ਹੁੰਦਾ, ਉਹ ਚੋਣ ਨਹੀਂ ਲੜੇਗਾ। ਵੀਡੀਓ ਵਿਚ ਰਾਵਤ ਵਰਗਾ ਬੰਦਾ ਵਿਦੇਸ਼ੀ ਮਹਿਲਾਵਾਂ ਨਾਲ ਨਜ਼ਰ ਆ ਰਿਹਾ ਹੈ। ਰਾਵਤ ਦਾ ਕਹਿਣਾ ਹੈ ਕਿ ਇਹ ਫੇਕ ਵੀਡੀਓ ਹੈ। ਇਸ ਤੋਂ ਪਹਿਲਾਂ ਭੋਜਪੁਰੀ ਗਾਇਕ ਪਵਨ ਸਿੰਘ ਨੇ ਪੱਛਮੀ ਬੰਗਾਲ ਦੇ ਆਸਨਸੋਲ ਹਲਕੇ ਤੋਂ ਚੋਣ ਨਾ ਲੜਨ ਦਾ ਐਲਾਨ ਕੀਤਾ ਸੀ, ਜਦੋਂ ਉਸ ਦੇ ਮਹਿਲਾਵਾਂ ਬਾਰੇ ਕਥਿਤ ਅਸ਼ਲੀਲ ਗਾਣਿਆਂ ਨੂੰ ਲੈ ਕੇ ਸੋਸ਼ਲ ਮੀਡੀਆ 'ਤੇ ਕਾਫੀ ਵਿਵਾਦ ਛਿੜ ਗਿਆ ਸੀ।



## ਸੰਘ ਪਰਵਾਰ ਤੋਂ ਮੋਦੀ ਪਰਵਾਰ

**ਨਵੀਂ ਦਿੱਲੀ** : ਲਾਲੂ ਪ੍ਰਸਾਦ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਐਤਵਾਰ ਪਟਨਾ ਰੈਲੀ ਵਿਚ ਕੀਤੀ ਇਸ ਟਿੱਪਣੀ ਕਿ ਜੇ ਮੋਦੀ ਦਾ ਪਰਵਾਰ ਨਹੀਂ ਹੈ ਤਾਂ ਉਹ ਕੀ ਕਰ ਸਕਦੇ ਹਨ, ਤੋਂ ਬਾਅਦ ਭਾਜਪਾ ਨੇ ਸੋਸ਼ਲ ਮੀਡੀਆ 'ਤੇ 'ਮੋਦੀ ਕਾ ਪਰਵਾਰ' ਨਾਂਅ ਦੀ ਮੁਹਿੰਮ ਛੇੜ ਦਿੱਤੀ ਹੈ। ਅਮਿਤ ਸ਼ਾਹ ਵਰਗੇ ਕਈ ਮੰਤਰੀਆਂ ਤੇ ਭਾਜਪਾ ਪ੍ਰਧਾਨ ਜੇ ਪੀ ਨੱਢਾ ਵਰਗੇ ਕਈ ਆਗੂਆਂ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਪ੍ਰਧਾਨ ਮੰਤਰੀ ਦੀ ਹਮਾਇਤ ਵਿਚ 'ਮੋਦੀ ਕਾ ਪਰਵਾਰ' ਜੋੜ ਲਿਆ ਹੈ। ਕਾਂਗਰਸ ਨੇ ਟਿੱਚਰ ਕੀਤੀ ਹੈ ਕਿ ਭਾਜਪਾ ਆਗੂਆਂ ਨੇ ਆਪਣੀ ਵਫਾਦਾਰੀ 'ਸੰਘ ਪਰਵਾਰ' ਤੋਂ ਬਦਲ ਕੇ 'ਮੋਦੀ ਪਰਵਾਰ' ਨਾਲ ਕਰ ਲਈ ਹੈ।ਲਾਲੂ ਨੇ ਮੋਦੀ ਦੇ ਪਰਵਾਰਵਾਦ 'ਤੇ ਹਮਲਿਆਂ ਦੇ ਸੰਦਰਭ ਵਿਚ ਟਿੱਪਣੀ ਕੀਤੀ ਸੀ। ਕਾਂਗਰਸ ਆਗੂ ਨੇ ਭਾਜਪਾ ਦੀ ਇਸ ਮੁਹਿੰਮ 'ਤੇ ਕਿਹਾ ਕਿ ਉਹ ਹੁਣ ਪਰਵਾਰਵਾਦ ਬਾਰੇ ਨਹੀਂ ਬੋਲ ਸਕਦੀ। ਮੱਧ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਜੀਤੂ ਪਟਵਾਰੀ ਨੇ ਕਿਹਾ ਕਿ ਭਾਜਪਾ ਦਾ ਇਖਲਾਕ ਤੇ ਅਸੂਲ ਬਦਲ ਗਏ ਹਨ। ਉਹ ਸਭ ਨੂੰ ਬੇਵਕੂਫ ਬਣਾ ਰਹੀ ਹੈ। ਪਹਿਲਾਂ ਭਾਜਪਾ ਆਗੂ ਕਹਿੰਦੇ ਸਨ ਕਿ ਉਨ੍ਹਾਂ ਲਈ ਪਹਿਲਾਂ ਦੇਸ਼ ਆਉਂਦਾ ਹੈ, ਫਿਰ ਪਾਰਟੀ ਤੇ ਉਸ ਤੋਂ ਬਾਅਦ ਆਗੂ। ਪਹਿਲਾਂ ਸੰਘ ਪਰਵਾਰ ਹੁੰਦਾ ਸੀ, ਹੁਣ ਮੋਦੀ ਪਰਵਾਰ ਹੋ ਗਿਆ ਹੈ। ਇਸੇ ਦੌਰਾਨ ਭਾਜਪਾ ਆਗੂ ਸੁਧਾਂਸ਼ੂ ਤ੍ਰਿਵੇਦੀ ਨੇ ਕਿਹਾ ਕਿ ਆਪੋਜ਼ੀਸ਼ਨ ਮੋਦੀ ਨਾਲ ਖਾਰ ਖਾਂਦੀ ਹੈ।

ਉਧਰ, ਮੋਦੀ ਨੇ ਸੋਮਵਾਰ ਤਿਲੰਗਾਨਾ ਦੇ ਆਦਿਲਾਬਾਦ ਵਿਚ ਰੈਲੀ 'ਚ ਲਾਲੂ ਦੀ ਟਿੱਪਣੀ ਦਾ ਜਵਾਬ ਦਿੰਦਿਆਂ ਕਿਹਾ—ਮੈਂ ਉਨ੍ਹਾ ਦੀ ਖਾਨਦਾਨੀ ਸਿਆਸਤ ਨੂੰ ਵੰਗਾਰਦਾ ਹਾਂ ਤੇ ਉਹ ਕਹਿੰਦੇ ਹਨ ਕਿ ਮੋਦੀ ਦਾ ਪਰਵਾਰ ਨਹੀਂ, ਮੇਰੀ ਜ਼ਿੰਦਗੀ ਖੁੱਲ੍ਹੀ ਕਿਤਾਬ ਹੈ। ਮੈਂ ਆਪਣੇ ਦੇਸ਼ ਲਈ ਜਿਉਂਦਾ ਹਾਂ।

## ਚੰਡੀਗੜ੍ਹ 'ਚ ਭਾਜਪਾ ਦੇ ਸੀਨੀਅਰ ਤੇ ਡਿਪਟੀ ਮੇਅਰ ਚੁਣੇ ਗਏ

**ਚੰਡੀਗੜ੍ਹ** : ਸੋਮਵਾਰ ਭਾਜਪਾ ਦੇ ਕੁਲਜੀਤ ਸਿੰਘ ਸੰਧੂ ਚੰਡੀਗੜ੍ਹ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ ਤੇ ਰਜਿੰਦਰ ਸ਼ਰਮਾ ਡਿਪਟੀ ਮੇਅਰ ਚੁਣੇ ਗਏ। ਸੰਧੂ ਨੂੰ 19, ਜਦਕਿ ਕਾਂਗਰਸ ਦੇ ਗੁਰਪ੍ਰੀਤ ਗੱਬੀ ਨੂੰ 16 ਵੋਟਾਂ ਮਿਲੀਆਂ। ਇੱਕ ਵੋਟ ਅਯੋਗ ਕਰਾਰ ਦਿੱਤੀ ਗਈ। ਸ਼ਰਮਾ ਨੂੰ 19 ਵੋਟਾਂ ਮਿਲੀਆਂ ਅਤੇ ਉਨ੍ਹਾਂ ਦੀ ਵਿਰੋਧੀ ਤੇ ਕਾਂਗਰਸੀ ਆਗੂ ਨਿਰਮਲਾ ਦੇਵੀ ਨੂੰ 17 ਵੋਟਾਂ ਮਿਲੀਆਂ। 35 ਮੈਂਬਰੀ ਨਗਰ ਨਿਗਮ 'ਚ ਭਾਜਪਾ ਦੇ 17 ਕੌਂਸਲਰ ਹਨ। 19 ਫਰਵਰੀ ਨੂੰ ਆਮ ਆਦਮੀ ਪਾਰਟੀ ਦੇ ਤਿੰਨ ਕੌਂਸਲਰਾਂ ਦੇ ਭਾਜਪਾ 'ਚ ਸ਼ਾਮਲ ਹੋਣ ਤੋਂ ਬਾਅਦ ਭਾਜਪਾ ਦੀ ਗਿਣਤੀ 14 ਤੋਂ ਵਧ ਕੇ 17 ਹੋ ਗਈ ਸੀ। 'ਆਪ' ਦੇ 10 ਅਤੇ ਕਾਂਗਰਸ ਦੇ 7 ਮੈਂਬਰ ਹਨ। ਸ਼੍ਰੋਮਣੀ ਅਕਾਲੀ ਦਲ ਦੇ ਦੋ ਕੌਂਸਲਰ ਹਨ। ਭਾਜਪਾ ਆਗੂ ਅਤੇ ਚੰਡੀਗੜ੍ਹ ਦੀ ਸੰਸਦ ਮੈਂਬਰ ਕਿਰਨ ਖੇਰ ਕੋਲ ਵੀ ਨਿਗਮ ਦੇ ਅਹੁਦੇਦਾਰ ਮੈਂਬਰ ਵਜੋਂ ਵੋਟ ਪਾਉਣ ਦਾ ਅਧਿਕਾਰ ਹੈ।

# ਜਾਖੜ ਭਾਜਪਾ ਦਫਤਰ ਜਾਂ ਟੈਣੀ ਦੇ ਘਰ ਅੱਗੇ ਧਰਨਾ ਦੇਣ : ਕੰਗ

**ਚੰਡੀਗੜ੍ਹ** : ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਭਾਰਤੀ ਜਨਤਾ ਪਾਰਟੀ ਅਤੇ ਕਾਂਗਰਸ 'ਤੇ ਤਿੱਖਾ ਹਮਲਾ ਕਰਦੀਆਂ ਕਿਹਾ ਕਿ ਦੋਵੇਂ ਪਾਰਟੀਆਂ ਕਿਸਾਨ ਵਿਰੋਧੀ ਹਨ ਅਤੇ ਆਪਣੇ ਵੋਟ ਬੈਂਕ ਲਈ ਉਨ੍ਹਾਂ ਨੂੰ ਵਰਤਦੀਆਂ ਹਨ।



'ਆਪ' ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਸੋਮਵਾਰ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਲਖੀਮਪੁਰ ਖੀਰੀ ਕਾਂਡ ਅਤੇ ਇਸ ਦੇ ਦੋਸ਼ੀਆਂ ਤੋਂ ਹਰ ਕੋਈ ਜਾਣੂ ਹੈ, ਪਰ ਭਾਜਪਾ ਦਾ ਕਿਸਾਨ ਵਿਰੋਧੀ ਚਿਹਰਾ ਇੱਕ ਵਾਰ ਫਿਰ ਨੰਗਾ ਹੋ ਗਿਆ ਹੈ, ਕਿਉਂਕਿ ਉਨ੍ਹਾਂ ਕਿਸਾਨ ਕਾਤਲ ਦੇ ਪਿਤਾ ਅਜੈ ਮਿਸਰਾ ਟੈਣੀ ਨੂੰ ਲਖੀਮਪੁਰ ਖੀਰੀ ਤੋਂ ਆਪਣਾ ਉਮੀਦਵਾਰ ਬਣਾਇਆ ਹੈ। ਕੰਗ ਨੇ ਕਿਹਾ ਕਿ ਕਿਸਾਨ ਘੱਟੋ-ਘੱਟ ਸਮਰਥਨ ਮੁੱਲ ਅਤੇ ਇਨਸਾਫ ਲਈ ਆਪਣੀਆਂ ਜਾਇਜ਼ ਮੰਗਾਂ ਲਈ ਮੁੜ ਪ੍ਰਦਰਸ਼ਨ ਕਰ ਰਹੇ ਹਨ, ਪਰ ਇਸ ਦੀ ਬਜਾਏ ਭਾਜਪਾ ਅਜੈ ਕੁਮਾਰ ਮਿਸ਼ਰਾ ਨੂੰ ਟਿਕਟ ਦੇ ਕੇ ਆਪਣਾ ਕਿਸਾਨ ਵਿਰੋਧੀ ਸਟੈਂਡ ਸਪੱਸ਼ਟ ਕਰ ਰਹੀ ਹੈ। ਮਲਵਿੰਦਰ ਕੰਗ ਨੇ ਭਾਜਪਾ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੂੰ ਘੇਰਦਿਆਂ ਕਿਹਾ ਕਿ ਸਾਬਕਾ ਕਾਂਗਰਸੀਆਂ ਦਾ ਪਾਖੰਡ ਹਾਸੋਹੀਣਾ ਹੈ। ਅੱਜ ਉਹ ਪੰਜਾਬ ਵਿਧਾਨ ਸਭਾ ਦੇ ਸਾਹਮਣੇ ਧਰਨਾ ਦੇ ਰਹੇ ਸਨ, ਜਿੱਥੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਡੇ ਕਿਸਾਨਾਂ ਅਤੇ ਜਵਾਨਾਂ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਹਨਾ ਕਿਹਾ ਕਿ ਭਾਜਪਾ ਚੰਡੀਗੜ੍ਹ ਦੇ ਪ੍ਰਧਾਨ ਜਤਿੰਦਰ ਮਲਹੋਤਰਾ ਨੇ ਕਿਹਾ ਕਿ ਕਿਸਾਨ ਕਿਸੇ ਵੀ ਚੀਜ਼ ਦੇ ਹੱਕਦਾਰ ਨਹੀਂ ਹਨ। ਇਸ ਲਈ ਸੁਨੀਲ ਜਾਖੜ ਨੂੰ ਉਨ੍ਹਾ ਦੇ ਘਰ ਦੇ ਸਾਹਮਣੇ ਜਾਂ ਭਾਜਪਾ ਦੇ ਮੁੱਖ ਦਫਤਰ ਅੱਗੇ ਕਿਸਾਨਾਂ 'ਤੇ ਹੋਏ ਅੱਤਿਆਚਾਰਾਂ ਲਈ ਧਰਨਾ ਦੇਣਾ ਚਾਹੀਦਾ ਹੈ।

ਉਹਨਾ ਕਿਹਾ ਕਿ ਇਹ ਬਦਕਿਸਮਤੀ ਦੀ ਗੱਲ ਹੈ ਕਿ ਸੁਨੀਲ ਜਾਖੜ ਨੇ ਬਠਿੰਡਾ ਦੇ ਇੱਕ ਗਰੀਬ ਕਿਸਾਨ, ਜਿਸ ਦਾ ਹਰਿਆਣਾ ਦੀ ਸਰਹੱਦ 'ਤੇ ਕਤਲ ਕੀਤਾ ਗਿਆ ਸੀ, ਲਈ ਇੱਕ ਵੀ ਸ਼ਬਦ ਨਹੀਂ ਬੋਲਿਆ। ਪੰਜਾਬ ਦੇ ਕਿਸਾਨਾਂ ਪ੍ਰਤੀ ਹਰਿਆਣਾ ਸਰਕਾਰ ਦੇ ਰਵੱਈਏ ਵਿਰੁੱਧ ਇੱਕ ਸ਼ਬਦ ਵੀ ਨਹੀਂ ਬੋਲਿਆ, ਪਰ ਹੁਣ ਉਹ ਪੰਜਾਬ ਵਿਧਾਨ ਸਭਾ ਦੇ ਸਾਹਮਣੇ ਧਰਨਾ ਦੇ ਰਹੇ ਹਨ।

ਕੰਗ ਨੇ ਕਾਂਗਰਸੀ ਆਗੂਆਂ ਦੀ ਵੀ ਆਲੋਚਨਾ ਕਰਦਿਆਂ ਕਿਹਾ ਕਿ ਸੱਤਾ ਵਿੱਚ ਰਹਿੰਦਿਆਂ ਇਨ੍ਹਾਂ ਆਗੂਆਂ ਨੇ ਕਦੇ ਵੀ ਕਿਸਾਨਾਂ ਦੀ ਗੱਲ ਨਹੀਂ ਕੀਤੀ, ਉਹ ਤਤਕਾਲੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨਾਲ ਐਸ਼ੋ-ਆਰਾਮ ਦਾ ਸਮਾਂ ਬਤੀਤ ਕਰ ਰਹੇ ਅਤੇ ਕਿਸਾਨਾਂ ਨੂੰ ਦਿੱਲੀ ਦੀਆਂ ਸਰਹੱਦਾਂ 'ਤੇ ਛੱਡ

ਬਾਕੀ ਸਫ਼ਾ 2 'ਤੇ

## ਸਾਊਦੀ ਅਰਬ ਤੇ ਰੂਸ ਤੇਲ ਉਤਪਾਦਨ 'ਚ ਕਟੌਤੀ ਜਾਰੀ ਰੱਖਣਗੇ

**ਨਿਊ ਯਾਰਕ** : ਸਾਊਦੀ ਅਰਬ ਦੀ ਅਗਵਾਈ ਵਾਲੇ ਤੇਲ ਉਤਪਾਦਕ ਦੇਸ਼ਾਂ ਦੇ ਸੰਗਠਨ ਓਪੇਕ ਦੇ ਕੁਝ ਮੈਂਬਰ ਅਤੇ ਰੂਸ ਵਰਗੇ ਦੇਸ਼ ਕੱਚੇ ਤੇਲ ਦੇ ਉਤਪਾਦਨ 'ਚ ਸਵੈਇੱਛਤ ਕਟੌਤੀ ਨੂੰ ਹੋਰ ਵਧਾ ਰਹੇ ਹਨ। ਬਹੁਕੌਮੀ ਸੰਗਠਨ ਦੇ ਸਕੱਤਰੇਤ ਨੇ ਕਿਹਾ ਕਿ ਕਈ ਓਪੇਕ ਤੇ ਹੋਰ ਦੇਸ਼ਾਂ ਨੇ ਪ੍ਰਤੀ ਦਿਨ ਲਗਭਗ 22 ਲੱਖ ਬੈਰਲ ਉਤਪਾਦਨ 'ਚ ਕਟੌਤੀ ਕੀਤੀ ਹੈ। ਸਾਊਦੀ ਅਰਬ ਨੇ 2024 ਦੀ ਦੂਜੀ ਤਿਮਾਹੀ ਦੇ ਅੰਤ ਤੱਕ 10 ਲੱਖ ਬੈਰਲ ਪ੍ਰਤੀ ਦਿਨ ਦੀ ਕਟੌਤੀ ਨੂੰ ਵਧਾਉਣ ਦਾ ਫੈਸਲਾ ਕੀਤਾ ਹੈ। ਊਰਜਾ ਮੰਤਰਾਲੇ ਦੇ ਸੂਤਰਾਂ ਦਾ ਕਹਿਣਾ ਹੈ ਕਿ ਉਤਪਾਦਨ 'ਚ ਕਟੌਤੀ ਦੇ ਇਸ ਵਿਸਥਾਰ ਦਾ ਮਤਲਬ ਹੈ ਕਿ ਸਾਊਦੀ ਅਰਬ ਜੂਨ ਦੇ ਅੰਤ ਤੱਕ ਪ੍ਰਤੀ ਦਿਨ 90 ਲੱਖ ਬੈਰਲ ਕੱਚੇ ਤੇਲ ਦਾ ਉਤਪਾਦਨ ਕਰੇਗਾ। ਇਸ ਤੋਂ ਇਲਾਵਾ ਰੂਸ ਨੇ ਦੂਜੀ ਤਿਮਾਹੀ 'ਚ 4,71,000 ਬੈਰਲ ਪ੍ਰਤੀ ਦਿਨ ਦੀ ਸਵੈਇੱਛਤ ਵਾਧੂ ਕਟੌਤੀ ਦਾ ਐਲਾਨ ਵੀ ਕੀਤਾ। ਓਪੇਕ ਦਾ ਕਹਿਣਾ ਹੈ ਕਿ ਇਰਾਕ, ਸੰਯੁਕਤ ਅਰਬ ਅਮੀਰਾਤ, ਕੁਵੈਤ, ਕਜ਼ਾਕਿਸਤਾਨ, ਅਲਜੀਰੀਆ ਅਤੇ ਓਮਾਨ ਵੀ ਕਟੌਤੀ ਜਾਰੀ ਰੱਖਣਗੇ।

## ਪ੍ਰਚੰਡ ਨੇ ਦਿਓਬਾ ਨਾਲ ਗਠਜੋੜ ਤੋੜ ਕੇ ਓਲੀ ਨਾਲ ਬਣਾਇਆ

**ਕਠਮੰਡੂ** : ਨੇਪਾਲ ਦੇ ਪ੍ਰਧਾਨ ਮੰਤਰੀ ਪੁਸ਼ਪ ਕਮਲ ਦਹਲ 'ਪ੍ਰਚੰਡ' ਨੇ ਮਤਭੇਦਾਂ ਕਾਰਨ ਨੇਪਾਲੀ ਕਾਂਗਰਸ ਨਾਲ ਆਪਣੀ ਕਰੀਬ 15 ਮਹੀਨਿਆਂ ਦੀ ਭਾਈਵਾਲੀ ਖਤਮ ਕਰਨ ਤੋਂ ਬਾਅਦ ਸੋਮਵਾਰ ਸਾਬਕਾ ਪ੍ਰਧਾਨ ਮੰਤਰੀ ਕੇ ਪੀ ਸ਼ਰਮਾ ਓਲੀ ਦੀ ਪਾਰਟੀ ਨਾਲ ਨਵਾਂ ਗਠਜੋੜ ਬਣਾਉਣ ਦਾ ਫੈਸਲਾ ਕਰ ਲਿਆ। ਨੇਪਾਲ ਕਮਿਊਨਿਸਟ ਪਾਰਟੀ ਆਫ ਨੇਪਾਲ (ਮਾਓਵਾਦੀ ਕੇਂਦਰ) ਦੇ ਸਕੱਤਰ ਗਣੇਸ਼ ਸ਼ਾਹ ਨੇ ਕਿਹਾ ਕਿ ਪ੍ਰਚੰਡ ਦੀ ਅਗਵਾਈ ਵਾਲੀ ਸੀ ਪੀ ਐੱਨ (ਮਾਓਵਾਦੀ ਕੇਂਦਰ) ਅਤੇ ਸ਼ੇਰ ਬਹਾਦੁਰ ਦਿਓਬਾ ਦੀ ਅਗਵਾਈ ਵਾਲੀ ਨੇਪਾਲੀ ਕਾਂਗਰਸ ਵਿਚਾਲੇ ਗਠਜੋੜ ਖਤਮ ਹੋ ਗਿਆ ਹੈ, ਕਿਉਂਕਿ ਦੋਵਾਂ ਚੋਟੀ ਦੇ ਨੇਤਾਵਾਂ ਵਿਚਾਲੇ ਮਤਭੇਦ ਡੂੰਘੇ ਹੋ ਗਏ ਹਨ। ਪ੍ਰਤੀਨਿਧ ਸਦਨ ਦੀ ਸਭ ਤੋਂ ਵੱਡੀ ਪਾਰਟੀ ਨੇਪਾਲੀ ਕਾਂਗਰਸ ਨਾਲ ਗਠਜੋੜ ਤੋੜਨ ਤੋਂ ਬਾਅਦ ਪ੍ਰਚੰਡ ਨੇ ਓਲੀ ਦੀ ਅਗਵਾਈ ਵਾਲੀ ਨੇਪਾਲ ਕਮਿਊਨਿਸਟ ਪਾਰਟੀ (ਯੂਨੀਫਾਈਡ ਮਾਰਕਸਵਾਦੀ-ਲੈਨਿਨਵਾਦੀ) ਨਾਲ ਹੱਥ ਮਿਲਾਉਣ ਦਾ ਫੈਸਲਾ ਕੀਤਾ।



ਹਾਲਾਂਕਿ ਓਲੀ ਨੂੰ ਪ੍ਰਚੰਡ ਦਾ ਆਲੋਚਕ ਮੰਨਿਆ ਜਾਂਦਾ ਹੈ। ਪ੍ਰਚੰਡ ਨੇਪਾਲੀ ਕਾਂਗਰਸ ਨਾਲ ਗੱਠਜੋੜ ਕਰਕੇ 25 ਦਸੰਬਰ 2022 ਵਿਚ ਤੀਜੀ ਵਾਰ ਪ੍ਰਧਾਨ ਮੰਤਰੀ ਬਣੇ ਸਨ।

## ਮੁਹਾਲੀ 'ਚ ਗੈਂਗਸਟਰ ਦੀ ਹੱਤਿਆ

**ਮੁਹਾਲੀ** : ਇਥੋਂ ਦੇ ਸੈਕਟਰ 67 'ਚ ਸੋਮਵਾਰ ਸ਼ਾਪਿੰਗ ਮਾਲ ਦੇ ਬਾਹਰ ਚਾਰ ਅਣਪਛਾਤੇ ਵਿਅਕਤੀਆਂ ਨੇ ਗੈਂਗਸਟਰ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਪੁਲਸ ਮੁਤਾਬਕ ਜੰਮੂ ਦੇ ਰਹਿਣ ਵਾਲੇ 45 ਸਾਲਾ ਗੈਂਗਸਟਰ ਰਾਜੇਸ਼ ਡੋਗਰਾ ਉਰਫ ਮੋਹਨ ਚਿਰ ਦਾ ਕਤਲ ਗੈਂਗਵਾਰ ਦਾ ਨਤੀਜਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਹਮਲਾਵਰ ਕੁਝ ਸਮੇਂ ਤੋਂ ਮਾਲ ਦੇ ਬਾਹਰ ਦੋ ਐੱਸ ਯੂ ਵੀਜ਼ 'ਚ ਡੋਗਰਾ ਨੂੰ ਉਡੀਕ ਰਹੇ ਸਨ। ਇਕ ਗੱਡੀ ਦਾ ਨੰਬਰ ਚੰਡੀਗੜ੍ਹ ਅਤੇ ਦੂਜੀ ਦਾ ਜੰਮੂ ਦਾ ਸੀ। ਡੋਗਰਾ ਦੇ ਖਿਲਾਫ ਅੱਠ ਐੱਫ ਆਈ ਆਰ ਦਰਜ ਸਨ ਤੇ ਉਹ ਹਾਲ ਹੀ 'ਚ ਜੇਲ੍ਹ ਤੋਂ ਬਾਹਰ ਆਇਆ ਸੀ। ਰੂਪਨਗਰ ਰੇਂਜ ਦੇ ਆਈ ਜੀ ਜਸਕਰਨ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ ਮੁਤਾਬਕ ਜੰਮੂ ਨਾਲ ਸੰਬੰਧਤ ਚਾਰ ਵਿਅਕਤੀ ਇਸ ਕਤਲ 'ਚ ਸ਼ਾਮਲ ਹਨ, ਜਿਨ੍ਹਾਂ ਵਿੱਚੋਂ ਇੱਕ ਨੂੰ ਹਿਰਾਸਤ 'ਚ ਲਿਆ ਗਿਆ ਹੈ। ਦੋ ਵਾਹਨ, ਹਥਿਆਰ ਤੇ ਮੋਬਾਇਲ ਫੋਨ ਵੀ ਬਰਾਮਦ ਕੀਤੇ ਗਏ ਹਨ।

# ਘਰ 'ਚੋਂ ਭੈਣ-ਭਰਾ ਦੀਆਂ ਲਾਸ਼ਾਂ ਮਿਲੀਆਂ

**ਕਲਾਨੌਰ (ਮਨਦੀਪ ਕੋਹਲੀ)**

ਕਸਬਾ ਕਲਾਨੌਰ ਵਿੱਚ ਇੱਕ ਘਰ ਵਿੱਚੋਂ ਭੈਣ-ਭਰਾ ਦੀਆਂ ਲਾਸ਼ਾਂ ਬਰਾਮਦ ਹੋਈਆਂ ਹਨ। ਸ਼ਿਵ ਮੰਦਰ ਦੇ ਨਜ਼ਦੀਕ ਮੁਹੱਲੇ ਵਿੱਚ ਪਿੰਡ ਨਾਹਰਪੁਰ ਦਾ ਇੱਕ ਪਰਵਾਰ ਕਿਰਾਏ 'ਤੇ ਰਹਿ ਰਿਹਾ ਸੀ। ਪਰਵਾਰ ਦਾ ਮੁਖੀ ਹਰਪਾਲ ਕਿਸੇ ਦੀ ਦੁਕਾਨ 'ਤੇ ਕੱਪੜੇ ਸਿਲਾਈ ਦਾ ਕੰਮ ਕਰਦਾ ਹੈ। ਦੱਸਿਆ ਜਾ ਰਿਹਾ ਹੈ ਕਿ ਬੱਚਿਆਂ ਦੀ ਮਾਂ ਦੋ-ਤਿੰਨ ਦਿਨ ਪਹਿਲਾਂ ਘਰ ਛੱਡ ਕੇ ਕਿਤੇ ਚਲੀ ਗਈ ਸੀ। ਘਰ ਵਿੱਚ ਹਰਪਾਲ ਅਤੇ ਤਿੰਨ ਸਾਲ ਦਾ ਬੇਟਾ ਹਰਪ੍ਰੀਤ ਤੇ ਕਰੀਬ ਛੇ ਸਾਲ ਦੀ ਲੜਕੀ ਜਸਪ੍ਰੀਤ ਸਨ। ਹਰਪਾਲ ਘਰ ਨੂੰ ਤਾਲਾ ਮਾਰ ਕੇ ਚਲਾ ਗਿਆ।



ਬੱਚਿਆਂ ਦੀ ਮੌਤ ਦੀ ਖਬਰ ਮਿਲਦਿਆਂ ਹੀ ਕਲਾਨੌਰ ਦੇ ਐੱਸ ਐੱਚ ਓ ਅਵਤਾਰ ਸਿੰਘ, ਡੀ ਐੱਸ ਪੀ ਗੁਰਵਿੰਦਰ ਸਿੰਘ ਅਤੇ ਹੋਰ ਅਧਿਕਾਰੀ ਮੌਕੇ 'ਤੇ ਪਹੁੰਚੇ। ਪੁਲਸ ਨੇ ਵਿਕਟਰ ਮਸੀਹ ਦੇ ਬਿਆਨਾਂ ਦੇ ਅਧਾਰ 'ਤੇ ਪਰਚਾ ਦਰਜ ਕਰ ਲਿਆ ਹੈ ਅਤੇ ਬੱਚਿਆਂ ਦੀਆਂ ਲਾਸ਼ਾਂ ਨੂੰ ਪੋਸਟ-ਮਾਰਟਮ ਲਈ ਗੁਰਦਾਸਪੁਰ ਸਿਵਲ ਹਸਪਤਾਲ ਭੇਜ ਦਿੱਤਾ ਹੈ। ਡੀ ਐੱਸ ਪੀ ਗੁਰਵਿੰਦਰ ਸਿੰਘ ਨੇ ਕਿਹਾ ਕਿ ਪੋਸਟ-ਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਅਗਲੀ ਕਾਰਵਾਈ ਕੀਤੀ ਜਾਵੇਗੀ।

## ਅੱਜ-ਨਾਮਾ

ਚੁਣ ਕੇ ਭੇਜੇ ਸਨ ਆਗੂ ਅਸੈਂਬਲੀ ਵਿੱਚ,
ਉਥੇ ਕੁਝ ਰੱਖਣਗੇ ਲੋਕਾਂ ਦਾ ਪੱਖ ਮੀਆਂ।
ਹੋਇਆ-ਵਾਪਰਿਆ ਵੇਖੋ ਤਾਂ ਹੋਈ ਚਿੰਤਾ,
ਪੱਖ ਤਾਂ ਰਿਹਾ ਨਹੀਂ ਕੋਈ ਵੀ ਰੱਖ ਮੀਆਂ।
ਮਿਹਣੇ-ਤੁਹਮਤਾਂ ਜਾਂ ਡਿੱਗੀ ਬੋਲ-ਬਾਣੀ,
ਵਾਪਰਦੀ ਜਾਪਦੀ ਸਿਰਫ ਹੈ ਝੱਖ ਮੀਆਂ।
ਵਿਗੜੀ ਤਾਣੀ ਨਾ ਸੁਲਝਦੀ ਜਾਪਦੀ ਇਹ,
ਚਸਕੇ ਲੈਂਦੇ ਪਏ ਰਾਹਾਂ ਵਿੱਚ ਕੱਖ ਮੀਆਂ।
ਧੀਰ-ਗੰਭੀਰ ਨਾ ਚਰਚਾ ਦਾ ਰਿਹਾ ਮੌਸਮ,
ਸਾਰੇ ਈ ਪਾੜਦੇ ਸੁਣੀ ਜਾਓ ਸੰਘ ਮੀਆਂ।
ਕੀਹਦੀ ਗੱਲ ਕਰੀਏ, ਕੀਹਦੀ ਨਾ ਕਰੀਏ,
ਹਰ ਕੋਈ ਦੂਜੇ ਤੋਂ ਰਿਹਾ ਏ ਲੰਘ ਮੀਆਂ।

-ਤੀਸ ਮਾਰ ਖਾਂ

# ਪੰਜਾਬ ਕਾਂਗਰਸ 'ਇੰਡੀਆ' ਦੇ ਭਾਈਵਾਲਾਂ ਪ੍ਰਤੀ ਸੰਜੀਦਾ ਹੋਵੇ : ਅਰਸ਼ੀ

**ਬੁਢਲਾਡਾ (ਅਸ਼ੋਕ ਲਾਕੜਾ)**

ਦੇਸ਼ ਨੂੰ ਆਰਥਿਕ, ਸਮਾਜਿਕ ਅਤੇ ਰਾਜਨੀਤਕ ਤੌਰ 'ਤੇ ਤਬਾਹ ਤੇ ਬਰਬਾਦ ਕਰਨ ਵਾਲੀ ਤੇ ਸੰਵਿਧਾਨਿਕ ਕਦਰਾਂ-ਕੀਮਤਾਂ ਨੂੰ ਕੁਚਲਣ ਵਾਲੀ ਫਿਰਕੂ ਫਾਸ਼ੀਵਾਦੀ ਭਾਜਪਾ ਨੂੰ ਹਰਾਉਣਾ ਸਮੇਂ ਦੀ ਮੁੱਖ ਲੋੜ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਕੌਮੀ ਕੌਂਸਲ ਦੇ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਬੁਢਲਾਡਾ ਪਾਰਟੀ ਦਫ਼ਤਰ ਵਿਖੇ ਵਰਕਰਾਂ ਦੀ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕੀਤਾ। ਮੀਟਿੰਗ ਦੀ ਪ੍ਰਧਾਨਗੀ ਕਿੱਕਰ ਸਿੰਘ ਬੱਛੋਆਣਾ ਵੱਲੋਂ ਕੀਤੀ ਗਈ। ਕਮਿਊਨਿਸਟ ਆਗੂ ਨੇ ਕਿਹਾ ਕਿ 'ਇੰਡੀਆ' ਗਠਜੋੜ ਦੀ ਸਭ ਤੋਂ ਵੱਡੀ ਧਿਰ ਕਾਂਗਰਸ ਹੈ, ਇਸ ਲਈ ਇੰਡੀਆ ਗਠਜੋੜ ਨੂੰ ਵਿਸ਼ਾਲ ਤੇ ਮਜ਼ਬੂਤ ਕਰਨ ਦੀ ਜ਼ਿੰਮੇਵਾਰੀ ਵੀ ਉਸ ਦੀ ਹੀ ਹੈ। ਸ੍ਰੀ ਅਰਸ਼ੀ ਨੇ ਕਿਹਾ ਕਿ ਕੁਝ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਤੋਂ ਸਿੱਖਣਾ ਚਾਹੀਦਾ ਹੈ, ਜੇਕਰ ਉਥੇ ਸਾਰੀਆਂ ਇੰਡੀਆ ਦੀਆਂ ਧਿਰਾਂ ਨੂੰ ਨਾਲ ਲੈ ਕੇ ਚੱਲਿਆ ਹੁੰਦਾ ਤਾਂ ਕਾਂਗਰਸ ਨਮੋਸ਼ੀਜਨਕ ਹਾਰ ਤੋਂ ਬਚ ਸਕਦੀ ਸੀ।



ਉਹਨਾ ਪੰਜਾਬ ਕਾਂਗਰਸ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇੰਡੀਆ ਗਠਜੋੜ ਦੀਆਂ ਧਿਰਾਂ ਨੂੰ ਨਾਲ ਲੈ ਕੇ ਚੱਲਣ ਲਈ ਗੰਭੀਰ ਯਤਨ ਕਰੇ। ਸੀ ਪੀ ਆਈ ਦੇ ਬਲਾਕ ਸਕੱਤਰ ਵੇਦ ਪ੍ਰਕਾਸ਼ ਤੇ ਜ਼ਿਲ੍ਹਾ ਮੀਤ ਸਕੱਤਰ ਸੀਤਾ ਰਾਮ ਗੋਬਿੰਦਪੁਰਾ ਨੇ ਕਿਹਾ ਕਿ 14 ਮਾਰਚ ਨੂੰ ਦਿੱਲੀ ਦੀ ਮਹਾਂ ਕਿਸਾਨ ਪੰਚਾਇਤ ਵਿੱਚ ਬੁਢਲਾਡਾ ਹਲਕੇ ਤੋਂ ਸੈਂਕੜੇ ਕਿਸਾਨ ਸ਼ਾਮਲ ਹੋਣਗੇ। ਮੀਟਿੰਗ 'ਚ ਫੈਸਲਾ ਕੀਤਾ ਕਿ 19 ਮਾਰਚ ਨੂੰ ਮੁਜ਼ਾਰਾ ਲਹਿਰ ਦੇ ਸ਼ਹੀਦਾਂ ਦੀ ਯਾਦ ਵਿੱਚ ਪਿੰਡ ਕਿਸ਼ਨਗੜ੍ਹ ਵਿਖੇ ਹੋ ਰਹੀ ਸ਼ਹੀਦੀ ਕਾਨਫਰੰਸ ਵਿੱਚ ਜਥੇ ਬੰਨ੍ਹ ਕੇ ਸ਼ਾਮਲ ਹੋਣਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਚਿਮਨ ਲਾਲ ਕਾਕਾ, ਹਰਮੀਤ ਸਿੰਘ ਬੋੜਾਵਾਲ, ਰਾਜਵਿੰਦਰ ਸਿੰਘ ਚੱਕ ਭਾਈਕੇ, ਮੱਖਣ ਸਿੰਘ ਰੰਘੜਿਆਲ, ਸੁਲੱਖਣ ਸਿੰਘ ਕਾਣਗੜ੍ਹ, ਮਲਕੀਤ ਸਿੰਘ ਬਖਸ਼ੀਵਾਲਾ, ਹਾਕਮ ਸਿੰਘ ਕਣਕਵਾਲ, ਬੰਬੂ ਸਿੰਘ, ਹਰਦਿਆਲ ਸਿੰਘ, ਮਨਜੀਤ ਕੌਰ, ਭੁਪਿੰਦਰ ਸਿੰਘ ਤੇ ਸੁਖਦੇਵ ਸਿੰਘ ਬੋੜਾਵਾਲ ਨੇ ਸੰਬੋਧਨ ਕੀਤਾ।

## ਨਿੱਕੀ ਹੈਲੀ ਦੀ ਟਰੰਪ 'ਤੇ ਪਹਿਲੀ ਜਿੱਤ

**ਵਾਸ਼ਿੰਗਟਨ** : ਨਿੱਕੀ ਹੈਲੀ ਨੇ ਨਵੰਬਰ ਵਿਚ ਹੋਣ ਵਾਲੀ ਅਮਰੀਕੀ ਰਾਸ਼ਟਰਪਤੀ ਦੀ ਚੋਣ ਲਈ ਰਿਪਬਲਿਕਨ ਉਮੀਦਵਾਰ ਬਣਨ ਲਈ ਵਾਸ਼ਿੰਗਟਨ ਡੀ ਸੀ (ਡਿਸਟ੍ਰਿਕਟ ਆਫ ਕੋਲੰਬੀਆ) ਦੀਆਂ ਪ੍ਰਾਇਮਰੀ ਚੋਣਾਂ ਵਿਚ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਹਰਾ ਕੇ 2024 ਦੀ ਚੋਣ ਮੁਹਿੰਮ ਦੌਰਾਨ ਆਪਣੀ ਪਹਿਲੀ ਜਿੱਤ ਦਰਜ ਕੀਤੀ ਹੈ। ਹੈਲੀ ਦੀ ਜਿੱਤ ਨੇ ਫਿਲਹਾਲ ਟਰੰਪ ਦੀ ਜਿੱਤ ਦੇ ਸਿਲਸਿਲੇ ਨੂੰ ਰੋਕ ਦਿੱਤਾ ਹੈ, ਪਰ ਟਰੰਪ ਨੂੰ ਇਸ ਹਫਤੇ ਦੇ ਸੁਪਰ ਟਿਊਜ਼ਡੇਅ 'ਚ ਵੱਡੀ ਗਿਣਤੀ 'ਚ ਡੈਲੀਗੇਟਾਂ (ਵੋਟਰਾਂ ਦੀ ਨੁਮਾਇੰਦਗੀ ਕਰਨ ਵਾਲੇ ਪਾਰਟੀ ਮੈਂਬਰਾਂ) ਦਾ ਸਮਰਥਨ ਮਿਲਣ ਦੀ ਸੰਭਾਵਨਾ ਹੈ। ਸੁਪਰ ਮੰਗਲਵਾਰ ਅਮਰੀਕਾ ਦੇ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰਾਂ ਦੀ ਚੋਣ ਕਰਨ ਲਈ ਪ੍ਰਾਇਮਰੀ ਚੋਣ ਪ੍ਰਕਿਰਿਆ ਦਾ ਦਿਨ ਹੈ, ਜਦੋਂ ਜ਼ਿਆਦਾਤਰ ਰਾਜਾਂ 'ਚ ਪ੍ਰਾਇਮਰੀ ਅਤੇ ਕਾਕਸ ਚੋਣਾਂ ਹੁੰਦੀਆਂ ਹਨ। ਪਿਛਲੇ ਹਫਤੇ ਆਪਣੇ ਗ੍ਰਹਿ ਰਾਜ ਦੱਖਣੀ ਕੈਰੋਲੀਨਾ 'ਚ ਹਾਰ ਦੇ ਬਾਵਜੂਦ ਹੈਲੀ ਨੇ ਕਿਹਾ ਸੀ ਕਿ ਉਹ ਆਪਣੀ ਦਾਅਵੇਦਾਰੀ ਨਹੀਂ ਛੱਡੇਗੀ। ਹੈਲੀ (51) ਨੂੰ 1274 ਵੋਟਾਂ (62.9 ਫੀਸਦੀ) ਮਿਲੀਆਂ, ਜਦਕਿ ਟਰੰਪ ਨੂੰ 676 ਵੋਟਾਂ (33.2 ਫੀਸਦੀ) ਮਿਲੀਆਂ।

ਸੰਯੁਕਤ ਰਾਸ਼ਟਰ ਵਿਚ ਰਾਜਦੂਤ ਤੇ ਦੱਖਣੀ ਕੈਰੋਲੀਨਾ ਦੀ ਰਾਜਦੂਤ ਰਹਿ ਚੁੱਕੀ ਨਿੱਕੀ 1972 ਵਿਚ ਅਮਰੀਕੀ ਵਿਚ ਪੈਦਾ ਹੋਈ ਸੀ। ਉਸ ਦਾ ਅਸਲੀ ਨਾਂਅ ਨਮਰਤਾ ਨਿੱਕੀ ਰੰਧਾਵਾ ਹੈ। ਉਸ ਦੇ ਪਿਤਾ ਅਜੀਤ ਸਿੰਘ ਰੰਧਾਵਾ ਪਤਨੀ ਰਾਜ ਕੌਰ ਨਾਲ 1960ਵਿਆਂ ਵਿਚ ਪੀ ਐੱਚ ਡੀ ਕਰਨ ਅੰਮ੍ਰਿਤਸਰ ਤੋਂ ਅਮਰੀਕਾ ਗਏ ਸਨ ਤੇ ਉਥੇ ਹੀ ਵਸ ਗਏ ਸਨ। ਨਿੱਕੀ ਦੇ ਦੋ ਭਰਾ ਮਿੱਠੀ ਤੇ ਸਿਮੀ ਅਤੇ ਭੈਣ ਸਿਮਰਨ ਹਨ। ਨਿੱਕੀ ਨੇ 1996 ਵਿਚ ਮਾਈਕਲ ਹੈਲੀ ਨਾਲ ਵਿਆਹ ਕਰਵਾਇਆ ਸੀ ਤੇ ਉਸ ਦੀ ਬੇਟੀ ਰੇਨਾ ਤੇ ਬੇਟਾ ਨਲਿਨ ਹਨ।

## ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਮੀਟਿੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਲਾਕ ਮਾਛੀਵਾੜਾ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਮੀਟਿੰਗ ਪ੍ਰਧਾਨ ਚਰਨਜੀਤ ਕੌਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਖ-ਵੱਖ ਮੁੱਦਿਆਂ 'ਤੇ ਵਿਚਾਰਾਂ ਕੀਤੀਆਂ ਗਈਆਂ। ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਚਰਨਜੀਤ ਕੌਰ ਨੇ ਦੱਸਿਆ ਕਿ ਪ੍ਰੀ-ਪ੍ਰਾਇਮਰੀ ਤੋਂ ਲੈ ਕੇ 6 ਸਾਲ ਤੱਕ ਦੇ ਬੱਚਿਆਂ ਦੀ ਆਂਗਣਵਾੜੀ ਸੈਂਟਰਾਂ ਵਿੱਚ ਵਾਪਸੀ ਕੀਤੀ ਜਾਵੇ ਤੇ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਗ੍ਰੈਚੁਟੀ ਤੇ ਵੇਤਨ ਦਿੱਤਾ ਜਾਵੇ। ਆਂਗਣਵਾੜੀ ਵਰਕਰ ਤੇ ਹੈਲਪਰ ਨੂੰ ਪੰਜਾਬ ਸਰਕਾਰ ਦੀ ਗਾਰੰਟੀ ਦੁੱਗਣਾ ਮਾਣਭੱਤਾ ਲਾਗੂ ਕਰਵਾ ਨਰਸਰੀ ਅਧਿਆਕਾਂ ਦਾ ਦਰਜਾ ਦਿੱਤਾ ਜਾਵੇ, ਐਨ.ਜੀ.ਓ. ਨੂੰ ਦਿੱਤੀ ਤਿੰਨ ਜ਼ਿਲ੍ਹਿਆਂ ਦੀ ਆਂਗਣਵਾੜੀ ਨਿਊਟ੍ਰੀਸ਼ਨ ਫੀਡ ਲਈ 14 ਮਾਰਚ ਨੂੰ ਚੰਡੀਗੜ੍ਹ ਵਿਧਾਨ ਸਭਾ ਵੱਲ ਕੂਚ ਕੀਤਾ ਜਾਵੇਗਾ, ਜਿਸ ਲਈ ਆਂਗਣਵਾੜੀ ਵਰਕਰ ਤਿਆਰ ਬਰ ਤਿਆਰ ਹਨ। ਉਨ੍ਹਾ ਕਿਹਾ ਕਿ ਆਂਗਣਵਾੜੀ ਵਰਕਰ ਨੂੰ ਗ੍ਰੇਡ-3 ਤੇ ਹੈਲਪਰ ਨੂੰ ਗ੍ਰੇਡ-4 ਦਾ ਦਰਜਾ ਦਿੱਤਾ ਜਾਵੇ ਤੇ ਸਰਕਾਰ ਦੇ ਚੋਣ ਮੈਨੀਫੈਸਟੋ ਅਨੁਸਾਰ ਆਂਗਣਵਾੜੀ ਵਰਕਰਾਂ ਦੀ ਤਨਖਾਹ ਦੁੱਗਣੀ ਕੀਤੀ ਜਾਵੇ। ਇਸ ਮੌਕੇ ਕੁਲਵੰਤ ਕੌਰ ਨੀਲੋਂ, ਮਨਜੀਤ ਕੌਰ, ਸਰਬਜੀਤ ਕੌਰ, ਨਿਰਮਲਜੀਤ ਕੌਰ, ਪਰਮਜੀਤ ਕੌਰ, ਕੁਲਵਿੰਦਰ ਕੌਰ ਭੰਗੂ, ਪਰਮਜੀਤ ਕੌਰ, ਗੁਰਮੀਤ ਕੌਰ, ਮਨਜਿੰਦਰ ਕੌਰ, ਰਜਿੰਦਰ ਕੌਰ, ਕੁਲਦੀਪ ਕੌਰ, ਉਪਜੀਤ ਕੌਰ ਮੌਜੂਦ ਸਨ।

## ਲਾਡੀ ਢੋਸ ਪਿੰਡਾਂ ਦੀ ਨੁਹਾਰ ਬਦਲਣ 'ਚ ਕੋਈ ਕਸਰ ਨਹੀਂ ਛੱਡ ਰਹੇ : ਬਲਖੰਡੀ, ਕੰਗ



**ਕੋਟ ਈਸੇ ਖਾਂ (ਅਰੋੜਾ)**-ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਹਲਕਾ ਧਰਮਕੋਟ ਦੇ ਪਿੰਡਾਂ ਦੀ ਨੁਹਾਰ ਬਦਲਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੇ ਅਤੇ ਗ੍ਰਾਂਟਾਂ ਦੇ ਗੱਫੇ ਦੇ ਕੇ ਪਿੰਡਾਂ ਦਾ ਵਿਕਾਸ ਕਰਵਾ ਰਹੇ ਹਨ ਤਾਂ ਜੋ ਪਿੰਡ ਵਾਸੀਆਂ ਨੂੰ ਵੀ ਸ਼ਹਿਰਾਂ ਵਾਂਗ ਬੁਨਿਆਦੀ ਸਹੂਲਤਾਂ ਦਿੱਤੀਆਂ ਜਾ ਸਕਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੇਬਰ ਵਿਭਾਗ ਬੋਰਡ ਦੇ ਮੈਂਬਰ ਬਲਦੇਵ ਸਿੰਘ ਬਲਖੰਡੀ ਤੇ ਯੂਥ ਆਪ ਆਗੂ ਡਾ. ਮਨਦੀਪ ਸਿੰਘ ਕੰਗ ਨੇ ਪਿੰਡ ਚੂਹੜਚੱਕ ਵਿਖੇ ਧੰਨ ਧੰਨ ਬਾਬਾ ਯੋਧਾ ਰਾਮ ਖੇਡ ਸਟੇਡੀਅਮ ਵਿੱਚ ਚੱਲ ਰਹੇ ਕੰਮਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਆਗੂਆਂ ਨੇ ਕਿਹਾ ਕਿ ਇਸ ਸਟੇਡੀਅਮ ਵਿੱਚ ਪਿਛਲੇ ਕਾਫੀ ਸਮੇਂ ਤੋਂ ਇਸ ਸਟੇਡੀਅਮ ਵਿੱਚ ਕੰਮ ਹੋਣ ਵਾਲੇ ਸਨ, ਹੁਣ ਵਿਧਾਇਕ ਲਾਡੀ ਢੋਸ ਦੀ ਅਗਵਾਈ ਹੇਠ ਇਸ ਸਟੇਡੀਅਮ ਵਿੱਚ ਇੰਟਰਲਾਕ ਟਾਇਲਾਂ ਤੇ ਹੋਰ ਕੰਮ ਕਰਵਾਏ ਜਾ ਰਹੇ ਹਨ, ਜਿਸ ਨਾਲ ਬੱਚੇ ਤੇ ਨੌਜਵਾਨ ਇਸ ਵਿੱਚ ਆਪਣੀਆਂ ਖੇਡਾਂ ਖੇਡ ਸਕਣਗੇ। ਇਸ ਮੌਕੇ ਬਲਵੀਰ ਸਿੰਘ ਫੌਜੀ, ਗੁਰਤੇਜ ਸਿੰਘ ਗਿੱਲ ਸੁਸਾਇਟੀ ਪ੍ਰਧਾਨ, ਇਕਬਾਲ ਸਿੰਘ ਗੋਰਾ, ਹਾਕਮ ਸਿੰਘ, ਕੁਲਦੀਪ ਕੌਰ ਨਰੇਗਾ ਪ੍ਰਧਾਨ, ਰਾਣਾ ਆਦਿ ਹਾਜ਼ਰ ਸਨ।

## ਸ਼ਹੀਦ ਉਧਮ ਸਿੰਘ ਕਾਲਜ 'ਚ ਅਲੂਮੀਨੀ ਮੀਟ ਨੂੰ ਲੈ ਕੇ ਮੀਟਿੰਗ




**ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿੱਚ ਪੁਰਾਣੇ ਵਿਦਿਆਰਥੀਆਂ ਦੀ ਜਥੇਬੰਦੀ ਓਲਡ ਸਟੂਡੈਂਟ ਐਸੋਸੀਏਸ਼ਨ ਦੀ ਅਲੂਮੀਨੀ ਮੀਟ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਹਰਦੀਪ ਸਿੰਘ ਭਰੂਰ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਐਸੋਸੀਏਸ਼ਨ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਵਿਚਾਰ ਚਰਚਾ ਕੀਤੀ ਤੇ ਐਸੋਸੀਏਸ਼ਨ ਵੱਲੋਂ ਦਫਤਰ ਦੀ ਰੈਨੋਵੇਸ਼ਨ ਬਾਰੇ ਹੋ ਰਹੇ ਕੰਮ ਦਾ ਨਿਰੀਖਣ ਕੀਤਾ ਗਿਆ। ਮੀਟਿੰਗ ਵਿੱਚ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਵੱਲੋਂ ਯੂ ਜੀ ਸੀ ਦੀ ਨੈਕ ਟੀਮ ਦੇ ਆਉਣ ਬਾਰੇ ਚਾਨਣਾ ਪਾਇਆ। ਇਸ ਮੌਕੇ ਮੁੱਖ ਸਰਪ੍ਰਸਤ ਰਿਟਾਇਰਡ ਐਸ ਪੀ ਰੁਪਿੰਦਰ ਭਾਰਦਵਾਜ, ਸੀਨੀਅਰ ਵਾਈਸ ਪ੍ਰਧਾਨ ਰਿਪਲ ਧਾਲੀਵਾਲ, ਬੁਲਾਰਾ ਬਰਖਾ ਸਿੰਘ, ਮਨਿੰਦਰ ਸਿੰਘ ਲਖਮੀਰਵਾਲਾ, ਪ੍ਰੈੱਸ ਸਕੱਤਰ ਅਰੁਣ ਬਾਂਸਲ, ਮਨਪ੍ਰੀਤ ਸਿੰਘ, ਜੂਨੀਅਰ ਮੀਤ ਪ੍ਰਧਾਨ ਪੰਕਜ ਡੋਗਰਾ, ਪਰਮਜੀਤ ਸਿੰਘ ਪੰਮ, ਲੱਕੀ ਧਾਲੀਵਾਲ, ਪ੍ਰੋ. ਚਮਕੌਰ ਸਿੰਘ, ਹਰਵਿੰਦਰ ਸਿੰਘ ਗਿੱਲ, ਜਸਵੀਰ ਸਿੰਘ ਬਖਸ਼ੀਵਾਲਾ ਆਦਿ ਹਾਜ਼ਰ ਸਨ।

## ਕਾਨੂੰਨਗੋ ਪ੍ਰਿਥੀ ਚੰਦ ਨੂੰ ਨਾਇਬ ਤਹਿਸੀਲਦਾਰ ਬਣਨ 'ਤੇ ਸਨਮਾਨ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕਾਨੂੰਗੋ ਪ੍ਰਿਥੀ ਚੰਦ ਪਦਉਨਤ ਹੋ ਕੇ ਨਾਇਬ ਤਹਿਸੀਲਦਾਰ ਬਣਨ 'ਤੇ ਰਿਟਾਇਡ ਕਾਨੂੰਗੋ ਹੰਸ ਰਾਜ ਸਿੰਘ ਦੀ ਅਗਵਾਈ ਹੇਠ ਸ਼ਾਹਪੁਰ ਕਲਾਂ ਦੇ ਪਤਵੰਤੇ ਸੱਜਣਾਂ ਵੱਲੋਂ ਸਰਕਾਰੀ ਪਟਵਾਰਖਾਨਾ ਚੀਮਾ ਮੰਡੀ ਵਿਖੇ ਸਨਮਾਨ ਸਮਾਰੋਹ ਦੌਰਾਨ ਸਨਮਾਨ ਕੀਤਾ ਗਿਆ। ਨਾਇਬ ਤਹਿਸੀਲਦਾਰ ਪ੍ਰਿਥੀ ਚੰਦ ਨੇ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਹੁਣ ਤੱਕ ਦੀ ਸੇਵਾ 'ਚੋਂ ਜ਼ਿਆਦਾਤਰ ਸੇਵਾ ਇਸੇ ਇਲਾਕੇ ਵਿੱਚ ਨਿਭਾਈ ਹੈ ਅਤੇ ਅੱਗੋਂ ਵੀ ਉਨ੍ਹਾਂ ਦੀ ਕੋਸ਼ਿਸ਼ ਹੋਵੇਗੀ ਕਿ ਬਤੌਰ ਨਾਇਬ ਤਹਿਸੀਲਦਾਰ ਇਸ ਇਲਾਕੇ ਦੀ ਪੂਰੀ ਲਗਨ ਨਾਲ ਸੇਵਾ ਕਰਾਂ।

## ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ ਦੀ ਮਹੀਨਾਵਾਰੀ ਮੀਟਿੰਗ



**ਜਗਰਾਉਂ (ਅਮਿਤ ਖੰਨਾ)**-ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ 133 ਦੀ ਮਹੀਨਾਵਾਰੀ ਮੀਟਿੰਗ ਪ੍ਰਧਾਨ ਜਿੰਦਰ ਪਾਲ ਧੀਮਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਰਾਮਗੜ੍ਹੀਆ ਘਰ ਵਿੱਚ ਹੋਈ। ਪ੍ਰਧਾਨ ਜਿੰਦਰ ਪਾਲ ਧੀਮਾਨ ਨੇ ਕਿਹਾ ਕਿ ਮਹੀਨਾਵਾਰ ਮੀਟਿੰਗ ਕਰਨ ਦਾ ਮੁੱਖ ਮੰਤਵ ਠੇਕੇਦਾਰਾਂ ਨੂੰ ਆ ਰਹੀ ਮੁਸ਼ਕਲਾਂ ਦਾ ਹੱਲ ਕਰਨਾ ਹੁੰਦਾ ਹੈ। ਮੀਟਿੰਗ ਵਿੱਚ ਸੰਸਥਾ ਵੱਲੋਂ ਭਵਿੱਖ ਵਿੱਚ ਲਗਾਏ ਜਾਣ ਵਾਲੇ ਸਮਾਜ ਸੇਵੀ ਪ੍ਰੋਜੈਕਟਾਂ ਬਾਰੇ ਵੀ ਵਿਚਾਰ ਕੀਤਾ ਗਿਆ ਤੇ ਜਗਰਾਉਂ ਨਿਵਾਸੀਆਂ ਨੂੰ ਵਾਤਾਵਰਣ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਾਉਣ ਦੀ ਅਪੀਲ ਕੀਤੀ ਗਈ। ਯੂਨੀਅਨ ਦਾ ਕੰਮ ਦੇਖਦੇ ਹੋਏ ਨਵੇਂ ਮੈਂਬਰ ਵੀ ਠੇਕੇਦਾਰ ਯੂਨੀਅਨ ਵਿੱਚ ਜੁੜ ਰਹੇ ਹਨ। ਇਸ ਮੌਕੇ ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਗੁਰਮੇਲ ਸਿੰਘ ਢੁੱਡੀਕੇ, ਪ੍ਰਿਤਪਾਲ ਸਿੰਘ ਮਣਕੂ, ਕਰਮ ਸਿੰਘ ਜਗਦੇ, ਪ੍ਰੀਤਮ ਸਿੰਘ ਗੈਦੂ, ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਅਮਰਜੀਤ ਸਿੰਘ ਘਟੌੜੇ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਖ਼ਜ਼ਾਨਚੀ ਠੇਕੇਦਾਰ ਹਰਨੇਕ ਸਿੰਘ ਸੋਹੀ, ਜਨਰਲ ਸਕੱਤਰ ਜਸਪਾਲ ਸਿੰਘ ਕਲਿਆਣ, ਜਗਰੂਪ ਸਿੰਘ ਗੈਦੂ, ਜਗਦੀਸ਼ ਸਿੰਘ ਦੀਸ਼ਾ, ਪ੍ਰੀਤਮ ਸਿੰਘ ਜੰਡੂ, ਤਰਲੋਚਨ ਸਿੰਘ ਸੀਹਰਾ, ਸੁਦਾਗਰ ਸਿੰਘ ਕਲਸੀ ਆਦਿ ਹਾਜ਼ਰ ਸਨ।

## ਜੱਜ ਦੀ ਪ੍ਰੀਖਿਆ ਪਾਸ ਕਰਨ ਵਾਲੀਆਂ ਲੜਕੀਆਂ ਸਨਮਾਨਤ



**ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਪੰਜਾਬ ਮਹਿਲਾ ਅਗਰਵਾਲ ਸਭਾ ਦੀ ਪ੍ਰਧਾਨ ਰੇਵਾ ਛਾਹੜੀਆ ਤੇ ਸੁਨਾਮ ਦੀ ਪ੍ਰਧਾਨ ਮੰਜੂ ਗਰਗ ਦੀ ਅਗਵਾਈ ਵਿੱਚ ਜੱਜ ਦੀ ਪ੍ਰੀਖਿਆ ਪਾਸ ਕਰਨ ਵਾਲੀਆ ਡਿੰਪਲ ਗਰਗ ਤੇ ਉਪਾਸਨਾ ਗੋਇਲ ਨੂੰ ਸਭਾ ਵੱਲੋਂ ਸਨਮਾਨਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਲੜਕੀਆਂ ਨੇ ਸਾਡੇ ਸਾਰੇ ਸਮਾਜ ਦਾ ਮਾਣ ਵਧਾਇਆ ਹੈ ਤੇ ਅੱਜ ਸਾਡੀਆਂ ਇਨ੍ਹਾਂ ਬੱਚੀਆਂ ਨੂੰ ਸਨਮਾਨਤ ਕਰਕੇ ਉਨ੍ਹਾਂ ਨੂੰ ਬਹੁਤ ਖੁਸ਼ੀ ਹੋ ਰਹੀ ਹੈ। ਅਗਰਵਾਲ ਸਮਾਜ ਵਿੱਚ ਲਗਾਤਾਰ ਬੱਚੇ ਪੜ੍ਹ-ਲਿਖ ਕੇ ਹੋਰ ਅੱਗੇ ਵਧ ਰਹੇ ਹਨ ਅਤੇ ਅਸੀਂ ਕਾਮਨਾ ਕਰਦੇ ਹਾਂ ਕਿ ਇਸੀ ਤਰ੍ਹਾਂ ਸਾਰੇ ਬੱਚੇ ਸਮਾਜ ਦਾ ਨਾਂਅ ਰੌਸ਼ਨ ਕਰਨ।

## ਡਾ. ਡੇਲਫਾਈਨ ਥੀਵੇਟ ਵੱਲੋਂ ਸੰਗਤਪੁਰਾ ਦੇ ਕਿਸਾਨਾਂ ਨਾਲ ਮੁਲਾਕਾਤ



**ਲਹਿਰਾਗਾਗਾ (ਪਵਨ)**-ਪੰਜਾਬ ਦੌਰੇ 'ਤੇ ਆਈ ਹੋਈ ਫਰਾਂਸ ਦੀ ਬੋਰਡੌਕਸ ਯੂਨੀਵਰਸਿਟੀ ਤੋਂ ਐਸੋਸੀਏਟ ਪ੍ਰੋਫੈਸਰ ਡਾ. ਡੇਲਫਾਈਨ ਥੀਵੇਟ ਇਨ੍ਹਾਂ ਦਿਨਾਂ ਦੌਰਾਨ ਖੇਤੀ ਵਿਭਿੰਨਤਾ, ਜੈਵਿਕ ਖੇਤੀ, ਹਰੀ ਕ੍ਰਾਂਤੀ ਤੇ ਹੋਰਨਾਂ ਵਿਸ਼ਿਆਂ 'ਤੇ ਆਪਣਾ ਖੋਜ ਕਾਰਜ ਕਰ ਰਹੀ ਹੈ।ਜਵਾਹਰ ਲਾਲ ਨਹਿਰੂ ਯੂਨੀਵਰਸਿਟੀ, ਦਿੱਲੀ ਦੇ ਖੋਜਾਰਥੀ ਹਰਿੰਦਰ ਸਿੰਘ ਨਾਲ ਪਿੰਡ ਸੰਗਤਪੁਰਾ ਵਿਖੇ ਪਹੁੰਚੀ ਡਾ. ਥੀਵੇਟ ਦਾ ਰਣਦੀਪ ਸੰਗਤਪੁਰਾ ਨੇ ਨਿੱਘਾ ਸਵਾਗਤ ਕੀਤਾ ਤੇ ਪੰਜਾਬ ਦੇ ਇਤਿਹਾਸ, ਵਿਰਸੇ ਤੇ ਮੌਜੂਦਾ ਖੇਤੀ ਪ੍ਰਬੰਧ ਬਾਰੇ ਜਾਣੂ ਕਰਾਇਆ।ਕਰਮਜੀਤ ਸਿੰਘ ਦੇ ਫਾਰਮ-ਪੀਬੀ-13 ਵਿੱਚ ਡਾ. ਥੀਵੇਟ ਨੇ ਡ੍ਰੈਗਨ ਫਰੂਟ ਦੀ ਕੀਤੀ ਜਾ ਰਹੀ ਖੇਤੀ, ਸੁਖਤਾਰ ਸਿੰਘ ਤੋਂ ਜੈਵਿਕ ਸਬਜ਼ੀਆਂ ਦੀ ਕਾਸ਼ਤ ਅਤੇ ਮਧੂ ਮੱਖੀ, ਪਸ਼ੂ ਪਾਲਣ ਤੋਂ ਇਲਾਵਾ ਪੰਜਾਬ ਵਿੱਚ ਹਰੀ ਕ੍ਰਾਂਤੀ ਤੋਂ ਬਾਅਦ ਜੀਵਨ ਪੱਧਰ ਵਿੱਚ ਆਏ ਬਦਲਾਅ ਅਤੇ ਬਦਲਵੀਆਂ ਫ਼ਸਲਾਂ ਦੀਆਂ ਸੰਭਾਵਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ।ਡਾ. ਥੀਵੇਟ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਬਹੁਤ ਮਿਹਨਤੀ ਹਨ।ਇਨ੍ਹਾਂ ਦਾ ਸੁਭਾਅ ਬਹੁਤ ਮਿਲਣਸਾਰ ਹੈ।ਉਨ੍ਹਾਂ ਜੈਵਿਕ ਖੇਤੀ ਲਈ ਵੀ ਕਿਸਾਨਾਂ ਨੂੰ ਪ੍ਰੇਰਿਤ ਕੀਤਾ।

## ਸੋਸ਼ਲ ਮੀਡੀਆ ਦੇ ਪ੍ਰਭਾਵ ਬਾਰੇ ਚਰਚਾ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਯੂਨੀਵਰਸਿਟੀ ਸਕੂਲ ਆਫ਼ ਲਾਅ, ਦੇਸ਼ ਭਗਤ ਯੂਨੀਵਰਸਿਟੀ ਨੇ ਸੋਸ਼ਲ ਮੀਡੀਆ ਅੰਡਰ ਸੈਕਸ਼ਨ 21: ਮਨੁੱਖੀ ਵਿਹਾਰ ਤੇ ਸਮਾਜ ਉੱਤੇ ਪ੍ਰਭਾਵ ਵਿਸ਼ੇ 'ਤੇ ਵਿਚਾਰ-ਚਰਚਾ ਦਾ ਆਯੋਜਨ ਕੀਤਾ।ਇਸ ਸੈਸ਼ਨ ਦਾ ਉਦੇਸ਼ ਆਮ ਵਿਅਕਤੀਆਂ ਤੇ ਸਮਾਜ 'ਤੇ ਸੋਸ਼ਲ ਮੀਡੀਆ ਦੇ ਬਹੁਪੱਖੀ ਪ੍ਰਭਾਵਾਂ ਦੀ ਜਾਂਚ ਕਰਨਾ ਸੀ।ਇਸ ਚਰਚਾ ਦੇ ਜੱਜ ਡਾ. ਆਰਤੀ ਤੇ ਡਾ. ਪ੍ਰਭਜੋਤ ਕੌਰ ਘੁੰਮਣ ਸਨ, ਜਿਨ੍ਹਾਂ ਨੇ ਚਰਚਾ ਨੂੰ ਵਿਦਿਆਰਥੀਆਂ ਦੇ ਦੋ ਗਰੁੱਪਾਂ ਵਿੱਚ ਵੰਡਿਆ। ਪ੍ਰਤੀਭਾਗੀਆਂ ਨੇ ਆਪਣੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਦੇ ਹੋਏ ਸੋਸ਼ਲ ਮੀਡੀਆ ਦੀ ਭੂਮਿਕਾ ਬਾਰੇ ਦ੍ਰਿਸ਼ਟੀਕੋਣ ਪੇਸ਼ ਕੀਤੇ।ਪਹਿਲੇ ਗਰੁੱਪ ਨੇ ਸੋਸ਼ਲ ਮੀਡੀਆ ਦੇ ਸਕਾਰਾਤਮਕ ਪਹਿਲੂਆਂ ਨੂੰ ਪ੍ਰਗਟ ਕੀਤਾ, ਜਿਸ ਵਿੱਚ ਖੁੱਲ੍ਹੀ ਸੋਚ, ਗਿਆਨ ਦਾ ਵਿਸਥਾਰ, ਨੌਕਰੀ ਦੀ ਖੋਜ ਵਿੱਚ ਸਹਾਇਤਾ ਕਰਨਾ, ਡਿਜੀਟਲ ਮਾਰਕੀਟਿੰਗ ਨੂੰ ਉਤਸ਼ਾਹਤ ਕਰਨਾ, ਜਾਣਕਾਰੀ ਤੱਕ ਪਹੁੰਚ ਵਧਾਉਣਾ ਅਤੇ ਸਮਾਜਿਕ ਸ਼ਮੂਲੀਅਤ ਤੇ ਸੰਚਾਰ ਨੂੰ ਉਤਸ਼ਾਹਤ ਕਰਨਾ ਸ਼ਾਮਲ ਹੈ।ਇੱਕ ਹੋਰ ਗਰੁੱਪ ਨੇ ਸੋਸ਼ਲ ਮੀਡੀਆ ਦੇ ਨਾਕਾਰਾਤਮਕ ਨਤੀਜਿਆਂ ਬਾਰੇ ਚਿੰਤਾ ਪ੍ਰਗਟ ਕੀਤੀ, ਜਿਵੇਂ ਕਿ ਗ਼ਲਤ ਜਾਣਕਾਰੀ ਫੈਲਾਉਣ ਦੀ ਸੰਭਾਵਨਾ, ਸਵੈ-ਨਿਰੀਖਣ ਨੂੰ ਉਤਸ਼ਾਹਤ ਕਰਨਾ, ਜਾਅਲੀ ਖ਼ਬਰਾਂ ਫੈਲਾਉਣ ਦਾ ਮਾਧਿਅਮ ਹੋਣਾ, ਗੱਪਾਂ ਤੇ ਟ੍ਰੋਲਿੰਗ ਨੂੰ ਉਤਸ਼ਾਹਤ ਕਰਨਾ।ਇਸ ਗਰੁੱਪ ਡਿਸਕਸ਼ਨ ਵਿੱਚ ਤਾਨੀਆ, ਮਨਸ਼ਾ ਤੇ ਸੁਨੈਨਾ ਨੂੰ ਜੇਤੂ ਚੁਣਿਆ ਗਿਆ।

# ਕਰਜ਼ੇ ਤੋਂ ਪ੍ਰੇਸ਼ਾਨ ਕਿਸਾਨ ਨੇ ਕੀਤੀ ਖੁਦਕੁਸ਼ੀ

### ਭੜਕੇ ਕਿਸਾਨਾਂ ਨੇ ਹਸਪਤਾਲ 'ਚ ਕੀਤੀ ਨਾਅਰੇਬਾਜ਼ੀ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਕਰਜ਼ੇ ਤੋਂ ਪ੍ਰੇਸ਼ਾਨ ਨੇੜਲੇ ਪਿੰਡ ਲੇਲੇਵਾਲਾ ਦੇ ਇੱਕ ਨੌਜਵਾਨ ਕਿਸਾਨ ਵੱਲੋਂ ਫਾਹਾ ਲੈ ਕੇ ਖੁਦਕੁਸ਼ੀ ਕਰ ਲਏ ਜਾਣ ਦੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ, ਜਦੋਂਕਿ ਮ੍ਰਿਤਕ ਕਿਸਾਨ ਦੇ ਪੋਸਟਮਾਰਟਮ 'ਚ ਦੇਰੀ ਹੋਣ ਤੋਂ ਭੜਕੇ ਕਿਸਾਨਾਂ ਨੇ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਆਗੂਆਂ ਦੀ ਅਗਵਾਈ ਹੇਠ ਸਿਵਲ ਹਸਪਤਾਲ ਚ ਨਾਅਰੇਬਾਜ਼ੀ ਕਰਦਿਆਂ ਗੇਟ ਤੇ ਸੰਕੇਤਕ ਪ੍ਰਦਰਸ਼ਨ ਕੀਤਾ।ਪਿੰਡ ਲੇਲੇਵਾਲਾ ਦਾ ਕਿਸਾਨ ਬਲਜੀਤ ਸਿੰਘ (40) ਪੁੱਤਰ ਮੇਜਰ ਸਿੰਘ ਪੰਜ ਏਕੜ ਜ਼ਮੀਨ ਦਾ ਮਾਲਕ ਸੀ।ਪਰਵਾਰਕ ਸੂਤਰਾਂ ਮੁਤਾਬਕ ਬਲਜੀਤ ਸਿੰਘ ਸਿਰ ਆੜ੍ਹਤੀਆਂ ਦਾ ਕਰੀਬ ਅੱਠ ਲੱਖ ਰੁਪਏ ਕਰਜ਼ਾ ਸੀ, ਜਿਸ ਕਾਰਨ ਉਹ ਅਕਸਰ ਪ੍ਰੇਸ਼ਾਨ ਰਹਿੰਦਾ ਸੀ ਅਤੇ ਇਸੇ ਪ੍ਰੇਸ਼ਾਨੀ ਦੇ ਚੱਲਦਿਆਂ ਬੀਤੀ ਦੇਰ ਰਾਤ ਉਸਨੇ ਘਰ ਵਿੱਚ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲਈ।ਮ੍ਰਿਤਕ ਕਿਸਾਨ ਆਪਣੇ ਪਿੱਛੇ ਮਾਪਿਆਂ ਤੇ ਪਤਨੀ ਤੋਂ ਇਲਾਵਾ ਇੱਕ ਬੇਟਾ ਤੇ ਇੱਕ ਨਵ ਵਿਆਹੀ ਬੇਟੀ ਛੱਡ ਗਿਆ ਹੈ।ਉੱਧਰ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ 'ਚ ਸਥਿਤੀ ਉਸ ਸਮੇਂ ਤਣਾਅਪੂਰਨ ਬਣ ਗਈ, ਜਦੋਂ ਮ੍ਰਿਤਕ ਕਿਸਾਨ ਦੇ ਪੋਸਟਮਾਰਟਮ ਲਈ ਪੁੱਜੇ ਭਾਕਿਯੂ (ਉਗਰਾਹਾਂ) ਆਗੂਆਂ ਨੂੰ ਪਤਾ ਲੱਗਾ ਕਿ ਹਸਪਤਾਲ 'ਚ ਪੋਸਟਮਾਰਟਮ ਕਰਨ ਲਈ ਡਾਕਟਰ ਨਹੀ ਤਾਂ ਉਨ੍ਹਾਂ ਨੇ ਹਸਪਤਾਲ ਦੇ ਗੇਟ 'ਤੇ ਸੰਕੇਤਕ ਧਰਨਾ ਦਿੰਦਿਆਂ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਆਰੰਭ ਦਿੱਤੀ।ਜਥੇਬੰਦੀ ਦੇ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਤੇ ਹਰਜਿੰਦਰ ਸਿੰਘ ਬੱਗੀ ਨੇ ਕਿਸਾਨਾਂ ਨੂੰ ਸੰਬੋਧਨ ਦੌਰਾਨ ਕਿਹਾ ਕਿ ਬਦਲਾਅ ਦੇ ਨਾਅਰੇ ਨਾਲ ਸੱਤਾ 'ਚ ਆਈ 'ਆਪ' ਸਰਕਾਰ ਹਸਪਤਾਲਾਂ 'ਚ ਮੁਫ਼ਤ ਦਵਾਈਆਂ ਦੇਣ ਦੇ ਦਾਅਵੇ ਤਾਂ ਕਰਦੀ ਹੈ, ਪਰ ਲੋੜੀਂਦੇ ਡਾਕਟਰ ਉਪਲਬਧ ਨਹੀਂ ਕਰਾ ਸਕੀ।ਉੱਧਰ ਹਸਪਤਾਲ ਪ੍ਰਸ਼ਾਸਨ ਵੱਲੋਂ ਪੋਸਟਮਾਰਟਮ ਲਈ ਡਾਕਟਰ ਬੁਲਾਉਣ ਦੇ ਦਿੱਤੇ ਭਰੋਸੇ ਉਪਰੰਤ ਧਰਨਾ ਚੁੱਕ ਲਿਆ ਗਿਆ।ਕਿਸਾਨ ਆਗੂਆਂ ਨੇ ਸਰਕਾਰ ਤੋਂ ਮ੍ਰਿਤਕ ਕਿਸਾਨ ਦੇ ਪਰਵਾਰ ਦਾ ਸਮੁੱਚਾ ਕਰਜ਼ ਮੁਆਫ਼ ਕਰਾਉਣ ਤੇ ਆਰਥਿਕ ਮੱਦਦ ਦੇਣ ਦੀ ਮੰਗ ਕੀਤੀ ਹੈ।ਜਾਣਕਾਰੀ ਅਨੁਸਾਰ ਪੋਸਟਮਾਰਟਮ ਅਤੇ ਪੁਲਸ ਕਾਰਵਾਈ ਉਪਰੰਤ ਸ਼ਾਮ ਸਮੇਂ ਮ੍ਰਿਤਕ ਕਿਸਾਨ ਦਾ ਅੰਤਿਮ ਸਸਕਾਰ ਕਰ ਦਿੱਤਾ ਗਿਆ।

## ਆਮ ਆਦਮੀ ਕਲੀਨਿਕ ਪੰਜਾਬ ਸਰਕਾਰ ਦਾ ਅਹਿਮ ਉਪਰਾਲਾ : ਵਿਧਾਇਕ ਸਿੰਗਲਾ

### *ਮਾਨਸਾ ਤੇ ਭੀਖੀ 'ਚ ਆਮ ਆਦਮੀ ਕਲੀਨਿਕ ਦਾ ਉਦਘਾਟਨ*



**ਮਾਨਸਾ (ਆਤਮਾ ਸਿੰਘ ਪਮਾਰ)**-ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਆਮ ਆਦਮੀ ਕਲੀਨਿਕ ਪੰਜਾਬ ਸਰਕਾਰ ਦਾ ਅਹਿਮ ਉਪਰਾਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਨਸ਼ਾ ਛੁਡਾਊ ਤੇ ਮੁੜ ਵਸੇਵਾ ਕੇਂਦਰ ਠੂਠਿਆਂਵਾਲੀ ਰੋਡ ਮਾਨਸਾ ਅਤੇ ਭੀਖੀ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਕਰਨ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਸ੍ਰੀ ਪਰਮਵੀਰ ਸਿੰਘ ਮੌਜੂਦ ਸਨ। ਵਿਧਾਇਕ ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਜ਼ਿਲ੍ਹੇ ਅੰਦਰ 15 ਆਮ ਆਦਮੀ ਕਲੀਨਿਕ ਪਹਿਲਾਂ ਤੋਂ ਹੀ ਕੰਮ ਕਰ ਰਹੇ ਹਨ। ਹੁਣ 6 ਨਵੇਂ ਆਮ ਆਦਮੀ ਕਲੀਨਿਕਾਂ ਦੇ ਖੁੱਲ੍ਹਣ ਨਾਲ ਜ਼ਿਲ੍ਹੇ ਵਿੱਚ ਕੁੱਲ 21 ਆਮ ਆਦਮੀ ਕਲੀਨਿਕ ਲੋਕਾਂ ਨੂੰ ਸਿਹਤ ਸੇਵਾਵਾਂ ਦੇਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫਤ ਡਾਕਟਰੀ ਸਹਾਇਤਾ ਦੇ ਨਾਲ ਨਾਲ ਮੁਫਤ ਦਵਾਈਆਂ ਤੇ ਲੈਬ ਟੈਸਟ ਦੀ ਸੁਵਿਧਾ ਉਪਲੱਬਧ ਹੋਵੇਗੀ।

ਉਨ੍ਹਾ ਕਿਹਾ ਕਿ ਆਮ ਆਦਮੀ ਕਲੀਨਿਕਾਂ ਅੰਦਰ ਦਵਾਈਆਂ ਤੇ ਸਟਾਫ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਐਸ.ਡੀ.ਐਮ. ਮਾਨਸਾ ਮਨਜੀਤ ਸਿੰਘ ਰਾਜਲਾ, ਸਿਵਲ ਸਰਜਨ ਡਾ. ਰਣਜੀਤ ਸਿੰਘ ਰਾਏ, ਸੀਨੀਅਰ ਮੈਡੀਕਲ ਅਫਸਰ ਡਾ. ਬਲਜੀਤ ਕੌਰ ਮੈਡੀਕਲ ਅਫਸਰ ਡਾਕਟਰ ਪ੍ਰਵੀਨ ਕੁਮਾਰ ਹਾਜ਼ਰ ਸਨ।

## ਜ਼ਿਲ੍ਹਾ ਉਦਯੋਗ ਕੇਂਦਰ ਵੱਲੋਂ ਪੀ ਐੱਮ ਐੱਫ਼ ਐੱਮ ਈ ਸੰਬੰਧੀ ਅਵੇਅਰਨੈੱਸ ਸੈਮੀਨਾਰ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**

ਪਿੰਡ ਟਹਿਣਾ ਦੇ ਪੰਚਾਇਤ ਘਰ ਵਿਖੇ ਸਰਕਾਰ ਵੱਲੋਂ ਚਲਾਈ ਜਾ ਰਹੀ ਸਕੀਮ ਪੀ.ਐਮ.ਐਫ.ਐਮ.ਈ (ਪ੍ਰਧਾਨ ਮੰਤਰੀ ਫਾਰਮਾਲਾਜੇਸ਼ਨ ਆਫ਼ ਮਾਈਕ੍ਰੋ ਫੂਡ ਪ੍ਰੋਸੈਸਿੰਗ ਇੰਟਰਪ੍ਰਾਈਜ਼ਜ਼ ਸਕੀਮ) ਅਵੇਅਰਨੈੱਸ ਦਾ ਕੈਂਪ ਲਾਇਆ ਗਿਆ। ਸੈਮੀਨਾਰ ਦਾ ਆਯੋਜਨ ਜ਼ਿਲ੍ਹਾ ਉਦਯੋਗ ਕੇਂਦਰ ਫ਼ਰੀਦਕੋਟ ਵੱਲੋਂ ਕੀਤਾ ਗਿਆ।ਕੈਂਪ ਵਿੱਚ ਪਿੰਡ ਦੇ 100 ਚਾਹਵਾਨਾਂ ਵੱਲੋਂ ਭਾਗ ਲਿਆ ਗਿਆ।ਕੈਂਪ ਵਿੱਚ ਚਾਹਵਾਨਾਂ ਨੂੰ ਆਪਣਾ ਉਦਯੋਗ ਸਥਾਪਤ ਕਰਨ ਸਬੰਧੀ ਚੱਲ ਰਹੀਆਂ ਭਲਾਈ ਸਕੀਮਾਂ ਤੇ ਲੋਨ ਸਕੀਮਾਂ ਬਾਰੇ ਵੱਧ ਤੋਂ ਵੱਧ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਲਘੂ ਉਦਯੋਗ ਲਗਾਉਣ, ਮੱਖੀ ਪਾਲਣ, ਫੂਡ ਪ੍ਰੋਸੈਸਿੰਗ ਆਦਿ ਸਬੰਧੀ ਜਾਣਕਾਰੀ ਵਿਸਥਾਰਪੂਰਵਕ ਦਿੱਤੀ ਗਈ।ਇਸ ਮੌਕੇ ਸ੍ਰੀ ਦਮਨਪ੍ਰੀਤ ਸਿੰਘ ਸੋਢੀ ਫ਼ੰਕਸ਼ਨਲ ਮੈਨੇਜਰ ਨੇ ਵੱਖ-ਵੱਖ ਕਿੱਤਿਆਂ ਸਬੰਧੀ ਵਿਸਥਾਰ ਪੂਰਵਕ ਦੱਸਿਆ।ਕੁਲਵੰਤ ਸਿੰਘ ਬਰਾੜ ਤੇ ਬਲਬੀਰ ਸਿੰਘ ਪੀ.ਐਮ.ਐਫ਼.ਐਮ.ਈ. ਡੀ.ਆਰ.ਪੀ ਨੇ ਫੂਡ ਪ੍ਰੋਸੈਸਿੰਗ ਸਬੰਧੀ ਛੋਟੇ ਤੇ ਵੱਡੇ ਕਿੱਤਿਆਂ ਬਾਰੇ ਅਤੇ ਮਨਪ੍ਰੀਤ ਕੌਰ ਐਸ.ਆਈ.ਪੀ.ਓ, ਤੇਜਿੰਦਰ ਸਿੰਘ ਐਸ.ਆਈ.ਪੀ.ਓ, ਧਰਮਿੰਦਰ ਸਿੰਘ ਐਸ.ਆਈ.ਪੀ.ਓ ਤੇ ਸ਼ੁਭਮਪ੍ਰਤੀਕ ਸਿੰਘ ਬੀ.ਐਲ.ਈ.ਓ ਵੱਲੋਂ ਜ਼ਿਲ੍ਹਾ ਉਦਯੋਗ ਕੇਂਦਰ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ।

ਕੈਂਪ ਵਿੱਚ ਜ਼ਿਲ੍ਹਾ ਉਦਯੋਗ ਕੇਂਦਰ ਤੋਂ ਇਲਾਵਾ ਐਜੂਕੇਸ਼ਨ ਵਿਭਾਗ, ਖੇਤੀਬਾੜੀ ਵਿਭਾਗ (ਆਤਮਾ), ਮੱਛੀ ਪਾਲਣ ਵਿਭਾਗ ਤੇ ਇੰਪਲਾਇਮੈਂਟ ਦਫ਼ਤਰ, ਬੈਂਕ ਆਦਿ ਵਿਭਾਗਾਂ ਦੇ ਨੁਮਾਇੰਦੇ ਆਪਣੀਆਂ ਸਕੀਮਾਂ ਬਾਰੇ ਜਾਣਕਾਰੀ ਦੇਣ ਲਈ ਉਚੇਚੇ ਤੌਰ 'ਤੇ ਸ਼ਾਮਲ ਹੋਏ।

ਇਸ ਤੋਂ ਇਲਾਵਾ ਪਿੰਡ ਟਹਿਣਾ ਦੀ ਸਮੂਹ ਪੰਚਾਇਤ ਵੱਲੋਂ ਕੈਂਪ ਨੂੰ ਸਫ਼ਲ ਬਣਾਉਣ ਲਈ ਭਰਪੂਰ ਯੋਗਦਾਨ ਦਿੱਤਾ ਗਿਆ।

## ਇਮਾਨਦਾਰੀ ਜ਼ਿੰਦਾ ਹੈ

**ਲੋਹੀਆਂ ਖਾਸ (ਰੀਨਾ ਸ਼ਰਮਾ/ਯੋਗੇਸ਼ਵਰ)** : ਜਸਪਾਲ ਸਿੰਘ ਧਾਲੀਵਾਲ ਵਾਸੀ ਪਿੰਡ ਗਟੀਰਾਏ ਪੁਰ ਨੇ ਦੱਸਿਆ ਕਿ ਉਸਦਾ ਪਰਸ ਜਿਸ ਵਿੱਚ ਪੰਜ ਬੈਂਕਾਂ ਦੇ ਏ ਟੀ ਐੱਮ ਕਾਰਡ ਅਤੇ ਕਰੀਬ ਦੋ ਹਜਾਰ ਰੁਪਏ ਤੋਂ ਵੱਧ ਪੈਸਿਆਂ ਨਾਲ ਭਰਿਆ ਪਰਸ ਗਵਾਚ ਗਿਆ ਸੀ। ਜੋ ਕਿ ਇਕ ਮਿਹਨਤੀ ਇਨਸਾਨ ਰੇਹੜੀ ਚਾਲਕ ਸੁਰਜਾ ਪੁੱਤਰ ਦੁੱਲਾ ਵਾਸੀ ਲੋਹੀਆਂ ਖਾਸ ਨੂੰ ਫੁੱਲ ਵਾਲੇ ਚੌਂਕ ਵਿੱਚ ਡਿੱਗਾ ਮਿਲਿਆ ਜਿਸ ਨੇ ਉਸ ਵਿੱਚ ਪਏ ਅਧਾਰ ਕਾਰਡ ਤੋਂ ਜਸਪਾਲ ਸਿੰਘ ਧਾਲੀਵਾਲ ਨਾਲ ਰਾਬਤਾ ਕਾਇਮ ਕੀਤਾ ਅਤੇ ਉਸ ਨੂੰ ਮਿਲ ਕੇ ਪਰਸ ਦੇ ਸਾਰੇ ਸਮਾਨ ਦੀ ਗਿਣਤੀ ਕਰਵਾ ਕੇ ਵਾਪਸ ਕਰ ਦਿੱਤਾ। ਜਸਪਾਲ ਸਿੰਘ ਧਾਲੀਵਾਲ ਨੇ ਸੁਰਜੇ ਦਾ ਸ਼ੁਕਰਾਨਾ ਕੀਤਾ ਅਤੇ ਕਿਹਾ ਕਿ ਇਮਾਨਦਾਰੀ ਅਜੇ ਜ਼ਿੰਦਾ ਹੈ।

## ਥਾਣਾ ਮੁਖੀ ਵੱਲੋਂ ਵਾਹਨਾਂ ਦੀ ਸਖਤ ਚੈਕਿੰਗ

**ਲੋਹੀਆਂ ਖਾਸ (ਰੀਨਾ ਸ਼ਰਮਾ/ਯੋਗੇਸ਼ਵਰ)** : ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਚਲਾਈ ਗਈ ਸਕੀਮ ਤਹਿਤ ਸਮਾਜ ਦੇ ਨਸ਼ੇੜੀ ਅਤੇ ਮਾੜੇ ਅਨਸਰਾਂ ਵਿਰੁੱਧ ਚਲਾਈ ਗਈ ਸਕੀਮ ਤਹਿਤ ਡੀ ਐਸ ਪੀ ਸ਼ਾਹਕੋਟ ਨਰਿੰਦਰ ਸਿੰਘ ਔਜਲਾ ਦੀ ਨਿਗਰਾਨੀ ਹੇਠ ਥਾਣਾ ਮੁੱਖੀ ਲੋਹੀਆਂ ਬਖਸੀਸ ਸਿੰਘ ਵੱਲੋ ਪਿੰਡ ਗਿੱਦੜਪਿੰਡੀ ਦੇ ਟੋਲ ਪਲਾਜਾ 'ਤੇ ਪੁਲਸ ਪਾਰਟੀ ਸਮੇਤ ਨਾਕਾਬੰਦੀ ਕਰਕੇ ਆਉਣ-ਜਾਣ ਵਾਲੇ ਹਰ ਵਾਹਨ ਨੂੰ ਰੋਕ ਤਲਾਸ਼ੀ ਲਈ ਗਈ ਅਤੇ ਦਸਤਾਵੇਜਾਂ ਦੀ ਸਖਤੀ ਨਾਲ ਜਾਂਚ ਕੀਤੀ ਗਈ ਅਤੇ ਕਿਹਾ ਕਿ ਥਾਣਾ ਲੋਹੀਆਂ ਦੀ ਹਦੂਦ ਅੰਦਰ ਕਿਸੇ ਕਿਸਮ ਦੇ ਨਸ਼ੀਲੇ ਪਦਾਰਥ ਨੂੰ ਦਾਖਲ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਕੀਮਤ 'ਤੇ ਵੀ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਚੌਂਕੀ ਗਿੱਦੜ ਪਿੰਡੀ ਇੰਚਾਰਜ ਅਵਤਾਰ ਸਿੰਘ ਖੈੜਾ, ਲਵਦੀਪ ਸਿੰਘ ਅਤੇ ਹੋਰ ਪੁਲਸ ਦੇ ਜਵਾਨ ਹਾਜਰ ਸਨ।

**Public Notice**

It hereby informs to public at large that HarminderSingh has avail loan from AU SMALL FINANCE BANK LIMITED have its branch office at Phagwara. That Harminder singh s/o Santokh Singh is owner of Property measuring 10 Marla comprising under Khasra no. 2639, 2640, 6925/2638, 6927/2642, 6930/2643 situated at Mohalla Gobindpura, Phagwara Garbi, Distt. Kapurthala vide Transfer Deed No. 1492 dated 26.07.2021. This property was earlier owned by Bheem Sain son of Khushal Chand who sold this property in favor of Santokh Singh s/o Suhail vide Sale Deed no. 1351 dated 13.11.1972 and Santokh Singh s/o Suhail Singh died and his property devolve upon Surinder Kaur wife of Santokh Singh, Harjinder Kaur and Rajwinder Kaur (Daughter) and Harminder Singh son of Santokh Singh and Surinder Kaur wife of Santokh Singh, Harjinder Kaur and Rajwinder Kaur (Daughter) transfer property measuring 7.5 Marla Harminder Singh son of Santokh Singh and now Harminder Singh is owner of 10 Marla. That earlier Sale Deed no. 1351 dated 13.11.1972 is lost and not available with Borrower. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised by depositing the aforesaid document to any person/bank/corporation/financial institution may approach the undersigned and submit objection within 7 days from the date of this public notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

Description of Property :-

Property measuring 10 Marla comprising under Khasra no. 2639, 2640, 6925/2638, 6927/2642, 6930/2643 situated at Mohalla Gobindpura, Phagwara Garbi, Distt. Kapurthala: Lalit Kakkar (Advocate)

Off. : Chamber No. 24, New Courts, Jalandhar. M.No. 98761-07449

# ਇੱਕ ਸਾਲ ਵਧਿਆ ਉਪ ਮੰਡਲ ਪੱਤਰਕਾਰ ਸੰਘ ਕਾਲਾਂਵਾਲੀ ਦਾ ਕਾਰਜਕਾਲ

### ਜਗਤਾਰ ਸਿੰਘ ਤਾਰੀ ਬਣੇ ਪ੍ਰਧਾਨ ਤੇ ਗੁਰਮੀਤ ਸਿੰਘ ਖਾਲਸਾ ਜਨਰਲ ਸਕੱਤਰ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਉਪਮੰਡਲ ਪੱਤਰਕਾਰ ਸੰਘ ਕਾਲਾਂਵਾਲੀ ਦੇ ਸਰਪ੍ਰਸਤ ਭੁਪਿੰਦਰ ਸਿੰਘ ਪੰਨਿਵਾਲੀਆ ਦੀ ਪ੍ਰਧਾਨਗੀ ਹੇਠ ਹੋਈ ਵਿਸ਼ੇਸ਼ ਮੀਟਿੰਗ ਦੌਰਾਨ ਪੱਤਰਕਾਰਤਾ ਨਾਲ ਸਬੰਧਤ ਅਹਿਮ ਮਸਲਿਆਂ 'ਤੇ ਗਹਿਨ ਵਿਚਾਰ ਚਰਚਾ ਕੀਤੀ ਗਈ। ਪੱਤਰਕਾਰ ਪਵਨ ਮਹਿਤਾ ਦੇ ਮਾਤਾ ਜੀ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕਰਦਿਆਂ ਸੋਗ ਮਤੇ ਸਮੇਤ ਹੋਰ ਮਤੇ ਵੀ ਪਾਸ ਕੀਤੇ ਗਏ।ਉਪਮੰਡਲ ਪੱਤਰਕਾਰ ਸੰਘ ਕਾਲਾਂਵਾਲੀ ਦੀ ਨਵੀਂ ਕਾਰਜਕਾਰਨੀ ਦੀ ਚੋਣ ਲੈ ਕੇ ਸੰਘ ਦੇ ਸੀਨੀਅਰ ਮੀਤ ਪ੍ਰਧਾਨ ਮਾ. ਸੁਰਿੰਦਰ ਪਾਲ ਸਿੰਘ ਤੇ ਮੀਡੀਆ ਕੁਆਰਡੀਨੇਟਰ ਜਸਪਾਲ ਸਿੰਘ ਵੱਲੋਂ ਰੱਖੇ ਜ਼ੁਬਾਨੀ ਮਤੇ ਤੇ ਸਹਿਮਤੀ ਪ੍ਰਗਟਾਉਦੇ ਹੋਏ ਸਰਬਸੰਮਤੀ ਨਾਲ ਮੌਜੂਦਾ ਕਾਰਜਕਰਨੀ ਦੇ ਕਾਰਜਕਾਲ ਵਿਚ ਇੱਕ ਸਾਲ ਦਾ ਵਾਧਾ ਕੀਤਾ ਕੀਤਾ ਗਿਆ। ਇਸ ਚੋਣ ਅਨੁਸਾਰ ਭੁਪਿੰਦਰ ਪੰਨੀਵਾਲੀਆ ਸਰਪ੍ਰਸਤ, ਜਗਤਾਰ ਸਿੰਘ ਤਾਰੀ ਪ੍ਰਧਾਨ, ਗੁਰਮੀਤ ਸਿੰਘ ਖਾਲਸਾ ਜਨਰਲ ਸਕੱਤਰ, ਸੰਦੀਪ ਜੈਨ ਖਜ਼ਾਨਚੀ, ਮਾ. ਸੁਰਿੰਦਰਪਾਲ ਸਿੰਘ ਅਤੇ ਰੇਸ਼ਮ ਸਿੰਘ ਸਿੱਧੂ ਸੀਨੀਅਰ ਮੀਤ ਪ੍ਰਧਾਨ, ਅਮਿਤ ਝੁੰਜ ਸਹਾਇਕ ਸਕੱਤਰ ਅਤੇ ਜਸਪਾਲ ਤੱਗੜ ਮੀਡੀਆ ਕੁਆਰਡੀਨੇਟਰ ਅਤੇ ਬਿੱਲੂ ਯਾਦਵ, ਅਸ਼ੋਕ ਗਰਗ, ਹਰਵਿੰਦਰ ਸਿੰਘ ਗਿੱਲ ਸਭਾ ਦੇ ਮੈਂਬਰ ਬਣੇ ਰਹਿਣਗੇ। ਉਪਮੰਡਲ ਪੱਤਰਕਾਰ ਸੰਘ ਕਾਲਾਂਵਾਲੀ ਦੇ ਸਰਬਸਮੰਤੀ ਨਾਲ ਹੋਏ ਇਸ ਫੈਸਲੇ ਤੇ ਖੁਸ਼ੀ ਪ੍ਰਗਟਾਉਦਿਆਂ ਉਪ ਮੰਡਲ ਪੱਤਰਕਾਰ ਸੰਘ ਦੇ ਪ੍ਰਧਾਨ ਅਤੇ ਸਕੱਤਰ ਵੱਲੋਂ ਸਾਥੀਆਂ ਦਾ ਦਿਲੋਂ ਧੰਨਵਾਦ ਕੀਤਾ ਗਿਆ।

**ਨੋਟਿਸ ਆਮ ਇਜਲਾਸ**

ਦੀ ਬਾਬਾ ਬਕਾਲਾ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ: ਬਾਬਾ ਬਕਾਲਾ ਦੇ ਸਮੂਹ "ਏ" ਕਲਾਸ ਮੈਂਬਰਾਂ ਨੂੰ ਇਸ ਨੋਟਿਸ ਰਾਹੀ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਬੈਂਕ ਦਾ ਆਮ ਇਜਲਾਸ (ਜਨਰਲ ਬਾਡੀ ਦੀ ਮੀਟਿੰਗ) ਮਿਤੀ 30.03.2024 ਦਿਨ ਸ਼ਨੀਵਾਰ ਨੂੰ ਸਵੇਰੇ 11-00 ਵਜੇ ਪੀ.ਏ.ਡੀ.ਬੀ ਬਾਬਾ ਬਕਾਲਾ ਵਿਖੇ ਹੋਵੇਗਾ। ਜਿਸ ਵਿਚ ਹੇਠ ਲਿਖੇ ਏਜੰਡਿਆਂ ਤੇ ਵਿਚਾਰ ਕੀਤਾ ਜਾਵੇਗਾ। ਇਸ ਲਈ ਸਮੂਹ "ਏ" ਕਲਾਸ ਮੈਂਬਰਾਂ ਨੂੰ ਸਮੇਂ ਸਿਰ ਆਮ ਇਜਲਾਸ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

ਏਜੰਡਾ ਹੇਠ ਲਿਖੇ ਅਨੁਸਾਰ ਹੈ:-

1. ਪਿਛਲੇ ਆਮ ਇਜਲਾਸ ਵਿੱਚ ਮਿਤੀ 31.3.2023 ਦੀ ਕਾਰਵਾਈ ਦੀ ਪੁਸ਼ਟੀ ਕਰਨ ਤੇ ਵਿਚਾਰ।
2. ਸਾਲ 2022-23 ਦੀ ਆਡਿਟ ਰਿਪੋਰਟ, ਇੰਨਸਪੈਕਸ਼ਨ ਨੋਟ, ਬੈਲਸ ਸ਼ੀਟ, ਲਾਭ ਹਾਨੀ ਆਦਿ ਨੂੰ ਵਾਚਨ ਉਪਰੰਤ ਪ੍ਰਵਾਨ ਕਰਨ ਤੇ ਵਿਚਾਰ।
3. ਮਾਨਯੋਗ ਰਜਿਸਟਰਾਰ ਸਾਹਿਬ ਸਹਿਕਾਰੀ ਸਭਾਵਾਂ ਪੰਜਾਬ (ਚੰਡੀਗੜ੍ਹ) ਵਲੋਂ ਸਮੇਂ-ਸਮੇਂ ਸਿਰ ਬੈਂਕ ਦੇ ਬਾਈਲਾਜ਼ ਰੂਲਾਂ, ਕਰਜਾ ਪਾਲਸੀਆਂ ਆਦਿ ਵਿੱਚ ਕੀਤੀਆਂ ਗਈਆਂ ਸੋਧਾ- ਤਰਮੀਮਾਂ ਅਤੇ ਨਿਰਦੇਸ਼ਾਂ ਨੂੰ ਅਪਨਾਉਣ ਤੇ ਵਿਚਾਰ।
4. ਸਾਲ 2022-23 ਅਧੀਨ ਬੈਂਕ ਦੇ ਕੰਮ ਕਾਜ ਸਬੰਧੀ ਜੋ ਕਿਸੇ ਵੀ ਕਿਸਮ ਦਾ ਖਰਚਾ ਕੀਤਾ ਗਿਆ ਹੈ, ਉਸ ਦੀ ਪ੍ਰਵਾਨਗੀ ਤੇ ਵਿਚਾਰ।
5. ਪਿਛਲੇ ਆਮ ਇਜਲਾਸ ਤੋਂ ਲੈ ਕੇ ਤਾ ਤਰੀਕ ਤੱਕ ਪ੍ਰਬੰਧਕ ਕਮੇਟੀ ਵੱਲੋਂ ਪਾਸ ਕੀਤੇ ਗਏ ਮਤਿਆਂ ਦੀ ਪ੍ਰਵਾਨਗੀ ਅਤੇ ਪੁਸ਼ਟੀ।
6. ਐਸ.ਏ.ਡੀ.ਬੀ ਚੰਡੀਗੜ੍ਹ ਦੀਆਂ ਹਦਾਇਤਾ ਨੂੰ ਮੁੱਖ ਰੱਖਦੇ ਹੋਏ ਇਸ ਬੈਂਕ ਦਾ ਅਗਲੇ ਤਿੰਨ ਸਾਲ 2023-24, 2024-25 ਅਤੇ 2025-26 ਤੱਕ ਸਟੈਚੂਟਰੀ ਆਡਿਟ ਕਰਵਾਉਣ ਲਈ ਚਾਰਟਰਡ ਅਕਾਊਟੈਂਟ ਦੇ ਪੈਨਲ ਵਿਚੋ ਇਕ ਦੀ ਚੋਣ ਕਰਨ ਦਾ ਅਧਿਕਾਰ ਬੈਂਕ ਮੈਨੇਜਰ ਨੂੰ ਦੇਣ ਤੇ ਵਿਚਾਰ।
7. ਆਮ ਇਜਲਾਸ ਕਰਾਉਣ ਤੇ ਹੋਏ ਖਰਚੇ ਦੀ ਪ੍ਰਵਾਨਗੀ ਤੇ ਵਿਚਾਰ।
8. ਤਿੰਨ ਸਾਲ ਤੋਂ ਪੁਰਾਣੇ ਸੰਡਰੀ ਕਰੈਡਿਟਰ ਨੂੰ ਰਿਜ਼ਰਵ ਫੰਡ ਵਿੱਚ ਪਾਉਣ ਤੇ ਵਿਚਾਰ।

ਮੈਨੇਜਰ, ਪੀ.ਏ.ਡੀ.ਬੀ ਬਾਬਾ ਬਕਾਲਾ

## ਜਗਮੀਤ ਸਿੰਘ ਹਰਿਆਊ ਯੂਥ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਬਣੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਵੱਲੋਂ ਕੀਤੀਆਂ ਗਈਆਂ ਨਵੀਆਂ ਨਿਯੁਕਤੀਆਂ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਯੂਥ ਅਕਾਲੀ ਦਲ ਦੇ ਸੀਨੀਅਰ ਆਗੂ ਜਗਮੀਤ ਸਿੰਘ ਹਰਿਆਊ ਨੂੰ ਯੂਥ ਵਿੰਗ ਦੀ ਕੌਮੀ ਕੋਰ ਕਮੇਟੀ ਦਾ ਮੈਂਬਰ ਨਾਮਜ਼ਦ ਕੀਤਾ ਗਿਆ ਹੈ।ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਅਤੇ ਯੂਥ ਵਿੰਗ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਵੱਲੋਂ ਜਥੇਦਾਰ ਹਰਿਆਊ ਦੀ ਕੀਤੀ ਗਈ ਨਿਯੁਕਤੀ ਨੂੰ ਲੈ ਕੇ ਅਕਾਲੀ ਵਰਕਰਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ।ਪਾਰਟੀ ਵੱਲੋਂ ਕੀਤੀ ਗਈ ਨਿਯੁਕਤੀ ਲਈ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਨੌਜਵਾਨ ਅਕਾਲੀ ਆਗੂ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨੇ ਬਦਲਾਅ ਦੇ ਨਾਂਅ ਹੇਠ ਆਮ ਆਦਮੀ ਪਾਰਟੀ ਵੱਲੋਂ ਦਿਖਾਏ ਗਏ ਸਬਜ਼ਬਾਗ ਦੇ ਧੋਖੇ ਵਿੱਚ ਆ ਕੇ ਸੱਤਾ ਸੌਂਪ ਦਿੱਤੀ ਸੀ, ਪਰ ਆਪਣੇ ਅੱਧੇ ਦੇ ਕਰੀਬ ਕਾਰਜਕਾਲ ਪੂਰਾ ਕਰ ਲੈਣ ਦੇ ਬਾਵਜੂਦ ਸੂਬੇ ਵਿੱਚ ਵਿਕਾਸ ਕਾਰਜ ਹਾਲੇ ਤੱਕ ਪੂਰੀ ਤਰ੍ਹਾਂ ਠੱਪ ਹਨ।ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਸਰਕਾਰ ਬੁਰੀ ਤਰ੍ਹਾਂ ਫ਼ੇਲ੍ਹ ਹੋਈ ਹੈ।ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਸੂਬੇ ਦੇ ਹੋਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਉਹਨਾਂ ਕਿਹਾ ਕਿ ਸਵਰਗੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਰਾਜ ਦਾ ਕੀਤਾ ਗਿਆ ਵਿਕਾਸ ਲੋਕਾਂ ਨੂੰ ਯਾਦ ਆਉਣ ਲੱਗਾ ਹੈ ਜਿਸ ਨੂੰ ਮੁੱਖ ਰੱਖਦਿਆਂ ਲੋਕ ਮੁੜ ਤੋਂ ਅਕਾਲੀ ਦਲ ਨੂੰ ਯਾਦ ਕਰਨ ਲੱਗੇ ਹਨ ਤੇ ਪਾਰਟੀ ਲਗਾਤਾਰ ਮਜਬੂਤੀ ਵੱਲ ਵਧ ਰਹੀ ਹੈ।ਹਲਕਾ ਸ਼ੁਤਰਾਣਾ ਵਿੱਚ ਪਾਰਟੀ ਦੀ ਮਜਬੂਤੀ ਲਈ ਕੀਤੇ ਜਾਣ ਵਾਲੇ ਕੰਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਨੌਜਵਾਨ ਵਰਗ ਨੂੰ ਪਾਰਟੀ ਨਾਲ ਜੋੜਨ ਲਈ ਵੱਧ ਤੋਂ ਵੱਧ ਯਤਨ ਕਰਨਗੇ।

**RELIANCE Asset Reconstruction** — **Reliance Asset Reconstruction Company Ltd.**

Corporate Office: R-Tech Park, 11th Floor, North Side, Opp. Western Express Highway, Goregaon (East), Mumbai- 400063.

**ਸਕਿਓਰਡ ਐਸੇਟਸ ਦੀ ਈ-ਨਿਲਾਮੀ ਵਿਕਰੀ ਵਾਸਤੇ ਜਨਤਕ ਨੋਟਿਸ**

ਰਿਲਾਇੰਸ ਐਸੇਟ ਰੀਕੰਸਟਰੱਕਸ਼ਨ ਕੰਪਨੀ ਲਿਮ: (ਆਰ ਏ ਆਰ ਸੀ) "ਆਰ ਏ ਆਰ ਸੀ-026 ਟਰੱਸਟ" ਦੀ ਟਰੱਸਟੀ ਰਿਲਾਇੰਸ ਕੈਪੀਟਲ ਲਿਮਟਿਡ ਨਾਲ 30.12.2016 ਨੂੰ ਕੀਤੇ ਗਏ ਇਕਰਾਰਨਾਮੇ ਅਨੁਸਾਰ ਹੇਠਾਂ ਦਰਸਾਏ ਕਰਜ਼ਦਾਰਾਂ ਦੀ ਜਾਇਦਾਦ ਹਿੱਸੇਦਾਰ ਅਤੇ ਸਕਿਓਰਡ ਕ੍ਰੈਡਿਟਰ ਹੈ। ਨਿਮਨਹਸਤਾਖਰੀ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਨਾਲ ਸਕਿਉਰਿਟੀ ਇੰਟਰੈਸਟ ਐਕਟ 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਆਮ ਜਨਤਾ ਨੂੰ ਸੂਚਿਤ ਕੀਤਾ ਹੈ ਕਿ ਬਕਾਏ ਦੀ ਵਸੂਲੀ ਵਾਸਤੇ ਹੇਠਾਂ ਦਰਸਾਈ ਜਾਇਦਾਦ ਦੀ "ਆਨਲਾਈਨ ਈ-ਨਿਲਾਮੀ" ਰਾਹੀਂ ਵਿਕਰੀ ਕੀਤੀ ਜਾਵੇਗੀ। ਜਾਇਦਾਦਾਂ ਦੀ ਵਿਕਰੀ ਹੇਠਾਂ ਦਰਸਾਈਆਂ ਹੋਰ ਸ਼ਰਤਾਂ ਤੋਂ ਇਲਾਵਾ 'ਜਿਵੇਂ ਹੈ ਜਿਥੇ ਹੈ', 'ਜਿਵੇਂ ਹੈ ਜੋ ਹੈ' ਅਤੇ 'ਨੋ ਰੀਕੋਰਸ' ਦੇ ਆਧਾਰ 'ਤੇ ਕੀਤੀ ਜਾਵੇਗੀ।

| ਕਰਜ਼ਦਾਰਾਂ/ਗਰੰਟਰਾਂ ਦੇ ਨਾਂਅ | ਬਕਾਇਆ ਰਕਮ | ਕਬਜ਼ੇ ਦੀ ਮਿਤੀ |
|---|---|---|
| 1. ਅਸ਼ਵਨੀ ਗੋਇਲ, ਮਕਾਨ ਨੰ: 5, ਨਿਹਾਲ ਬਾਗ, ਬਾਰਾਂਦਰੀ ਪਟਿਆਲਾ, ਪੰਜਾਬ 147001<br>ਨਾਲ ਹੀ : ਅਸ਼ਵਨੀ ਗੋਇਲ, ਗੀਤਾ ਪੈਟਰੋਲ ਪੰਪ ਦੇ ਨਾਲ, ਸਰਹਿੰਦ ਰੋਡ, ਪਟਿਆਲਾ, ਪੰਜਾਬ 147001<br>2. ਮਧੂ ਗੋਇਲ, ਮਕਾਨ ਨੰ: 5, ਨਿਹਾਲ ਬਾਗ, ਬਾਰਾਂਦਰੀ ਪਟਿਆਲਾ, ਪੰਜਾਬ 147001<br>ਨਾਲ ਹੀ : ਮਧੂ ਗੋਇਲ, ਗੀਤਾ ਪੈਟਰੋਲ ਪੰਪ ਦੇ ਨਾਲ, ਸਰਹਿੰਦ ਰੋਡ ਪਟਿਆਲਾ, ਪੰਜਾਬ 147001 | 26.02.2024 ਨੂੰ ਰੁ: 12,83,36,648.84/- (ਬਾਰਾਂ ਕਰੋੜ ਤਰਿਆਸੀ ਲੱਖ ਛੱਤੀ ਹਜ਼ਾਰ ਛੇ ਸੌ ਅਠਤਾਲੀ ਰੁਪਏ ਅਤੇ ਚੁਰਾਸੀ ਪੈਸੇ ਕੇਵਲ) ਸਮੇਤ ਮੁਕੰਮਲ ਅਦਾਇਗੀ ਦੀ ਮਿਤੀ ਤੱਕ ਇਸ ਉਪਰ ਭਵਿੱਖੀ ਵਿਆਜ। | 18.07.2023 |

| ਅਚੱਲ ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ | ਈ ਐਮ ਡੀ ਰਕਮ |
|---|---|---|
| ਮਧੂ ਗੋਇਲ ਦੇ ਨਾਂਅ 'ਤੇ ਵਪਾਰਕ ਜਾਇਦਾਦ ਪਲਾਟ ਰਕਬਾ 970 ਵਰਗ ਗਜ਼ (32 (1/3) ਮਰਲੇ), ਖੇਵਟ ਖਤੌਨੀ ਨੰ: 1531/4075, ਖਸਰਾ ਨੰ: 60//17/2 (0-2), 18/1 (0-1), 24/1, (3-2), ਪਿੰਡ ਝਿਲ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਗੀਤਾ ਪੈਟਰੋਲ ਪੰਪ ਦੇ ਨਾਲ, ਸਰਹਿੰਦ ਰੋਡ, ਪਟਿਆਲਾ, ਪੰਜਾਬ 147001 ਨਾਲ ਸੰਬੰਧਤ ਸਭ ਕੁਝ। ਹੱਦਾਂ :- ਪੂਰਬ : ਸੜਕ, ਲੰਬਾਈ 41'-6", ਪੱਛਮ : ਖਾਲੀ ਜ਼ਮੀਨ, ਉੱਤਰ : ਦਿਲਬਾਗ ਸਿੰਘ ਵਗੈਰਾ, ਲੰਬਾਈ 220', ਦੱਖਣ : ਰਕੇਸ਼ ਗੋਇਲ ਦੀ ਜਾਇਦਾਦ। | : ਰੁ: 2,55,00,000/- (ਦੋ ਕਰੋੜ ਪਚਵੰਜਾ ਲੱਖ ਰੁਪਏ ਕੇਵਲ) | : ਰੁ: 25,50,000/- (ਪੱਚੀ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) |

ਈ-ਨਿਲਾਮੀ ਦੇ ਵੇਰਵੇ : ਜਾਇਦਾਦ ਦਾ ਨਿਰੀਖਣ : 13.03.2024 ਸਵੇਰੇ 11.00 ਵਜੇ ਤੋਂ ਬਾਅਦ ਦੁਪਹਿਰ 2.00 ਵਜੇ ਤੱਕ
ਬੋਲੀ ਪ੍ਰਸਤੁਤ (ਸਬ ਮਿਸ਼ਨ) ਦੀ ਆਖਰੀ ਮਿਤੀ : 19.03.2024
ਈ-ਨਿਲਾਮੀ ਦੀ ਮਿਤੀ : 20.03.2024 ਨੂੰ ਬਾਅਦ ਦੁਪਹਿਰ 2.00 ਵਜੇ ਤੋਂ 3.00 ਵਜੇ ਦਰਮਿਆਨ (ਹਰੇਕ ਲਈ ਪੰਜ ਮਿੰਟ ਵਾਧੂ ਹੋਣਗੇ)

**ਈ-ਨਿਲਾਮੀ ਵਿਕਰੀ ਦੇ ਨਿਯਮ ਅਤੇ ਸ਼ਰਤਾਂ**

1. ਜਾਇਦਾਦ ਰਾਖਵੀਂ ਕੀਮਤ ਤੋਂ ਹੇਠਾਂ ਨਹੀਂ ਵੇਚੀ ਜਾਵੇਗੀ ਅਤੇ ਵਿਕਰੀ ਰਿਲਾਇੰਸ ਐਸੇਟਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੀ ਸਕਿਉਰਡ ਕ੍ਰੈਡਿਟਰ ਵਜੋਂ ਪੁਸ਼ਟੀ ਜ਼ਰੂਰੀ ਹੈ। ਜਾਇਦਾਦ ਦੀ ਵਿਕਰੀ 'ਜਿਵੇਂ ਹੈ ਜਿੱਥੇ ਹੈ', "ਜਿਵੇਂ ਹੈ ਜੋ ਹੈ" ਅਤੇ 'ਨੋ ਰੀਕੋਰਸ' ਦੇ ਅਧਾਰ 'ਤੇ ਹੋਵੇਗੀ।
2. ਈ-ਨਿਲਾਮੀ ਆਰ ਏ ਆਰ ਸੀ ਦੀ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸ : ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦੀ ਵੈੱਬਸਾਈਟ https://www.Auctionbazaar.com (ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦਾ ਵੈੱਬ ਪੋਰਟਲ) ਰਾਹੀਂ ਕਰਵਾਈ ਜਾਵੇਗੀ। ਈ-ਨਿਲਾਮੀ ਦਸਤਾਵੇਜ਼, ਜਿਸ 'ਚ ਆਨਲਾਈਨ ਬੋਲੀ ਫਾਰਮ ਤੇ ਆਮ ਨਿਯਮ ਅਤੇ ਸ਼ਰਤਾਂ ਸ਼ਾਮਲ ਹਨ, ਵੈੱਬਸਾਈਟ www.rarcl.com and https://www.Auctionbazaar.com 'ਤੇ ਉਪਲੱਬਧ ਹਨ, ਚਾਹਵਾਨ ਬੋਲੀਕਾਰ ਢੁਕਵੇਂ ਦਸਤਾਵੇਜ਼ ਡਾਊਨਲੋਡ ਕਰ ਸਕਦੇ ਹਨ।
3. ਚਾਹਵਾਨ ਬੋਲੀਕਾਰ ਦੀ ਆਈ ਡੀ 'ਚ ਹਿੱਸਾ ਲੈਣ ਲਈ ਵੈਧ ਈਮੇਲ ਹੋਣੀ ਚਾਹੀਦੀ ਹੈ ਅਤੇ ਈ-ਨਿਲਾਮੀ ਏਜੰਸੀ ਵੱਲੋਂ ਦਿੱਤੇ ਗਏ ਪਾਸਵਰਡ ਰਾਹੀਂ ਹੀ ਆਪਣੀ ਈ-ਮੇਲ ਆਈ ਡੀ ਰਾਹੀਂ ਸੰਪਰਕ ਕਰਨ।
4. ਚਾਹਵਾਨ ਬੋਲੀਕਾਰਾਂ ਨੂੰ ਆਪਣੀ ਬੋਲੀ ਨਿਰਧਾਰਤ ਫਾਰਮ 'ਚ ਈ ਐਮ ਡੀ ਜਮ੍ਹਾਂ ਕਰਵਾਉਣ ਦੇ ਵੇਰਵੇ ਅਤੇ ਖੁਦ ਤਸਦੀਕਸ਼ੁਦਾ ਦਸਤਾਵੇਜ਼ (ਪੈਨ, ਆਧਾਰ ਕਾਰਡ ਆਦਿ), ਪੇਸ਼ ਕਰਨਾ ਹੋਵੇਗਾ ਅਤੇ ਇਹ ਸਭ ਕੁਝ ਰਿਲਾਇੰਸ ਐਸੇਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੇ ਅਧਿਕਾਰਤ ਅਫਸਰ ਕੋਲ 11ਵੀਂ ਮੰਜ਼ਲ, ਨਾਰਥ ਸਾਈਡ, ਆਰ ਟੈੱਕ ਪਾਰਕ, ਵੈਸਟਰਨ ਐਕਸਪ੍ਰੈੱਸ ਹਾਈਵੇ, ਗੋਰੇਗਾਉਂ (ਈਸਟ) ਮੁੰਬਈ-400063 ਕੋਲ ਜਮ੍ਹਾਂ ਕਰਵਾਉਣਾ ਪਵੇਗਾ ਅਤੇ Narendra.r.shukla@relianceada.com ਅਤੇ vinod.pawaskar@relianceada.com'ਤੇ ਈਮੇਲ ਕਰਨਾ ਹੋਵੇਗਾ ਅਤੇ ਇਸ ਤੋਂ ਬਾਅਦ ਸ਼ਾਮਲ ਹੋਣ ਲਈ ਆਈ ਡੀ ਅਤੇ ਪਾਸਵਰਡ ਸਿਰਫ ਉਨ੍ਹਾਂ ਦੀ ਈਮੇਲ 'ਤੇ ਭੇਜ ਦਿੱਤਾ ਜਾਵੇਗਾ। ਬੋਲੀ ਫਾਰਮ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 19.03.2024 ਹੈ। ਕਿਸੇ ਵੀ ਤਰ੍ਹਾਂ ਕਿਸੇ ਕਾਰਨ ਬੋਲੀ ਫਾਰਮ ਅਤੇ ਈ ਐੱਮ ਡੀ ਦੇਰੀ ਨਾਲ ਪ੍ਰਾਪਤ ਹੋਣ 'ਤੇ ਵਿਚਾਰ ਨਹੀਂ ਕੀਤੀ ਜਾਵੇਗੀ। ਈ ਐੱਮ ਡੀ ਤੋਂ ਬਿਨਾਂ ਅਤੇ ਰਾਖਵੀਂ ਕੀਮਤ ਤੋਂ ਹੇਠਾਂ ਬੋਲੀ ਸਰਸਰੀ ਤੌਰ 'ਤੇ ਰੱਦ ਕਰ ਦਿੱਤੀ ਜਾਵੇਗੀ।
5. ਬੋਲੀਕਾਰ ਦੇ ਨੈਟਵਰਕ 'ਚ ਖਰਾਬੀ ਕਾਰਨ ਕਿਸੇ ਦੇਰੀ/ਨਾਕਾਮੀ ਲਈ ਨਾ ਤਾਂ ਆਰ ਏ ਆਰ ਸੀ ਅਤੇ ਨਾ ਹੀ ਸਰਵਿਸ ਪ੍ਰੋਵਾਈਡਰ ਜ਼ਿੰਮੇਵਾਰ ਹੋਵੇਗਾ। ਅਜਿਹੀਆਂ ਘਟਨਾਵਾਂ ਵਾਸਤੇ ਬੋਲੀਕਾਰਾਂ ਨੂੰ ਬਦਲਵੇਂ ਪਾਵਰ ਬੈਕਅਪਸ ਆਦਿ ਦੀ ਲੋੜੀਂਦੇ ਪ੍ਰਬੰਧ ਕਰਨ ਲਈ ਸਲਾਹ ਦਿੱਤੀ ਜਾਂਦੀ ਹੈ।
6. ਸਾਰੇ ਬੋਲੀਕਾਰਾਂ ਨੂੰ ਸੈਕਸ਼ਨ 29 (ਏ) ਆਈ ਬੀ ਸੀ ਤਹਿਤ ਵਚਨ ਦੀ ਪਾਲਣਾ ਕਰਨੀ ਪਵੇਗੀ।
7. ਰਕਮ ਬਿਆਨਾ ਜਮ੍ਹਾਂ (ਈ ਐਮ ਡੀ) ਆਰ ਟੀ ਜੀ ਐੱਸ/ਐੱਨ ਈ ਐੱਫ ਟੀ ਫੰਡ ਟਰਾਂਸਫਰ ਰਾਹੀਂ ਚਾਲੂ ਖਾਤਾ ਨੰ. 00600310040511, ਬੈਂਕ ਦਾ ਨਾਂਅ ਐੱਚ ਡੀ ਐੱਫ ਸੀ ਸ਼ਾਖਾ, ਫੋਰਟ, ਮੁੰਬਈ ਲਾਭਕਾਰੀ ਦਾ ਨਾਂਅ : ਆਰ ਏ ਆਰ ਸੀ 026 ਟਰੱਸਟ ਆਈ ਐੱਫ ਸੀ ਕੋਡ, ਐੱਚ ਡੀ ਐੱਫ ਐੱਸ ਸੀ 0000060 'ਤੇ ਜਮ੍ਹਾਂ ਕਰਵਾਈ ਜਾਵੇ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਈ ਐੱਮ ਡੀ ਵਾਸਤੇ ਚੈੱਕ/ਡਿਮਾਂਡ ਡਰਾਫਟ ਸਵੀਕਾਰ ਨਹੀਂ ਕੀਤੇ ਜਾਣਗੇ।
8. ਰਾਖਵੀਂ ਕੀਮਤ ਤੋਂ ਹੇਠਾਂ ਅਤੇ/ਜਾਂ ਈ ਐੱਮ ਡੀ ਤੋਂ ਬਿਨਾਂ ਬੋਲੀਆਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ। ਬੋਲੀਕਾਰ 1,00,000/- (ਇੱਕ ਲੱਖ ਰੁਪਏ ਕੇਵਲ) ਦੇ ਗੁਣਾਂਕ 'ਚ ਬੋਲੀ ਰਕਮ 'ਚ ਸੋਧ ਕਰ ਸਕਦੇ ਹਨ। ਇਕੱਲੇ ਹੀ ਬੋਲੀਕਾਰ ਹੋਣ ਦੇ ਮਾਮਲੇ 'ਚ ਬੋਲੀਕਾਰ ਨੂੰ ਘੱਟੋ-ਘੱਟ ਇੱਕ ਵਾਰ ਬੋਲੀ 'ਚ ਸੋਧ ਕਰਵਾਉਣੀ ਜ਼ਰੂਰੀ ਹੋਵੇਗੀ।
9. ਸਫਲ ਬੋਲੀਕਾਰ ਨੂੰ ਬੋਲੀ ਰਕਮ /ਵਿਕਰੀ ਕੀਮਤ (ਪਹਿਲਾਂ ਅਦਾ ਕੀਤੀ ਬਿਆਨਾ ਰਕਮ ਸ਼ਾਮਲ) ਦਾ 25 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ ਤੁਰੰਤ ਬਾਅਦ ਜਮ੍ਹਾਂ ਕਰਵਾਉਣਾ ਪਵੇਗਾ। ਸਫਲ ਬੋਲੀਕਾਰ ਬੋਲੀ ਰਕਮ/ਵਿਕਰੀ ਕੀਮਤ ਦਾ ਬਾਕੀ 75 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ 15 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣਾ ਪਵੇਗਾ।
10. ਜੇਕਰ ਸਫਲ ਬੋਲੀਕਾਰ ਉਪਰੋਕਤ ਅਨੁਸਾਰ ਵਿਕਰੀ ਕੀਮਤ ਜਮ੍ਹਾਂ ਕਰਵਾਉਣ 'ਚ ਅਸਫਲ ਰਹੇਗਾ ਤਾਂ ਬਿਨਾਂ ਕਿਸੇ ਨੋਟਿਸ ਸਾਰੇ ਡਿਪਾਜ਼ਟਸ ਈ ਐੱਮ ਡੀ ਸਮੇਤ ਜ਼ਬਤ ਕਰ ਲਏ ਜਾਣਗੇ। ਬੇਸ਼ੱਕ ਬਕਾਇਆ 75 ਫੀਸਦੀ ਦੀ ਅਦਾਇਗੀ ਲਈ ਸਿਰਫ ਅਧਿਕਾਰਤ ਅਫਸਰ ਦੀ ਮਰਜ਼ੀ ਨਾਲ ਹੋਰ ਸਮਾਂ ਦਿੱਤਾ ਜਾ ਸਕਦਾ ਹੈ।
11 ਅਸਫਲ ਬੋਲੀਕਾਰਾਂ ਦੀ ਈ ਐੱਮ ਡੀ ਰਕਮ ਬਿਨਾਂ ਵਿਆਜ ਦੇ, ਈ ਨਿਲਾਮੀ ਵਿਕਰੀ ਅਮਲ ਬੰਦ ਹੋਣ ਤੋਂ ਬਾਅਦ ਵਾਪਸ ਕਰ ਦਿੱਤੀ ਜਾਵੇਗੀ।
12 ਅਧਿਕਾਰਤ ਅਫਸਰ ਵੱਲੋਂ ਦਿੱਤੇ ਗਏ ਵੇਰਵੇ ਉਸ ਦੀ ਜਾਣਕਾਰੀ, ਵਿਸ਼ਵਾਸ ਅਤੇ ਰਿਕਾਰਡਜ਼ ਦੇ ਅਨੁਸਾਰ ਹਨ। ਅਧਿਕਾਰਤ ਅਫਸਰ ਕਿਸੇ ਭੁੱਲ, ਗਲਤ ਬਿਆਨ ਜਾਂ ਗਲਤੀ ਲਈ ਜ਼ਿੰਮੇਵਾਰੀ ਨਹੀਂ ਹੋਵੇਗਾ।
13 ਨਿਮਨਹਸਤਾਖਰੀ ਅਧਿਕਾਰਤ ਅਫਸਰ ਨੂੰ ਕਿਸੇ ਬੋਲੀ ਨੂੰ ਬਿਨਾਂ ਅਗਾਊਂ ਨੋਟਿਸ ਜਾਂ ਬਿਨਾਂ ਕੋਈ ਕਾਰਨ ਦੱਸੇ ਸਵੀਕਾਰ ਜਾਂ ਰੱਦ ਕਰਨ ਜਾਂ ਰੋਕਣ/ਮੁਲਤਵੀ ਕਰਨ/ਵਿਕਰੀ ਰੱਦ ਕਰਨ ਜਾਂ ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ 'ਚ ਸੋਧ ਕਰਨ ਲਈ ਮੁਕੰਮਲ ਅਧਿਕਾਰ ਅਤੇ ਹੱਕ ਪ੍ਰਾਪਤ ਹੈ।
14. ਬੋਲੀਕਾਰਾਂ ਨੂੰ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਪਹਿਲਾਂ ਜਾਇਦਾਦ 'ਤੇ ਚਾਰਜਿਜ/ਭਾਰ ਸੰਬੰਧੀ ਚੰਗੀ ਤਰ੍ਹਾਂ ਪੜਤਾਲ ਕਰ ਲੈਣੀ ਚਾਹੀਦੀ ਹੈ ਅਤੇ ਜਾਇਦਾਦ ਦੇ ਟਾਈਟਲ ਅਤੇ ਕੁਆਲਿਟੀ ਸੰਬੰਧੀ ਸੰਤੁਸ਼ਟ ਕਰ ਲੈਣਾ ਚਾਹੀਦਾ ਹੈ। ਆਨ ਲਾਈਨ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਬਾਅਦ ਜਾਇਦਾਦ 'ਤੇ ਚਾਰਜਿਜ/ਭਾਰ ਆਦਿ ਅਤੇ ਹੋਰ ਕੋਈ ਮਸਲਾ, ਦਾਅਵਾ ਆਦਿ ਵਿਚਾਰਿਆ ਨਹੀਂ ਜਾਵੇਗਾ।
15. ਜਾਇਦਾਦ ਦੀ ਵਿਕਰੀ 'ਤੇ ਸਟੈਂਪ ਡਿਊਟੀ/ਰਜਿਸਟਰੇਸ਼ਨ ਫੀਸ ਸਮੇਤ ਕੋਈ ਬਕਾਇਆ, ਟੈਕਸ, ਚਾਰਜਿਜ ਵਿਧਾਨਕ ਜਾਂ ਹੋਰ ਸਿਰਫ ਖਰੀਦਦਾਰ ਨੂੰ ਹੀ ਸਹਿਣ ਕਰਨੇ ਪੈਣਗੇ।
16. ਹੋਰ ਵੇਰਵਿਆਂ ਲਈ ਕਿਰਪਾ ਕਰਕੇ ਰਿਲਾਇੰਸ ਰੀਕੰਸਟਰੱਸ਼ਨ ਕੰਪਨੀ ਲਿਮਟਿਡ ਦੇ ਉਪਰੋਕਤ ਦਰਸਾਏ ਪਤੇ 'ਤੇ ਸ੍ਰੀ ਨਰਿੰਦਰ ਸ਼ੁਕਲਾ, ਏ ਵੀ ਪੀ ਰੈਜ਼ੋਲੂਸ਼ਨ, ਮੋਬਾਇਲ ਨੰ. 93213-39065 ਅਤੇ ਸ੍ਰੀ ਵਿਨੋਦ ਪਵਾਸਕਰ, ਹੈੱਡ ਲੀਗਲ, ਮੋਬਾਇਲ ਨੰ. 8080722836 ਨਾਲ ਸੰਪਰਕ ਕੀਤਾ ਜਾਵੇ।
17 ਵਿਕਰੀ ਸਰਟੀਫਿਕੇਟ, ਵਿਕਰੀ ਅਮਲ ਦੀ ਪ੍ਰਾਪਤੀ ਅਤੇ ਸਕਿਉਰਡ ਕ੍ਰੈਡਿਟਰ ਵੱਲੋਂ ਵਿਕਰੀ ਦੀ ਪੁਸ਼ਟੀ ਤੋਂ ਬਾਅਦ ਜਾਰੀ ਕੀਤਾ ਜਾਵੇਗਾ। ਵਿਕਰੀ ਸਰਟੀਫਿਕੇਟ 'ਚ ਉਸ ਵਿਅਕਤੀ, ਜਿਸ ਨੇ ਈ-ਨਿਲਾਮੀ ਦੌਰਾਨ ਬੋਲੀ ਪੇਸ਼ ਕੀਤੀ/ਹਿੱਸਾ ਲਿਆ ਤੋਂ ਇਲਾਵਾ ਕਿਸੇ ਹੋਰ ਵਿਅਕਤੀ ਦਾ ਨਾਂਅ ਤਬਦੀਲ ਕਰਨ ਲਈ ਕੋਈ ਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ।

ਇਹ ਨੋਟਿਸ ਕਰਜ਼ਦਾਰ/ਗਰੰਟਰ/ਰਹਿਣਕਾਰ ਲਈ ਸਰਫੇਸੀ ਐਕਟ ਅਤੇ ਇਸ ਅਧੀਨ ਬਣੇ ਨਿਯਮਾਂ ਤਹਿਤ 15 ਦਿਨਾਂ ਦਾ ਵਿਧਾਨਕ ਨੋਟਿਸ ਵੀ ਹੈ।

ਸਥਾਨ : ਲੁਧਿਆਣਾ
ਮਿਤੀ :05.03.2024

ਅਧਿਕਾਰਤ ਅਫਸਰ
ਵਾਸਤੇ ਰਿਲਾਇੰਸ ਐਸੇਟ ਰੀਕੰਸਟਰੱਸ਼ਨ ਕੰਪਨੀ ਲਿਮਟਿਡ

## ...ਸਫ਼ਾ 1 ਦੇ ਬਾਕੀ

### ਕਾਂਗਰਸ ਪੁਰਾਣੇ ਮਾਡਲ...

ਇਕੋ-ਇਕ ਮਕਸਦ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਹਨਾ ਕਿਹਾ ਕਿ ਵਿਰੋਧੀ ਧਿਰ ਰਾਜਪਾਲ ਦੇ ਭਾਸ਼ਣ ਤੋਂ ਸਿਰਫ ਇਸ ਲਈ ਭੱਜ ਗਈ, ਕਿਉਂਕਿ ਉਹ ਸੱਚਾਈ ਸੁਣਨਾ ਨਹੀਂ ਚਾਹੁੰਦੇ।

ਮੁੱਖ ਮੰਤਰੀ ਨੇ ਕਿਹਾ ਕਿ ਮੁੱਖ ਮਸਲਿਆਂ ਤੋਂ ਭੱਜ ਜਾਣਾ ਕਾਂਗਰਸ ਦੇ ਡੀ ਐੱਨ ਏ ਵਿੱਚ ਹੈ ਅਤੇ ਏਸੇ ਰਾਹ ਉਤੇ ਸੂਬਾ ਕਾਂਗਰਸ ਚੱਲ ਰਹੀ ਹੈ। ਇਸ ਦੀ ਮਿਸਾਲ ਦਿੰਦਿਆਂ ਉਨ੍ਹਾ ਕਿਹਾ ਕਿ ਜਦੋਂ ਦੇਸ਼ ਵਿੱਚ ਬਜਟ ਅਜਲਾਸ ਚੱਲ ਰਿਹਾ ਸੀ ਤਾਂ ਉਸ ਵੇਲੇ ਕਾਂਗਰਸ ਦਾ ਸੀਨੀਅਰ ਨੇਤਾ ਰਾਹੁਲ ਗਾਂਧੀ ਛੱਤੀਸਗੜ੍ਹ ਦੇ ਜੰਗਲਾਂ ਵਿੱਚ ਭਟਕ ਰਿਹਾ ਸੀ। ਮਾਨ ਨੇ ਕਿਹਾ ਕਿ ਦੇਸ਼ ਵਿੱਚ ਕਾਂਗਰਸ ਸਭ ਤੋਂ ਗੈਰ-ਜ਼ਿੰਮੇਵਾਰਾਨਾ ਪਾਰਟੀ ਹੈ, ਜਿਸ ਨੂੰ ਆਮ ਵਿਅਕਤੀ ਦੀ ਰੱਤੀ ਭਰ ਵੀ ਪ੍ਰਵਾਹ ਨਹੀਂ।

ਉਹਨਾ ਕਿਹਾ ਕਿ ਕਾਂਗਰਸ ਪਾਰਟੀ ਹੁਣ ਗੋਡਿਆਂ ਭਾਰ ਹੋਈ ਹੈ ਅਤੇ ਇਹ ਪਾਰਟੀ ਹਰ ਰੋਜ਼ 'ਆਪ' ਕੋਲ ਗਠਜੋੜ ਕਰਨ ਲਈ ਤਰਲੇ ਲੈ ਰਹੀ ਹੈ। ਇਹ ਸਿਆਸੀ ਆਗੂ ਚੱਲ ਹੋਏ ਕਾਰਤੂਸ ਹਨ, ਜਿਨ੍ਹਾਂ ਦਾ ਲੋਕਾਂ ਵਿੱਚ ਕੋਈ ਆਧਾਰ ਨਹੀਂ ਅਤੇ ਲੋਕਾਂ ਵੱਲੋਂ ਇਨ੍ਹਾਂ ਨੂੰ ਪੂਰੀ ਤਰ੍ਹਾਂ ਨਕਾਰਿਆ ਜਾ ਚੁੱਕਾ ਹੈ। ਉਹਨਾ ਕਿਹਾ—ਜਿੱਥੇ 'ਆਪ' ਦੇ ਵਿਧਾਇਕ ਬਚਪਨ ਤੋਂ ਹੀ ਆਟੇ ਦੇ ਬਣੇ ਬਿਸਕੁਟ ਖਾਂਦੇ ਆ ਰਹੇ ਹਨ, ਉੱਥੇ ਕਾਂਗਰਸ ਦੇ ਚੋਟੀ ਦੇ ਆਗੂਆਂ ਕੋਲ ਆਪਣੇ ਪਿਓ-ਦਾਦਿਆਂ ਵੱਲੋਂ ਤਸਕਰੀ ਰਾਹੀਂ ਲਿਆਂਦੇ ਗਏ ਸੋਨੇ ਦੇ ਬਿਸਕੁਟ ਸਨ। ਬਾਦਲ ਪਰਵਾਰ ਵੱਲੋਂ ਨਿੱਜੀ ਫਾਇਦਿਆਂ ਲਈ ਸੂਬੇ ਦੇ ਕਰੋੜਾਂ ਰੁਪਏ ਲੁੱਟਣ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੁਖਵਿਲਾਸ ਹੋਟਲ ਦੀ ਉਸਾਰੀ ਲਈ ਬਾਦਲਾਂ ਨੂੰ ਲਾਭ ਪਹੁੰਚਾਉਣ ਵਾਸਤੇ ਸੱਤ ਸਿਤਾਰਾ ਰਿਜ਼ਾਰਟ ਦੇ ਲਗਜ਼ਰੀ ਟੈਕਸ ਅਤੇ ਹੋਰਨਾਂ ਨੂੰ ਮੁਆਫ ਕੀਤਾ ਗਿਆ। ਇਹ ਬੜਾ ਮੰਦਭਾਗਾ ਹੈ ਕਿ ਇਸ ਰਿਜ਼ਾਰਟ ਦੇ 108 ਕਰੋੜ ਰੁਪਏ ਮੁਆਫ ਕਰ ਦਿੱਤੇ ਗਏ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਭਾਰੀ ਨੁਕਸਾਨ ਹੋਇਆ ਹੈ। ਅਸਲ ਵਿੱਚ ਮੈਟਰੋ ਈਕੋ ਗ੍ਰੀਨ ਰਿਜ਼ੋਰਟ ਪਿੰਡ ਪੱਲਣਪੁਰ, ਜਿਸ ਨੂੰ ਹੁਣ ਸੁਖਵਿਲਾਸ ਕਿਹਾ ਜਾਂਦਾ ਹੈ, ਸੂਬੇ ਲਈ ਅਸਲੀ ਦੁੱਖ ਵਿਲਾਸ ਹੈ, ਕਿਉਂਕਿ ਇਹ ਪੰਜਾਬੀਆਂ ਦੇ ਖ਼ੂਨ ਨਾਲ ਉਸਾਰਿਆ ਗਿਆ ਹੈ। ਨਵਜੋਤ ਸਿੰਘ ਸਿੱਧੂ ਦੀ ਤੁਲਨਾ ਕਠੂਆ ਤੋਂ ਪੰਜਾਬ ਵੱਲ ਬਿਨਾਂ ਡਰਾਈਵਰ ਦੇ ਚੱਲੀ ਮਾਲ ਗੱਡੀ ਨਾਲ ਕਰਦੇ ਹੋਏ ਮਾਨ ਨੇ ਕਿਹਾ—ਸਿੱਧੂ ਵਨ ਮੈਨ ਸ਼ੋਅ ਹੈ, ਜਿਸ ਨੂੰ ਕਿਸੇ ਦੀ ਪ੍ਰਵਾਹ ਨਹੀਂ। ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਪਾਰਟੀ ਪੁਰਾਣੇ ਮਾਡਲ ਦੀ ਫੀਏਟ ਕਾਰ ਵਾਂਗ ਹੈ, ਜਿਸ ਨੂੰ ਆਧੁਨਿਕ ਲੋੜਾਂ ਮੁਤਾਬਕ ਅਪਡੇਟ ਨਹੀਂ ਕੀਤਾ ਜਾ ਸਕਦਾ।

### ਜਾਖੜ ਭਾਜਪਾ ਦਫਤਰ ...

ਗਏ ਸਨ, ਪਰ ਹੁਣ ਅਚਾਨਕ ਵਿਰੋਧੀ ਧਿਰ ਵਿੱਚ ਆਉਣ 'ਤੇ ਉਨ੍ਹਾਂ ਨੂੰ ਕਿਸਾਨਾਂ ਦੇ ਮੁੱਦਿਆਂ ਪ੍ਰਤੀ ਸੰਵੇਦਨਸ਼ੀਲ ਬਣਾ ਦਿੱਤਾ ਹੈ। ਇਹ ਪਹਿਲੀ ਵਾਰ ਹੈ ਕਿ ਕੋਈ ਸਰਕਾਰ ਹਰ ਮੁੱਦੇ 'ਤੇ ਗੱਲ ਕਰਨ ਅਤੇ ਹਰ ਗੱਲ ਦਾ ਹੱਲ ਕਰਨ ਲਈ ਤਿਆਰ ਹੁੰਦੀ ਹੈ, ਪਰ ਵਿਰੋਧੀ ਧਿਰ ਜਨਤਕ ਮੁੱਦਿਆਂ 'ਤੇ ਚਰਚਾ ਕਰਨ ਤੋਂ ਭੱਜ ਰਹੀ ਹੈ।

ਉਹਨਾ ਕਿਹਾ ਕਿ ਭਾਜਪਾ ਨੇ ਸਾਡੇ ਨੌਜਵਾਨਾਂ ਨੂੰ ਅਗਨੀਵੀਰ ਬਣਾਇਆ, ਸਾਡੇ ਕਿਸਾਨਾਂ ਨੂੰ ਅੰਦੋਲਨਜੀਵੀ ਕਿਹਾ ਅਤੇ ਭਾਜਪਾ ਦੇ ਰਾਜ ਵਿੱਚ ਸਾਡੇ ਦੇਸ਼ ਵਿੱਚ ਕੋਈ ਵੀ ਔਰਤ ਸੁਰੱਖਿਅਤ ਨਹੀਂ, ਕਿਉਂਕਿ ਅਸੀਂ ਮਨੀਪੁਰ ਤੋਂ ਲੈ ਕੇ ਯੂ ਪੀ ਤੱਕ ਉਨ੍ਹਾਂ ਦੇ ਖਿਲਾਫ ਹੁੰਦੇ ਅਪਰਾਧਾਂ ਨੂੰ ਦੇਖ ਰਹੇ ਹਾਂ। ਕਾਂਗਰਸ ਵਿੱਚ ਰਹਿੰਦਿਆਂ ਸੁਨੀਲ ਜਾਖੜ ਮੋਦੀ ਸਰਕਾਰ ਦੀ ਆਲੋਚਨਾ ਕਰਦੇ ਸਨ, ਪਰ ਉਸੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਨ੍ਹਾਂ ਗਿਰਗਿਟ ਵਾਂਗ ਰੰਗ ਬਦਲ ਲਿਆ ਅਤੇ ਹੁਣ ਪੰਜਾਬ ਦੇ ਲੋਕ ਉਨ੍ਹਾ ਦੇ ਕਿਸੇ ਵੀ ਡਰਾਮੇ ਦੇ ਝਾਂਸੇ ਵਿੱਚ ਨਹੀਂ ਆਉਣਗੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਸਕੂਲ ਆਫ਼ ਐਮੀਨੈਂਸ ਫ਼ਾਰ ਗਰਲਜ਼ ਵਜੋਂ ਮਾਲ ਰੋਡ ਸਕੂਲ ਦਾ ਉਦਘਾਟਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਸਕੂਲ ਸਿੱਖਿਆ ਵਿਭਾਗ, ਪੰਜਾਬ ਵਲੋਂ ਸਿੱਖਿਆ ਖੇਤਰ 'ਚ ਨਿਵੇਕਲਾ ਮੀਲ ਪੱਥਰ ਸਥਾਪਿਤ ਕਰਦੇ ਹੋਏ ਅੱਜ ਜ਼ਿਲ੍ਹੇ ਦੇ ਮਾਲ ਰੋਡ ਸਥਿਤ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦਾ "ਸਕੂਲ ਆਫ਼ ਐਮੀਨੈਂਸ" ਫ਼ਾਰ ਗਰਲਜ਼ ਵਜੋਂ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਦਿੱਲੀ ਅਤੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਰਹਿਨੁਮਾਈ ਅਧੀਨ ਆਨਲਾਈਨ ਉਦਘਾਟਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਕੁੰਵਰ ਵਿਜੇ ਪ੍ਰਤਾਪ ਸਿੰਘ ਐਮ. ਐਲ. ਏ. ਅੰਮ੍ਰਿਤਸਰ ਉੱਤਰੀ ਅਤੇ ਵਿਸ਼ੇਸ਼ ਮਹਿਮਾਨਾਂ ਵਜੋਂ ਘਨਸ਼ਾਮ ਥੋਰੀ ਡਿਪਟੀ ਕਮਿਸ਼ਨਰ, ਅੰਮ੍ਰਿਤਸਰ, ਮਹੇਸ਼ ਕਪਿਲ ਸਹਾਇਕ ਡਾਇਰੈਕਟਰ ਕਮ ਨੋਡਲ ਅਫ਼ਸਰ ਜ਼ਿਲ੍ਹਾ ਅੰਮ੍ਰਿਤਸਰ ਅਤੇ ਬਲਰਾਜ ਸਿੰਘ ਢਿੱਲੋਂ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਉਚੇਚੇ ਤੌਰ ਤੇ ਹਾਜ਼ਰ ਸਨ। ਸ਼੍ਰੀ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਇਸ ਮੌਕੇ ਕਿਹਾ ਕਿ ਮਾਲ ਰੋਡ ਸਕੂਲ ਪਹਿਲਾਂ ਤੋਂ ਹੀ ਬੇਹਤਰੀਨ ਸਹੂਲਤਾਂ ਵਜੋਂ ਜ਼ਿਲ੍ਹੇ ਦਾ ਨਾਮੀ ਸਕੂਲ ਹੈ ਅਤੇ ਸਰਕਾਰ ਵਲੋਂ ਇਸ ਨੂੰ ਹੋਰ ਬਿਹਤਰ ਸਕੂਲ ਆਫ਼ ਐਮੀਨੈਂਸ ਬਣਾਉਣ ਦਾ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਪੰਜਾਬ ਦੇ ਸਾਰੇ ਸਰਕਾਰੀ ਸਕੂਲ "ਸਕੂਲ ਆਫ਼ ਐਮੀਨੈਂਸ" ਬਣਾ ਦਿੱਤੇ ਜਾਣਗੇ। ਸਕੂਲ ਦੀ ਪ੍ਰਿੰ. ਮਨਦੀਪ ਕੌਰ ਨੇ ਇਸ ਮੌਕੇ ਆਏ ਹੋਏ ਪਤਵੰਤੇ ਮਹਿਮਾਨਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ "ਸਕੂਲ ਆਫ਼ ਐਮੀਨੈਂਸ" ਫ਼ਾਰ ਗਰਲਜ਼, ਮਾਲ ਰੋਡ ਬਾਰੇ ਜਾਣੂ ਕਰਵਾਉਂਦਿਆਂ ਦੱਸਿਆ ਕਿ ਸਕੂਲਜ਼ ਆਫ਼ ਐਮੀਨੈਂਸ ਪ੍ਰੋਗਰਾਮ ਦਾ ਉਦੇਸ਼ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ। ਇਹ ਸਕੂਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਉਹਨਾਂ ਨੂੰ 21ਵੀਂ ਸਦੀ ਦੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਤਿਆਰ ਕਰੇਗਾ। ਉਨ੍ਹਾਂ ਕਿਹਾ ਕਿ ਇਹ ਸਕੂਲ 9ਵੀਂ ਤੋਂ 12ਵੀਂ ਜਮਾਤ ਲਈ ਸ਼ਾਨਦਾਰ ਮੌਕੇ ਪ੍ਰਦਾਨ ਕਰਨ ਦਾ ਕੇਂਦਰ ਹੋਵੇਗਾ। ਇਹ ਸਕੂਲ ਅਤਿ ਆਧੁਨਿਕ ਸਹੂਲਤਾਂ ਵਾਲਾ, ਟੈਕਨਾਲੋਜੀ-ਅਧਾਰਤ ਅਧਿਆਪਨ ਪ੍ਰਕਿਰਿਆ 'ਤੇ ਆਧਾਰਿਤ 12 ਆਧੁਨਿਕ ਲੈਬਜ਼ ਅਤੇ 10000 ਕਿਤਾਬਾਂ ਵਾਲੀ ਸ਼ਾਨਦਾਰ ਲਾਇਬ੍ਰੇਰੀ ਨਾਲ ਲੈਸ ਹੋ ਚੁੱਕਾ ਹੈ। ਇਥੇ ਸਾਰੀਆਂ ਵਿੱਦਿਅਕ ਸਟਰੀਮਾਂ ਉਪਲਬੱਧ ਹਨ। ਇਸ ਸਕੂਲ ਵਿਚ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਲਈ ਪੇਸ਼ੇਵਰ ਕੋਚਿੰਗ ਪ੍ਰਦਾਨ ਕੀਤੀ ਜਾਵੇਗੀ। ਜੇਈਈ, ਐਨਈਈਟੀ, ਐਨਡੀਏ, ਸੀਐਲਏਟੀ ਅਤੇ ਸੀਯੂਈਟੀ ਦੀ ਤਿਆਰੀ ਲਈ ਕੋਚਿੰਗ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਸਕੂਲ ਵਿੱਚ ਅਤਿ-ਆਧੁਨਿਕ ਖੇਡ ਸਹੂਲਤਾਂ ਮੌਜੂਦ ਹਨ ਅਤੇ ਹੋਰ ਸਹੂਲਤਾਂ ਦੇਣ ਦੀ ਪ੍ਰਕ੍ਰਿਆ ਜਾਰੀ ਹੈ। ਵਿਦਿਆਰਥੀਆਂ ਨੂੰ ਲੀਡਰਸ਼ਿਪ ਦੇ ਹੁਨਰ ਨੂੰ ਵਧਾਉਣ ਲਈ ਵਿਦਿਅਕ ਟੂਰ ਕਰਵਾਏ ਜਾਣਗੇ। ਐਸ.ਓ.ਈ ਜਮਾਤਾਂ ਦੇ ਵਿਦਿਆਰਥੀਆਂ ਲਈ ਮੁਫਤ ਅਤੇ ਸੁੰਦਰ ਵਰਦੀਆਂ ਦਿੱਤੀਆਂ ਜਾਣਗੀਆਂ।

ਵੱਖ-ਵੱਖ ਹੁਨਰਾਂ ਵਾਸਤੇ ਐਸ.ਓ.ਈ ਵਿਦਿਆਰਥੀਆਂ ਦੀ ਸਿਖਲਾਈ ਲਈ ਵਿਸ਼ੇਸ਼ ਵਿਜ਼ਿਟਿੰਗ ਫੈਕਲਟੀ ਮੁਹੱਈਆ ਹੋਵੇਗੀ। ਸਕੂਲ ਪ੍ਰਿੰਸੀਪਲ ਨੇ ਦੱਸਿਆ ਕਿ ਉਨ੍ਹਾਂ ਦੱਸਿਆ ਕਿ ਵਿਦਿਆਰਥਣਾਂ ਲਈ ਸੁਰੱਖਿਆ, ਅਕਾਦਮੀ ਅਤੇ ਸਹਿ-ਅਕਾਦਮੀ ਖੇਤਰਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨੂੰ ਸਮੇ ਦਾ ਹਾਣੀ ਬਨਾਉਣ ਅਤੇ ਸੁਨਹਿਰੇ ਭਵਿੱਖ ਲਈ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਾਲ ਰੋਡ ਸਕੂਲ ਨੂੰ ਹੇਠ ਲਿਖੇ ਅਨੁਸਾਰ ਸਹੂਲਤਾਂ ਨਾਲ ਲੈਸ ਕਰ ਦਿੱਤਾ ਹੈ।

# ਪੰਜਾਬ ਕਿਸਾਨ ਯੂਨੀਅਨ ਦੇ ਆਗੂਆਂ ਵੱਲੋਂ ਸ਼ਹੀਦ ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਭੇਟ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪੰਜਾਬ ਕਿਸਾਨ ਯੂਨੀਅਨ ਬਲਾਕ ਕਲਾਨੌਰ ਦੇ ਆਗੂਆਂ ਦੀ ਮੀਟਿੰਗ ਨੇੜਲੇ ਪਿੰਡ ਅਟਾਰੀ ਵਿੱਚ ਮੰਗਲ ਸਿੰਘ ਅਟਾਰੀ ਦੇ ਨਿਵਾਸ ਸਥਾਨ ਵਿਖੇ ਹੋਈ। ਮੀਟਿੰਗ 'ਚ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਲੱਖਣ ਕਲਾਂ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਦੀਪ ਸਿੰਘ ਕਾਮਲਪੁਰ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਹਰਿਆਣਾ ਪੰਜਾਬ ਬਾਰਡਰ ਤੇ ਸ਼ਹੀਦ ਹੋਏ ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਸਾਨ ਆਗੂਆਂ ਕਿਹਾ ਹਰਿਆਣਾ ਸਰਕਾਰ ਨੇ ਕੇਂਦਰ ਸਰਕਾਰ ਦੀ ਸ਼ਹਿ ਤੇ ਪੰਜਾਬ ਹਰਿਆਣਾ ਬਾਰਡਰ ਸੀਲ ਕੀਤਾ ਅਤੇ ਸੜਕਾਂ 'ਤੇ ਸੀਮੈਂਟ ਬੱਜਰੀ ਦੀਆਂ ਵੱਡੀਆਂ ਵੱਡੀਆਂ ਕੰਧਾਂ ਉਸਾਰਨ, ਸੜਕਾਂ ਤੇ ਤਾਰਾਂ ਲਗਾਉਣ ਤੋਂ ਇਲਾਵਾ ਸੜਕਾਂ ਉਪਰ ਕਿੱਲ ਗੱਡ ਕੇ ਅਤੇ ਟੋਏ ਵੀ ਪੁੱਟ ਕੇ ਆਵਾਜਾਈ ਦੇ ਸਾਰੇ ਸਾਧਨ ਬੰਦ ਕੀਤੇ। ਡਰੋਨਾਂ ਰਾਹੀਂ ਅੱਥਰੂ ਗੈਸ ਦੇ ਗੋਲੇ ਸੁੱਟ ਕੇ ਅਤੇ ਰਬੜ ਦੀਆਂ ਗੋਲੀਆਂ ਨਾਲ ਕਿਸਾਨਾਂ ਨੂੰ ਫੱਟੜ ਕਰਨਾ ਇਹ ਸਾਰਾ ਕੁੱਝ ਹਰਿਆਣਾ ਵੱਲੋਂ ਪੰਜਾਬ ਦੀ ਸਰਹੱਦ ਦੇ ਅੰਦਰ ਆ ਕੇ ਕੀਤਾ ਗਿਆ ਪਰ ਪੰਜਾਬ ਦੀ ਸਰਕਾਰ ਮੂਕਦਰਸ਼ਕ ਬਣੀ ਰਹੀ ਹੈ। ਕਿਸਾਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਕਿਸਾਨ ਸ਼ੁਭਕਰਨ ਸਿੰਘ ਦੇ ਕਤਲ ਦੇ ਸਬੰਧ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਖੱਟਰ, ਗ੍ਰਹਿ ਮੰਤਰੀ ਅਨਿਲ ਵਿੱਜ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ 302 ਦਾ ਪਰਚਾ ਦਰਜ ਕੀਤਾ ਜਾਵੇ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਮੰਨੀਆਂ ਜਾਣ। ਮੀਟਿੰਗ 'ਚ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਲੱਖਣ ਕਲਾਂ, ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਦੀਪ ਸਿੰਘ ਕਾਮਲਪੁਰ, ਮੰਗਲ ਸਿੰਘ ਅਟਾਰੀ, ਲਖਵਿੰਦਰ ਸਿੰਘ ਬਿਸ਼ਨਕੋਟ, ਆਤਮਜੀਤ ਸਿੰਘ ਬਰੀਲਾ, ਦਵਿੰਦਰ ਸਿੰਘ ਅਟਾਰੀ ਸ਼ਾਮਲ ਸਨ।

# ਫਾਰਮੇਸੀ ਅਫਸਰ ਭਲਕੇ ਜ਼ਿਲ੍ਹਾ ਪੱਧਰੀ ਧਰਨੇ ਮਗਰੋਂ ਸਿਵਲ ਸਰਜਨ ਨੂੰ ਸੌਂਪਣਗੇ ਮੰਗ ਪੱਤਰ : ਸਰਬਰਿੰਦਰ ਸਿੰਘ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪੰਜਾਬ ਰਾਜ ਫਾਰਮੇਸੀ ਅਫਸਰ ਐਸੋਸੀਏਸ਼ਨ ਦੀ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੇ ਫਾਰਮੇਸੀ ਵਰਗ ਪ੍ਰਤੀ ਨਕਾਰਾਤਮਕ ਰਵੱਈਏ ਖਿਲਾਫ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਫਾਰਮੇਸੀ ਅਫਸਰਾਂ ਵਲੋਂ 6 ਮਾਰਚ ਨੂੰ ਜ਼ਿਲ੍ਹਾ ਪੱਧਰ ਤੇ ਧਰਨੇ ਦੇ ਕੇ ਰੋਸ ਪ੍ਰਗਟ ਕੀਤਾ ਜਾਵੇਗਾ, ਉਪਰੰਤ ਜ਼ਿਲ੍ਹਿਆਂ ਦੇ ਸਿਵਲ ਸਰਜਨਾਂ ਰਾਹੀਂ ਸਰਕਾਰ ਨੂੰ ਫਾਰਮੇਸੀ ਅਫਸਰ ਕੇਡਰ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਜਾਣਗੇ। ਇਹ ਜਾਣਕਾਰੀ ਪੰਜਾਬ ਰਾਜ ਫਾਰਮੇਸੀ ਅਫਸਰ ਐਸੋਸੀਏਸ਼ਨ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ/ਸੂਬਾ ਸੀਨੀਅਰ ਮੀਤ ਪ੍ਰਧਾਨ ਸਰਬਰਿੰਦਰ ਸਿੰਘ ਚਾਹਲ ਦਿੱਤੀ। ਪ੍ਰਧਾਨ ਸਰਬਰਿੰਦਰ ਸਿੰਘ ਚਾਹਲ ਨੇ ਦੱਸਿਆ ਕਿ 6 ਮਾਰਚ ਦੇ ਧਰਨੇ ਸੰਬਧੀ ਸਮੁੱਚਾ ਜ਼ਿਲ੍ਹਾ ਗੁਰਦਾਸਪੁਰ ਅੰਦਰ ਤਿਆਰੀਆਂ ਜ਼ੋਰਾਂ ਨਾਲ ਚੱਲ ਰਹੀਆਂ ਹਨ ਅਤੇ ਧਰਨੇ ਸਬੰਧੀ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਅੰਦਰ ਫਾਰਮੇਸੀ ਅਫਸਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਦੇ ਸਿਹਤ ਮੰਤਰੀ ਵੱਲੋਂ ਫਾਰਮੇਸੀ ਅਫਸਰ ਕੇਡਰ ਦੀਆਂ ਮੰਗਾਂ ਪ੍ਰਤੀ ਬਿਲਕੁੱਲ ਹੀ ਧਿਆਨ ਨਹੀ ਦਿੱਤਾ ਜਾ ਰਿਹਾ ਅਤੇ ਕੁਝ ਮੰਨੀਆਂ ਮੰਗਾਂ ਅਤੇ ਲਾਗੂ ਫੈਸਲਿਆਂ ਨੂੰ ਉਲਟਾਉਣ ਦਾ ਯਤਨ ਕੀਤਾ ਜਾ ਰਿਹਾ ਹੈ ਜਿਸ ਨੂੰ ਪੰਜਾਬ ਰਾਜ ਫਾਰਮੇਸੀ ਅਫਸਰ ਐਸੋਸੀਏਸ਼ਨ ਕਦੇ ਬਰਦਾਸਤ ਨਹੀ ਕਰੇਗੀ। ਪ੍ਰਧਾਨ ਸਰਬਰਿੰਦਰ ਸਿੰਘ ਚਾਹਲ ਨੇ ਸਮੂਹ ਫਾਰਮੇਸੀ ਅਫਸਰਾਂ ਨੂੰ ਸੱਦਾ ਦਿੱਤਾ ਕਿ ਉਹ ਇਸ ਧਰਨੇ ਨੂੰ ਕਾਮਯਾਬ ਕਰਨ ਲਈ ਪੂਰੀ ਤਨਦੇਹੀ ਨਾਲ ਉਪਰਾਲੇ ਕਰਨ।

ਉਨ੍ਹਾਂ ਨੇ ਕਿਹਾ ਜੇਕਰ ਇਸ ਦੇ ਬਾਵਜੂਦ ਵੀ ਪੰਜਾਬ ਸਰਕਾਰ ਨੇ ਮੰਗਾਂ ਦਾ ਹੱਲ ਨਾ ਕੀਤਾ ਤਾਂ 17 ਮਾਰਚ ਨੂੰ ਸਿਹਤ ਮੰਤਰੀ ਦੇ ਹਲਕਾ ਪਟਿਆਲਾ ਦਿਹਾਤੀ ਵਿਖੇ ਪੰਜਾਬ ਪੱਧਰ ਦਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਜਨਰਲ ਸਕੱਤਰ ਸਤਨਾਮ ਸਿੰਘ ਸੰਧੂ, ਗੁਰਿੰਦਰ ਸਿੰਘ ਸੰਧੂ, ਜਗਦੀਸ਼ ਸਿੰਘ, ਅਸ਼ਵਨੀ ਮਹਾਜਨ, ਸਤਵਿੰਦਰ ਸਿੰਘ, ਪ੍ਰਭਜੀਤ ਸਿੰਘ, ਮੰਗਲ ਸਿੰਘ, ਰਮਨਦੀਪ ਸਿੰਘ ਪਨੂੰ, ਸੁਰਿੰਦਰ ਸਿੰਘ ਵਾਲੀਆ, ਰਣਬੀਰ ਸਿੰਘ ਰਾਣਾ, ਮੁਕੇਸ਼ ਕੁਮਾਰ ਦੀਨਾਨਗਰ, ਹਰਪ੍ਰੀਤ ਸਿੰਘ, ਅਰੁਣ ਕੁਮਾਰ, ਰਜਿੰਦਰ ਕੁਮਾਰ, ਗੁਰਵੇਲ ਸਿੰਘ ਧਾਲੀਵਾਲ ਆਦਿ ਵੀ ਹਾਜ਼ਰ ਸਨ ।

# ਸੰਤ ਨਿਰੰਕਾਰੀ ਚੈਰੀਟੇਬਲ ਫ਼ਾਊਂਡੇਸ਼ਨ ਵੱਲੋਂ ਰਈਆ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ

## * ਖ਼ੂਨਦਾਨ ਕਰਕੇ ਦਾਨੀ ਸਮੁੱਚੀ ਮਨੁੱਖਤਾ ਨਾਲ ਆਪਣਾ ਖ਼ੂਨ ਦਾ ਰਿਸ਼ਤਾ ਕਾਇਮ ਕਰ ਰਹੇ: ਰਾਕੇਸ਼ ਸੇਠੀ



**ਰਈਆ (ਡੀ. ਕੇ. ਰੈਡੀ)**-ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਰਾਜਪਿਤਾ ਰਮਿਤ ਜੀ ਦੀ ਅਪਾਰ ਕਿਰਪਾ ਸਦਕਾ ਸੰਤ ਨਿਰੰਕਾਰੀ ਚੈਰੀਟੇਬਲ ਫ਼ਾਊਂਡੇਸ਼ਨ ਵੱਲੋਂ ਸੰਤ ਨਿਰੰਕਾਰੀ ਭਵਨ, ਰਈਆ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ ਜਿਸਦਾ ਉਦਘਾਟਨ ਰਾਕੇਸ਼ ਸੇਠੀ, ਜ਼ੋਨਲ ਇੰਚਾਰਜ, ਸੰਤ ਨਿਰੰਕਾਰੀ ਮੰਡਲ, ਅੰਮ੍ਰਿਤਸਰ ਵੱਲੋਂ ਕੀਤਾ ਗਿਆ।ਇਸ ਖ਼ੂਨਦਾਨ ਕੈਂਪ ਵਿੱਚ ਰਈਆ ਬ੍ਰਾਂਚ ਦੇ ਨਾਲ-ਨਾਲ ਸਠਿਆਲਾ ਅਤੇ ਜੰਡਿਆਲਾ ਬ੍ਰਾਂਚਾਂ ਦੇ ਨਿਰੰਕਾਰੀ ਸ਼ਰਧਾਲੂ ਭੈਣਾਂ-ਭਰਾਵਾਂ ਦਾ ਉਤਸ਼ਾਹ ਸ਼ਲਾਘਾਯੋਗ ਰਿਹਾ। ਰਾਕੇਸ਼ ਸੇਠੀ ਨੇ ਨਿਰੰਕਾਰੀ ਬਾਬਾ ਹਰਦੇਵ ਸਿੰਘ ਜੀ ਦੇ ਪ੍ਰੇਰਕ ਬਚਨ ਖ਼ੂਨ ਨਾਲੀਆਂ ਵਿੱਚ ਨਹੀਂ ਸਗੋਂ ਇਨਸਾਨ ਦੀਆਂ ਨਾੜੀਆਂ ਵਿੱਚ ਵਹਿਣਾ ਚਾਹੀਦਾ ਹੈ, ਨੂੰ ਯਾਦ ਕਰਦਿਆਂ ਫ਼ੁਰਮਾਇਆ ਕਿ ਨਿਰੰਕਾਰੀ ਮਹਾਤਮਾ ਖ਼ੂਨਦਾਨ ਕਰਕੇ ਸਮੁੱਚੀ ਮਨੁੱਖਤਾ ਨਾਲ ਆਪਣਾ ਖ਼ੂਨ ਦਾ ਰਿਸ਼ਤਾ ਕਾਇਮ ਕਰ ਰਹੇ ਹਨ।ਮਾਨਵ ਕਲਿਆਣ ਲਈ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਸਮੇਂ-ਸਮੇਂ 'ਤੇ ਵਿਸ਼ਵ ਭਰ ਵਿੱਚ ਖ਼ੂਨਦਾਨ ਕੈਂਪਾਂ ਦੇ ਨਾਲ-ਨਾਲ, ਰੁੱਖ ਲਗਾਉਣ, ਸਫ਼ਾਈ ਅਭਿਆਨ, ਕੁਦਰਤੀ ਕਰੋਪੀਆਂ ਵਿੱਚ ਸਹਾਇਤਾ ਲਈ ਹਮੇਸ਼ਾ ਤਤਪਰ ਰਹਿੰਦਾ ਹੈ।ਇਸ ਖ਼ੂਨਦਾਨ ਕੈਂਪ ਵਿੱਚ ਗੁਰੂ ਨਾਨਕ ਦੇਵ ਹਸਪਤਾਲ, ਅੰਮ੍ਰਿਤਸਰ ਅਤੇ ਸਿਵਲ ਹਸਪਤਾਲ, ਅੰਮ੍ਰਿਤਸਰ ਦੀਆਂ ਬਲੱਡ ਬੈਂਕਾਂ ਦੀਆਂ ਟੀਮਾਂ ਨੇ 230 ਯੂਨਿਟ ਖ਼ੂਨ ਇਕੱਤਰ ਕੀਤਾ।ਇਸ ਅਵਸਰ 'ਤੇ ਅਵਤਾਰ ਸਿੰਘ, ਸੰਯੋਜਕ, ਬਲਦੇਵ ਸਿੰਘ ਸਥਾਨਕ ਮੁਖੀ, ਰਵਿੰਦਰ ਸਿੰਘ ਗਿੱਲ ਸ਼ਿਕਸ਼ਕ, ਮਨਿੰਦਰ ਸਿੰਘ ਸੰਚਾਲਕ, ਨਰਿੰਦਰ ਕੌਰ ਸੰਚਾਲਕ, ਡਾ. ਕੁਲਵਿੰਦਰ ਸਿੰਘ, ਸੁਖਜੀਤ ਸਿੰਘ, ਨਵਦੀਪ ਸਿੰਘ, ਲਖਵਿੰਦਰ ਸਿੰਘ, ਕੁਲਵਿੰਦਰ ਸਿੰਘ ਬੁੱਟਰ, ਸੁਰਿੰਦਰ ਪਾਲ ਸਿੰਘ, ਡਾ. ਕੁਲਵੰਤ ਸਿੰਘ, ਕਰਨੈਲ ਸਿੰਘ, ਮੰਗਲ ਸਿੰਘ, ਮੁਖਤਾਰ ਸਿੰਘ, ਗੁਰਮੇਜ ਸਿੰਘ ਚੀਮਾ, ਰੋਬਨ ਮਾਨ, ਗੁਰਪ੍ਰੀਤ ਸਿੰਘ ਆਸਟਰੇਲੀਆ, ਕੁਲਦੀਪ ਸਿੰਘ ਜੇ. ਈ., ਪ੍ਰਿਤਪਾਲ ਸਿੰਘ ਪੱਡਾ, ਸ਼ਿਵਰਾਜ ਸਿੰਘ, ਜਸਵੰਤ ਸਿੰਘ ਸੇਖੋਂ ਅਤੇ ਹੋਰ ਅਧਿਕਾਰੀ ਮੌਜੂਦ ਰਹੇ।ਨਿਰੰਕਾਰੀ ਸੇਵਾਦਲ ਨੇ ਆਪਣੀਆਂ ਸੇਵਾਵਾਂ ਬਾਖ਼ੂਬੀ ਨਿਭਾਈਆਂ।ਇਸ ਮੌਕੇ ਬਾਬਾ ਮੇਹਰ ਸੁਸਾਇਟੀ, ਚੜ੍ਹਦੀ ਕਲਾ ਅਤੇ ਸ਼ਹੀਦ ਭਗਤ ਸਿੰਘ ਕਲੱਬ ਦੇ ਮੈਂਬਰਾਂ ਨੇ ਵੀ ਖ਼ੂਨਦਾਨ ਕੈਂਪ ਵਿਚ ਵੱਧ ਚੜ੍ਹ ਕੇ ਹਿੱਸਾ ਲਿਆ।

# 107 ਮਰੀਜ਼ਾਂ ਦੀਆਂ ਅੱਖਾਂ ਦੇ ਸ.ਫਲ ਅਪ੍ਰੇਸ਼ਨ ਦਾ ਕਾਰਜ ਨੇਪਰੇ ਚੜ੍ਹਿਆ



**ਗੁਰਦਾਸਪੁਰ, (ਜਨਕ ਮਹਾਜਨ)**-ਉੱਤਰੀ ਭਾਰਤ ਦੇ ਪ੍ਰਸਿੱਧ ਇਤਿਹਾਸਕ ਸਥਾਨ ਦਰਬਾਰ ਪੰਡੋਰੀ ਮਹੰਤਾਂ ਦੇ ਸੰਚਾਲਕ ਮਹਾਰਾਜਾ ਰਘੁਬੀਰ ਦਾਸ ਦੇ ਯਤਨਾਂ ਸਦਕਾ 107 ਮਰੀਜ਼ਾਂ ਦੀਆਂ ਅੱਖਾਂ ਦੇ ਸਫਲ ਅਪ੍ਰੇਸ਼ਨ ਓਮ ਪ੍ਰਕਾਸ਼ ਹਸਪਤਾਲ ਪਠਾਨਕੋਟ ਦੀ ਮਾਹਿਰ ਟੀਮ ਵੱਲੋਂ ਕੀਤੇ ਗਏ। ਇਸ ਮੌਕੇ ਗੱਲਬਾਤ ਕਰਦਿਆਂ ਰਘਬੀਰ ਦਾਸ ਨੇ ਦੱਸਿਆ ਕਿ ਉਨ੍ਹਾਂ ਨੂੰ ਲੋਕ ਭਲਾਈ ਕਾਰਜ ਕਰਕੇ ਬੇਹੱਦ ਖ਼ੁਸ਼ੀ ਮਿਲਦੀ ਹੈ। ਉਨ੍ਹਾਂ ਦੱਸਿਆ ਕਿ ਪ੍ਰਮਾਤਮਾ ਦੇ ਅਸ਼ੀਰਵਾਦ ਨਾਲ 107 ਮਰੀਜ਼ਾਂ ਦੀਆਂ ਅੱਖਾਂ ਦੇ ਸ.ਫਲ ਅਪ੍ਰੇਸ਼ਾਨ ਜਿੱਥੇ ਕੀਤੇ ਗਏ ਉਥੇ ਹੀ ਮਰੀਜ਼ਾਂ ਨੂੰ 74 ਐਨਕਾਂ ਵੀ ਮੁਹੱਈਆ ਕਰਵਾਈਆਂ ਗਈਆਂ। ਲੋੜਵੰਦ ਮਰੀਜ਼ਾਂ ਨੂੰ ਆਉਣ-ਜਾਣ ਦਾ ਕਿਰਾਇਆ ਤੱਕ ਵੀ ਦਰਬਾਰ ਵਲੋਂ ਦਿੱਤਾ ਗਿਆ। ਇਸ ਮੌਕੇ ਸਾਰੇ ਮਰੀਜ਼ਾਂ ਨੇ ਮਹਾਰਾਜ ਦਾ ਕੋਟਿਨ-ਕੋਟਿ ਧੰਨਵਾਦ ਕੀਤਾ। ਮਰੀਜ਼ਾਂ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਸੰਸਾਰ ਦੁਬਾਰਾ ਦੇਖਣ ਦੀ ਤਾਕਤ ਮਹਾਰਾਜਾ ਰਘੁਬੀਰ ਦਾਸ ਜੀ ਨੇ ਮੁਹੱਈਆ ਕਰਵਾਈ ਹੈ। ਇਸ ਮੌਕੇ ਰਵੀ ਦੱਤਾ, ਡਾ. ਵਿਨੋਦ, ਚਤਰ ਸਿੰਘ, ਰਾਜ ਰਾਣੀ ਅਤੇ ਹੋਰ ਸੈਂਕੜੇ ਸ਼ਰਧਾਲੂ ਹਾਜ਼ਰ ਸਨ।

# ਚੋਰੀ ਦੇ ਮੁਕੱਦਮੇ 'ਚ ਲੋੜੀਂਦਾ ਮੁਲਜ਼ਮ ਕਾਬੂ

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਥਾਣਾ ਹਰੀਕੇ ਵਿਖੇ ਦਰਜ ਮੁਕੱਦਮਾ ਨੰਬਰ 9 ਵਿੱਚ ਲੋੜੀਂਦਾ ਤੀਸਰਾ ਮੁਲਜ਼ਮ ਵੀ ਹਰੀਕੇ ਪੁਲਸ ਨੇ ਕਾਬੂ ਕਰ ਲਿਆ ਜਿਸ ਨੂੰ ਮਾਣਯੋਗ ਅਦਾਲਤ ਪੇਸ਼ ਕਰਕੇ ਅਗਲੇਰੀ ਪੁੱਛਗਿੱਛ ਲਈ ਰਿਮਾਂਡ ਹਾਸਲ ਕੀਤਾ ਗਿਆ। ਦੱਸਣਯੋਗ ਹੈ ਕਿ ਚੋਰੀ ਦੇ ਮਾਮਲੇ ਵਿੱਚ ਦਰਜ ਮੁਕੱਦਮਾ ਨੰਬਰ 9 ਵਿੱਚ ਪਿੰਡ ਰੱਤਾ ਗੁੱਦਾ ਦੇ ਤਿੰਨ ਨੌਜਵਾਨ ਨਾਮਜ਼ਦ ਸਨ ਜਿਨ੍ਹਾਂ ਵਿੱਚ ਗੁਰਵਿੰਦਰ ਸਿੰਘ ਅਤੇ ਕੁਲਦੀਪ ਸਿੰਘ ਜਮਾਨਤ ਕਰਾ ਚੁੱਕੇ ਹਨ। ਪੁਲਸ ਨੇ ਫਰਾਰ ਤੀਸਰੇ ਨੌਜਵਾਨ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਚਾਨਣ ਸਿੰਘ ਨੂੰ ਗ੍ਰਿਫਤਾਰ ਕਰ ਲਿਆ। ਜਾਣਕਾਰੀ ਦਿੰਦਿਆ ਥਾਣਾ ਮੁਖੀ ਇੰਸਪੈਕਟਰ ਸ਼ਿਮਲਾ ਰਾਣੀ ਨੇ ਦੱਸਿਆ ਕਿ ਦਰਜ ਮੁਕੱਦਮਿਆਂ ਵਿੱਚ ਫਰਾਰ ਵਿਅਕਤੀਆਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਅਭਿਆਨ ਚਲਾਇਆ ਜਾ ਰਿਹਾ ਹੈ ਜਿਸ ਤਹਿਤ ਸਹਾਇਕ ਥਾਣੇਦਾਰ ਸਤਨਾਮ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਗੁਰਪ੍ਰੀਤ ਸਿੰਘ ਨੂੰ ਕਾਬੂ ਕਰਕੇ ਮਾਣਯੋਗ ਡਾਕਟਰ ਹਰਸਿਮਰਨਦੀਪ ਕੌਰ ਦੀ ਅਦਾਲਤ ਪੇਸ਼ ਕੀਤਾ। ਉਨ੍ਹਾਂ ਦੱਸਿਆ ਕਿ ਅਦਾਲਤ ਨੇ ਅਗਲੇਰੀ ਪੁੱਛਗਿੱਛ ਲਈ ਇਕ ਦਿਨ ਦਾ ਰਿਮਾਂਡ ਦਿੱਤਾ ਜਿਸ ਤੋਂ ਬਾਅਦ ਮੁਲਜ਼ਮ ਨੂੰ 4 ਮਾਰਚ ਨੂੰ ਮੁੜ ਅਦਾਲਤ ਪੇਸ਼ ਕੀਤਾ ਜਾਵੇਗਾ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਖ਼ਰਾਬ ਹੋਈਆਂ ਫ਼ਸਲਾਂ ਦੇ ਢੁੱਕਵੇਂ ਮੁਆਵਜ਼ੇ ਦੀ ਮੰਗ

**ਗੁਰਦਾਸਪੁਰ,(ਜਨਕ ਮਹਾਜਨ)**-ਕਿਰਤੀ ਕਿਸਾਨ ਯੂਨੀਅਨ ਗੁਰਦਾਸਪੁਰ ਦੀ ਇਕ ਮੀਟਿੰਗ ਸੂਬਾ ਪ੍ਰਧਾਨ ਸਤਿਬੀਰ ਸਿੰਘ ਸੁਲਤਾਨੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਪਿਛਲੇ ਦਿਨੀਂ ਬੇਮੌਸਮੀ ਬਰਸਾਤ, ਗੜੇਮਾਰੀ ਅਤੇ ਤੇਜ਼ ਹਵਾਵਾਂ ਚੱਲਣ ਕਰਕੇ ਫ਼ਸਲਾਂ ਦੇ ਖ਼ਰਾਬ ਹੋਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਤਿਬੀਰ ਸਿੰਘ ਸੁਲਤਾਨੀ ਨੇ ਕਿਹਾ ਕਿ ਖ਼ਰਾਬ ਮੌਸਮ ਦੇ ਚਲਦਿਆਂ ਕਣਕ ਦੀ ਫ਼ਸਲ ਜ਼ਮੀਨ 'ਤੇ ਵਿੱਛ ਗਈ ਹੈ ਅਤੇ ਹਰਾ ਚਾਰਾ, ਸਰ੍ਹੋਂ ਤੇ ਸਬਜ਼ੀ ਦਾ ਵੀ ਕਾਫ਼ੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਡਿਗੀਆਂ ਫ਼ਸਲਾਂ ਕਾਰਨ ਜਿੱਥੇ ਫ਼ਸਲ ਦਾ ਝਾੜ ਘਟੇਗਾ ਉਥੇ ਹੀ ਦਾਣੇ ਦੀ ਕੁਆਲਿਟੀ ਵਿਚ ਵੀ ਫ਼ਰਕ ਪਵੇਗਾ। ਉਨ੍ਹਾਂ ਕਿਹਾ ਪਹਿਲਾਂ ਸਰਕਾਰਾਂ ਦੀਆਂ ਕਿਸਾਨ ਵਿਰੋਧੀ ਨੀਤੀਆਂ ਕਰਕੇ ਕਿਸਾਨ ਕਰਜ਼ਦਾਰੀ ਦੇ ਮੱਕੜ ਜਾਲ ਵਿਚ ਫਸੇ ਪਏ ਹਨ ਅਤੇ ਹੁਣ ਖ਼ਰਾਬ ਫ਼ਸਲਾਂ ਦੇ ਨਾਲ ਉਸ ਨੂੰ ਹੁਣ ਹੋਰ ਘਾਟਾ ਪਵੇਗਾ। ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਖ਼ਰਾਬ ਹੋਈਆਂ ਫ਼ਸਲਾਂ ਦੀ ਸਪੈਸ਼ਲ ਗਿਰਦਾਵਰੀ ਕਰਵਾ ਕੇ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇ ਤਾਂ ਜੋ ਕਿਸਾਨ ਆਪਣੀਆਂ ਬੁਨਿਆਦੀ ਲੋੜਾਂ ਪੂਰੀਆਂ ਕਰ ਸਕਣ।

# ਪਾਮ ਆਇਲ ਕੁਦਰਤ ਵੱਲੋਂ ਦਿੱਤਾ ਗਿਆ ਟਿਕਾਊ ਤੋਹਫਾ !

**ਅੰਮ੍ਰਿਤਸਰ** : ਪਾਮ ਦਾ ਤੇਲ ਇੱਕ ਬਹੁਮੁਖੀ ਅਤੇ ਵਿਆਪਕ ਤੌਰ ਤੇ ਵਰਤਿਆ ਜਾਣ ਵਾਲਾ ਬਨਸਪਤੀ ਤੇਲ ਹੈ ਜਿਸਨੂੰ ਪਾਮ ਟ੍ਰੀ ਦੇ ਫਲ ਤੋਂ ਲਿਆ ਜਾਂਦਾ ਹੈ। ਇਹ ਆਪਣੀਆਂ ਵਿਲੱਖਣ ਵਿਸ਼ੇਸ਼ਤਾਵਾਂ ਅਤੇ ਵਿਭਿੰਨ ਉਪਯੋਗਾਂ ਦੇ ਕਾਰਨ ਵਿਸ਼ਵਵਿਆਪੀ ਖੇਤੀਬਾੜੀ ਅਤੇ ਭੋਜਨ ਉਦਯੋਗਾਂ ਵਿੱਚ ਇੱਕ ਮਹੱਤਵਪੂਰਣ ਸਥਾਨ ਰੱਖਦਾ ਹੈ। ਆਇਲ ਪਾਮ ਦੇ ਦਰੱਖਤ 149 ਸਾਲ ਪਹਿਲਾਂ 1875 ਵਿੱਚ ਪੱਛਮੀ ਅਫਰੀਕਾ ਵਿੱਚ ਪੈਦਾ ਹੋਏ ਸਨ, ਉਨ੍ਹਾਂ ਨੂੰ ਮੁੱਖ ਤੌਰ ਤੇ ਸਜਾਵਟੀ ਉਦੇਸ਼ਾਂ ਲਈ ਦੱਖਣ-ਪੂਰਬੀ ਏਸ਼ੀਆ ਵਿੱਚ ਪੇਸ਼ ਕੀਤਾ ਗਿਆ ਸੀ। ਡਾ. ਮੀਨਾ ਮਹਿਤਾ, ਇੱਕ ਐਸੋਸੀਏਟ ਪ੍ਰੋਫੈਸਰ ਜੋ ਵਰਤਮਾਨ ਵਿੱਚ ਹੋਮ ਸਾਇੰਸ ਅਤੇ ਫੂਡ ਸਾਇੰਸ ਐਂਡ ਨਿਊਟ੍ਰੀਸ਼ਨ ਵਿਭਾਗ ਵਿੱਚ ਪੋਸਟ ਗ੍ਰੈਜੂਏਟ ਸਟੱਡੀਜ਼ ਅਤੇ ਰਿਸਰਚ ਵਿਭਾਗ ਵਿੱਚ ਵਿਜ਼ਿਟਿੰਗ ਫੈਕਲਟੀ ਵਜੋਂ ਕੰਮ ਕਰ ਰਹੇ ਹਨ, ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਪਾਮ ਆਇਲ ਇੱਕ ਬਹੁਪੱਖੀ ਆਇਲ ਹੈ ਅਤੇ ਕੁਦਰਤ ਵੱਲੋਂ ਦਿੱਤਾ ਗਿਆ ਇਹ ਟਿਕਾਊ ਤੋਹਫਾ ਸੰਸਾਰ ਨੂੰ ਪੋਸ਼ਣ ਦੇਣ ਵਿੱਚ ਇੱਕ ਅਹਿਮ ਭੂਮਿਕਾ ਨਿਭਾਉਂਦਾ ਹੈ।

# ਡੋਨੀਅਰ ਗਰੁੱਪ ਵੱਲੋਂ 'ਨਿਊ ਸਟਰੈੱਚ # ਫ਼ਰੀਡਮ ਟੂ ਮੂਵ' ਲਾਂਚ

**ਅੰਮ੍ਰਿਤਸਰ** : ਭਾਰਤ ਦਾ ਸਭ ਤੋਂ ਵੱਡਾ ਲਾਈਫ਼ਸਟਾਈਲ ਅਤੇ ਫ਼ੈਸ਼ਨ ਹਾਊਸ, ਡੋਨੀਅਰ ਗਰੁਪ ਅਪਣੀ ਇਕ ਪਹਿਲ ਨਾਲ ਇਨ੍ਹੀਂ ਦਿਨੀਂ ਸੁਰਖੀਆਂ ਵਿਚ ਹੈ। ਇਸ ਦਾ ਕਾਰਨ ਹੈ ਕਿ ਫ਼ੈਸ਼ਨ ਦੀ ਦੁਨੀਆ ਵਿਚ ਤਹਿਲਕਾ ਮਚਾਉਣ ਲਈ ਇਹ ਗਰੁੱਪ ਲੈ ਕੇ ਆਇਆ ਹੈ ਇਕ ਮਿਊਜ਼ੀਕਲ ਕੈਂਪੇਨ 'ਫ਼ਰੀਡਮ ਟੂ ਮੂਵ'। ਇਸ ਮਿਊਜ਼ੀਕਲ ਵਿਚ ਦਰਸ਼ਕਾਂ ਦੇ ਸਾਹਮਣੇ ਹੋਣਗੇ ਟਾਈਗਰ ਸ਼ਰਾਫ਼, ਨਤਾਸ਼ਾ ਭਾਰਦਵਾਜ ਅਤੇ ਜੰਨਤ ਜ਼ੁਬੈਰ ਰਹਿਮਾਨੀ। ਇਸ ਤਿਕੜੀ ਦਾ ਗੀਤ 'ਨਿਊ ਸਟਰੈੱਚ ਫ਼ੈਬਰਿਕ' ਨੂੰ ਲਾਂਚ ਕਰਦਾ ਹੈ। ਡੋਨਰ ਸਟੂਡੀਓਜ਼ ਲਈ ਇਸ ਮਿਊਜ਼ੀਕਲ ਨੂੰ ਉਘੇ ਮਿਊਜ਼ਿਕ ਵੀਡੀਓ ਡਾਇਰੈਕਟਰ ਮਿਹਰ ਗੁਲਾਟੀ ਨੇ ਡਾਇਰੈਕਟ ਕੀਤਾ ਹੈ। ਇਸ ਨੂੰ ਡਰੀਮਸ ਵਾਲਟ ਮੀਡੀਆ ਅਤੇ ਬੈਗ ਆਨ ਫ਼ਿਲਮਜ਼ ਨੇ ਪ੍ਰੋਡਿਊਸ ਕੀਤਾ ਹੈ। ਲਾਂਚ ਦੇ ਮੌਕੇ 'ਤੇ ਡੋਨੀਅਰ ਇੰਡਸਟਰੀਜ਼ ਲਿਮਟਿਡ ਦੇ ਪ੍ਰਬੰਧ ਨਿਰਦੇਸ਼ਕ ਰਾਜਿੰਦਰ ਵੀ ਅਗਰਵਾਲ ਨੇ ਕਿਹਾ ਕਿ ਨਿਊ ਸਟਰੈਚ ਦੇ ਬ੍ਰਾਂਡ ਅੰਬੈਸਡਰ ਦੇ ਰੂਪ ਵਿਚ ਟਾਈਗਰ ਸ਼ਰਾਫ਼ ਨੂੰ ਚੁਣਨਾ ਸੁਭਾਵਿਕ ਸੀ।

# ਹਨੂਮਾਨ ਚੌਕ ਪਾਣੀ ਵਾਲੀ ਟੈਂਕੀ ਵਿਖੇ ਤਰਕਸ਼ੀਲ ਨਾਟਕ ਮੇਲਾ 10 ਨੂੰ



**ਗੁਰਦਾਸਪੁਰ, (ਜਨਕ ਮਹਾਜਨ)**-ਤਰਕਸ਼ੀਲ ਸੁਸਾਇਟੀ ਇਕਾਈ ਗੁਰਦਾਸਪੁਰ ਦੀ ਮੀਟਿੰਗ ਡਾ. ਅੰਬੇਡਕਰ ਭਵਨ ਗੁਰਦਾਸਪੁਰ ਵਿਖੇ ਹੋਈ। ਇਸ ਮੌਕੇ ਪ੍ਰਧਾਨ ਤਰਲੋਚਨ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਿਗਿਆਨਕ ਸੋਚ ਦੇ ਪ੍ਰਚਾਰ-ਪ੍ਰਸਾਰ ਅਤੇ ਵਹਿਮ ਭਰਮਾਂ ਤੋਂ ਲੋਕਾਂ ਨੂੰ ਸੁਚੇਤ ਕਰਨ ਲਈ ਤਰਕਸ਼ੀਲ ਸੁਸਾਇਟੀ ਇਕਾਈ ਗੁਰਦਾਸਪੁਰ ਦੀ ਟੀਮ ਵਲੋਂ ਇੱਕ ਨਾਟਕ ਮੇਲਾ 10 ਮਾਰਚ 2024 ਦਿਨ ਐਤਵਾਰ ਨੂੰ ਹਨੂਮਾਨ ਚੌਕ ਪਾਣੀ ਵਾਲੀ ਟੈਂਕੀ ਥੱਲੇ ਗੁਰਦਾਸਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਮੁੱਖ ਬੁਲਾਰੇ ਵਜੋਂ ਉਘੇ ਸਮਾਜ ਚਿੰਤਕ ਰਿਟ. ਈਟੀਓ. ਬਾਪੂ ਬਲਕੌਰ ਸਿੰਘ ਲੋਕਾਂ ਨਾਲ ਆਪਣੇ ਵਿਚਾਰ ਪੇਸ਼ ਕਰਨਗੇ। ਇਸ ਤੋਂ ਇਲਾਵਾ ਨਾਟਕ ਟੀਮਾਂ ਨਾਟਕਾਂ ਦੁਆਰਾ ਸਮਾਜਿਕ, ਰਾਜਨਿਤੀਕ ਪੱਖ ਤੋਂ ਹੋ ਰਹੇ ਆਮ ਲੋਕਾਂ ਦੀ ਲੁੱਟ ਖਸੁੱਟ ਨੂੰ ਪੇਸ਼ ਕਰਨਗੇ। ਇਸ ਤੋਂ ਇਲਾਵਾ ਜਾਦੂ ਦੇ ਟ੍ਰਿਕ ਕਰਕੇ ਲੋਕਾਂ ਨੂੰ ਸਮਝਾਇਆ ਜਾਵੇਗਾ ਕਿ ਇਹ ਇਕ ਵਿਗਿਆਨ, ਹੱਥ ਦੀ ਸਫਾਈ ਹੈ ਨਾ ਕਿ ਕੋਈ ਜਾਦੂ ਹੈ। ਉਨ੍ਹਾਂ ਦੱਸਿਆ ਕਿ ਨਾਟਕ ਮੇਲੇ ਦਾ ਸਮਾਂ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤੱਕ ਦਾ ਰਖਿਆ ਗਿਆ ਹੈ। ਇਸ ਮੌਕੇ ਰਾਜੂ ਝਾਖੋਲਾੜੀ, ਡਾ. ਅਜੈ ਸੋਹਲ, ਰਾਜ ਸਿੰਘ ਛੋਟੇਪੁਰ, ਅਰੁਣ ਕੁਮਾਰ, ਰਾਮ ਲਾਲ, ਅਮਰੀਕ ਸਿੰਘ, ਜੈ ਸਿੰਘ ਸੈਣੀ, ਡਾ. ਸੁੱਚਾ ਸਿੰਘ, ਰੌਕੀ ਸ਼ਹਿਰੀਆਂ, ਬੰਟੀ ਕੁਮਾਰ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

# ਧਾਲੀਵਾਲ ਨੇ ਮਹਾਰਾਜਾ ਰਣਜੀਤ ਸਿੰਘ ਸਪੋਰਟਸ ਕਲੱਬ ਨੂੰ ਦਿੱਤੀ 1 ਲੱਖ ਰੁਪਏ ਦੀ ਵਿੱਤੀ ਸਹਾਇਤਾ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੀ ਮੁਹਿੰਮ ਦੇ ਮੱਦੇਨਜ਼ਰ ਬਤੌਰ ਸਰਹੱਦੀ ਅਜਨਾਲਾ ਹਲਕੇ ਦੇ ਵਿਧਾਇਕ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵਜੋਂ ਜਵਾਨੀ ਨੂੰ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਬਣਾਉਣ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਤਹਿਤ ਸਥਾਨਿਕ ਸ਼ਹਿਰ ਦੇ 'ਆਪ' ਵਾਰਡ ਨੰਬਰ 12 ਦੇ ਇੰਚਾਰਜ ਅਮਰਦੀਪ ਸਿੰਘ ਰਿੰਕੂ ਤੇ ਵਾਰਡ ਨੰ.5 ਦੇ ਇੰਚਾਰਜ ਗੁਰਦੇਵ ਸਿੰਘ ਗੁਲਾਬ ਦੇ ਉਦਮ ਸਦਕਾ ਓਐੱਸਡੀ ਰਾਜੀਵ ਮਦਾਨ, ਓਐੱਸਡੀ ਚਰਨਜੀਤ ਸਿੰਘ ਸਿੱਧੂ, ਦਫਤਰ ਸਕੱਤਰ ਗੁਰਜੰਟ ਸਿੰਘ ਸੋਹੀ, ਸ਼ਹਿਰੀ ਪ੍ਰਧਾਨ ਦੀਪਕ ਚੈਨਪੁਰੀਆ, ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ ਦੀ ਸਾਂਝੀ ਹਾਜ਼ਰੀ 'ਚ ਕਾਰਵਾਏ ਗਏ ਸੰਖੇਪ ਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਏ ਸਮਾਗਮ ਦੌਰਾਨ ਕੈਬਨਿਟ ਮੰਤਰੀ ਧਾਲੀਵਾਲ ਨੇ ਮਹਾਰਾਜਾ ਰਣਜੀਤ ਸਿੰਘ ਸਪੋਰਟਸ ਕਲੱਬ ਅਜਨਾਲਾ ਦੇ ਪ੍ਰਧਾਨ ਮੰਗਤ ਰਾਮ ਨੂੰ 1 ਲੱਖ ਰੁਪਏ ਦੀ ਵਿੱਤੀ ਸਹਾਇਤਾ ਚੈੱਕ ਦਿੱਤਾ

।ਇਸ ਮੌਕੇ ਕਲੱਬ ਦੇ ਆਗੂ ਗੁਰਮੁੱਖ ਸਿੰਘ, ਸ਼ਿੰਦਾ, ਰਾਜੂ, ਲਵ, ਅਰਪਨ, ਕੁਲਵੰਤ ਸਿੰਘ, ਮੁਨੀਸ਼, ਪ੍ਰਮਪਾਲ, ਬੱਬਲੂ, ਅਮਰੀਕ ਸਿੰਘ, ਆਪ ਦੇ ਬਲਾਕ ਸ਼ੋਸਲ ਮੀਡੀਆ ਪ੍ਰਧਾਨ ਜਸਪਿੰਦਰ ਸਿੰਘ ਛੀਨਾ, ਅਮਿਤ ਔਲ, ਅਮਿਤ ਪੁਰੀ, ਗਗਨਦੀਪ ਸਿੰਘ ਛੀਨਾ, ਮਿਸ ਗੀਤਾ ਗਿੱਲ, ਗੋਰਾ ਸੱਗੂ, ਅਜੇ ਕੁਮਾਰ, ਗੁਰਿੰਦਰ ਸਿੰਘ ਗੁਜਰਪੁਰਾ, ਪ੍ਰਧਾਨ ਰਾਕੇਸ਼ ਮਹਾਜਨ, ਮੋਹਣ ਸਿੰਘ ਸਰਾਫ਼, ਗੁਰਨਾਮ ਸਿੰਘ, ਦੀਪਕ ਭੱਟ, ਸ਼ਮਸ਼ੇਰ ਸਿੰਘ ਸ਼ੇਰਾ, ਸੁਖਦਿਆਲ ਸਿੰਘ ਭੱਖਾ, ਵਿੱਕੀ ਅੱਡਾ ਇੰਚਾਰਜ, ਰਸ਼ਪਾਲ ਸਿੰਘ ਕੋਟਲਾ ਕਾਜ਼ੀਆਂ ਆਦਿ ਹਾਜ਼ਰ ਸਨ।

# ਆਲ ਬੀ ਬੀ ਐੱਮ ਬੀ ਰਿਟਾਇਰੀਜ਼ ਯੂਨੀਅਨ ਦੀ ਮੀਟਿੰਗ



**ਭਲਾਣ, ਨੰਗਲ(ਹਰਭਜਨ ਢਿੱਲੋਂ)** ਆਲ ਬੀ ਬੀ ਐਮ ਬੀ ਰੀਟਾਇਰੀਜ਼ ਯੂਨੀਅਨ ਨੰਗਲ ਦੀ ਮੀਟਿੰਗ ਸਾਥੀ ਮੋਹਨ ਲਾਲ ਵਰਮਾ ਦੀ ਪ੍ਰਧਾਨਗੀ ਹੇਠ ਸਵਾਰਘਾਟ (ਹਿ. ਪ.) ਬਿਲਾਸਪੁਰ (ਹਿ. ਪ. ) ਵਿਖੇ ਹੋਈ ਜਿਸ ਵਿੱਚ ਰੀਟਾਇਰੀਜ ਦੀਆਂ ਸਮੱਸਿਆਵਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੀਟਿੰਗ ਨੂੰ ਗੁਰਨਾਮ ਸਿੰਘ ਔਲਖ ਜਨਰਲ ਸਕੱਤਰ ਅਤੇ ਮੋਹਨ ਲਾਲ ਵਰਮਾ ਪ੍ਰਧਾਨ ਤੋਂ ਇਲਾਵਾ ਸਾਥੀ ਅਸ਼ੋਕ ਕੁਮਾਰ ਤਲਵਾੜਾ ਪ੍ਰਧਾਨ, ਮੋਹਨ ਲਾਲ ਸੈਣੀ ਖਜਾਨਚੀ, ਰਾਮ ਸਿੰਘ, ਚੇਤ ਰਾਮ, ਪ੍ਰਕਾਸ਼ ਸਿੰਘ, ਬੁੱਧ ਰਾਮ, ਰਾਮ ਸਰੂਪ, ਗਿਆਨ ਚੰਦ ਆਦਿ ਨੇ ਸੰਬੋਧਨ ਕੀਤਾ।ਸਾਥੀ ਮੋਹਨ ਲਾਲ ਵਰਮਾ ਨੇ ਜਥੇਬੰਦੀ ਦੀਆਂ ਲੰਘੇ ਸਮੇਂ ਵਿੱਚ ਗਤੀਵਿਧੀਆਂ ਉਪਰ ਚਾਨਣਾ ਪਾਇਆ ਅਤੇ ਬੀ ਬੀ ਐਮ ਬੀ ਰੀਟਾਇਰੀਜ ਅਤੇ ਕਰਮਚਾਰੀਆਂ ਦੀਆਂ ਮੰਗਾਂ ਸੰਬੰਧੀ ਚੈਅਰਮੈਨ ਬੀ ਬੀ ਐਮ ਬੀ ਚੰਡੀਗੜ੍ਹ ਨਾਲ 27-2-24 ਨੂੰ ਹੋਈ ਮੀਟਿੰਗ ਵਿੱਚ ਬੋਰਡ ਦੇ ਹਾਂ ਪੱਖੀ ਰਵਈਏ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ।ਬੁਲਾਰਿਆਂ ਨੇ ਚੈਅਰਮੈਨ ਬੀ ਬੀ ਐਮ ਬੀ ਤੋਂ ਮੰਗ ਕੀਤੀ ਕਿ ਮੰਨੀਆਂ ਮੰਗਾਂ ਜਿਵੇਂ ਸੋਧੀਆਂ ਪੇਨਸ਼ਨਾ ਅਤੇ ਤਨਖਾਹਾਂ ਦਾ ਏਰੀਅਰ ਦੀ ਅਦਾਇਗੀ, ਕੈਸ਼ ਲੈੱਸ ਮੇਡੀਕਲ ਸਕੀਮ, ਸੋਧੀਆਂ ਦਰਾਂ ਤੇ ਲੀਵ ਇਨਕੈਸ਼ਮੈਂਟ, ਬੀ ਸੀ ਬੀ ਦੀ ਸਰਵਿਸ ਪੇਨਸ਼ਨ ਲਈ ਜੋੜਨਾ, ਇਨਸੈਂਟਿਵ ਦੀ ਅਦਾਇਗੀ ਆਦਿ ਤੇ ਫੋਰੀ ਤੌਰ ਤੇ ਅਮਲ ਕੀਤਾ ਜਾਏ। ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ 2.59 ਦਾ ਗੁਣਨਖੰਡ, 8 ਫੀਸਦੀ ਡੀ ਏ, 1-1-2016 ਤੋਂ ਬਕਾਏ ਦੀ ਅਦਾਇਗੀ, ਕੈਸ਼ ਲੈੱਸ ਮੇਡੀਕਲ ਸਕੀਮ ਆਦਿ ਮੰਗਾਂ ਦਾ ਫੋਰੀ ਤੋਰ ਤੇ ਨਿਪਟਾਰਾ ਕੀਤਾ ਜਾਏ।ਅਖੀਰ ਵਿੱਚ ਆਲ ਬੀ ਬੀ ਐਮ ਬੀ ਰੀਟਾਇਰੀਜ਼ ਯੂਨੀਅਨ ਨੰਗਲ, ਸਵਾਰਘਾਟ ਯੂਨਿਟ ਦੀ ਚੋਣ ਕੀਤੀ ਗਈ ਜਿਸ ਵਿੱਚ ਸਰਵਸੰਮਤੀ ਨਾਲ ਸਾਥੀ ਪ੍ਰਕਾਸ਼ ਸਿੰਘ ਪ੍ਰਧਾਨ, ਰਾਮ ਸਿੰਘ ਸਕੱਤਰ, ਚੇਤ ਰਾਮ ਖਜਾਨਚੀ, ਰਾਮ ਲਾਲ ਸੀ ਮੀਤ ਪ੍ਰਧਾਨ, ਅਵਤਾਰ ਸਿੰਘ ਜਾਇੰਟ ਸਕੱਤਰ, ਠਾਕੁਰ ਚੇਤ ਰਾਮ ਮੀਤ ਪ੍ਰਧਾਨ ਆਦਿ ਸਮੇਤ 13 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ।

# ਸਿਵਲ ਹਸਪਤਾਲ ਬੱਬਰੀ ਨੂੰ ਜਾਣ ਵਾਲੀ ਲਿੰਕ ਸੜਕ ਦੀ ਹਾਲਤ ਬੇਹੱਦ ਖਸਤਾ, ਰਾਹਗੀਰ ਪ੍ਰੇਸ਼ਾਨ



**ਗੁਰਦਾਸਪੁਰ, (ਜਨਕ ਮਹਾਜਨ)**-ਸਿਵਲ ਹਸਪਤਾਲ ਬੱਬਰੀ ਗੁਰਦਾਸਪੁਰ ਨੂੰ ਜਾਣ ਵਾਲੀ ਸੜਕ ਵਿਚਕਾਰ ਪੈਂਦੀ ਲਿੰਕ ਸੜਕ ਜਿਹੜੀ ਛੀਨਾ ਲੈਬਾਰਟਰੀ ਤੋਂ ਹੁੰਦੀ ਹੋਈ ਸਿਮਰਨ ਹਸਪਤਾਲ ਵੱਲ ਨੂੰ ਜਾਂਦੀ ਹੈ, ਬੜੀ ਉੱਬੜ-ਖਾਬੜ ਹੋਣ ਕਾਰਨ ਇਸ ਵਿਚ ਜਗ੍ਹਾ-ਜਗ੍ਹਾ ਡੂੰਘੇ-ਡੂੰਘੇ ਟੋਏ ਪੈ ਗਏ ਹਨ ਜਿਸ ਕਾਰਨ ਇਨ੍ਹਾਂ ਵਿਚ ਵਰਖਾ ਦਾ ਪਾਣੀ ਖੜਾ ਹੋ ਜਾਂਦਾ ਹੈ ਇਥੋਂ ਦੀ ਲੰਘਣਾ ਮੁਸ਼ਕਿਲ ਹੋ ਜਾਂਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮਨਦੀਪ ਸਿੰਘ, ਰੋਹਿਤ, ਅਰੁਣ ਕੁਮਾਰ, ਅਕਾਸ਼ਦੀਪ ਸਿੰਘ ਅਤੇ ਸੁਧੀਰ ਕੁਮਾਰ ਨੇ ਦੱਸਿਆ ਕਿ ਇਹ ਅੱਧਾ ਕਿਲੋਮੀਟਰ ਦੇ ਕਰੀਬ ਸਫਰ ਪੈਂਦਾ ਹੈ ਜਿਸ ਵਿਚ ਰੋੜੀ ਆਦਿ ਪਈ ਹੋਈ ਹੈ ਪਰ ਇਸ ਉਪਰ ਲੁੱਕ ਨਾ ਪੈਣ ਕਰਕੇ ਇਥੋਂ ਲੰਘਣਾ ਕਾਫ਼ੀ ਔਖਾ ਹੋਇਆ ਪਿਆ ਹੈ। ਲੋਕ ਇਸ ਖਸਤਾ ਹਾਲਤ ਸੜਕ ਤੋਂ ਲੰਘਣ ਸਮੇਂ ਆਉਂਦੀ ਮੁਸ਼ਕਿਲ ਤੋਂ ਕਾਫ਼ੀ ਪ੍ਰੇਸ਼ਾਨ ਹਨ। ਲੋਕਾਂ ਨੇ ਪੰਜਾਬ ਸਰਕਾਰ ਅਤੇ ਸਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਇਸ ਸੜਕ 'ਤੇ ਲੁੱਕ ਪਾ ਕੇ ਇਸ ਦਾ ਕੰਮ ਮੁਕੰਮਲ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਆਉਣ-ਜਾਣ ਸਮੇਂ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।

# ਫਲਿੱਪਕਾਰਟ ਵੱਲੋਂ ਭਾਰਤ 'ਚ ਯੂਪੀਆਈ ਹੈਂਡਲ ਲਾਂਚ ਕਰਨ ਦਾ ਐਲਾਨ

**ਅੰਮ੍ਰਿਤਸਰ** : ਭਾਰਤ ਦੇ ਘਰੇਲੂ ਈ-ਕਾਮਰਸ ਮਾਰੀਕਟਪਲੇਸ ਫਲਿੱਪਕਾਰਟ ਨੇ ਆਪਣਾ ਯੂਪੀਆਈ ਹੈਂਡਲ ਲਾਂਚ ਕਰਨ ਦਾ ਐਲਾਨ ਕੀਤਾ ਹੈ। ਇਸ ਨਾਲ ਫਲਿੱਪਕਾਰਟ ਦੇ 50 ਕਰੋੜ ਤੋਂ ਵੱਧ ਖਪਤਕਾਰਾਂ ਦੇ ਨਾਲ-ਨਾਲ ਹੋਰ ਨਵੇਂ ਉਪਭੋਗਤਾਵਾਂ ਨੂੰ ਵੀ ਡਿਜੀਟਲ ਭੁਗਤਾਨ ਦੀ ਸਹੂਲਤ ਮਿਲੇਗੀ। ਗਾਹਕਾਂ ਦੇ ਅਨੁਭਵ ਨੂੰ ਖਾਸ ਬਣਾਉਣ ਲਈ ਯੂਪੀਆਈ ਲਾਂਚ ਕਰਨ ਤੋਂ ਬਾਅਦ, ਸੁਪਰਕੌਇਨਜ਼, ਕੈਸ਼ਬੈਕ, ਮਾਈਲਸਟੋਨ ਬੈਨੀਫਿਟਸ ਅਤੇ ਬ੍ਰਾਂਡ ਵਾਊਚਰ ਵਰਗੇ ਲਾਇਲਟੀ ਫ਼ੀਚਰ ਵੀ ਪੇਸ਼ ਕੀਤੇ ਜਾਣਗੇ। ਇੰਡੀਆ ਦਾ ਮੋਸਟ ਰਿਵਾਰਡਿੰਗ ਯੂਪੀਆਈ ਦੀ ਟੈਗਲਾਈਨ ਦੇ ਨਾਲ ਇਹ ਨਵੀਨਤਾਕਾਰੀ ਅਤੇ ਸੁਰੱਖਿਅਤ ਹੱਲ ਪੂਰੇ ਭਾਰਤ ਦੇ ਉਪਭੋਗਤਾਵਾਂ ਦੇ ਭੁਗਤਾਨ ਅਨੁਭਵ ਨੂੰ ਬਿਹਤਰ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਐਕਸਿਸ ਬੈਂਕ ਦੁਆਰਾ ਸਮਰਥਿਤ ਫਲਿੱਪਕਾਰਟ ਯੂਪੀਆਈ ਸ਼ੁਰੂ ਵਿੱਚ ਐਂਡਰਾਇਡ ਉਪਭੋਗਤਾਵਾਂ ਲਈ ਉਪਲਬਧ ਹੋਵੇਗਾ। ਉਪਭੋਗਤਾ ਐੱਫਕੇਐਕਸਿਸ ਹੈਂਡਲ ਦੇ ਨਾਲ ਆਪਣਾ ਯੂਪੀਆਈ ਰਜਿਸਟਰ ਕਰ ਸਕਣਗੇ।

# ਮੋਦੀ ਸਰਕਾਰ ਸਹਿਕਾਰਤਾ ਲਹਿਰ ਨੂੰ ਲੋਕ ਲਹਿਰ 'ਚ ਬਦਲਣ ਦੀ ਕੋਸ਼ਿਸ਼ 'ਚ

**ਲੁਧਿਆਣਾ/ਜਲੰਧਰ** : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਨਵੀਂ ਦਿੱਲੀ ਵਿਖੇ ਸ਼ਹਿਰੀ ਸਹਿਕਾਰੀ ਬੈਂਕਾਂ ਦੀ ਛਤਰੀ ਸੰਸਥਾ ਨੈਸ਼ਨਲ ਅਰਬਨ ਕੋਆਪਰੇਟਿਵ ਫਾਇਨਾਂਸ ਐਂਡ ਡਿਵੈਲਪਮੈਂਟ ਕਾਰਪੋਰੇਸ਼ਨ ਲਿਮਟਿਡ ਦਾ ਉਦਘਾਟਨ ਕੀਤਾ। ਇਸ ਮੌਕੇ ਅਮਿਤ ਸ਼ਾਹ ਨੇ ਸਹਿਕਾਰਤਾਵਾਂ ਦਰਮਿਆਨ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਅਮਿਤ ਸ਼ਾਹ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਦੋਂ ਤੱਕ ਸਹਿਕਾਰੀ ਸੰਸਥਾਵਾਂ ਨੂੰ ਸਹਿਯੋਗ ਅਤੇ ਆਪਸੀ ਸਹਿਯੋਗ ਨਾਲ ਅੱਗੇ ਵਧਣ ਦੀ ਤਾਕਤ ਨਹੀਂ ਦਿੱਤੀ ਜਾਂਦੀ, ਅਸੀਂ ਅੱਗੇ ਨਹੀਂ ਵਧ ਸਕਦੇ। ਕੇਂਦਰੀ ਸਹਿਕਾਰਤਾ ਮੰਤਰੀ ਨੇ ਕਿਹਾ ਕਿ ਪਹਿਲਾਂ ਸਹਿਕਾਰਤਾ ਮੰਤਰਾਲਾ ਅਤੇ ਸਹਿਕਾਰਤਾ ਖੇਤਰ ਕਈ ਮੰਤਰਾਲਿਆਂ ਵਿੱਚ ਖਿੰਡੇ ਹੋਏ ਸਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਜ਼ਾਦੀ ਦੇ 75 ਸਾਲਾਂ ਬਾਅਦ ਵੱਖਰਾ ਸਹਿਕਾਰਤਾ ਮੰਤਰਾਲਾ ਬਣਾ ਕੇ ਸਹਿਯੋਗ ਨੂੰ ਨਵਾਂ ਜੀਵਨ ਦਿੱਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਹਿਕਾਰਤਾ ਮੰਤਰਾਲੇ ਦੇ ਰੂਪ ਵਿੱਚ ਸਹਿਕਾਰਤਾ ਲਹਿਰ ਨੂੰ ਇੱਕ ਛਤਰੀ ਮਿਲੀ ਹੈ।

# ਮਾਤਾ ਗੁਜਰੀ ਖ਼ਾਲਸਾ ਕਾਲਜ ਵਿਖੇ ਪਲੇਸਮੈਂਟ ਸੈੱਲ ਦੁਆਰਾ ਆਨਲਾਈਨ ਪ੍ਰੋਗਰਾਮ




**ਕਰਤਾਰਪੁਰ (ਹਰਮੇਸ਼ ਦੱਤ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖ਼ਾਲਸਾ ਕਾਲਜ, ਕਰਤਾਰਪੁਰ ਵਿਖੇ ਕਾਲਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਅਤੇ ਪਲੇਸਮੈਂਟ ਸੈੱਲ ਦੇ ਇੰਚਾਰਜ ਪ੍ਰੋ. ਕਮਲੇਸ਼ ਰਾਣੀ, ਕਾਮਰਸ ਤੇ ਇਕਨਾਮਿਕਸ ਵਿਭਾਗ ਦੇ ਮੁੱਖੀ ਡਾ. ਸੁਚੇਤਾ ਰਾਣੀ ਦੀ ਦੇਖ-ਰੇਖ ਹੇਠ ਸਕਿੱਲ ਲੈਬ ਮੁਹਾਲੀ ਦੇ ਸਹਿਯੋਗ ਨਾਲ ਇਕ ਆਨਲਾਈਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਦਾ ਵਿਸ਼ਾ 'ਬੈਂਕ ਤੇ ਵਿੱਤੀ ਖੇਤਰ ਵਿਚ ਕੈਰੀਅਰ ਦੀ ਸੰਭਾਵਨਾ' ਰਿਹਾ।

ਇਸ ਪ੍ਰੋਗਰਾਮ ਵਿਚ ਡਾ. ਹਿਮੇਸ਼ ਸ਼ਰਮਾ (ਸੀ.ਈ.ਓ.) ਅਤੇ ਸਕਿੱਲ ਲੈਬ ਦੇ ਫਾਊਂਡਰ ਨੇ ਬੈਂਕਿੰਗ, ਵਿੱਤੀ ਅਤੇ ਇੰਸ਼ੋਰੈਂਸ ਦੇ ਖੇਤਰ ਵਿਚ ਸੇਲ, ਮਾਰਕਿਟਿੰਗ ਅਤੇ ਉਦਮੀਕਰਨ ਵਿਚ ਨੌਕਰੀਆਂ ਦੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਉਹਨਾਂ ਨੇ ਇਹ ਵੀ ਦੱਸਿਆ ਕਿ ਉਦਮਤਾ ਪ੍ਰੋਗਰਾਮ ਦੇ ਅਧੀਨ ਕਿਵੇਂ ਕੋਈ ਉੱਦਮੀ ਕਾਰੋਬਾਰ ਵਿਚ ਨਵੇਂ ਵਿਚਾਰਾਂ ਦਾ ਵਿਸਥਾਰ ਕਰਕੇ ਆਪਣੀ ਲੁੱਕੀ ਹੋਈ ਪ੍ਰਤਿਭਾ ਨੂੰ ਉਭਾਰ ਸਕਦਾ ਹੈ। ਇਸ ਪ੍ਰੋਗਰਾਮ ਵਿਚ 50 ਦੇ ਕਰੀਬ ਵਿਦਿਆਰਥੀ ਹਾਜ਼ਰ ਸਨ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਨੇ ਦੱਸਿਆ ਕਿ ਇਹੋ ਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਮੁਕਾਬਲੇ ਦੇ ਇਮਤਿਹਾਨਾਂ ਲਈ ਤਿਆਰ ਕਰਦੇ ਹਨ ਤੇ ਆਪਣੀ ਯੋਗਤਾ ਦੇ ਅਨੁਸਾਰ ਆਪਣਾ ਕੈਰੀਅਰ ਚੁਣਨ ਵਿਚ ਸਹਾਇਕ ਸਿੱਧ ਹੋ ਸਕਦੇ ਹਨ। ਉਹਨਾਂ ਇਸ ਪ੍ਰੋਗਰਾਮ ਦੇ ਆਯੋਜਨ ਲਈ ਕਾਲਜ ਦੇ ਪਲੇਸਮੈਂਟ ਸੈੱਲ ਅਤੇ ਕਾਮਰਸ ਤੇ ਇਕਨਾਮਿਕਸ ਵਿਭਾਗ ਦੀ ਸ਼ਲਾਘਾ ਕੀਤੀ। ਇਸ ਮੌਕੇ ਸਮੂਹ ਸਟਾਫ਼ ਹਾਜਰ ਸੀ।

5-March-PAGE-4.qxd 3/4/2024 10:27 PM Page 1

ਨਵਾਂ ਜ਼ਮਾਨਾ
ਮੰਗਲਵਾਰ, 5 ਮਾਰਚ 2024

# ਰੇਲ ਦਾ ਮਹਿੰਗਾ ਹੁੰਦਾ ਸਫਰ

*ਰੇਲ ਬਜਟ ਨੂੰ ਆਮ ਬਜਟ ਵਿਚ ਮਿਲਾ ਦੇਣ ਤੋਂ ਬਾਅਦ ਰੇਲਵੇ ਬਾਰੇ ਕਈ ਗੱਲਾਂ ਚੰਗੀ ਤਰ੍ਹਾਂ ਬਾਹਰ ਨਹੀਂ ਆਉਂਦੀਆਂ, ਜਿਵੇਂ ਵੱਖਰੇ ਰੇਲ ਬਜਟ ਵੇਲੇ ਵਿਸਥਾਰ ਵਿਚ ਆਉਂਦੀਆਂ ਸਨ। ਹਾਲ ਹੀ ਵਿਚ ਭਾਰਤੀ ਰੇਲਵੇ ਵੱਲੋਂ ਦਿੱਤੇ ਗਏ ਅੰਕੜਿਆਂ ਤੋਂ ਇਹ ਤੱਥ ਸਾਹਮਣੇ ਆਇਆ ਹੈ ਕਿ ਮੋਦੀ ਰਾਜ ਵਿਚ ਰੇਲ ਯਾਤਰੀ ਕਿਰਾਏ ਵਿਚ ਬਹੁਤ ਵਾਧਾ ਹੋ ਚੁੱਕਾ ਹੈ। ਮੋਦੀ ਰਾਜ ਆਉਣ ਤੋਂ ਪਹਿਲਾਂ 2013-14 ਵਿਚ ਪ੍ਰਤੀ ਯਾਤਰੀ ਪ੍ਰਤੀ ਕਿੱਲੋਮੀਟਰ ਕਿਰਾਇਆ 0.32 ਰੁਪਏ ਹੁੰਦਾ ਸੀ, ਜਿਹੜਾ 2021-22 ਵਿਚ ਵਧ ਕੇ 0.66 ਰੁਪਏ ਹੋ ਗਿਆ। ਇਹ ਵਾਧਾ 107 ਫੀਸਦੀ ਬਣਦਾ ਹੈ। ਹਰ ਸਾਲ ਕਿਰਾਏ 10 ਫੀਸਦੀ ਦੀ ਦਰ ਨਾਲ ਵਧੇ ਹਨ। ਵਕਤ ਦੇ ਨਾਲ ਸੇਵਾਵਾਂ ਮਹਿੰਗੀਆਂ ਹੁੰਦੀਆਂ ਹਨ, ਪਰ ਰੇਲ ਕਿਰਾਇਆ ਕਦੇ ਇਸ ਹਿਸਾਬ ਨਾਲ ਨਹੀਂ ਵਧਿਆ, ਜਿੰਨਾ ਕੀਮਤਾਂ ਨੂੰ ਕੰਟਰੋਲ ਵਿਚ ਕਰਨ ਦਾ ਦਾਅਵਾ ਕਰਕੇ ਸੱਤਾ ਵਿਚ ਆਈ ਭਾਜਪਾ ਦੇ ਰਾਜ ਵਿਚ ਵਧਿਆ ਹੈ। 2003-04 ਤੋਂ 2013-14 ਤੱਕ ਮਨਮੋਹਨ ਸਿੰਘ ਸਰਕਾਰ ਵੇਲੇ 0.24 ਰੁਪਏ ਤੋਂ ਵਧ ਕੇ 0.32 ਰੁਪਏ ਹੋਇਆ ਸੀ, ਯਾਨੀਕਿ 33 ਫੀਸਦੀ ਵਧਿਆ ਸੀ।*

*ਕਾਂਗਰਸ ਆਗੂ ਰਾਹੁਲ ਗਾਂਧੀ ਨੇ ਮੋਦੀ ਰਾਜ ਦੀਆਂ ਬਹੁ-ਚਰਚਿਤ 'ਵੰਦੇ ਭਾਰਤ' ਟਰੇਨਾਂ ਦੀ ਚਰਚਾ ਕੀਤੀ ਹੈ, ਜਿਹੜੀਆਂ ਪੈਸੇ ਵਾਲਿਆਂ ਦੀ ਹੀ ਸਵਾਰੀ ਹਨ, ਗਰੀਬਾਂ ਦੀ ਪਹੁੰਚ ਵਿਚ ਨਹੀਂ। ਮਿਸਾਲ ਦੇ ਤੌਰ 'ਤੇ ਦਿੱਲੀ-ਕਾਨਪੁਰ ਦੀ ਸ਼ਤਾਬਦੀ ਦੀ ਟਿਕਟ 840 ਰੁਪਏ ਹੈ, ਜਦਕਿ 'ਵੰਦੇ ਭਾਰਤ' ਦੀ ਟਿਕਟ 1195 ਰੁਪਏ। ਮਨਮੋਹਨ ਸਿੰਘ ਦੀ ਸਰਕਾਰ ਵੇਲੇ ਸ਼ਤਾਬਦੀ ਦੀ ਟਿਕਟ 450 ਰੁਪਏ ਹੁੰਦੀ ਸੀ। ਰਾਹੁਲ ਨੇ ਇਹ ਤੱਥ ਵੀ ਸਾਹਮਣੇ ਲਿਆਂਦਾ ਹੈ ਕਿ ਸੀਨੀਅਰ ਸਿਟੀਜ਼ਨ ਨੂੰ ਮਿਲਦੀ ਰਿਆਇਤ ਖਤਮ ਕਰਕੇ ਮੋਦੀ ਸਰਕਾਰ ਨੇ ਤਿੰਨ ਸਾਲਾਂ ਵਿਚ 3700 ਕਰੋੜ ਰੁਪਏ ਕਮਾਏ ਹਨ। ਗਰੀਬ ਤੇ ਮੱਧ-ਵਰਗ ਦੇ ਲੋਕਾਂ ਦੇ ਹਿੱਤ ਰੇਲਵੇ ਦੀ ਤਰਜੀਹੀ ਲਿਸਟ ਵਿੱਚੋਂ ਬਾਹਰ ਕਰ ਦਿੱਤੇ ਗਏ ਹਨ। ਜਨਰਲ ਡੱਬਿਆਂ ਦੀ ਗਿਣਤੀ ਘਟਾ ਕੇ ਏ ਸੀ ਕੋਚਾਂ ਦੀ ਵਧਾ ਦਿੱਤੀ ਗਈ ਹੈ। ਦਰਅਸਲ ਰੇਲ ਬਜਟ ਅਜਿਹੇ ਕੁਕਰਮਾਂ ਨੂੰ ਲੁਕਾਉਣ ਲਈ ਹੀ ਖਤਮ ਕੀਤਾ ਗਿਆ।*

*ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਮੁਤਾਬਕ ਲੋਕਾਂ ਤੋਂ ਪੈਸੇ ਭੋਟਣ ਲਈ ਮੋਦੀ ਸਰਕਾਰ ਨੇ ਤਰ੍ਹਾਂ-ਤਰ੍ਹਾਂ ਦੇ ਹੱਥਕੰਡੇ ਅਪਣਾਏ ਹਨ। ਰੇਲਵੇ ਵਿਚ ਜਾਲ੍ਹੀ ਸੁਪਰਫਾਸਟ ਚਾਰਜ ਵਸੂਲੇ ਜਾਂਦੇ ਹਨ। ਸੀਨੀਅਰ ਸਿਟੀਜ਼ਨਜ਼ ਦੀਆਂ ਰਿਆਇਤਾਂ ਖਤਮ ਕਰ ਦਿੱਤੀਆਂ ਗਈਆਂ ਹਨ। ਭੀੜ ਦੇ ਦਿਨਾਂ ਵਿਚ ਡਾਇਨਾਮਿਕ ਰੇਟ ਦਾ ਫਰਾਡ ਚਲਾਇਆ ਜਾ ਰਿਹਾ ਹੈ। ਹਾਲਾਤ ਇਹ ਬਣ ਗਏ ਹਨ ਕਿ ਲੋਕ ਲੰਮੀ ਦੂਰੀ ਦਾ ਸਫਰ ਵੀ ਬੱਸਾਂ ਵਿਚ ਕਰਨ ਨੂੰ ਤਰਜੀਹ ਦੇਣ ਲੱਗ ਪਏ ਹਨ, ਜਿਹੜਾ ਕਿ ਖਤਰਨਾਕ ਹੁੰਦਾ ਹੈ।*

# ਕਾਨੂੰਨ ਦੇ ਬਾਵਜੂਦ ਔਰਤਾਂ ਨਾਲ ਹੁੰਦੀਆਂ ਵਧੀਕੀਆਂ


ਡਾ. ਗੁਰਤੇਜ ਸਿੰਘ

ਸਾਡੇ ਦੇਸ਼ ਵਿੱਚ ਔਰਤ ਨੂੰ ਦੇਵੀ ਆਖ ਸਤਿਕਾਰਿਆ ਜਾਂਦਾ ਹੈ ਤੇ ਕੰਜਕਾਂ ਦੀ ਪੂਜਾ ਕੀਤੀ ਜਾਂਦੀ ਹੈ। ਰੱਖੜੀ ਦਾ ਤਿਉਹਾਰ ਅਤੇ ਹੋਰ ਰੀਤੀ-ਰਿਵਾਜ ਸਾਨੂੰ ਔਰਤਾਂ ਪ੍ਰਤੀ ਸਾਡੀ ਪ੍ਰਤੀਬੱਧਤਾ ਦਾ ਅਹਿਸਾਸ ਦਿਵਾਉਂਦੇ ਹਨ। ਅਜਿਹੀਆਂ ਮਾਣ-ਮਰਿਆਦਾਵਾਂ ਹੋਣ ਦੇ ਬਾਵਜੂਦ ਸਦੀਆਂ ਤੋਂ ਔਰਤ ਦੀ ਦਸ਼ਾ ਨਿੱਘਰੀ ਹੋਈ ਹੈ, ਜੋ ਮਰਦ ਪ੍ਰਧਾਨ ਸਮਾਜ ਦਾ ਮੂੰਹ ਚਿੜਾਉਂਦੀ ਹੈ। ਚਾਹੇ ਸਾਰੇ ਧਰਮ ਉਸ ਦੀ ਆਜ਼ਾਦੀ ਅਤੇ ਬਿਹਤਰੀ ਦੀ ਦੁਹਾਈ ਦਿੰਦੇ ਹਨ ਪਰ ਕਈ ਧਾਰਮਕ ਸਥਾਨਾਂ 'ਤੇ ਉਸਦੀ ਮੌਜੂਦਗੀ ਧਰਮ ਦੇ ਠੇਕੇਦਾਰਾਂ ਨੂੰ ਸੂਲ ਵਾਂਗ ਚੁੱਭਦੀ ਹੈ। ਮਰਿਆਦਾ ਦਾ ਢੰਡੋਰਾ ਪਿੱਟ ਕੇ ਔਰਤਾਂ ਦੀ ਧਾਰਮਿਕ ਆਜ਼ਾਦੀ ਦਾ ਗਲਾ ਘੋਟਿਆ ਜਾ ਰਿਹਾ ਹੈ। ਪਿਛਲੇ ਸਮੇਂ ਦੌਰਾਨ ਮਹਾਰਾਸ਼ਟਰ ਵਿੱਚ ਸ਼ਨੀਦੇਵ ਦੇ ਮੰਦਰ ਵਿੱਚ ਸ਼ਨੀਦੇਵ ਦੀ ਮੂਰਤੀ 'ਤੇ ਤੇਲ ਚੜ੍ਹਾਉਣ ਲਈ ਔਰਤਾਂ ਨੂੰ ਮਨਾਹੀ ਦਾ ਮੁੱਦਾ ਸੁਰਖੀਆਂ ਵਿੱਚ ਰਿਹਾ ਹੈ ਅਤੇ ਸਬਰੀਮਾਲਾ ਦਾ ਵਿਵਾਦ ਵੀ ਚਰਚਾ 'ਚ ਰਿਹਾ ਹੈ। ਇਸ ਕਰਕੇ ਔਰਤਾਂ ਨੇ ਸੰਘਰਸ਼ ਦੀ ਚਿਤਾਵਨੀ ਦਿੱਤੀ ਸੀ ਅਤੇ ਬਹੁਤ ਜੱਦੋ-ਜਹਿਦ ਮਗਰੋਂ ਉਨ੍ਹਾਂ ਨੂੰ ਉੱਥੇ ਪੂਜਾ ਦਾ ਅਧਿਕਾਰ ਮਿਲਿਆ ਸੀ। ਮੁਸਲਿਮ ਧਰਮ ਵਿੱਚ ਔਰਤ ਨੂੰ ਮਸਜਿਦ 'ਚ ਜਾ ਕੇ ਨਮਾਜ਼ ਪੜ੍ਹਨ ਦੀ ਇਜਾਜ਼ਤ ਨਹੀਂ ਹੈ। ਸਭ ਤੋਂ ਆਧੁਨਿਕ ਕਹੇ ਜਾਣ ਵਾਲੇ ਸਿੱਖ ਧਰਮ, ਜਿਸ ਵਿੱਚ ਔਰਤ ਦੀ ਬਿਹਤਰੀ ਲਈ ਗੁਰੂਆਂ ਵੱਲੋਂ ਆਵਾਜ਼ ਬੁਲੰਦ ਕੀਤੀ ਗਈ ਸੀ, ਉਸ ਵਿੱਚ ਪਾਵਨ ਤਖਤ ਸਾਹਿਬਾਨਾਂ 'ਤੇ ਅਜੇ ਵੀ ਬੀਬੀਆਂ ਨੂੰ ਕੀਰਤਨ ਕਰਨ ਦੀ ਮਨਾਹੀ ਹੈ। ਇਸ ਤੋਂ ਸਾਫ਼ ਜ਼ਾਹਿਰ ਹੈ ਕਿ ਧਾਰਮਿਕ ਪੱਖੋਂ ਔਰਤ ਅਜੇ ਵੀ ਵਧੀਕੀਆਂ ਦੀ ਸ਼ਿਕਾਰ ਹੈ।

ਇਸ ਤੋਂ ਬਾਅਦ ਗੱਲ ਰਾਜਨੀਤੀ ਦੀ ਕਰਦੇ ਹਾਂ, ਜਿਸ ਵਿੱਚ 33 ਫ਼ੀਸਦੀ ਔਰਤਾਂ ਲਈ ਰਾਖਵਾਂਕਰਨ ਹੈ, ਪਰ ਅਜੇ ਵੀ ਰਾਜਨੀਤੀ ਵਿੱਚ ਔਰਤਾਂ ਦੀ ਸ਼ਮੂਲੀਅਤ ਘੱਟ ਹੈ। ਪਿੰਡਾਂ ਵਿੱਚ ਮਹਿਲਾ ਸਰਪੰਚ ਸਿਰਫ ਨਾਂਅ ਦੀਆਂ ਸਰਪੰਚ ਹਨ, ਕਿਉਂਕਿ ਪੰਚਾਇਤ ਦਾ ਕੰਮਕਾਜ ਉਨ੍ਹਾਂ ਦੇ ਪਤੀ, ਪੁੱਤ ਕਰਦੇ ਹਨ। ਕਿਸੇ ਵੀ ਫ਼ੈਸਲੇ ਸਮੇ ਉਹ ਉੱਥੇ ਮੌਜੂਦ ਤੱਕ ਨਹੀਂ ਹੁੰਦੀਆਂ। ਦਲਿਤ ਮਹਿਲਾ ਨੇਤਾਵਾਂ ਨੂੰ ਤਾਂ ਲੋਕ ਕੁਝ ਸਮਝਦੇ ਹੀ ਨਹੀਂ ਹਨ, ਉਹ ਅਗਰ ਕੋਈ ਆਜ਼ਾਦ ਤੌਰ 'ਤੇ ਫ਼ੈਸਲਾ ਲੈਂਦੀਆਂ ਵੀ ਹਨ ਤਾਂ ਉਸ 'ਤੇ ਅਮਲ ਨਹੀਂ ਹੁੰਦਾ। ਅਕਸਰ ਉਨ੍ਹਾਂ ਔਰਤਾਂ ਨੂੰ ਮਾੜੀ ਸ਼ਬਦਾਵਲੀ ਨਾਲ ਸੰਬੋਧਨ ਤੱਕ ਕੀਤਾ ਜਾਂਦਾ ਹੈ। ਅੱਠ ਫ਼ਰਵਰੀ 2023 ਨੂੰ ਸਾਡੇ ਸੂਬੇ 'ਚ ਰਾਜ ਕਰਦੀ ਆਮ ਆਦਮੀ ਪਾਰਟੀ ਦੀ ਸੰਗਰੂਰ ਤੋਂ ਮਹਿਲਾ ਐੱਮ.ਐੱਲ.ਏ ਦੇ ਪਤੀ ਦੀ ਉਨ੍ਹਾ ਦੀ ਜਗ੍ਹਾ ਇੱਕ ਪ੍ਰਾਜੈਕਟ ਦਾ ਉਦਘਾਟਨ ਕਰਦਿਆਂ ਦੀ ਤਸਵੀਰ ਸੋਸ਼ਲ ਮੀਡੀਆ 'ਤੇ ਵਾਇਰਲ ਹੈ। ਇਹ ਤਸਵੀਰ ਉਪਰੋਕਤ ਤੱਥ ਦੀ ਗਵਾਹੀ ਭਰਨ ਦੇ ਸਮਰੱਥ ਹੈ।

ਔਰਤਾਂ ਦੀ ਸੁਰੱਖਿਆ ਦਾ ਮੁੱਦਾ ਖਾਸ ਕਰਕੇ ਵਿਚਾਰਨਯੋਗ ਹੈ, ਅਜੋਕੇ ਅਗਾਂਹਵਧੂ ਯੁੱਗ ਅੰਦਰ ਔਰਤਾਂ ਦੀ ਸੁਰੱਖਿਆ ਅੱਜ ਵੀ ਸ਼ੱਕ ਦੇ ਘੇਰੇ ਹੇਠ ਹੈ, ਜਿਸ ਦੀ ਸ਼ੁਰੂਆਤ ਉਸ ਦੇ ਜਨਮ ਤੋਂ ਪਹਿਲਾਂ ਹੀ ਹੋ ਜਾਂਦੀ ਹੈ ਤੇ ਪੂਰੀ ਉਮਰ ਅਸੁਰੱਖਿਅਤਾ ਦੇ ਆਲਮ 'ਚ ਗੁਜ਼ਰਦੀ ਹੈ। ਜਨਮ ਤੋਂ ਬਾਅਦ ਜਵਾਨੀ 'ਚ ਪੈਰ ਧਰਦੇ ਹੀ ਸਮਾਜ ਦੇ ਖੁਦਗਰਜ਼ ਲੋਕਾਂ ਦੀਆਂ ਗੰਦੀਆਂ ਨਜ਼ਰਾਂ ਅਤੇ ਹਰਕਤਾਂ ਦੀ ਸ਼ਿਕਾਰ ਹੁੰਦੀ ਹੈ, ਜੋ ਔਰਤ ਨੂੰ ਸਰੀਰਕ ਮਾਨਸਿਕ ਰੂਪ 'ਚ ਜ਼ਖਮੀ ਕਰਦੀਆਂ ਹਨ। ਇੱਕ ਅਨੁਮਾਨ ਅਨੁਸਾਰ ਸੰਸਾਰ ਅੰਦਰ ਔਸਤਨ ਤੇਜ਼ਾਬ ਸੁੱਟਣ ਦੇ 1500 ਕੇਸ ਹਰ ਸਾਲ ਰਿਕਾਰਡ ਹੁੰਦੇ ਹਨ। ਭਾਰਤ ਵਿੱਚ ਪਿਛਲੇ ਦਸ ਸਾਲਾਂ ਦੌਰਾਨ 174 ਤੇਜ਼ਾਬ ਸੁੱਟਣ ਦੇ ਕੇਸ ਸਾਹਮਣੇ ਆਏ, ਜੋ ਸਰਕਾਰੀ ਫਾਈਲਾਂ ਦੇ ਨਾਲ ਸਮਾਜਿਕ ਚਿਹਰੇ-ਮੋਹਰੇ ਨੂੰ ਕਰੂਪ ਕਰਦੇ ਹਨ। ਮਜ਼ਦੂਰੀ ਕਰਦੀਆਂ ਔਰਤਾਂ ਬਲਕਿ ਹਰ ਜਗ੍ਹਾ, ਹਰ ਵਿਭਾਗ 'ਚ ਔਰਤਾਂ ਨਾਲ ਸਹਿਕਰਮੀ ਜਾਂ ਉੱਚ ਅਧਿਕਾਰੀ ਛੇੜਛਾੜ ਕਰਦੇ ਹਨ ਅਤੇ ਬਹੁਤ ਵਾਰ ਉਹ ਉਨ੍ਹਾਂ ਦੀ ਹਵਸ ਦਾ ਸ਼ਿਕਾਰ ਵੀ ਬਣਦੀਆਂ ਹਨ। ਸਾਡੇ ਸੂਬੇ ਵਿੱਚ ਔਰਤਾਂ ਨਾਲ ਹੁੰਦੀ ਦਰਿੰਦਗੀ ਦੀਆਂ ਘਟਨਾਵਾਂ ਦੀ ਗਵਾਹੀ ਕੌਮੀ ਅਪਰਾਧ ਰਿਕਾਰਡ ਬਿਊਰੋ ਦੇ ਅੰਕੜੇ ਭਰਦੇ ਹਨ। ਇਨ੍ਹਾਂ ਅੰਕੜਿਆਂ ਅਨੁਸਾਰ ਪੰਜਾਬ ਸੂਬੇ ਵਿੱਚ ਪ੍ਰਤੀ ਦਿਨ ਦੋ ਔਰਤਾਂ ਨਾਲ ਬਲਾਤਕਾਰ ਦੀਆਂ ਘਟਨਾਵਾਂ ਵਾਪਰੀਆਂ ਹਨ, ਸਾਲ 2020-21 ਵਿੱਚ 504 ਔਰਤਾਂ ਨਾਲ ਜਬਰ-ਜਨਾਹ ਤੇ 53 ਤੋਂ ਵੱਧ ਔਰਤਾਂ ਨਾਲ ਦਰਿੰਦਗੀ ਕਰਨ ਦੀ ਕੋਸ਼ਿਸ਼ ਕੀਤੀ ਗਈ। ਕੌਮੀ ਅਪਰਾਧ ਰਿਕਾਰਡ ਬਿਊਰੋ ਦੇ ਹੀ ਅੰਕੜੇ ਚੌਂਕਾਉਣ ਵਾਲੇ ਹਨ ਕਿ ਬਲਾਤਕਾਰ ਦੇ 94 ਫ਼ੀਸਦੀ ਦਰਜ ਮਾਮਲਿਆਂ ਵਿੱਚ ਦੋਸ਼ੀ ਪੀੜਤਾ ਦੇ ਕਰੀਬੀ ਸਨ, ਜਿਸ ਵਿੱਚ ਦਾਦਾ, ਭਰਾ ਜਾਂ ਪੁੱਤਰ ਤੱਕ ਵੀ ਸ਼ਾਮਲ ਸਨ। ਕੌਮੀ ਅਪਰਾਧ ਰਿਕਾਰਡ ਬਿਊਰੋ ਅਨੁਸਾਰ ਦੇਸ਼ ਅੰਦਰ ਸਾਲ 2010 ਤੋਂ ਬਾਅਦ ਬਲਾਤਕਾਰ ਮਾਮਲਿਆਂ 'ਚ 7.5 ਫ਼ੀਸਦੀ ਵਾਧਾ ਹੋਇਆ ਹੈ। ਜਬਰ-ਜਨਾਹ ਦਾ ਸ਼ਿਕਾਰ ਜ਼ਿਆਦਾਤਰ ਔਰਤਾਂ, ਜਿਨ੍ਹਾਂ ਦੀ ਉਮਰ 18 ਤੋਂ 30 ਸਾਲ ਹੈ, ਹਰ ਤੀਸਰੀ ਪੀੜਤਾ ਦੀ ਉਮਰ 18 ਸਾਲ ਤੋਂ ਘੱਟ ਹੈ। ਰਿਪੋਰਟ ਅਨੁਸਾਰ ਪੂਰੇ ਦੇਸ਼ ਵਿੱਚ ਬਲਾਤਕਾਰ ਦੇ 36859 ਮਾਮਲਿਆਂ ਵਿੱਚ ਬੱਚੀਆਂ ਜਾਂ ਔਰਤਾਂ ਦੇ ਜਿਸਮਾਨੀ ਸ਼ੋਸ਼ਣ ਵਿੱਚ ਮੁਲਜ਼ਮ ਜਾਣਕਾਰ ਪਾਏ ਗਏ ਹਨ। ਪਿਛਲੇ ਦੋ ਦਹਾਕਿਆਂ ਦੌਰਾਨ ਬਲਾਤਕਾਰ ਦੇ ਕੇਸਾਂ ਵਿੱਚ 30 ਫ਼ੀਸਦੀ ਵਾਧਾ ਹੋਇਆ ਹੈ। ਦੇਸ਼ ਵਿੱਚ ਹਰ ਰੋਜ਼ ਔਸਤਨ 92 ਬਲਤਾਕਾਰ ਦੇ ਕੇਸ ਦਰਜ ਹੁੰਦੇ ਹਨ, ਜਦਕਿ ਦਿੱਲੀ 'ਚ ਰੋਜ਼ਾਨਾ 4 ਜਬਰ-ਜਨਾਹ ਦੇ ਕੇਸ ਦਰਜ ਹੁੰਦੇ ਹਨ। ਦੁਨੀਆਂ ਦੇ ਦਸ ਦੇਸ਼ ਜਿੱਥੇ ਜਬਰ-ਜਿਨਾਹ ਜ਼ਿਆਦਾ ਹੁੰਦੇ ਹਨ, ਭਾਰਤ ਦਾ ਉਸ ਵਿੱਚ ਤੀਜਾ ਸਥਾਨ ਹੈ।

74ਵੇਂ ਗਣਤੰਤਰ ਦਿਵਸ ਤੋਂ ਕੁਝ ਦਿਨ ਪਹਿਲਾਂ ਪਟਿਆਲਾ ਜ਼ਿਲ੍ਹੇ ਦੇ ਬਲਬੇੜਾ ਕਸਬੇ ਵਿੱਚ ਇੱਕ ਵਿਆਹ ਸਮਾਗਮ ਦੀ ਸ਼ਾਮ ਨੂੰ ਅਨੁਸੂਚਿਤ ਜਾਤੀ ਦੀ 11 ਸਾਲਾ ਲੜਕੀ ਨਾਲ ਉੱਥੋਂ ਦੇ ਰਸੂਖ਼ਦਾਰ ਮੁੰਡਿਆਂ ਵੱਲੋਂ ਜਬਰ-ਜਨਾਹ ਦੀ ਮੰਦਭਾਗੀ ਘਟਨਾ ਨੂੰ ਅੰਜਾਮ ਦਿੱਤਾ ਜਾਂਦਾ ਹੈ। ਪੀੜਤ ਲੜਕੀ ਨੂੰ ਤਰਸਯੋਗ ਹਾਲਤ ਵਿੱਚ ਉਸ ਦੇ ਘਰ ਸਾਹਮਣੇ ਸੁੱਟਿਆ ਜਾਂਦਾ ਹੈ। ਇਸ ਦੌਰਾਨ ਉਨ੍ਹਾਂ ਰਸੂਖ਼ਦਾਰਾਂ ਦੀ ਲੜਕੀ ਦੇ ਪਰਵਾਰ ਨਾਲ ਹੱਥੋਪਾਈ ਵੀ ਹੁੰਦੀ ਹੈ। ਇਸ ਘਟਨਾ ਤੋਂ ਬਾਅਦ ਪ੍ਰਸ਼ਾਸਨ ਮੂਕ ਦਰਸ਼ਕ ਬਣਿਆ ਰਹਿੰਦਾ ਹੈ ਤੇ ਕੁਝ ਸਮਾਜ ਸੇਵੀ ਲੋਕਾਂ ਦੁਆਰਾ ਆਵਾਜ਼ ਬੁਲੰਦ ਕਰਨ 'ਤੇ ਹੀ ਪ੍ਰਸ਼ਾਸਨ ਗਹਿਰੀ ਨੀਂਦ 'ਚੋਂ ਜਾਗਦਾ ਹੈ ਤੇ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੰਦਾ ਹੈ।

ਵਿਚਾਰਨਯੋਗ ਪਹਿਲੂ ਇਹ ਹੈ ਕਿ ਕੀ ਇਸ ਗਰੀਬ ਧੀ ਨੂੰ ਵੀ ਇਨਸਾਫ ਮਿਲੇਗਾ ਜਾਂ ਫਿਰ ਹੋਰਨਾਂ ਹਜ਼ਾਰਾਂ ਕੇਸਾਂ ਵਾਂਗ ਪੁਲਸ ਦੀਆਂ ਫਾਈਲਾਂ 'ਚ ਕੈਦ ਹੋ ਕੇ ਰਹਿ ਜਾਵੇਗਾ। ਕੀ ਉਹ ਦਰਿੰਦੇ ਕਾਨੂੰਨ ਦੀ ਪਕੜ ਹੇਠਾਂ ਆਉਣਗੇ ਜਾਂ ਹੋਰਾਂ ਕੇਸਾਂ ਵਾਂਗ ਇਸ ਗਰੀਬ, ਲਾਚਾਰ ਦੀ ਇੱਜ਼ਤ ਦਾ ਜਨਾਜ਼ਾ ਵੀ ਉੱਠ ਜਾਵੇਗਾ । ਇਨ੍ਹਾਂ ਸਵਾਲਾਂ ਦੇ ਜਵਾਬ ਅਜੇ ਵੀ ਭਵਿੱਖ ਦੀ ਗੋਦ 'ਚ ਹਨ, ਪਰ ਔਰਤਾਂ ਦੀ ਸੁਰੱਖਿਆ ਦਾ ਸਵਾਲ ਸਮਾਜ, ਪ੍ਰਸ਼ਾਸਨ ਵੱਲ ਮੂੰਹ ਅੱਡ ਕੇ ਜਵਾਬ ਦੀ ਉਡੀਕ ਕਰ ਰਿਹਾ ਹੈ।

ਇਸ ਮੰਦਭਾਗੀ ਘਟਨਾ ਨੇ ਅਤੀਤ ਦੇ ਜ਼ਖਮ ਹਰੇ ਕਰ ਦਿੱਤੇ ਹਨ। ਮਾਨਸਾ ਜ਼ਿਲ੍ਹੇ ਦੇ ਪਿੰਡ ਬੁਰਜ ਝੱਬਰ ਦਾ ਬੰਤ ਸਿੰਘ ਝੱਬਰ ਕਿਸੇ ਜਾਣ-ਪਛਾਣ ਦਾ ਮੁਥਾਜ਼ ਨਹੀ ਹੈ। ਉਸ ਦੀ ਨਾਬਾਲਗ ਲੜਕੀ ਨਾਲ ਸੰਨ 2002 ਵਿੱਚ ਉਸ ਦੇ ਹੀ ਪਿੰਡ ਦੇ ਅਖੌਤੀ ਉੱਚ ਜਾਤੀ ਦੇ ਕੁਝ ਲੋਕਾਂ ਨੇ ਬਲਾਤਕਾਰ ਕੀਤਾ ਸੀ। ਇਸ ਦਰਿੰਦਗੀ ਦਾ ਝੱਬਰ ਨੇ ਡਟ ਕੇ ਵਿਰੋਧ ਕੀਤਾ ਸੀ ਤਾਂ ਰਸੂਖ਼ਦਾਰਾਂ ਨੇ ਉਸ ਨੂੰ ਸ਼ਿਕਾਇਤ ਵਾਪਸ ਲੈਣ ਲਈ ਬਹੁਤ ਦਬਾਅ ਪਾਇਆ, ਪਰ ਉਹ ਨਿਡਰ ਯੋਧਾ ਘਬਰਾਇਆ ਨਹੀਂ। ਜਨਵਰੀ 2006 ਵਿੱਚ ਸ਼ਹਿਰ ਤੋਂ ਵਾਪਸ ਆਉਂਦੇ ਸਮੇ ਉਕਤ ਦੋਸ਼ੀਆਂ ਨੇ ਉਸ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਉਸ ਦੀ ਬੁਰੀ ਤਰ੍ਹਾਂ ਮਾਰਕੁਟਾਈ ਕੀਤੀ, ਜਿਸ ਕਰਕੇ ਇਲਾਜ ਦੌਰਾਨ ਉਸ ਦੀਆਂ ਦੋਵੇਂ ਬਾਹਾਂ ਅਤੇ ਇੱਕ ਲੱਤ ਮਜਬੂਰੀਵਸ ਕੱਟਣੀ ਪਈ।

ਜਬਰ-ਜਨਾਹ ਦੇ ਬਹੁਤੇ ਕੇਸ ਪਿਛਲੇ ਵੀਹ ਸਾਲਾਂ ਤੋਂ ਲਟਕੇ ਹੋਏ ਹਨ ਅਤੇ ਕਾਨੂੰਨ ਨਾਲ ਸੰਬੰਧਤ ਲੋਕ ਅਜੇ ਵੀ ਕਾਨੂੰਨ ਦੀਆਂ ਬਾਰੀਕੀਆਂ ਦਾ ਲਾਹਾ ਦੋਸ਼ੀਆਂ ਨੂੰ ਦਿਵਾ ਰਹੇ ਹਨ। ਬਲਾਤਕਾਰ ਦੇ ਕੇਸਾਂ 'ਚ ਕਾਨੂੰਨ ਦੀ ਸਖ਼ਤੀ ਉਦੋਂ ਤੱਕ ਸਾਰਥਿਕ ਸਿੱਧ ਨਹੀ ਹੋ ਸਕਦੀ, ਜਦ ਤੱਕ ਲੋਕਾਂ ਦੀ ਮਾਨਸਿਕਤਾ ਨਹੀ ਬਦਲਦੀ। ਅਜੋਕੇ ਸਖ਼ਤ ਕਾਨੂੰਨ ਦੀ ਆੜ ਹੇਠ ਸ਼ੱਕੀ ਔਰਤਾਂ ਅਤੇ ਖ਼ੁਦਗਰਜ਼ ਲੋਕਾਂ ਨੇ ਆਪਣੇ ਸੌੜੇ ਹਿੱਤ ਪੂਰੇ ਹਨ। ਇਸ ਪਹਿਲੂ 'ਤੇ ਵੀ ਕਾਨੂੰਨਸਾਜ਼ ਜ਼ਰੂਰ ਧਿਆਨ ਦੇਣ।

ਇਸ ਮੰਦਭਾਗੇ ਵਰਤਾਰੇ ਦੇ ਕਾਰਨ ਬਹੁਤ ਜ਼ਿਆਦਾ ਹਨ, ਜਿਸ 'ਚ ਮੁੱਖ ਤੌਰ 'ਤੇ ਨਸ਼ੇ, ਬੇਰੁਜ਼ਗਾਰੀ, ਮਾਪਿਆਂ ਦੀ ਅਣਗਹਿਲੀ, ਇੰਟਰਨੈੱਟ ਦੀ ਦੁਰਵਰਤੋਂ ਅਤੇ ਕਈ ਸਮਾਜਿਕ ਕਾਰਨ ਹਨ, ਜੋ ਲੋਕਾਂ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਘਿਨੌਣੇ ਕੰਮ ਲਈ ਪ੍ਰੇਰਦੇ ਹਨ। ਮਨੋਰੰਜਨ ਇੰਡਸਟਰੀ ਨੇ ਨੈਤਿਕ ਕਦਰਾਂ-ਕੀਮਤਾਂ ਨੂੰ ਤਿਲਾਂਜਲੀ ਦੇ ਦਿੱਤੀ ਹੈ। ਅਜੋਕਾ ਸਿਨੇਮਾ ਆਪਣੀ ਜ਼ਿੰਮੇਵਾਰੀ ਭੁੱਲ ਚੁੱਕਾ ਹੈ ਤੇ ਮੁਨਾਫ਼ੇ ਲਈ ਅਸ਼ਲੀਲਤਾ ਪਰੋਸ ਰਿਹਾ ਹੈ।

ਅਜੋਕੇ ਸਮੇਂ ਅੰਦਰ ਸਮਾਜ ਅਤੇ ਸਰਕਾਰਾਂ ਨੂੰ ਅਜਿਹੇ ਪ੍ਰਬੰਧ ਕਰਨ ਦੀ ਲੋੜ ਹੈ, ਤਾਂ ਜੋ ਕਿਸੇ ਦੀ ਆਬਰੂ ਤਾਰ-ਤਾਰ ਨਾ ਹੋਵੇ। ਸ਼ੱਕੀ ਔਰਤਾਂ 'ਤੇ ਲਗਾਮ ਕੱਸੀ ਜਾਵੇ, ਬੇਕਸੂਰਾਂ ਦੀ ਜਗ੍ਹਾ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦਿੱਤੀ ਜਾਵੇ। ਬਹੁਤੇ ਦੇਸ਼ਾਂ 'ਚ ਸਜ਼ਾ ਦੇ ਤੌਰ 'ਤੇ ਦੋਸ਼ੀਆਂ ਨੂੰ ਮੌਤ ਦੇ ਘਾਟ ਉਤਾਰਿਆ ਜਾਂਦਾ ਹੈ। ਕਈ ਦੇਸ਼ਾਂ ਵਿੱਚ ਕੈਮੀਕਲ ਤੇ ਸਰਜੀਕਲ ਵਿਧੀਆਂ ਦੀ ਵਰਤੋਂ ਕੀਤੀ ਜਾਂਦੀ ਹੈ। ਸਜ਼ਾ ਦੇ ਨਾਲ ਸਮਾਜਿਕ ਕਦਰਾਂ-ਕੀਮਤਾਂ ਨੂੰ ਸਿੱਖਿਆ ਪ੍ਰਣਾਲੀ 'ਚ ਸ਼ਾਮਲ ਕੀਤਾ ਜਾਵੇ ਅਤੇ ਇਸ ਦੀ ਜਗ੍ਹਾ ਲੋਕਾਂ ਦੇ ਦਿਲ ਦਿਮਾਗ 'ਚ ਬਣਾਈ ਜਾਵੇ। ਸਾਨੂੰ ਆਪਣੇ ਪੁਰਖਿਆਂ ਦੀ ਉਹ ਰੀਤ ਕਾਇਮ ਕਰਨੀ ਹੋਵੇਗੀ ਜੋ ਉਹ ਅਹਿਮਦ ਸ਼ਾਹ ਅਬਦਾਲੀ ਅੱਗੇ ਲੋਕਾਂ ਦੀਆਂ ਧੀਆਂ-ਭੈਣਾਂ ਦੀ ਇੱਜ਼ਤ ਦੀ ਰਾਖੀ ਲਈ ਅੜ ਸਕਦੇ ਸਨ ਤਾਂ ਸਾਨੂੰ ਵੀ ਉਹ ਕਦਮ ਜ਼ਰੂਰ ਚੁੱਕਣਾ ਚਾਹੀਦਾ ਹੈ। ਔਰਤਾਂ ਵੀ ਆਪਣੇ ਗਿਆਨ, ਚਰਿੱਤਰ ਨੂੰ ਉੱਚਾ ਰੱਖਣ ਤੇ ਹਰ ਚੁਣੌਤੀ ਦਾ ਡਟਵਾਂ ਮੁਕਾਬਲਾ ਕਰਨ ਲਈ ਲਾਮਬੰਦ ਹੋਣ, ਫਿਰ ਹੀ ਸਾਰੀਆਂ ਵਧੀਕੀਆਂ ਦਾ ਅੰਤ ਹੋ ਸਕਦਾ ਹੈ।

*#ਸੰਪਰਕ: 95173-96001*

# ਮੋਬਾਇਲ ਦੀ ਵਰਤੋਂ ਜ਼ਰੂਰਤ ਅਨੁਸਾਰ ਕਰੋ

**ਕਰਨੈਲ ਸਿੰਘ ਐੱਮ ਏ**

ਅੱਜ-ਕੱਲ੍ਹ ਮੋਬਾਇਲ ਤੋਂ ਬਿਨਾਂ ਰਿਹਾ ਜਾ ਸਕਦਾ ਹੈ ਜਾਂ ਨਹੀਂ, ਇਹ ਤੁਸੀਂ ਆਪ ਹੀ ਦੱਸਣਾ । ਇਹ ਤੁਹਾਡੇ 'ਤੇ ਨਿਰਭਰ ਕਰਦਾ ਹੈ। ਅੱਜ ਜੇਕਰ ਘਰ ਦੇ ਚਾਰ ਮੈਂਬਰ ਹਨ ਤਾਂ ਹਰੇਕ ਕੋਲ ਵੱਖਰਾ-ਵੱਖਰਾ ਮੋਬਾਇਲ ਹੈ । ਕਈ ਨੌਜਵਾਨਾਂ ਕੋਲ ਤਾਂ ਦੋ-ਦੋ, ਤਿੰਨ-ਤਿੰਨ ਮੋਬਾਇਲ ਹੁੰਦੇ ਹਨ । ਬਿਜ਼ਨਸ ਦੇ ਅਨੁਸਾਰ ਉਹਨਾਂ ਨੂੰ ਲੋੜ ਵੀ ਵਧੇਰੇ ਹੁੰਦੀ ਹੈ, ਪਰ ਕਈ ਤਾਂ ਦਿਖਾਵੇ ਲਈ ਹੀ ਦੋ ਮੋਬਾਇਲ ਰੱਖਦੇ ਹਨ । ਅੱਜ-ਕੱਲ੍ਹ ਨਿੱਕੇ-ਨਿੱਕੇ ਬੱਚੇ ਮੋਬਾਇਲ 'ਤੇ ਗੇਮਾਂ ਖੇਡਣ ਵਿੱਚ ਪੂਰੇ ਮਾਹਰ ਹਨ । ਬੱਚੇ ਰੋਟੀ ਖਾਣੀ ਭੁੱਲ ਜਾਣਗੇ, ਪਰ ਮੋਬਾਇਲ 'ਤੇ ਗੇਮਾਂ ਖੇਡਣ, ਕਾਰਟੂਨ ਦੇਖਣਾ ਨਹੀਂ ਭੁੱਲਦੇ । ਬੱਚਿਆਂ ਨੂੰ ਮੋਬਾਇਲ ਤੋਂ ਦੂਰ ਹੀ ਰੱਖਿਆ ਜਾਵੇ ਤਾਂ ਚੰਗਾ। ਜੇਕਰ ਬੱਚਿਆਂ ਨੂੰ ਮੋਬਾਇਲ ਦੇਣਾ ਵੀ ਪਵੇ ਤਾਂ ਪੰਜ-ਸੱਤ ਮਿੰਟ ਲਈ ਹੀ ਦਿਓ ।

ਅੱਜ ਮਾਂ-ਬਾਪ ਬੱਚਿਆਂ ਨਾਲ ਗੱਲਾਂ ਕਰਨ ਲਈ ਘਰ ਵਿੱਚ ਥਾਂ ਨਹੀਂ ਦਿੰਦੇ, ਇਹ ਉਹਨਾਂ ਦੀ ਬਹੁਤ ਵੱਡੀ ਗ਼ਲਤੀ ਹੈ। ਬੱਚਿਆਂ ਨੂੰ ਘਰ ਵਿੱਚ ਸਮਾਂ ਦਿਓ ਤੇ ਉਹਨਾਂ ਦੀਆਂ ਗੱਲਾਂ ਧਿਆਨ ਨਾਲ ਸੁਣੋ। ਜੇਕਰ ਤੁਸੀਂ ਬੱਚੇ ਨੂੰ ਮੋਬਾਇਲ ਤੋਂ ਦੂਰ ਰੱਖਣਾ ਚਾਹੁੰਦੇ ਹੋ ਤਾਂ ਸਾਲ-ਦੋ ਸਾਲ ਦੇ ਬੱਚੇ ਨੂੰ ਸ਼ੁਰੂ ਤੋਂ ਹੀ ਮੋਬਾਇਲ ਨਾ ਦਿਓ, ਉਸ ਨੂੰ ਖੇਡਣ-ਕੁੱਦਣ ਤੇ ਹੋਰ ਕੰਮਾਂ ਲਈ ਉਸ ਨਾਲ ਸਮਾਂ ਗੁਜ਼ਾਰੋ।

ਅੱਜ ਨੌਜਵਾਨ ਪੀੜ੍ਹੀ ਮੋਬਾਇਲ ਦਾ ਜ਼ਿਆਦਾਤਰ ਗ਼ਲਤ ਇਸਤੇਮਾਲ ਕਰ ਰਹੀ ਹੈ । ਉਹਨਾਂ ਨੂੰ ਮੋਬਾਇਲ ਤੋਂ ਇਲਾਵਾ ਹੋਰ ਕੁਝ ਚੰਗਾ ਨਹੀਂ ਲੱਗਦਾ। ਇੱਥੋਂ ਤੱਕ ਕਿ ਉਹ ਮਾਂ-ਬਾਪ ਦੀ ਕੋਈ ਗੱਲ ਵੀ ਸੁਣਨ ਲਈ ਤਿਆਰ ਨਹੀਂ ਹਨ। ਨੌਜਵਾਨ ਬੱਚਿਆਂ (ਲੜਕੇ-ਲੜਕੀਆਂ) ਨੂੰ ਅੱਜ ਜੇਕਰ ਪੂਜਾ-ਪਾਠ ਭਜਨ-ਬੰਦਗੀ, ਧਾਰਮਿਕ ਸਮਾਗਮ ਜਾਂ ਗੁਰਦੁਆਰਾ ਸਾਹਿਬ ਜਾਣ ਲਈ ਕਹੋ ਤਾਂ ਉਹਨਾਂ ਦਾ ਜਵਾਬ ਨਾਂਹ ਵਿੱਚ ਹੁੰਦਾ ਹੈ। ਜੇਕਰ ਤੁਸੀਂ ਬੱਚਿਆਂ ਨੂੰ ਜਪੁਜੀ ਸਾਹਿਬ ਦਾ ਪਾਠ ਕਰਨ ਲਈ ਕਹੋ ਤਾਂ ਉਹ ਕਹਿਣਗੇ, ਠਹਿਰ ਕੇ ਕਰ ਲਵਾਂਗੇ ਕਿਉਂਕਿ ਉਹ ਮੋਬਾਇਲ ਵਿੱਚ ਇੰਨੇ ਗ੍ਰਸੇ ਜਾ ਚੁੱਕੇ ਹਨ। ਸਾਡੀ ਨੌਜਵਾਨ ਪੀੜ੍ਹੀ ਨੂੰ ਅੱਜ ਪਤਾ ਨਹੀਂ ਕੀ ਹੋ ਗਿਆ ਹੈ। 60 ਸਾਲ ਤੋਂ ਲੈ ਕੇ 80-90, ਸੌ ਸਾਲ ਤੱਕ ਦੇ ਬਜ਼ੁਰਗ ਮੋਬਾਇਲ ਨੂੰ ਸਿਰਫ ਫੋਨ ਕਰਨ ਤੇ ਸੁਣਨ ਲਈ ਇਸਤੇਮਾਲ ਕਰਦੇ ਹਨ। ਮੋਬਾਇਲ ਦੇ ਕਾਰਨ ਹੀ ਅੱਜ ਅਗਵਾ ਲੁੱਟ-ਖੋਹ, ਚੋਰੀ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੱਤਾ ਜਾ ਰਿਹਾ ਹੈ। ਮੋਬਾਇਲ ਨੇ ਤਾਂ ਬੱਚੇ ਤੋਂ ਲੈ ਕੇ ਵੱਡਿਆਂ ਤੱਕ ਨੂੰ ਝੂਠ ਬੋਲਣ ਲਾ ਦਿੱਤਾ ਹੈ। ਮੋਬਾਇਲ ਦੇ ਜ਼ਰੀਏ ਹੀ ਪੁਲਿਸ ਨੇ ਕਈ ਅਪਰਾਧੀ ਫੜੇ ਹਨ।

ਇਹ ਠੀਕ ਹੈ ਅੱਜ ਮੋਬਾਇਲ ਦਾ ਯੁੱਗ ਆ ਗਿਆ ਹੈ ਪਰ ਇਸ ਦੀ ਨਜ਼ਾਇਜ ਵਰਤੋਂ ਨਹੀਂ ਕਰਨੀ ਚਾਹੀਦੀ। ਅੱਜ ਰਿਕਸ਼ੇ ਵਾਲਾ, ਸ਼ਬਜ਼ੀ ਵਾਲਾ, ਛੋਲੇ ਕੁਲਚੇ ਵੇਚਣ ਵਾਲਾ, ਰੇਹੜੀ ਵਾਲਾ, ਦਿਹਾੜੀਦਾਰ, ਮਜ਼ਦੂਰ, ਵਪਾਰੀ, ਕਰਮਚਾਰੀ ਹਰ ਇੱਕ ਕੋਲ ਮੋਬਾਇਲ ਹੈ। ਇਸ ਬਿਨਾਂ ਕਈਆਂ ਦਾ ਗੁਜ਼ਾਰਾ ਹੀ ਨਹੀਂ, ਕਈ ਤਾਂ ਬਿਨਾਂ ਕਿਸੇ ਮਤਲਬ ਦੇ ਹੀ ਐੱਸ. ਐੱਮ.ਐੱਸ ਜਾਂ ਅਸ਼ਲੀਲ ਫਿਲਮਾਂ ਲੋਡ ਕਰਕੇ ਸਮਾਂ ਬਤੀਤ ਕਰਦੇ ਹਨ। ਤੁਸੀਂ ਕਦੇ ਬਜ਼ਾਰ ਵਿੱਚ ਵੀ ਦੇਖਿਆ ਹੋਵੇਗਾ ਕਿ ਜੇਕਰ ਦੁਕਾਨਦਾਰ ਕੋਲ ਗਾਹਕ ਹੈ ਤਾਂ ਉਹ ਉਸ ਨੂੰ ਅਟੈਂਡ ਕਰੇਗਾ, ਉਸ ਨੂੰ ਜਿਸ ਵਸਤੂ ਦੀ ਜ਼ਰੂਰਤ ਹੈ, ਉਹ ਮੋਬਾਇਲ ਵੇਖਣ ਜਾਂ ਕੋਈ ਗਾਣਾ, ਸ਼ਬਦ ਸੁਣਨ ਵਿੱਚ ਮਸਤ ਹੋ ਜਾਵੇਗਾ। ਦਫ਼ਤਰਾਂ, ਵਪਾਰਕ ਅਦਾਰਿਆਂ, ਸਕੂਲਾਂ, ਕਾਲਜਾਂ, ਮੰਦਰਾਂ, ਗੁਰਦੁਆਰਿਆਂ ਵਿੱਚ ਜਿੱਧਰ ਵੀ ਨਜ਼ਰ ਮਾਰੋ, ਤੁਹਾਨੂੰ ਮੋਬਾਇਲ ਦੇਖਦੇ ਹੀ ਬੱਚੇ, ਨੌਜਵਾਨ ਤੇ ਵਡੇਰੀ ਉਮਰ ਦੇ ਵਿਅਕਤੀ ਮਿਲਣਗੇ।

ਕਈ ਵਾਰ ਜੇਕਰ ਬੱਚਾ ਰੋਂਦਾ ਹੋਵੇ ਤਾਂ ਉਸ ਨੂੰ ਚੁੱਪ ਕਰਵਾਉਣ ਲਈ ਮੋਬਾਇਲ ਦੇ ਦਿੱਤਾ ਜਾਂਦਾ ਹੈ। ਬੱਚੇ ਨੂੰ ਰੋਟੀ ਖਾਣ, ਦੁੱਧ ਪੀਣ, ਜੂੜਾ ਕਰਾਉਣ ਲਈ ਮਾਂ ਮੋਬਾਇਲ ਦੇ ਦਿੰਦੀ ਹੈ। ਜੇਕਰ ਮਾਂ ਨੇ ਆਪਣਾ ਸੀਰੀਅਲ ਟੀ ਵੀ 'ਤੇ ਵੇਖਣਾ ਹੋਵੇ ਤਾਂ ਬੱਚੇ ਨੂੰ ਮੋਬਾਇਲ ਦੇ ਦਿੰਦੀ ਹੈ ਕਿ ਬੱਚਾ ਉਸ ਨੂੰ ਵਾਰ-ਵਾਰ ਬੁਲਾ ਕੇ ਜਾਂ ਰੋ ਕੇ ਉਸ ਦੇ ਸੀਰੀਅਲ ਵੇਖਣ ਵਿੱਚ ਵਿਘਨ ਨਾ ਪਾਵੇ। ਇਹ ਛੋਟੀਆਂ -ਛੋਟੀਆਂ ਗੱਲਾਂ ਕਰਕੇ ਹੀ ਮਾਂ ਬੱਚੇ ਨੂੰ ਵਿਗਾੜ ਦਿੰਦੀ ਹੈ।

**ਲਾਭ:—**

* ਮੋਬਾਇਲ ਤੋਂ ਚੰਗੀਆਂ ਗੱਲਾਂ ਹੀ ਗ੍ਰਹਿਣ ਕਰੋ।

* ਮੋਬਾਇਲ ਤੋਂ ਗੁਰਬਾਣੀ ਕੀਰਤਨ, ਪਾਠ ਸੁਣਨ ਸਮੇਂ ਹੀ ਇਸ ਦਾ ਇਸਤੇਮਾਲ ਕਰੋ।

* ਆਨਲਾਈਨ ਖਰੀਦਦਾਰੀ ਦੇ ਬਹੁਤ ਵਧੀਆ ਮੌਕੇ ਉਪਲੱਬਧ ਹੁੰਦੇ ਹਨ, ਜਿਸ ਦੀ ਵਰਤੋਂ ਕਰਕੇ ਸਮੇਂ ਤੇ ਪੈਸੇ ਦੀ ਬਚਤ ਕਰ ਸਕਦੇ ਹਾਂ।

* ਹੁਣ ਸਾਨੂੰ ਬਿੱਲ ਅਦਾਇਗੀ ਲਈ ਲੰਮੀਆਂ ਲਾਈਨਾਂ ਵਿੱਚ ਖੜ੍ਹੇ ਹੋਣ ਦੀ ਲੋੜ ਨਹੀਂ ਪੈਂਦੀ, ਅਸੀਂ ਘਰ ਬੈਠੇ ਹੀ ਮਿੰਟਾਂ-ਸਕਿੰਟਾਂ ਵਿੱਚ ਬਿੱਲ ਭਰ ਸਕਦੇ ਹਾਂ।

* ਬਜ਼ਾਰ ਵਿੱਚ ਖਰੀਦਦਾਰੀ ਕਰਨ ਲਈ ਸਾਨੂੰ ਨੋਟਾਂ (ਰੁਪਈਆਂ) ਦੀਆਂ ਗੁੱਟੀਆਂ ਚੁੱਕਣ ਦੀ ਲੋੜ ਨਹੀਂ ਪੈਂਦੀ। ਦੁਕਾਨ ਤੋਂ ਸਮਾਨ ਖਰੀਦ ਕਰਕੇ ਅਸੀਂ ਗੂਗਲ ਪੇਅ ਰਾਹੀਂ ਪੇਮੈਂਟ ਅਦਾ ਕਰ ਸਕਦੇ ਹਾਂ। ਖੁੱਲ੍ਹੇ ਪੈਸਿਆਂ ਦਾ ਵੀ ਕੋਈ ਰੌਲਾ ਨਹੀਂ ਪੈਂਦਾ।

* ਗੂਗਲ ਪੇਅ ਦੀ ਵਰਤੋਂ ਛੋਟੀ ਤੋਂ ਛੋਟੀ ਦੁਕਾਨ ਤੋਂ ਲੈ ਕੇ ਵੱਡੀ ਤੋਂ ਵੱਡੀ ਦੁਕਾਨ ਤੱਕ ਹੁੰਦੀ ਹੈ।

* ਹੁਣ ਬੱਚਿਆਂ ਨੂੰ ਟਿਊਸ਼ਨਾਂ ਪੜ੍ਹਨ ਵਾਸਤੇ ਬਾਹਰ ਜਾਣ ਦੀ ਲੋੜ ਨਹੀਂ ਪੈਂਦੀ । ਉਹ ਆਨਲਾਈਨ ਕਲਾਸਾਂ ਰਾਹੀਂ ਘਰ ਬੈਠੇ ਹੀ ਪੜ੍ਹਾਈ ਕਰ ਸਕਦੇ ਹਨ । ਜਿੱਥੇ ਉਹਨਾਂ ਨੂੰ ਅਲੱਗ-ਅਲੱਗ ਐਪਸ ਰਾਹੀਂ ਪੜ੍ਹਾਈ ਹੁੰਦੀ ਹੈ, ਜਿਸ ਦੀ ਉਹ ਵਰਤੋਂ ਕਰ ਸਕਦੇ ਹਨ। ਇੱਥੋਂ ਤੱਕ ਕਿ ਸਕੂਲਾਂ ਦੀਆਂ ਕਲਾਸਾਂ ਵੀ ਬਹੁਤ ਵਾਰ ਆਨਲਾਈਨ ਲਗਾਈਆਂ ਜਾਂਦੀਆਂ ਹਨ । ਜਿਵੇਂ ਕਿ ਕੋਰੋਨਾ ਕਾਲ ਸਮੇਂ ਬੱਚਿਆਂ ਨੇ ਇਸ ਦੀ ਵਰਤੋਂ ਕਰਕੇ ਆਪਣੇ ਦੋ ਸਾਲ ਖ਼ਰਾਬ ਹੋਣ ਤੋਂ ਬਚਾਏ।

* ਆਨਲਾਈਨ ਬਹੁਤ ਸਾਰੀਆਂ ਅਜਿਹੀਆਂ ਖੇਡਾਂ ਖਿਡਾਈਆਂ ਜਾਂਦੀਆਂ ਹਨ, ਜਿਸ ਦੀ ਵਰਤੋਂ ਕਰਕੇ ਬੱਚੇ ਦਿਮਾਗ਼ ਨੂੰ ਤੇਜ਼ ਕਰਦੇ ਹਨ। ਇਹ ਖੇਡਾਂ ਛੋਟੇ ਬੱਚਿਆਂ ਤੋਂ ਲੈ ਕੇ ਵੱਡੇ ਬੱਚਿਆਂ ਤੱਕ ਹਰ ਉਮਰ ਦੇ ਲੋਕਾਂ ਲਈ ਹਨ।

* ਫੇਸਬੁਕ ਅਤੇ ਇੰਸਟਾਗ੍ਰਾਮ 'ਤੇ ਅਸੀਂ ਆਪਣੇ ਦੋਸਤਾਂ-ਮਿੱਤਰਾਂ ਨਾਲ ਜੁੜੇ ਰਹਿੰਦੇ ਹਾਂ ਅਤੇ ਉਹਨਾਂ ਨਾਲ ਖ਼ੁਸ਼ੀਆਂ-ਗ਼ਮੀਆਂ ਦੇ ਮੌਕੇ ਸਾਂਝੇ ਕਰਦੇ ਰਹਿੰਦੇ ਹਾਂ।

* ਨਿਊਜ਼ ਐਪਸ ਰਾਹੀਂ ਸਾਨੂੰ ਸੰਸਾਰ ਦੇ ਕਿਸੇ ਵੀ ਕੋਨੇ ਦੀ ਖ਼ਬਰ ਮਿੰਟਾਂ-ਸਕਿੰਟਾਂ ਵਿੱਚ ਟੀ ਵੀ ਅਤੇ ਅਖ਼ਬਾਰ ਤੋਂ ਪਹਿਲਾਂ ਮਿਲ ਜਾਂਦੀ ਹੈ।

* ਅੱਜ-ਕੱਲ੍ਹ ਬਹੁਤ ਸਾਰੇ ਇਮਤਿਹਾਨ ਵੀ ਆਨਲਾਈਨ ਹੁੰਦੇ ਹਨ । ਬਹੁਤ ਸਾਰੀਆਂ ਪ੍ਰਾਈਵੇਟ ਕੰਪਨੀਆਂ ਵਿੱਚ ਕੰਮ ਕਰਨ ਵਾਲੇ ਮੁਲਾਜ਼ਮ ਮੋਬਾਇਲ ਰਾਹੀਂ ਕੰਮ ਕਰਕੇ ਲੱਖਾਂ ਰੁਪਏ ਕਮਾ ਕੇ ਆਪਣੇ ਪਰਵਾਰਾਂ ਦਾ ਪਾਲਣ-ਪੋਸ਼ਣ ਕਰ ਰਹੇ ਹਨ।

* ਸਮੇਂ ਦੀ ਘਾਟ ਹੋਣ ਕਾਰਨ ਬਹੁਤ ਸਾਰੀਆਂ ਯੂਨੀਵਰਸਿਟੀਆਂ ਤੋਂ ਵਿਦਿਆਰਥੀ ਆਨਲਾਈਨ ਕਲਾਸਾਂ ਲਗਾ ਕੇ ਉਚੇਰੀ ਸਿੱਖਿਆ ਹਾਸਲ ਕਰ ਰਹੇ ਹਨ।

**ਹਾਨੀਆਂ-**

* ਜ਼ਿਆਦਾ ਦੇਰ ਤੱਕ ਮੋਬਾਇਲ ਨਾ ਦੇਖੋ।

* ਮੋਬਾਇਲ ਨੂੰ ਲਗਾਤਾਰ ਤੇ ਜ਼ਿਆਦਾ ਲੰਮਾ ਸਮਾਂ ਦੇਖਣ ਨਾਲ ਸਿਰ ਦਰਦ ਹੋਣ ਲੱਗ ਜਾਂਦਾ ਹੈ।

* ਇਸ ਨਾਲ ਦਿਮਾਗ਼ ਦੀਆਂ ਨਸਾਂ (ਨਾੜੀਆਂ) ਕਮਜ਼ੋਰ ਹੋ ਜਾਂਦੀਆਂ ਹਨ।

* ਮੋਬਾਇਲ ਨੂੰ ਕਦੇ ਵੀ ਲੰਮੇ ਪੈ ਕੇ ਨਾ ਦੇਖੋ।

* ਮੋਬਾਇਲ ਦੇਖਣ ਸਮੇਂ ਕਦੇ ਵੀ ਅੱਖਾਂ ਦੇ ਨੇੜੇ ਕਰਕੇ ਨਾ ਦੇਖੋ।

* ਮੋਬਾਇਲ ਨੂੰ ਸ਼ਰਟ ਜਾਂ ਕਮੀਜ਼ ਦੀ ਜੇਬ ਵਿੱਚ ਕਦੇ ਨਾ ਪਾਉ।

* ਮੋਬਾਇਲ ਦਾ ਗਾਰਡ ਟੁੱਟ ਜਾਣ ਤੇ ਤੁਰੰਤ ਨਵਾਂ ਗਾਰਡ ਪਵਾ ਲਉ ਤਾਂ ਕਿ ਸਕਰੀਨ ਸੁੱਰਖਿਅਤ ਰਹੇ।

* ਕਾਰ, ਸਕੂਟਰ, ਮੋਟਰ ਸਾਈਕਲ, ਬੱਸ, ਟਰੱਕ ਚਲਾਉਂਦੇ ਸਮੇਂ ਮੋਬਾਇਲ ਸੁਣਨ ਤੇ ਕਰਨ ਤੋਂ ਪ੍ਰਹੇਜ਼ ਕਰੋ।

* ਜੇਕਰ ਫੋਨ ਕਰਨਾ ਜਾਂ ਸੁਣਨਾ ਹੋਵੇ ਤਾਂ ਵਹੀਕਲ ਨੂੰ ਇੱਕ ਪਾਸੇ ਰੋਕ ਕੇ ਹੀ ਫੋਨ ਕਰੋ ਜਾਂ ਸੁਣੋ।

* ਵਹੀਕਲ ਚਲਾਉਂਦੇ ਸਮੇਂ ਹੈੱਡਫੋਨ ਨਾ ਲਗਾਉ ਕਿਉਂਕਿ ਤੁਸੀਂ ਮੋਬਾਇਲ ਤੋਂ ਗਾਣੇ, ਸ਼ਬਦ ਜਾਂ ਕਿਸੇ ਨਾਲ ਗੱਲ ਸੁਣਨ ਵਿੱਚ ਰੁੱਝੇ ਹੁੰਦੇ ਹੋ। ਪਿੱਛੇ ਤੋਂ ਵਹੀਕਲ ਜੋ ਹਾਰਨ ਵਜਾ ਰਿਹਾ ਹੋਵੇਗਾ, ਉਹ ਤੁਹਾਨੂੰ ਸੁਣਾਈ ਨਹੀਂ ਦੇਵੇਗਾ । ਇਸ ਲਈ ਡਰਾਈਵਿੰਗ ਕਰਦੇ ਸਮੇਂ ਕਦੇ ਵੀ ਹੈੱਡਫੋਨ ਨਾ ਲਗਾਉ ।

ਕਈ ਔਰਤਾਂ ਮੋਬਾਇਲ ਨਾਲ ਸ਼ੌਕ ਪੂਰਾ ਕਰਦੀਆਂ ਹਨ, ਚਾਹੇ ਉਹਨਾਂ ਲਈ ਮੋਬਾਇਲ ਜ਼ਰੂਰੀ ਨਾ ਹੀ ਹੋਵੇ । ਕਈ ਲੋਕ ਦੇਖਾ-ਦੇਖੀ ਭਾਵ ਰੀਸ ਨਾਲ ਮੋਬਾਇਲ ਲੈਂਦੇ ਹਨ । ਖੈਰ! ਕੁਝ ਵੀ ਹੋਵੇ, ਮੋਬਾਇਲ ਤੋਂ ਬਿਨਾਂ ਅੱਜ ਦੇ ਯੁੱਗ ਵਿੱਚ ਗੁਜ਼ਾਰਾ ਕਿਸੇ ਦਾ ਨਹੀਂ ਹੁੰਦਾ । ਔਰਤਾਂ ਆਪਣੀਆਂ ਸਹੇਲੀਆਂ, ਰਿਸ਼ਤੇਦਾਰਾਂ, ਭੈਣਾਂ-ਭਰਾਵਾਂ ਆਦਿ ਨਾਲ ਫੋਨ 'ਤੇ ਗੱਲਾਂ ਕਰਦੀਆਂ ਹਨ। ਬੱਚੇ ਆਪਣੇ ਯਾਰਾਂ-ਦੋਸਤਾਂ ਨਾਲ ਤੇ ਵੱਡੀ ਉਮਰ ਦੇ ਨੌਜਵਾਨ ਭੈਣਾਂ-ਭਰਾਵਾਂ, ਮਾਮੇ-ਮਾਮੀ, ਮਾਸੀ-ਮਾਸੜ, ਭੂਆ-ਫੁੱਫੜ, ਤਾਈ-ਤਾਏ ਨਾਲ ਗੱਲਾਂ ਕਰਦੇ ਹਨ । ਏਨਾ ਖ਼ਿਆਲ ਜ਼ਰੂਰ ਰੱਖਣਾ ਚਾਹੀਦਾ ਹੈ ਕਿ ਮੋਬਾਇਲ ਦੀ ਵਰਤੋਂ ਜ਼ਰੂਰਤ ਅਨੁਸਾਰ ਹੀ ਕਰਨੀ ਚਾਹੀਦੀ ਹੈ।

*#1138/63-ਏ, ਗੁਰੂ ਤੇਗ਼ ਬਹਾਦਰ ਨਗਰ,*
*ਗਲੀ ਨੰ:1, ਚੰਡੀਗੜ੍ਹ ਰੋਡ,*
*ਜਮਾਲਪੁਰ, ਲੁਧਿਆਣਾ*

# ਕੀ ਜੋਇ ਬਾਈਡੇਨ ਦੀ ਉਮਰ ਉਨ੍ਹਾ ਦੀ ਚੋਣ ਮੁਹਿੰਮ ਨੂੰ ਸੱਟ ਮਾਰੇਗੀ


ਸੁਰਜੀਤ ਸਿੰਘ ਫਲੋਰਾ

ਪਿਛਲੇ ਹਫ਼ਤੇ ਰਾਸ਼ਟਰਪਤੀ ਦੇ ਤੌਰ 'ਤੇ ਦੁਬਾਰਾ ਚੋਣ ਲਈ ਜੋਇ ਬਾਈਡੇਨ ਦੀ ਬੋਲੀ ਨੇ ਇੱਕ ਮਹੱਤਵਪੂਰਨ ਪਲਟਾ ਲਿਆ ਸੀ। ਇਹ ਧਿਆਨ ਦੇਣ ਯੋਗ ਹੈ ਕਿ ਲੰਮੇ ਸਮੇਂ ਤੋਂ ਵੱਖ-ਵੱਖ ਪੋਲਾਂ ਦੇ ਅਨੁਸਾਰ ਬਾਈਡੇਨ ਦੀ ਪ੍ਰਸਿੱਧੀ ਲਗਾਤਾਰ ਘਟ ਰਹੀ ਹੈ ਅਤੇ ਉਹ ਲਗਭਗ ਹਰ ਮਹੱਤਵਪੂਰਨ ਮਾਮਲੇ 'ਤੇ ਆਪਣੇ ਮੁੱਖ ਰਿਪਬਲਿਕਨ ਪ੍ਰਤੀਯੋਗੀ ਡੋਨਾਲਡ ਟਰੰਪ ਤੋਂ ਪਿੱਛੇ ਚੱਲ ਰਿਹਾ ਹੈ। ਆਲਮੀ ਟਕਰਾਅ ਅਤੇ ਆਰਥਿਕ ਚਿੰਤਾਵਾਂ ਦੇ ਵਿਚਕਾਰ ਅੰਦਰੂਨੀ ਵੰਡਾਂ ਅਤੇ ਸਰਹੱਦੀ ਮੁੱਦਿਆਂ ਦੇ ਨਾਲ ਰਾਸ਼ਟਰਪਤੀ ਬਾਈਡੇਨ ਦੇ ਦੁਬਾਰਾ ਚੁਣੇ ਜਾਣ ਦੀਆਂ ਸੰਭਾਵਨਾਵਾਂ ਪਹਿਲਾਂ ਹੀ ਚੁਣੌਤੀਆਂ ਦਾ ਸਾਹਮਣਾ ਕਰ ਰਹੀਆਂ ਸਨ। ਇਸ ਤੋਂ ਇਲਾਵਾ ਕਲਾਸੀਫਾਈਡ ਦਸਤਾਵੇਜ਼ਾਂ ਦੇ ਸੰਬੰਧ ਵਿੱਚ ਉਸ ਦੇ ਕੇਸ ਵਿੱਚ ਸ਼ਾਮਲ ਵਿਸ਼ੇਸ਼ ਵਕੀਲ ਨੇ ਬਾਈਡੇਨ ਦੀ ਮਾਨਸਿਕ ਸਿਹਤ ਸਥਿਤੀ ਦਾ ਇੱਕ ਇਮਾਨਦਾਰ ਮੁਲਾਂਕਣ ਪ੍ਰਗਟ ਕੀਤਾ, ਜਿਸ ਕਰਕੇ ਸਭ ਪਾਸੇ ਹਫੜਾ-ਦਫੜੀ ਮਚ ਗਈ। ਵਿਸ਼ੇਸ਼ ਵਕੀਲ ਦੀ ਰਿਪੋਰਟ ਸਬੂਤ ਪ੍ਰਦਾਨ ਕਰਦੀ ਹੈ ਕਿ ਬਾਈਡੇਨ ਨੇ ਕਾਨੂੰਨ ਦੀ ਉਲੰਘਣਾ ਕੀਤੀ ਹੈ। ਵਿਸ਼ੇਸ਼ ਵਕੀਲ ਨੇ ਕਿਹਾ ਹੈ ਕਿ ਬਾਈਡੇਨ ਨੇ ਕਥਿਤ ਤੌਰ 'ਤੇ ਉਪ ਰਾਸ਼ਟਰਪਤੀ ਦੇ ਤੌਰ 'ਤੇ ਆਪਣੇ ਸਮੇਂ ਤੋਂ ਬਾਅਦ ਵੀ ਵਰਗੀਕ੍ਰਿਤ ਸਮਗਰੀ ਰੱਖੀ ਅਤੇ ਸਾਂਝੀ ਕੀਤੀ, ਜਦੋਂ ਉਹ ਇੱਕ ਨਿੱਜੀ ਨਾਗਰਿਕ ਸੀ। ਹਾਲਾਂਕਿ, ਵਿਸ਼ੇਸ਼ ਵਕੀਲ ਦੀ ਜਾਂਚ ਨੇ ਇਹ ਨਿਰਧਾਰਤ ਕੀਤਾ ਕਿ ਬਾਈਡੇਨ ਦੀ ਉਮਰ ਅਤੇ ਸਿਹਤ ਕਾਨੂੰਨੀ ਕਾਰਵਾਈ ਨੂੰ ਅੱਗੇ ਵਧਾਉਣਾ ਮੁਸ਼ਕਲ ਬਣਾ ਦੇਵੇਗੀ। ਰਿਪੋਰਟ ਵਿੱਚ ਨੋਟ ਕੀਤਾ ਗਿਆ ਹੈ ਕਿ ਉਨ੍ਹਾ ਦੀ ਇੰਟਰਵਿਊ ਦੌਰਾਨ ਬਾਈਡੇਨ ਨੇ ਆਪਣੇ ਆਪ ਨੂੰ ਇੱਕ ਹਮਦਰਦੀ ਵਾਲੇ ਵਿਹਾਰ ਅਤੇ ਚੀਜ਼ਾਂ ਨੂੰ ਭੁੱਲਣ ਦੀ ਪ੍ਰਵਿਰਤੀ ਵਾਲੇ ਇੱਕ ਬਜ਼ੁਰਗ ਵਿਅਕਤੀ ਵਜੋਂ ਪੇਸ਼ ਕੀਤਾ। ਹਾਲਾਂਕਿ, ਉਮਰ ਇੱਥੇ ਨਿਰਣਾਇਕ ਕਾਰਕ ਨਹੀਂ।

ਅਸੀਂ ਇਟਲੀ ਦੇ ਸਾਬਕਾ ਰਾਸ਼ਟਰਪਤੀ ਮਿਸਟਰ ਜਿਓਰਜੀਓ ਨੈਪੋਲੀਟਾਨੋ, ਜੋ ਕਿ 81 ਸਾਲ ਦੀ ਉਮਰ ਵਿੱਚ ਚੁਣੇ ਗਏ ਸਨ, ਨੂੰ ਇੱਕ ਪ੍ਰਮੁੱਖ ਉਦਾਹਰਣ ਵਜੋਂ ਦੇਖ ਸਕਦੇ ਹਾਂ। ਇਤਾਲਵੀ ਰਾਸ਼ਟਰਪਤੀਆਂ ਦਾ ਆਮ ਤੌਰ 'ਤੇ 7 ਸਾਲਾਂ ਦਾ ਕਾਰਜਕਾਲ ਹੁੰਦਾ ਹੈ ਅਤੇ ਆਮ ਤੌਰ 'ਤੇ ਸਿਰਫ ਇੱਕ ਕਾਰਜਕਾਲ ਹੁੰਦਾ ਹੈ। ਹਾਲਾਂਕਿ, ਇੱਕ ਵਿਲੱਖਣ ਸਥਿਤੀ ਵਿੱਚ ਉਸ ਨੂੰ 2013 ਵਿੱਚ 88 ਸਾਲ ਦੀ ਉਮਰ ਵਿੱਚ ਦੁਬਾਰਾ ਪੁਸ਼ਟੀ ਕੀਤੀ ਗਈ ਸੀ ਅਤੇ ਉਹ 91 ਸਾਲ ਦੇ ਹੋਣ ਤੱਕ ਹੋਰ 3 ਸਾਲਾਂ ਲਈ ਭੂਮਿਕਾ ਵਿੱਚ ਰਿਹਾ। ਦੂਜੇ ਪਾਸੇ, ਬਾਈਡੇਨ, 78 ਸਾਲ ਦਾ ਹੈ। ਨਾਲ ਹੀ ਮਲੇਸ਼ੀਆ ਦੇ ਸਾਬਕਾ ਪ੍ਰਧਾਨ ਮੰਤਰੀ, ਜੇ ਤੁਸੀਂ ਮੰਨਦੇ ਹੋ ਕਿ ਜੋ ਬਾਈਡੇਨ ਬੁੱਢਾ ਹੈ, ਮਹਾਤਿਰ ਮੁਹੰਮਦ ਨੇ 1981 ਤੋਂ 2003 ਤੱਕ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਵਜੋਂ ਸੇਵਾ ਕੀਤੀ ਅਤੇ ਉਹ ਆਪਣੀ ਦ੍ਰਿੜ੍ਹ ਅਤੇ ਜ਼ੋਰਦਾਰ ਸਿਆਸੀ ਸ਼ੈਲੀ ਲਈ ਮਸ਼ਹੂਰ ਸਨ। ਉਹ 92 ਸਾਲ ਦੀ ਪ੍ਰਭਾਵਸ਼ਾਲੀ ਉਮਰ ਵਿੱਚ 2018 ਵਿੱਚ ਇੱਕ ਹੋਰ ਕਾਰਜਕਾਲ ਲਈ ਚੁਣਿਆ ਗਿਆ ਸੀ।

ਕੁਦਰਤੀ ਤੌਰ 'ਤੇ ਬਾਈਡੇਨ ਦੀਆਂ ਬੋਧਾਤਮਕ ਯੋਗਤਾਵਾਂ ਬਾਰੇ ਚਿੰਤਾਵਾਂ ਪੈਦਾ ਹੁੰਦੀਆਂ ਹਨ। ਇਹ ਕੁਝ ਸਮੱਸਿਆਵਾਂ ਪੈਦਾ ਕਰ ਸਕਦਾ ਹੈ, ਪਰ ਉਮਰ ਆਪਣੇ ਆਪ ਵਿੱਚ ਕੋਈ ਚਿੰਤਾ ਨਹੀਂ! ਜੇ ਟਰੰਪ 60 ਅਤੇ ਇਮਾਨਦਾਰ ਹੁੰਦੇ, ਤਾਂ ਇਹ ਨਿਸਚਤ ਤੌਰ 'ਤੇ ਵੱਖਰੀ ਕਹਾਣੀ ਹੁੰਦੀ। ਹਾਲਾਂਕਿ, ਟਰੰਪ ਉਹ ਵਿਅਕਤੀ ਹੈ, ਜਿਸ ਕੋਲ ਹਿੰਮਤ ਦੀ ਘਾਟ ਹੈ ਅਤੇ ਉਹ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਹੈ। ਉਹ 77 ਸਾਲ ਦੇ ਹਨ ਅਤੇ ਉਨ੍ਹਾ ਦੀ ਸਰੀਰਕ ਅਤੇ ਮਾਨਸਿਕ ਸਿਹਤ ਬਾਈਡੇਨ ਦੇ ਮੁਕਾਬਲੇ ਕਾਫ਼ੀ ਖ਼ਰਾਬ ਹੈ।

ਦਰਅਸਲ ਰਿਪਬਲਿਕਨ ਪਾਰਟੀ ਦੁਆਰਾ ਬਾਈਡੇਨ ਦੀ ਉਮਰ ਬਾਰੇ ਉਠਾਈਆਂ ਗਈਆਂ ਚਿੰਤਾਵਾਂ ਬੁਢਾਪੇ ਦੇ ਪ੍ਰਭਾਵ ਬਾਰੇ ਆਮ ਗਲਤ ਧਾਰਨਾਵਾਂ ਦਾ ਸ਼ੋਸ਼ਣ ਕਰਨ ਦੇ ਉਦੇਸ਼ ਨਾਲ ਇੱਕ ਰਣਨੀਤਕ ਕਦਮ ਜਾਪਦੀਆਂ ਹਨ। ਇਹ ਇੱਕ ਦਿਲਚਸਪ ਘਟਨਾ ਹੈ: ਬਹੁਤ ਸਾਰੇ ਸਮਾਜ ਬਜ਼ੁਰਗਾਂ ਨੂੰ ਉਨ੍ਹਾਂ ਦੀ ਸਿਆਣਪ ਦੀ ਦੌਲਤ ਦੇ ਕਾਰਨ ਉੱਚ ਸਨਮਾਨ ਵਿੱਚ ਰੱਖਦੇ ਹਨ, ਜੋ ਜੀਵਨ ਭਰ ਦੇ ਅਨੁਭਵ ਅਤੇ ਸਿੱਖਣ ਦੁਆਰਾ ਪ੍ਰਾਪਤ ਕੀਤੀ ਜਾਂਦੀ ਹੈ। ਸੰਯੁਕਤ ਰਾਜ ਵਿੱਚ ਇਹ ਜਾਪਦਾ ਹੈ ਕਿ ਨੌਜਵਾਨ ਵੋਟਰਾਂ ਵਿੱਚ ਬਜ਼ੁਰਗਾਂ ਪ੍ਰਤੀ ਘੱਟ ਸਹਿਣਸ਼ੀਲਤਾ ਹੈ। ਹਾਲਾਂਕਿ, ਬਜ਼ੁਰਗ ਆਬਾਦੀ ਵੀ ਬੁਢਾਪੇ ਦੇ ਨਾਲ ਆਉਣ ਵਾਲੇ ਲਾਭਾਂ ਨੂੰ ਨਜ਼ਰਅੰਦਾਜ਼ ਕਰਦੀ ਹੈ ਅਤੇ ਅਤੀਤ ਤੋਂ ਪ੍ਰਾਪਤ ਕਰਨ ਲਈ ਕੀਮਤੀ ਸੂਝ-ਬੂਝ ਹਨ। ਕੁਝ ਲਈ ਇਤਿਹਾਸ ਦੀਆਂ ਕਿਤਾਬਾਂ ਦੇ ਪੰਨਿਆਂ ਵਿੱਚ ਨੱਕੀ ਹੋਈ ਹੈ ਜਾਂ ਸ਼ਾਇਦ ਦੂਜਿਆਂ ਦੁਆਰਾ ਖੁਦ ਗਵਾਹੀ ਦਿੱਤੀ ਗਈ ਹੈ। ਹੁਣ ਕੈਨੇਡਾ ਦੇ ਪ੍ਰਧਾਨ ਮੰਤਰੀ ਟਰੂਡੋ ਨੂੰ ਲੈ ਲਓ ਉਹ ਨੌਜਵਾਨ ਹੈ, 54 ਸਾਲਾਂ ਦੇ, ਪਰ ਫਿਰ ਵੀ ਹਰ ਸਮੇਂ ਗਲਤ ਫੈਸਲੇ ਲੈਂਦੇ ਹਨ ਤੇ ਲੋਕਾ ਵਿਚ ਮਜ਼ਾਕ ਦਾ ਕਾਰਨ ਬਣਦੇ ਹਨ। ਕੈਨੇਡਾ ਦੇ ਲੋਕ ਉਹਨਾਂ ਦੀ ਸਰਕਾਰ ਤੋਂ ਨਾਖੁਸ ਹਨ।

ਜਿਥੇ ਕਿ ਵਿਸ਼ੇਸ਼ ਵਕੀਲ ਨੇ ਬਾਈਡੇਨ ਦੀ ਵਾਰ-ਵਾਰ ਯਾਦਾਸ਼ਤ ਅਤੇ ਲੈਪਸ 'ਤੇ ਚਿੰਤਾ ਜ਼ਾਹਰ ਕੀਤੀ। ਇੰਟਰਵਿਊ ਦੇ ਦੌਰਾਨ ਉਸ ਨੇ ਉਪ ਪ੍ਰਧਾਨ ਵਜੋਂ ਆਪਣੇ ਸਮੇਂ ਦੇ ਮੁੱਖ ਵੇਰਵਿਆਂ ਨੂੰ ਯਾਦ ਕਰਨ ਲਈ ਸੰਘਰਸ਼ ਕੀਤਾ, ਜਿਵੇਂ ਕਿ ਉਸ ਦਾ ਕਾਰਜਕਾਲ ਕਦੋਂ ਖਤਮ ਹੋਇਆ ਅਤੇ ਕਦੋਂ ਸ਼ੁਰੂ ਹੋਇਆ। ਅਫਗਾਨਿਸਤਾਨ ਬਾਰੇ ਚਰਚਾ ਕਰਦੇ ਸਮੇਂ ਉਸ ਦੀ ਯਾਦ ਅਸਪੱਸ਼ਟ ਜਾਪਦੀ ਸੀ, ਜੋ ਉਸ ਦੇ ਲਈ ਬਹੁਤ ਮਹੱਤਵ ਰੱਖਦਾ ਸੀ।

ਬਾਈਡੇਨ ਨੇ ਇਸ ਧਾਰਨਾ ਦਾ ਮੁਕਾਬਲਾ ਕਰਨ ਦੀ ਮਹੱਤਤਾ ਨੂੰ ਸਮਝਿਆ ਕਿ ਉਹ ਕਮਜ਼ੋਰ ਹੈ। ਸ਼ੁਰੂ ਵਿੱਚ ਉਸ ਨੇ ਇਹ ਦਲੀਲ ਦੇਣ ਦੀ ਕੋਸ਼ਿਸ਼ ਕੀਤੀ ਕਿ ਉਸ ਦੇ ਪੁੱਤਰ ਦੇ ਗੁਜ਼ਰਨ ਦੀ ਉਸ ਦੀ ਯਾਦ 'ਤੇ ਸਵਾਲ ਉਠਾਉਣਾ ਕਿਸੇ ਤਰ੍ਹਾਂ ਅਸੰਵੇਦਨਸ਼ੀਲ ਜਾਂ ਕੋਝਾ ਸੀ। ਇਸ ਤੋਂ ਬਾਅਦ ਉਸ ਨੂੰ ਯਾਦ ਨਹੀਂ ਸੀ ਕਿ ਉਸ ਦੇ ਪੁੱਤਰ ਨੇ ਉਸ ਦੀ ਮਾਲਾ ਕਿੱਥੋਂ ਪ੍ਰਾਪਤ ਕੀਤੀ ਸੀ। ਅੰਤ ਵਿੱਚ ਉਸ ਨੇ ਮਿਸਰ ਦੇ ਰਾਸ਼ਟਰਪਤੀ ਨੂੰ ਮੈਕਸੀਕੋ ਦੇ ਰਾਸ਼ਟਰਪਤੀ ਨਾਲ ਉਲਝਾ ਦਿੱਤਾ।

ਇਹ ਸਭ ਨੂੰ ਸਪੱਸ਼ਟ ਹੋ ਗਿਆ ਕਿ ਬਾਈਡੇਨ ਦੀ ਉਮਰ ਚਿੰਤਾ ਬਣ ਰਹੀ ਹੈ। ਉਹ ਬਿਨਾਂ ਸ਼ੱਕ, ਅਟੱਲ ਸਨ। ਏ ਬੀ ਸੀ ਨਿਊਜ਼/ਇਪਸੋਸ ਦੁਆਰਾ ਕਰਵਾਏ ਗਏ ਇੱਕ ਤਾਜ਼ਾ ਪੋਲ ਵਿੱਚ ਖੁਲਾਸਾ ਹੋਇਆ ਹੈ ਕਿ ਅਮਰੀਕੀਆਂ ਦੀ ਇੱਕ ਮਹੱਤਵਪੂਰਨ ਬਹੁਗਿਣਤੀ, 86 ਫੀਸਦੀ ਇਹ ਵਿਸ਼ਵਾਸ ਰੱਖਦੇ ਹਨ ਕਿ ਬਾਈਡੇਨ ਦੀ ਉਮਰ ਰਾਸ਼ਟਰਪਤੀ ਵਜੋਂ ਇੱਕ ਹੋਰ ਕਾਰਜਕਾਲ ਦੀ ਸੇਵਾ ਕਰਨ ਦੀ ਉਸ ਦੀ ਯੋਗਤਾ ਵਿੱਚ ਰੁਕਾਵਟ ਪਾ ਸਕਦੀ ਹੈ। ਕੁਝ ਸੰਦਰਭ ਪ੍ਰਦਾਨ ਕਰਦੇ ਹੋਏ ਇਹ ਧਿਆਨ ਦੇਣ ਯੋਗ ਹੈ ਕਿ ਪੋਲਿੰਗ ਡੇਟਾ ਦੇ ਅਧਾਰ 'ਤੇ ਅਮਰੀਕੀਆਂ ਦਾ ਇੱਕ ਮਹੱਤਵਪੂਰਨ ਹਿੱਸਾ ਇਹ ਨਹੀਂ ਮੰਨਦਾ ਕਿ ਧਰਤੀ ਗੋਲ ਹੈ, ਜਿਸ ਵਿੱਚ ਸਿਰਫ 80 ਫੀਸਦੀ ਸਹਿਮਤ ਹਨ। ਇਸੇ ਤਰ੍ਹਾਂ ਅਮਰੀਕੀਆਂ ਦੀ ਪ੍ਰਤੀਸ਼ਤਤਾ ਜੋ ਮੰਨਦੇ ਹਨ ਕਿ ਨਾਸਾ ਚੰਦਰਮਾ 'ਤੇ ਸਫਲਤਾਪੂਰਵਕ ਉਤਰਿਆ ਹੈ, ਸਿਰਫ 71 ਫੀਸਦੀ ਸਹਿਮਤੀ ਦੇ ਨਾਲ ਹੋਰ ਵੀ ਘੱਟ ਹੈ। ਅਜਿਹਾ ਲਗਦਾ ਹੈ ਕਿ ਸਿਰਫ ਉਹ ਲੋਕ ਜੋ ਬਾਈਡੇਨ ਦੇ ਤਨਖਾਹ ਵਾਲੇ ਸਟਾਫ ਦਾ ਹਿੱਸਾ ਹਨ ਅਤੇ ਉਸ ਦੇ ਨਜ਼ਦੀਕੀ ਪਰਵਾਰ ਨੂੰ ਕਿਸੇ ਹੋਰ ਕਾਰਜਕਾਲ ਦੀ ਸੇਵਾ ਕਰਨ ਦੀ ਉਸ ਦੀ ਯੋਗਤਾ 'ਤੇ ਭਰੋਸਾ ਹੈ। ਦੂਸਰੇ ਪਾਸੇ ਜੇਕਰ ਡੋਨਾਲਡ ਟਰੰਪ ਸਿਖਰ 'ਤੇ ਆਉਣਾ ਚਾਹੁੰਦੇ ਹਨ, ਤਾਂ ਉਨ੍ਹਾ ਨੂੰ ਚੁੱਪ ਰਹਿਣ ਦੀ ਲੋੜ ਹੈ। ਇਹ ਉਹ ਥਾਂ ਹੈ, ਜਿੱਥੇ ਮੁੱਦਾ ਉੱਠਦਾ ਹੈ, ਧਿਆਨ ਖਿੱਚਣ ਲਈ ਟਰੰਪ ਦੀ ਕੁਸ਼ਲਤਾ ਬਾਈਡੇਨ ਦੀਆਂ ਰਾਜਨੀਤਕ ਅਤੇ ਮਾਨਸਿਕ ਕਮੀਆਂ 'ਤੇ ਕੇਂਦਰਤ ਕਰਨ ਦੀ ਬਜਾਏ, ਉਸ ਨੂੰ ਮੁਹਿੰਮ ਦੇ ਸਭ ਤੋਂ ਅੱਗੇ ਰੱਖਣ ਲਈ ਮੀਡੀਆ ਦੇ ਝੁਕਾਅ ਨਾਲ ਸਹਿਜੇ ਹੀ ਮੇਲ ਖਾਂਦੀ ਹੈ। ਟਰੰਪ ਰੈਲੀਆਂ ਨੂੰ ਪਸੰਦ ਕਰਦੇ ਹਨ ਅਤੇ ਰੰਗੀਨ ਲਾਈਟਾਂ ਨੂੰ ਮਨਮੋਹਕ ਬਣਾਉਂਦੇ ਹਨ। ਬਾਈਡੇਨ ਦੀ 2020 ਬੇਸਮੈਂਟ ਰਣਨੀਤੀ ਨੂੰ ਅਪਣਾਉਣ ਲਈ ਇਹ ਸਭ ਤੋਂ ਵੱਧ ਫਾਇਦੇਮੰਦ ਹੋਵੇਗਾ, ਜਿੱਥੇ ਚੋਣ ਦਾ ਧਿਆਨ ਖੁਦ ਬਾਈਡੇਨ 'ਤੇ ਹੈ। ਕੀ ਇਹ ਸੰਭਵ ਹੈ ਕਿ ਟਰੰਪ ਅਜਿਹਾ ਕਰੇਗਾ? ਇਤਿਹਾਸਕ ਸਬੂਤਾਂ ਦੇ ਅਧਾਰ 'ਤੇ ਇਹ ਅਸੰਭਵ ਜਾਪਦਾ ਹੈ ਕਿ ਉਹ ਕਰੇਗਾ। ਇਹ ਦਰਸਾਉਂਦਾ ਹੈ ਕਿ ਅਸੀਂ ਇੱਕ ਤੀਬਰ ਅਤੇ ਅਣਪਛਾਤੀ ਦੌੜ ਵਿੱਚ ਹਾਂ, ਇੱਕ ਮੁਹਿੰਮ ਦੇ ਨਾਲ ਜੋ ਹਫੜਾ-ਦਫੜੀ, ਗੜਬੜ ਅਤੇ ਤਾਲਮੇਲ ਦੀ ਘਾਟ ਨਾਲ ਭਰੀ ਹੋਈ ਹੈ।

ਇਹ ਸਪੱਸ਼ਟ ਹੈ ਕਿ ਸੰਯੁਕਤ ਰਾਜ ਅਮਰੀਕਾ ਦੇ ਰਾਸ਼ਟਰਪਤੀ ਬਣਨ ਲਈ ਯੋਗਤਾਵਾਂ ਵਿੱਚ ਜ਼ਰੂਰੀ ਤੌਰ 'ਤੇ ਉੱਚ ਪੱਧਰੀ ਮਾਨਸਿਕ ਯੋਗਤਾ ਸ਼ਾਮਲ ਨਹੀਂ ਹੋ ਸਕਦੀ, ਕਿਉਂਕਿ ਮਿਆਰ ਅਪਰਾਧਿਕ ਜ਼ਿੰਮੇਵਾਰੀ ਲਈ ਲੋੜੀਂਦੇ ਨਾਲੋਂ ਘੱਟ ਜਾਪਦਾ ਹੈ ਅਤੇ ਜਦੋਂ ਕਿ ਟਰੰਪ ਅਜੇ ਵੀ ਆਪਣੇ ਰਾਸ਼ਟਰਪਤੀ ਦੇ ਕਾਰਜਕਾਲ ਤੋਂ ਫਾਈਲਾਂ ਨੂੰ ਰੱਖਣ ਅਤੇ ਸਟੋਰ ਕਰਨ ਸੰਬੰਧੀ ਆਪਣੀਆਂ ਕਾਰਵਾਈਆਂ ਲਈ ਅਪਰਾਧਿਕ ਮੁਕੱਦਮੇ ਦਾ ਸਾਹਮਣਾ ਕਰ ਰਹੇ ਹਨ, ਅਜਿਹਾ ਲਗਦਾ ਹੈ ਕਿ ਡੈਮੋਕਰੇਟਸ ਇਹ ਸੰਕੇਤ ਦੇ ਰਹੇ ਹਨ ਕਿ ਟਰੰਪ ਮਾਨਸਕ ਤੌਰ 'ਤੇ ਸਮਰੱਥ ਹੈ। ਆਪਣੀ ਭੂਮਿਕਾ ਵਿੱਚ ਨਿਰੰਤਰ ਉੱਤਮਤਾ ਅਤੇ ਆਪਣੀ ਯੋਗਤਾ ਦਾ ਪ੍ਰਦਰਸ਼ਨ ਕਰਕੇ ਉਸ ਨੇ ਦਿਖਾਇਆ ਹੈ ਕਿ ਉਹ ਹੱਥ ਵਿੱਚ ਕੰਮ ਨੂੰ ਸੰਭਾਲਣ ਦੇ ਸਮਰੱਥ ਹੈ। ਜੇ ਕੋਈ ਰਾਸ਼ਟਰਪਤੀ ਬਾਈਡੇਨ ਨੂੰ ਉਸ ਦੀ ਉਮਰ ਜਾਂ ਸਰੀਰਕ ਯੋਗਤਾਵਾਂ ਦੇ ਅਧਾਰ 'ਤੇ ਉਸ ਨੂੰ ਵੋਟ ਨਾ ਦੇਣ ਦੇ ਕਾਰਨਾਂ ਵਜੋਂ ਮੁਲਾਂਕਣ ਕਰਦਾ ਹੈ, ਤਾਂ ਇਹ ਸੁਝਾਅ ਦਿੰਦਾ ਹੈ ਕਿ ਉਹ ਆਪਣੇ ਦ੍ਰਿਸ਼ਟੀਕੋਣ ਨੂੰ ਬਦਲਣ ਲਈ ਸਵੀਕਾਰ ਨਹੀਂ ਕਰਦੇ । ਅਜਿਹੇ ਮਾਮਲਿਆਂ ਵਿੱਚ ਰਾਸ਼ਟਰਪਤੀ ਬਾਈਡੇਨ ਲਈ ਉਸ ਖਾਸ ਵੋਟ ਲਈ ਪ੍ਰਚਾਰ ਕਰਨ 'ਤੇ ਬਹੁਤ ਘੱਟ ਪ੍ਰੇਰਨਾ ਹੈ। ਉਸ ਨੂੰ ਉਸ ਵਿਅਕਤੀ ਨੂੰ ਸੇਵਾ ਪ੍ਰਦਾਨ ਕਰਨਾ ਜਾਰੀ ਰੱਖਣਾ ਚਾਹੀਦਾ ਹੈ, ਜਿਵੇਂ ਕਿ ਉਹ ਹਰ ਅਮਰੀਕੀ ਨਾਗਰਿਕ ਲਈ ਕਰਦਾ ਹੈ।

*# ਸੰਪਰਕ : 647-829-9397*

# ਕੁੱਲ ਹਿੰਦ ਕਿਸਾਨ ਸਭਾ ਵੱਲੋਂ ਮਹਾਂ ਪੰਚਾਇਤ 'ਚ ਹਜ਼ਾਰਾਂ ਕਿਸਾਨ ਸ਼ਾਮਲ ਹੋਣਗੇ : ਬਲਕਰਨ ਬਰਾੜ

## ਸੂਬਾ ਪੱਧਰੀ ਮੀਟਿੰਗ 'ਚ ਕਿਸਾਨ ਸੰਘਰਸ਼ 'ਚ ਸ਼ਹੀਦ ਹੋਏ ਕਿਸਾਨਾਂ ਨੂੰ ਦਿੱਤੀ ਸ਼ਰਧਾਂਜਲੀ

**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)**

ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾ ਪੱਧਰੀ ਮੀਟਿੰਗ ਇੱਥੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਸ਼ੁਰੂਆਤ 'ਤੇ ਕਿਸਾਨ ਸੰਘਰਸ਼ ਵਿੱਚ ਸ਼ਹੀਦ ਹੋਏ ਕਿਸਾਨਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਦੇ ਵੇਰਵੇ ਪ੍ਰੈੱਸ ਨੂੰ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਬਲਦੇਵ ਸਿੰਘ ਨਿਹਾਲਗੜ੍ਹ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨ ਸੰਘਰਸ਼ ਸਬੰਧੀ ਲਏ ਫੈਸਲਿਆਂ ਅਨੁਸਾਰ 14 ਮਾਰਚ ਨੂੰ ਦਿੱਲੀ ਦੇ ਰਾਮਲੀਲ੍ਹਾ ਗਰਾਊਂਡ ਵਿੱਚ ਕਿਸਾਨ ਮਹਾਂ ਪੰਚਾਇਤ ਹੋ ਰਹੀ ਹੈ।ਇਸ ਵਿੱਚ ਕੁੱਲ ਹਿੰਦ ਕਿਸਾਨ ਸਭਾ ਵੱਧ ਚੜ੍ਹ ਕੇ ਹਿੱਸਾ ਲਵੇਗੀ ਤੇ ਪੰਜਾਬ ਵਿੱਚੋਂ ਹਜ਼ਾਰਾਂ ਸਾਥੀਆਂ ਦਾ ਜਥਾ ਰੇਲ ਗੱਡੀਆਂ ਬੱਸਾਂ ਤੇ ਹੋਰ ਸਾਧਨਾਂ ਰਾਹੀਂ 13 ਮਾਰਚ ਨੂੰ ਦਿੱਲੀ ਵੱਲ ਕੂਚ ਕਰੇਗਾ ।ਮੀਟਿੰਗ ਵਿੱਚ ਕੇਂਦਰ ਸਰਕਾਰ ਦੀਆਂ ਕਿਸਾਨ ਤੇ ਲੋਕ ਵਿਰੋਧੀ ਤੇ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਦੀ ਜ਼ੋਰਦਾਰ ਨਿੰਦਾ ਕੀਤੀ ਗਈ।ਮੀਟਿੰਗ ਵਿੱਚ ਮਤਾ ਪਾਸ ਕਰਕੇ ਇਹ ਮੰਗ ਕੀਤੀ ਗਈ ਕਿ ਕੇਂਦਰ ਸਰਕਾਰ ਸੰਯੁਕਤ ਕਿਸਾਨ ਮੋਰਚੇ ਨਾਲ ਕੀਤੇ ਲਿਖਤੀ ਸਮਝੌਤੇ ਅਨੁਸਾਰ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਕਰਕੇ ਪੂਰੇ ਦੇਸ਼ ਵਿੱਚ ਡਾ. ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਸਾਰੀਆਂ ਫਸਲਾਂ ਦੀ ਖਰੀਦ ਦੀ ਕਾਨੂੰਨੀ ਗਰੰਟੀ ਕਰੇ, ਕਿਸਾਨ ਮਜ਼ਦੂਰਾਂ ਦੇ ਕਰਜੇ ਉੱਪਰ ਲਕੀਰ ਮਾਰੀ ਜਾਵੇ, ਕਿਸਾਨਾਂ ਮਜ਼ਦੂਰਾਂ ਨੂੰ 58 ਸਾਲ ਦੀ ਉਮਰ ਹੋਣ ਤੇ 10 ਹਜ਼ਾਰ ਰੁਪਏ ਮਹੀਨਾ ਬੁਡਾਪਾ ਪੈਨਸ਼ਨ ਦਿੱਤੀ ਜਾਵੇ, ਬਿਜਲੀ



ਬਿੱਲ 2023 ਵਾਪਸ ਲਿਆ ਜਾਵੇ, ਮੀਟਿੰਗ ਵਿੱਚ ਲਖਮੀਰਪੁਰ ਖੀਰੀ ਦੇ ਸ਼ਹੀਦ ਕਿਸਾਨਾਂ ਦੇ ਦੋਸ਼ੀ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਟੈਨੀ ਨੂੰ ਮੁੜ ਲੋਕ ਸਭਾ ਦੀ ਟਿਕਟ ਦੇਣ ਦੀ ਨਿੰਦਾ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਦੋਸ਼ੀ ਮੰਤਰੀ ਦੀ ਟਿਕਟ ਕੱਟੀ ਜਾਵੇ ਤੇ ਕਿਸਾਨਾਂ ਨੂੰ ਨਿਆ ਦੇਣ ਲਈ ਸਾਰੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਈਆਂ ਜਾਣ, ਫਸਲਾਂ ਦੇ ਵਾਰ ਵਾਰ ਕੁਦਰਤੀ ਆਫਤਾਂ ਨਾਲ ਹੋ ਰਹੇ ਖਰਾਬੇ ਦੇ ਪੱਕੇ ਹੱਲ ਲਈ ਪੱਕੀ ਫਸਲੀ ਬੀਮਾ ਸਕੀਮ ਲਿਆਂਦੀ ਜਾਵੇ। ਮੀਟਿੰਗ ਵਿੱਚ ਮਤਾ ਪਾਸ ਕਰਕੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਗਈ ਕਿ ਪਿਛਲੇ ਦਿਨੀਂ ਪੰਜਾਬ ਵਿੱਚ ਬੇਮੌਸਮੀ ਬਾਰਿਸ਼ ਤੇ ਗੜੇਮਾਰੀ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਤੁਰੰਤ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦਿੱਤੇ ਜਾਣ ਤੇ ਖਰਾਬ ਹੋਈਆਂ ਫਸਲਾਂ ਦਾ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ।ਇਸ ਤੋਂ ਇਲਾਵਾ ਅਸਮਾਨੀ ਬਿਜਲੀ ਤੇ ਤੂਫਾਨ ਨਾਲ ਮਾਰੇ ਗਏ ਕਿਸਾਨ ਤੇ ਮਜ਼ਦੂਰ ਦੇ ਪਰਿਵਾਰ ਨੂੰ ਵੀ 10 ਲੱਖ ਰੁਪੈ ਮੁਆਵਜ਼ਾ ਦਿੱਤਾ ਜਾਵੇ, ਪ੍ਰਾਈਵੇਟ ਕੰਪਨੀਆਂ ਵੱਲੋਂ ਪਸ਼ੂਆਂ ਨੂੰ ਖੁਰਾਕ ਵਜੋਂ ਆਚਾਰ ਦੀ ਵਰਤੋਂ ਕਰਨ ਵਾਲੇ ਕਿਸਾਨਾਂ ਦੇ ਦੁੱਧ ਵਿੱਚ ਉੱਲੀ ਦਾ ਬਹਾਨਾ ਬਣਾ ਕੇ ਦੁੱਧ ਦੀਆਂ ਕੀਮਤਾਂ ਘੱਟ ਕਰਨ ਦੀ ਨਿੰਦਾ ਕੀਤੀ ਗਈ ਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਉਹ ਦੁੱਧ ਉਤਪਾਦਕਾਂ ਤੋਂ ਖਰਚੇ ਉੱਪਰ 50% ਲਾਭ ਦੇ ਕੇ ਦੁੱਧ ਦੀ ਖਰੀਦ ਯਕੀਨੀ ਬਣਾਈ ਜਾਵੇ।ਮੀਟਿੰਗ ਵਿੱਚ ਕੇਂਦਰ ਤੇ ਹਰਿਆਣਾ ਸਰਕਾਰ ਦੀ ਜ਼ੋਰਦਾਰ ਨਿਖੇਧੀ ਕੀਤੀ ਗਈ ਕਿ ਇਹ ਸਰਕਾਰਾਂ ਚੱਲ ਰਹੇ ਕਿਸਾਨ ਅੰਦੋਲਨ ਦਾ ਬਹਾਨਾ ਬਣਾ ਕੇ ਪੰਜਾਬ ਤੇ ਹਰਿਆਣਾ ਦੇ ਬਾਰਡਰ ਸੀਲ ਕਰ ਚੁੱਕੀਆਂ ਹਨ, ਜਿਸ ਨਾਲ ਪੰਜਾਬ ਦੀ ਆਰਥਿਕ ਨਾਕਾਬੰਦੀ ਕੀਤੀ ਗਈ ਹੈ।ਪੰਜਾਬ ਦੇ ਵਪਾਰੀਆਂ, ਟਰਾਂਸਪੋਰਟਰਾਂ, ਕੰਬਾਈਨਾਂ, ਤੂੜੀ ਮਸ਼ੀਨ ਵਾਲਿਆਂ, ਕਿੰਨੂ ਤੇ ਆਲੂ ਦੇ ਉਤਪਾਦਕਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ।ਜਥੇਬੰਦੀ ਮੰਗ ਕਰਦੀ ਹੈ ਕਿ ਪੰਜਾਬ ਹਰਿਆਣਾ ਦੇ ਬਾਰਡਰ ਤੁਰੰਤ ਖੋਲੇ ਜਾਣ ਤਾਂ ਕਿ ਪੰਜਾਬ ਦੇ ਲੋਕਾਂ ਦਾ ਭਾਰੀ ਆਰਥਿਕ ਨੁਕਸਾਨ ਨਾ ਹੋਵੇ।ਮੀਟਿੰਗ ਦੇ ਅਖੀਰ ਵਿੱਚ ਸਮੁੱਚੀਆਂ ਕਿਸਾਨ ਜਥੇਬੰਦੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਸੀ ਮਤਭੇਦ ਭੁਲਾ ਕੇ ਸੰਯੁਕਤ ਕਿਸਾਨ ਮੋਰਚੇ ਦੇ ਝੰਡੇ ਥੱਲੇ ਇਕੱਠੇ ਹੋਣ ਤਾਂ ਕਿ ਦਿੱਲੀ ਅੰਦੋਲਨ ਵਾਂਗ ਪੂਰੇ ਦੇਸ਼ ਵਿੱਚ ਇੱਕ ਸਾਂਝਾ ਸੰਘਰਸ਼ ਖੜਾ ਕੀਤਾ ਜਾ ਸਕੇ।ਸੰਘਰਸ਼ ਨਾਲ ਹੀ ਕੇਂਦਰ ਦੀ ਤਾਨਾਸ਼ਾਹੀ ਮੋਦੀ ਸਰਕਾਰ ਅਤੇ ਉਸ ਦੇ ਇਸ਼ਾਰੇ ਤੇ ਕੰਮ ਕਰ ਰਹੀਆਂ ਆਰ ਐੱਸ ਐੱਸ ਪੱਖੀ ਤਾਕਤਾਂ ਨੂੰ ਹਾਰ ਦਿੱਤੀ ਜਾ ਸਕਦੀ ਹੈ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕਿਸਾਨ ਸਭਾ ਦੇ ਸੂਬਾ ਆਗੂ ਹਰਦੇਵ ਸਿੰਘ ਅਰਸ਼ੀ, ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲਾ, ਸੂਬਾ ਸਕੱਤਰ ਸੂਰਤ ਸਿੰਘ ਧਰਮਕੋਟ, ਰੂਪ ਸਿੰਘ ਢਿੱਲੋਂ, ਬਲਦੇਵ ਸਿੰਘ ਵੇਰਕਾ, ਸੁਰਿੰਦਰ ਸਿੰਘ ਢੰਡੀਆਂ, ਚਰਨਜੀਤ ਸਿੰਘ ਬਣਵਾਲਾ, ਬਲਕਾਰ ਸਿੰਘ ਬਲਟੋਹਾ, ਕਸ਼ਮੀਰ ਸਿੰਘ ਫਿਰੋਜ਼ਪੁਰ, ਸੁਖਜਿੰਦਰ ਸਿੰਘ ਤੂੰਬੜਭੰਨ, ਮਹਾਵੀਰ ਸਿੰਘ ਪੱਟੀ, ਕੁਲਦੀਪ ਸਿੰਘ ਭੋਲਾ ਅਤੇ ਰਣਬੀਰ ਸਿੰਘ ਰਾਣਾ ਹਾਜ਼ਰ ਸਨ।

# ਐੱਸ ਸੀ/ਬੀ ਸੀ ਸਮਾਜਿਕ, ਮੁਲਾਜ਼ਮ, ਧਾਰਮਿਕ ਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਸਰਕਾਰ ਖਿਲਾਫ ਤਿੱਖਾ ਸੰਘਰਸ਼ ਵਿੱਢਣ ਦੀ ਚਿਤਾਵਨੀ



**ਦਿੜ੍ਹਬਾ (ਜਸਵੀਰ ਲਾਡੀ)**

ਐੱਸ.ਸੀ./ਬੀ.ਸੀ. ਸਮਾਜਿਕ, ਮੁਲਾਜ਼ਮ, ਧਾਰਮਿਕ ਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਖਿਲਾਫ ਤਿੱਖਾ ਸੰਘਰਸ਼ ਵਿੱਢਣ ਲਈ ਸਥਾਨਕ ਸੱਚਖੰਡ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਇਕੱਤਰਤਾ ਹੋਈ। ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਦੇ ਜਾਲ੍ਹੀ ਸਰਟੀਫਿਕੇਟ ਧਾਰਕਾਂ ਖਿਲਾਫ ਲੜਾਈ ਲੜਨ ਵਾਲੇ ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਦੇ ਆਗੂ ਬਲਵੀਰ ਆਲਮਪੁਰ ਨੂੰ ਰਿਹਾਅ ਕਰਾਉਣ ਤੇ ਜਾਲ੍ਹੀ ਸਰਟੀਫਿਕੇਟ ਧਾਰਕਾਂ ਖਿਲਾਫ ਲੜਾਈ ਨੂੰ ਤਿੱਖਾ ਕਰਨ ਲਈ ਪੰਜਾਬ ਦੀਆਂ ਐੱਸ.ਸੀ., ਬੀ.ਸੀ. ਜਥੇਬੰਦੀਆਂ ਵੱਲੋਂ "ਦੋ ਅਪ੍ਰੈਲ ਦਾ ਇਤਿਹਾਸ ਦੁਹਰਾਉਣਾ ਹੈ, ਆਲਮਪੁਰ ਨੂੰ ਰਿਹਾਅ ਕਰਵਾਉਣਾ ਹੈ" ਦੇ ਨਾਂਅ ਹੇਠ ਐਕਸ਼ਨ ਕਮੇਟੀ ਬਣਾ ਕੇ ਵੱਡੇ ਐਕਸ਼ਨ ਦਾ ਐਲਾਨ ਕੀਤਾ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਅੰਬੇਡਕਰ ਮਜ਼ਦੂਰ ਚੇਤਨਾ ਮੰਚ ਪੰਜਾਬ ਦੇ ਪ੍ਰਧਾਨ ਕਰਨੈਲ ਸਿੰਘ ਨੀਲੋਵਾਲ ਤੇ ਅੰਬੇਡਕਰ ਸਭਾ ਪੰਜਾਬ ਦੇ ਮੁੱਖ ਆਗੂ ਹਰਜਸ ਸਿੰਘ ਖਡਿਆਲ ਨੇ ਕਿਹਾ ਕਿ ਪੰਜਾਬ ਵਿੱਚ ਹਜ਼ਾਰਾਂ ਦੀ ਗਿਣਤੀ 'ਚ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਦੇ ਜਾਲ੍ਹੀ ਸਰਟੀਫਿਕੇਟ ਬਣਾ ਕੇ ਸਰਕਾਰੀ ਨੌਕਰੀਆਂ 'ਤੇ ਕਾਬਜ਼ ਰਿਜ਼ਰਵੇਸ਼ਨ ਚੋਰਾਂ ਨੇ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਦੇ ਸੰਵਿਧਾਨਕ ਹੱਕਾਂ 'ਤੇ ਡਾਕਾ ਮਾਰਿਆ ਹੈ ਅਤੇ ਵੱਡੀ ਗਿਣਤੀ ਵਿੱਚ ਬਲਵੀਰ ਸਿੰਘ ਆਲਮਪੁਰ ਨੇ ਪੰਜਾਬ ਦੇ ਸਮਾਜਿਕ ਸੁੱਰਖਿਆ ਵਿਭਾਗ ਰਾਹੀਂ ਉਨ੍ਹਾਂ ਦੇ ਸਰਟੀਫਿਕੇਟ ਵੀ ਰੱਦ ਕਰਵਾਏ ਗਏ, ਜਿਨ੍ਹਾਂ ਦੀਆਂ ਸ਼ਿਕਾਇਤਾਂ 'ਤੇ ਆਲਮਪੁਰ 'ਤੇ ਕਥਿਤ ਝੂਠੇ ਕੇਸ ਪਾ ਕੇ ਜੇਲ੍ਹ 'ਚ ਬੰਦ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਐੱਸ.ਸੀ., ਬੀ.ਸੀ. ਵਰਗ ਪੰਜਾਬ ਦੀ ਭਗਵੰਤ ਮਾਨ ਸਰਕਾਰ ਖਿਲਾਫ ਸੜਕਾਂ 'ਤੇ ਉਤਰੇਗਾ। ਉਨ੍ਹਾਂ ਜਾਲ੍ਹੀ ਸਰਟੀਫਿਕੇਟ ਧਾਰਕਾਂ ਨੂੰ ਸਰਕਾਰੀ ਪੁਸ਼ਤਪਨਾਹੀ ਹੋਣ ਦਾ ਦੋਸ਼ ਵੀ ਲਾਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਜਾਲ੍ਹੀ ਸਰਟੀਫਿਕੇਟ ਧਾਰਕਾਂ ਨੂੰ ਤਰੱਕੀਆਂ ਨਿਵਾਜ ਰਹੀ ਹੈ, ਜਿਨ੍ਹਾਂ ਦੇ ਸਰਟੀਫਿਕੇਟ ਵੀ ਰੱਦ ਹੋ ਚੁੱਕੇ ਹਨ। ਉਨ੍ਹਾਂ ਪੰਜਾਬ ਦੇ ਇਨਸਾਫ ਪਸੰਦ ਲੋਕਾਂ ਨੂੰ ਸੰਘਰਸ਼ ਦੀ ਹਮਾਇਤ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਆਲਮਪੁਰ ਨੂੰ ਰਿਹਾਅ ਕਰਾਉਣ ਲਈ ਬਹੁਜਨ ਸਮਾਜ ਇਕੱਠਾ ਨਾ ਹੋਇਆ ਤਾਂ ਸੰਵਿਧਾਨਕ ਹੱਕਾਂ ਦੀ ਰਾਖੀ ਲਈ ਕੋਈ ਵੀ ਅੱਗੇ ਨਹੀਂ ਆਵੇਗਾ ਤੇ ਸਰਕਾਰਾਂ ਸੰਵਿਧਾਨਕ ਹੱਕਾਂ ਦੀ ਗੱਲ ਕਰਨ ਵਾਲਿਆਂ ਨੂੰ ਇਸੇ ਤਰ੍ਹਾਂ ਜੇਲ੍ਹਾਂ 'ਚ ਡੱਕਦੀਆਂ ਰਹਿਣਗੀਆਂ।

ਇਸ ਮੌਕੇ ਬਾਬਾ ਧਰਮ ਸਿੰਘ, ਗੁਰੂ ਰਵਿਦਾਸ ਪ੍ਰਚਾਰ ਕਮੇਟੀ ਦੇ ਭਾਈ ਗੁਰਜੀਤ ਸਿੰਘ ਲਹਿਰਾ, ਸਮਾਜ ਸੇਵੀ ਡਾ. ਭੀਮ ਸਿੰਘ ਭੂਕਲ, ਭੀਮ ਆਰਮੀ ਦੇ ਜ਼ਿਲ੍ਹਾ ਇੰਚਾਰਜ ਹਰੀ ਸਿੰਘ, ਸਕੱਤਰ ਜੋਗਿੰਦਰ ਸਿੰਘ, ਬਲਵਿੰਦਰ ਸਿੰਘ ਜ਼ਿਲ੍ਹੇਦਾਰ, ਹਰਵਿੰਦਰ ਸਿੰਘ ਪੱਪਨ, ਹਰੀ ਸਿੰਘ ਸੁਨਾਮ, ਬਰਾਸ ਫਾਊਂਡੇਸ਼ਨ ਦੇ ਗੁਰਪ੍ਰੀਤ ਸਿੰਘ, ਮਹਿੰਦਰ ਸਿੰਘ ਗੋਬਿੰਦਗੜ੍ਹ ਜੇਜੀਆਂ, ਗੁਰਜੀਤ ਸਿੰਘ ਬੱਬੂ ਤੇ ਸੁਖਦੇਵ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਗੁਰਮੇਲ ਸਿੰਘ ਮੌੜ ਪੰਜਾਬ ਕੋਆਰਡੀਨੇਟਰ ਨਿਯੁਕਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿਛਲੇ ਲੰਬੇ ਸਮੇਂ ਤੋਂ ਕਾਂਗਰਸ ਪਾਰਟੀ ਨਾਲ ਜੁੜ ਕੇ ਪਾਰਟੀ ਦੀ ਮਜ਼ਬੂਤੀ ਤੇ ਚੜ੍ਹਦੀ ਕਲਾ ਲਈ ਹਮੇਸ਼ਾ ਤਤਪਰ ਰਹਿਣ ਵਾਲੇ ਗੁਰਮੇਲ ਸਿੰਘ ਮੌੜ ਸੀਨੀਅਰ ਕਾਂਗਰਸੀ ਆਗੂ ਨੂੰ ਕਾਂਗਰਸ ਪਾਰਟੀ ਵੱਲੋਂ ਉਨ੍ਹਾਂ ਵੱਲੋਂ ਕੀਤੀ ਜਾ ਰਹੀ ਮਿਹਨਤ ਦੇ ਚੱਲਦਿਆਂ ਇਕ ਹੋਰ ਜ਼ੁੰਮੇਵਾਰੀ ਆਈ.ਏ.ਐੱਸ. ਕੁਲਦੀਪ ਸਿੰਘ ਵੈਦ ਸੇਵਾ-ਮੁਕਤ ਚੇਅਰਮੈਨ ਐੱਸ.ਸੀ. ਡਿਪਾਰਟਮੈਂਟ ਪੰਜਾਬ ਪ੍ਰਦੇਸ਼ ਕਮੇਟੀ ਵੱਲੋਂ ਪੱਤਰ ਜਾਰੀ ਕਰ ਕੇ ਸੂਬਾ ਕੁਆਰਡੀਨੇਟਰ ਐੱਸ.ਸੀ. ਵਿਭਾਗ ਦੇ ਕੇ ਸੌਂਪੀ ਗਈ।ਇਸ ਨਿਯੁਕਤੀ 'ਤੇ ਜ਼ਿਲ੍ਹਾ ਬਰਨਾਲਾ ਦੇ ਤਿੰਨੇ ਵਿਧਾਨ ਸਭਾ ਹਲਕਿਆਂ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।

### ਪੈਰੋਲ 'ਤੇ ਰਿਹਾਅ ਕੈਦੀ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਸਜਾ ਕੱਟ ਰਿਹਾ ਇਕ ਕੈਦੀ ਪੈਰੋਲ 'ਤੇ ਰਿਹਾਅ ਹੋਇਆ ਸੀ, ਜੋ ਵਾਪਸ ਜੇਲ੍ਹ ਵਿੱਚ ਹਾਜ਼ਰ ਨਾ ਹੋਣ 'ਤੇ ਥਾਣਾ ਤਲਵੰਡੀ ਭਾਈ ਪੁਲਸ ਨੇ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਦਿਲਬਾਗ ਸਿੰਘ ਨੇ ਦੱਸਿਆ ਕਿ ਇਕ ਪੱਤਰ ਨੰਬਰ ਏਸੀ/ਸੀਟੀ/3784 ਮਿਤੀ 21 ਜੁਲਾਈ 2023 ਵੱਲੋਂ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਵੱਲੋਂ ਮੌਸੂਲ ਹੋਇਆ ਕਿ ਕੈਦੀ ਹਰਦੀਪ ਸਿੰਘ ਉਰਫ ਮੱਲ ਪੁੱਤਰ ਲਖਵੀਰ ਸਿੰਘ ਵਾਸੀ ਪਿੰਡ ਪਤਲੀ ਕੇਂਦਰੀ ਜੇਲ੍ਹ ਫਿਰੋਜ਼ਪੁਰ ਤੋਂ ਪੈਰੋਲ 'ਤੇ ਵਾਪਸ ਜੇਲ੍ਹ ਵਿਖੇ ਸਰੰਡਰ ਨਾ ਕਰਨ 'ਤੇ ਗ੍ਰਿਫਤਾਰ ਕਰਕੇ ਜੇਲ੍ਹ ਦਾਖਲ ਕਰਵਾਉਣ ਬਾਰੇ ਮੌਸੂਲ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਕੈਦੀ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਕੇਂਦਰੀ ਜੇਲ੍ਹ 'ਚੋਂ ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 2 ਮੋਬਾਇਲ ਫੋਨ ਬਰਾਮਦ ਹੋਏ ਹਨ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 3 ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਬ ਇੰਸਪੈਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 2128 ਰਾਹੀਂ ਰਿਸ਼ਵਪਾਲ ਗੋਇਲ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 2 ਮਾਰਚ ਨੂੰ ਕਰੀਬ ਸਵੇਰੇ 10 ਵਜੇ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਪੁਰਾਣੀ ਬੈਰਕ ਨੰਬਰ 2 ਦੀ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਪੰਮਾ ਪੁੱਤਰ ਮਾਈਕਲ ਹਾਲ ਕੇਂਦਰੀ ਜੇਲ੍ਹ ਫਿਰੋਜ਼ਪੁਰ ਕੋਲੋਂ ਇੱਕ ਮੋਬਾਇਲ ਫੋਨ ਬਰਾਮਦ ਹੋਇਆ। ਜਾਂਚਕਰਤਾ ਬਲਵਿੰਦਰ ਸਿੰਘ ਨੇ ਦੱਸਿਆ ਕਿ ਇਕ ਹੋਰ ਪੱਤਰ ਨੰਬਰ 2145 ਰਾਹੀਂ ਜਸਵੀਰ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 2 ਮਾਰਚ ਨੂੰ ਕਰੀਬ ਸ਼ਾਮ 5.35 ਵਜੇ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਪੁਰਾਣੀ ਬੈਰਕ ਨੰਬਰ 7 ਦੀ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਵਿੱਕੀ ਪੁੱਤਰ ਜੋਗਿੰਦਰ ਸਿੰਘ ਵਾਸੀ ਬਾਨੋ ਵਾਲਾ ਵਿਹੜਾ, ਭਾਰਤ ਨਗਰ ਦਾਖਲੀ ਬਸਤੀ ਭੱਟੀਆਂ ਵਾਲੀ ਸਿਟੀ ਫਿਰੋਜ਼ਪੁਰ ਕੋਲੋਂ ਇੱਕ ਮੋਬਾਇਲ ਫੋਨ ਬਰਾਮਦ ਹੋਇਆ। ਪੁਲਸ ਉਕਤ ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# 63 ਬੱਚਿਆਂ ਦੀਆਂ ਅੱਖਾਂ, ਨੱਕ, ਕੰਨ ਤੇ ਗਲ਼ੇ ਦੀ ਜਾਂਚ ਮੁਕੰਮਲ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਸਮਾਜ ਸੇਵੀ ਸੰਸਥਾ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਵੱਲੋਂ 1 ਸਾਲ ਤੋਂ 10 ਸਾਲ ਤੱਕ ਦੀ ਉਮਰ ਦੇ ਬੱਚਿਆਂ ਦੀ ਮੁਫਤ ਅੱਖਾਂ, ਨੱਕ, ਕੰਨ ਤੇ ਗਲੇ ਦੀ ਜਾਂਚ ਦੇ ਦੂਜੇ ਪੜਾਅ ਅਧੀਨ 63 ਬੱਚਿਆਂ ਦਾ ਚੈੱਕਅਪ ਕਰਾਇਆ ਗਿਆ।ਸੰਸਥਾ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਫ਼ਿਰੋਜ਼ਪੁਰ ਰੋਡ ਸਥਿਤ ਮਾਈ ਭਾਗੋ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ ਵਿਖੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਉਦੇਕਰਨ ਦੇ ਬੱਚਿਆਂ ਦੀ ਜਾਂਚ ਅੱਖਾਂ ਦੇ ਰੋਗਾਂ ਵਿਭਾਗ ਦੇ ਮੁਖੀ, ਡਾ. ਸੁਖਪਾਲ ਸਿੰਘ ਬਰਾੜ (ਸੇਵਾਮੁਕਤ ਸਿਵਲ ਸਰਜਨ ਕਮ ਡਿਪਟੀ ਡਾਇਰੈਕਟਰ) ਡਾ. ਜੰਨਤ, ਡਾ. ਸ਼ਿਲਪਾ ਠਾਕੁਰ ਨੇ ਕੀਤੀ।ਬੱਚਿਆਂ ਦਾ ਜਨਰਲ ਚੈੱਕਅਪ ਡਾ. ਮਨਵਿੰਦਰ ਅਰੋੜਾ (ਮੁਖੀ ਬਾਲ ਵਿਭਾਗ) ਅਤੇ ਡਾ. ਹਿਮਾਂਸ਼ੂ ਦੀ ਟੀਮ ਨੇ ਕੀਤਾ।ਇਸ ਮੌਕੇ ਬੱਚਿਆਂ ਨੂੰ ਸਿਹਤ ਸੰਭਾਲ ਪ੍ਰਤੀ ਜਾਗਰੂਕ ਵੀ ਕੀਤਾ ਗਿਆ। ਮਾਈ ਭਾਗੋ ਆਯੁਰਵੈਦਿਕ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਪ੍ਰਿੰਸੀਪਲ ਡਾ.ਵਿਨੋਦ ਰੰਗਾ ਨੇ ਸੰਸਥਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਚੇਅਰਪਰਸਨ ਕੁਲਵਿੰਦਰ ਕੌਰ ਬਰਾੜ ਨੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀ ਸੰਸਥਾ ਤੰਦਰੁਸਤ ਸਮਾਜ ਦੇ ਨਿਰਮਾਣ ਨੂੰ ਲੈ ਕੇ ਵਚਨਬੱਧ ਹੈ ਤੇ ਅਜਿਹੇ ਉਪਰਾਲੇ ਸਮੇਂ-ਸਮੇਂ 'ਤੇ ਜਾਰੀ ਰਹਿਣਗੇ।

ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਪਹਿਲੇ ਪੜਾਅ ਦੌਰਾਨ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਚੱਕਬੀੜ ਸਰਕਾਰ ਦੇ 50 ਬੱਚਿਆਂ ਦਾ ਚੈੱਕਅਪ ਕਰਾਇਆ ਜਾ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਕੈਂਪਾਂ ਦੌਰਾਨ ਜ਼ਰੂਰਤ ਅਨੁਸਾਰ ਬੱਚਿਆਂ ਨੂੰ ਦਵਾਈਆਂ, ਨਜ਼ਰ ਦੀਆਂ ਐਨਕਾਂ ਦੇ ਨਾਲ-ਨਾਲ ਰਿਫ਼ਰੈਸ਼ਮੈਂਟ ਤੇ ਪੜ੍ਹਾਈ ਲਈ ਲੋੜੀਂਦਾ ਸਮਾਨ ਵੀ ਮੁਫਤ ਵੰਡਿਆ ਜਾਂਦਾ ਹੈ।ਸੰਧੂ ਨੇ ਚਿੰਤਾ ਪ੍ਰਗਟਾਈ ਕਿ ਡਾਕਟਰਾਂ ਅਨੁਸਾਰ ਛੋਟੇ ਬੱਚਿਆਂ ਵਿੱਚ ਖੂਨ ਦੀ ਕਮੀ ਤੇ ਅੱਖਾਂ ਦੀ ਸਮੱਸਿਆ ਦੇਖਣ ਨੂੰ ਮਿਲ ਰਹੀ ਹੈ, ਜੋ ਡੂੰਘੀ ਚਿੰਤਾ ਦਾ ਵਿਸ਼ਾ ਹੈ।

# ਸਿਵਲ ਸਰਜਨ ਦਫਤਰਾਂ ਅੱਗੇ ਧਰਨੇ ਭਲਕੇ : ਨਰਿੰਦਰ ਮੋਹਨ

**ਨਾਭਾ (ਵਰਿੰਦਰ ਵਰਮਾ)**-ਪੰਜਾਬ ਭਰ ਦੇ ਫਾਰਮੇਸੀ ਆਫੀਸਰਜ਼ ਵਿੱਚ ਬਹੁਤ ਸਖਤ ਰੋਸ ਪਾਇਆ ਜਾ ਰਿਹਾ ਹੈ, ਕਿਉਂਕਿ ਸਿਹਤ ਮੰਤਰੀ ਪੰਜਾਬ ਡਾਕਟਰ ਬਲਬੀਰ ਸਿੰਘ ਨਾਲ ਪਿਛਲੇ ਸਾਲ 4 ਜੁਲਾਈ ਨੂੰ ਹੋਈ ਮੀਟਿੰਗ ਵਿੱਚ, ਜੋ ਮੰਗਾਂ ਮੰਨੀਆਂ ਗਈਆਂ ਸਨ, ਉਨ੍ਹਾਂ ਨੂੰ 8 ਮਹੀਨੇ ਬੀਤਣ 'ਤੇ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ ਤੇ ਉਸ ਤੋਂ ਬਾਅਦ ਰਿਟਾਇਰਮੈਂਟ ਕਾਰਨ ਖਾਲੀ ਪੋਸਟਾਂ ਵਿੱਚ ਹੋਰ ਵਾਧਾ ਹੋਣ ਕਾਰਨ ਕੰਮ ਦਾ ਬੋਝ ਬਹੁਤ ਵਧ ਗਿਆ ਹੈ, ਜਿਸ ਕਾਰਨ ਜਿੱਥੇ ਫਾਰਮੇਸੀ ਆਫੀਸਰਜ਼ ਨੂੰ ਮਾਨਸਿਕ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਥੇ ਆਮ ਜਨਤਾ ਨੂੰ ਵੀ ਦਵਾਈਆਂ ਲੈਣ ਲਈ ਲੰਮਾ ਸਮਾਂ ਘੰਟੇ ਵਧੀ ਲਾਈਨਾਂ ਵਿੱਚ ਖੜਨਾ ਪੈ ਰਿਹਾ ਹੈ। ਪੰਜਾਬ ਵਿੱਚ ਲੱਗਭੱਗ 520 ਅਸਾਮੀਆਂ ਖਾਲੀ ਹਨ ਤੇ ਪਿਛਲੇ ਲੰਮੇ ਸਮੇਂ ਤੋਂ ਪੋਸਟਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਜਦੋਂਕਿ ਦਵਾਈਆਂ ਦੀ ਗਿਣਤੀ, ਮਰੀਜ਼ਾਂ ਦੀ ਗਿਣਤੀ, ਬਿਮਾਰੀਆਂ ਦੀ ਗਿਣਤੀ, ਸਮੇਂ ਸਮੇਂ ਸਿਰ ਨਵੀਆਂ ਸਕੀਮਾਂ ਦੀ ਗਿਣਤੀ ਵਿੱਚ ਵਾਧਾ ਤੇ ਡਾਕਟਰਾਂ ਸਮੇਤ ਹੋਰ ਕੈਟਾਗਰੀਜ਼ 'ਚ ਕਾਫ਼ੀ ਵਾਧਾ ਹੋਇਆ। ਇਸ ਲਈ ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਨੇ ਮਜਬੂਰ ਹੋ ਕੇ 6 ਮਾਰਚ ਨੂੰ ਸਿਵਲ ਸਰਜਨ ਦਫਤਰਾਂ ਵਿਖੇ ਰੋਸ ਪ੍ਰਦਰਸ਼ਨ ਕਰਕੇ ਸ਼ਿਵਲ ਸਰਜਨਾਂ ਰਾਹੀਂ ਸਿਹਤ ਮੰਤਰੀ ਨੂੰ ਮੰਗ ਪੱਤਰ ਤੇ ਨੋਟਿਸ ਭੇਜਣ ਦਾ ਫੈਸਲਾ ਲਿਆ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਸੂਬਾ ਪ੍ਰਧਾਨ ਨਰਿੰਦਰ ਮੋਹਣ ਸ਼ਰਮਾ ਤੇ ਸੁਨੀਲ ਦੱਤ ਜਨਰਲ ਸਕੱਤਰ ਨੇ ਕਿਹਾ ਕਿ ਸੂਬਾ ਕਾਰਜਕਾਰਨੀ ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਨੇ ਫੈਸਲਾ ਕੀਤਾ ਹੈ ਕਿ ਜੇਕਰ ਸਰਕਾਰ ਨੇ ਮੰਨੀਆਂ ਮੰਗਾਂ ਅਮਲੀ ਰੂਪ ਵਿੱਚ ਲਾਗੂ ਨਾ ਕੀਤੀਆਂ ਤਾਂ ਜਥੇਬੰਦੀ 17 ਮਾਰਚ ਨੂੰ ਸਿਹਤ ਮੰਤਰੀ ਦੇ ਹਲਕੇ ਪਟਿਆਲਾ ਵਿਖੇ ਧਰਨਾ ਲਗਾਉਣ ਮਜਬੂਰ ਹੋਵੇਗੀ।

ਇਸ ਸਬੰਧੀ ਐਕਸ਼ਨਾਂ ਦੀ ਤਿਆਰੀ ਵਜੋਂ ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਜ਼ਿਲ੍ਹਾ ਪਟਿਆਲਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਤੇ ਸਕੱਤਰ ਇੰਦਰਜੀਤ ਸਿੰਘ ਸਮੇਤ ਬਹੁਤ ਸਾਰੇ ਅਹੁਦੇਦਾਰਾਂ ਨੇ ਹਿੱਸਾ ਲਿਆ।

# ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਰੇਲ ਰੋਕੂ ਅੰਦੋਲਨ ਤੋਂ ਪਹਿਲਾਂ ਹੀ ਪੁਲਸ ਨੇ ਨਜ਼ਰਬੰਦ ਕੀਤੇ ਆਗੂ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਸਮੁੱਚੇ ਪੰਜਾਬ ਵਿੱਚ ਕਿਸਾਨੀ ਮੰਗਾਂ, ਡਿਬਰੂਗੜ੍ਹ ਜੇਲ੍ਹ ਤੇ ਅੰਮ੍ਰਿਤਸਰ ਜੇਲ੍ਹ ਵਿੱਚ ਬੰਦੀ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਅਤੇ 32-32 ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦੀ ਸਿੱਖਾਂ ਦੀ ਰਿਹਾਈ ਦੇ ਮੁੱਦਿਆਂ ਨੂੰ ਲੈ ਕੇ ਦਿੱਤੇ ਗਏ ਸੱਦੇ ਨੂੰ ਅੱਜ ਪੰਜਾਬ ਪੁਲਸ ਨੇ ਠੁੱਸ ਕਰ ਦਿੱਤਾ ਅਤੇ ਰੇਲ ਰੋਕੂ ਅੰਦੋਲਨ ਤੋਂ ਪਹਿਲਾਂ ਹੀ ਆਗੂਆਂ ਨੂੰ ਨਜ਼ਰਬੰਦ ਕਰ ਲਿਆ ਗਿਆ। ਉਧਰ ਇੱਕ ਵੱਖਰੇ ਪ੍ਰੈੱਸ ਨੋਟ ਰਾਹੀਂ ਪਾਰਟੀ ਦੇ ਪ੍ਰਧਾਨ ਤੇ ਸਾਂਸਦ ਸਿਮਰਨਜੀਤ ਸਿੰਘ ਮਾਨ ਨੇ ਪੰਜਾਬ ਪੁਲਸ ਤੇ ਪੰਜਾਬ ਸਰਕਾਰ ਵੱਲੋਂ ਸਮੁੱਚੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਅਹੁਦੇਦਾਰਾਂ ਨੂੰ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਘਰਾਂ ਵਿੱਚ ਹੀ ਨਜ਼ਰਬੰਦ ਕਰਨ ਤੇ ਬਾਹਰੋਂ ਗ੍ਰਿਫਤਾਰੀਆਂ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਸਾਨੀ ਮਸਲਿਆਂ, ਬੰਦੀ ਸਿੱਖਾਂ ਦੇ ਮਸਲਿਆਂ, ਗੜੇਮਾਰੀ ਨਾਲ ਹੋਏ ਨੁਕਸਾਨ ਨੂੰ ਤੁਰੰਤ ਸੰਜੀਦਗੀ ਨਾਲ ਹੱਲ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਪੁਲਸ ਵੱਲੋਂ ਕੀਤੀਆਂ ਗਈਆਂ ਗ੍ਰਿਫਤਾਰੀਆਂ ਨੂੰ ਗੈਰ-ਜਮਹੂਰੀਅਤ ਕਰਾਰ ਦਿੱਤਾ।



ਉਨ੍ਹਾਂ ਕਿਹਾ ਇਕ ਪਾਸੇ ਕਿਸਾਨਾਂ, ਖੇਤ ਮਜ਼ਦੂਰਾਂ ਵੱਲੋਂ ਸਾਂਝੇ ਤੌਰ 'ਤੇ ਮਿਹਨਤ ਮੁਸ਼ੱਕਤ ਨਾਲ ਪੈਦਾ ਕੀਤੀਆਂ ਜਾਣ ਵਾਲੀਆਂ ਫਸਲਾਂ ਦੀ ਐੱਮ.ਐੱਸ.ਪੀ. ਨਹੀਂ ਦਿੱਤੀ ਜਾ ਰਹੀ ਤੇ ਨਾ ਹੀ ਸੁਆਮੀਨਾਥਨ ਰਿਪੋਰਟ ਲਾਗੂ ਕੀਤੀ ਜਾ ਰਹੀ ਹੈ। ਕਰਜ਼ਿਆਂ ਦੀ ਬਦੌਲਤ ਹੋ ਰਹੀਆਂ ਕਿਸਾਨੀ ਖੁਦਕੁਸ਼ੀਆ ਨੂੰ ਰੋਕਣ ਲਈ ਸਰਕਾਰ ਵੱਲੋਂ ਅਮਲ ਨਾ ਕਰਕੇ ਕਿਸਾਨ ਤੇ ਖੇਤ ਮਜ਼ਦੂਰ ਨਾਲ ਵੱਡੀ ਬੇਇਨਸਾਫੀ ਕੀਤੀ ਜਾ ਰਹੀ ਹੈ। ਦੂਸਰੇ ਪਾਸੇ ਜਦੋਂ ਕਿਸਾਨ ਤੇ ਖੇਤ ਮਜ਼ਦੂਰ ਆਪਣੀਆਂ ਕਾਨੂੰਨੀ ਹੱਕੀ ਮੰਗਾਂ ਲਈ ਅਮਨਮਈ ਤੇ ਜਮਹੂਰੀਅਤ ਢੰਗ ਨਾਲ ਸੰਘਰਸ਼ ਵਿੱਢਦੇ ਹਨ ਤਾਂ ਉਨ੍ਹਾਂ ਦੇ ਵਿਧਾਨਕ ਹੱਕਾਂ ਨੂੰ ਕੁਚਲ ਕੇ ਉਨ੍ਹਾਂ ਉੱਤੇ ਗੋਲੀਆਂ ਚਲਾ ਕੇ ਸ਼ਹੀਦ ਕੀਤਾ ਜਾਂਦਾ ਹੈ, ਜੋ ਕਿ ਅਣਮਨੁੱਖੀ ਤੇ ਗੈਰ-ਇਨਸਾਨੀਅਤ ਕਾਰਵਾਈਆਂ ਹਨ, ਜਿਨ੍ਹਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਇਸ ਗੱਲ ਦੀ ਵੀ ਜ਼ੋਰਦਾਰ ਮੰਗ ਕੀਤੀ ਕਿ ਗੜੇਮਾਰੀ ਕਾਰਨ, ਜੋ ਪੰਜਾਬ, ਹਰਿਆਣਾ ਆਦਿ ਸੂਬਿਆਂ ਦੇ ਕਿਸਾਨਾਂ ਦੀਆਂ ਫਸਲਾਂ ਨੁਕਸਾਨੀਆਂ ਗਈਆ ਹਨ, ਉਨ੍ਹਾਂ ਦੀ ਤੁਰੰਤ ਗਿਰਦਾਵਰੀ ਕਰਵਾ ਕੇ ਸਰਕਾਰ ਮੁਆਵਜ਼ਾ ਦੇਣ ਦਾ ਐਲਾਨ ਕਰੇ। ਜੋ ਕਿਸਾਨ ਜਥੇਬੰਦੀਆਂ ਵੱਲੋਂ ਆਪਣੇ ਵੱਡੇ ਸੰਘਰਸ਼ ਨੂੰ ਅੱਗੇ ਵਧਾਉਣ ਦੀ ਗੱਲ ਕੀਤੀ ਗਈ ਹੈ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਉਨ੍ਹਾਂ ਦੇ ਇਸ ਸੰਘਰਸ਼ ਦੀ ਹਰ ਖੇਤਰ ਵਿੱਚ ਪੂਰੀ ਤਰ੍ਹਾਂ ਮਦਦ ਕਰਨ ਤੇ ਇਸ ਕਿਸਾਨ ਸੰਘਰਸ਼ ਨੂੰ ਮੰਜ਼ਲ 'ਤੇ ਪਹੁੰਚਾਉਣ ਵਿੱਚ ਆਪਣੀ ਜ਼ਿੰਮੇਵਾਰੀ ਪੂਰਨ ਕਰੇਗਾ ਤੇ ਹਰ ਤਰ੍ਹਾਂ ਮਦਦ ਕਰਦਾ ਰਹੇਗਾ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵੱਲੋਂ 'ਬਾਇਓਜੈਨਿਕ ਨੈਨੋਮੈਟਰੀਅਲਜ ਫਾਰ ਹੈੱਲਥ ਐਂਡ ਐਨਵਾਇਰਮੈਂਟ' ਲੋਕ ਅਰਪਣ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਡਾ. ਰਾਹੁਲ ਬਦਰੂ ਦੁਆਰਾ ਸੰਪਾਦਿਤ ਪੁਸਤਕ 'ਬਾਇਓਜੈਨਿਕ ਨੈਨੋਮੈਟਰੀਅਲਜ ਫਾਰ ਹੈਲਥ ਐਂਡ ਐਨਵਾਇਰਮੈਂਟ' ਰਿਲੀਜ਼ ਕੀਤੀ ਗਈ। ਕਿਤਾਬ ਸੀ ਆਰ ਸੀ ਪ੍ਰੈਸ ਜੋ ਅੰਤਰਰਾਸ਼ਟਰੀ ਪ੍ਰੈਸ ਜੋ ਟੇਲਰ ਅਤੇ ਫਰਾਂਸਿਸ ਸਮੂਹ ਦੀ ਇੱਕ ਇਕਾਈ ਹੈ, ਦੁਆਰਾ ਪ੍ਰਕਾਸ਼ਤ ਕੀਤੀ ਗਈ ਹੈ। ਪੁਸਤਕ ਰਿਲੀਜ਼ ਸਮਾਗਮ ਵਿੱਚ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ, ਵਾਈਸ-ਚਾਂਸਲਰ ਅਤੇ ਰਜਿਸਟਰਾਰ ਸ਼ਾਮਲ ਹੋਏ। ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਪ੍ਰੋ: ਅਜਾਇਬ ਸਿੰਘ ਬਰਾੜ ਨੇ ਡਾ: ਬਦਰੂ ਵੱਲੋਂ ਕੀਤੇ ਉਪਰਾਲੇ ਦੀ ਸਲਾਘਾ ਕੀਤੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਫੈਕਲਟੀ ਨੂੰ ਉਨ੍ਹਾਂ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ, ਤਾਂ ਜੋ ਬਾਕੀ ਫੈਕਲਟੀ ਮੈਂਬਰ ਵੀ ਆਪਣੇ ਖੋਜ ਕਾਰਜ ਪ੍ਰਕਾਸ਼ਤ ਕਰ ਸਕਣ।

ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ: ਪ੍ਰਿਤਪਾਲ ਸਿੰਘ ਨੇ ਡਾ. ਬਦਰੂ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਨੇ ਡਾ.ਬਦਰੂ ਦੇ ਯਤਨਾਂ ਅਤੇ ਯੋਗਦਾਨ ਦੀ ਸਲਾਘਾ ਕਰਦੇ ਹੋਏ ਯੂਨੀਵਰਸਿਟੀ ਲਈ ਡਾ.ਬਦਰੂ ਦੇ ਵੱਖ-ਵੱਖ ਯੋਗਦਾਨਾਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਡਾ: ਬਦਰੂ ਯੂਨੀਵਰਸਿਟੀ ਦੇ ਖੋਜ ਅਤੇ ਪ੍ਰਸਾਸਨਿਕ ਕੰਮਾਂ ਵਿੱਚ ਸਰਗਰਮੀ ਨਾਲ ਜੁੜੇ ਹੋਏ ਹਨ। ਉਨ੍ਹਾਂ ਨੇ ਕੈਮਿਸਟਰੀ ਵਿਭਾਗ ਦੇ ਮੁਖੀ ਵਜੋਂ ਡਾ.ਬਦਰੂ ਦੇ ਯਤਨਾਂ ਦੀ ਸਲਾਘਾ ਕੀਤੀ ਕਿਉਂਕਿ ਉਨ੍ਹਾਂ ਦੀ ਅਗਵਾਈ ਹੇਠ ਵਿਭਾਗ ਨੇ ਆਉਣ ਵਾਲੇ ਸੈਸ਼ਨ ਲਈ ਬਖੂਬੀ ਤਿਆਰੀ ਕਰ ਲਈ ਹੈ।

ਡਾ. ਬਦਰੂ ਦੀ ਖੋਜ ਦਾ ਖੇਤਰ ਸਿੰਥੈਟਿਕ ਕੈਮਿਸਟਰੀ ਹੈ। ਉਨ੍ਹਾਂ ਅੰਤਰਰਾਸਟਰੀ ਪ੍ਰਸਿੱਧੀ ਵਾਲੇ ਜਨਰਲਾਂ ਵਿੱਚ ਤੀਹ ਤੋਂ ਵੱਧ ਖੋਜ ਲੇਖ ਪ੍ਰਕਾਸਤ ਕੀਤੇ ਹਨ ਤੇ ਕੁੱਲ ਮਿਲਾ ਕੇ ਸਾਡੇ ਚਾਰ ਸੌ ਤੋਂ ਵੱਧ ਹਵਾਲੇ ਦੇ ਨਾਲ ਕਿਤਾਬੀ ਅਧਿਆਏ ਹਨ। ਡਾ: ਬਦਰੂ ਨੇ ਕੇਂਦਰੀ ਯੂਨੀਵਰਸਿਟੀ, ਬਠਿੰਡਾ ਤੋਂ ਡਾ: ਯਾਦਵਿੰਦਰ ਸਿੰਘ, ਆਈਆਈਟੀ ਰੋਪੜ ਤੋਂ ਪ੍ਰੋ: ਨਰਿੰਦਰ ਸਿੰਘ ਅਤੇ ਕੁਈਨਜਲੈਂਡ ਯੂਨੀਵਰਸਿਟੀ ਆਫ ਟੈਕਨਾਲੋਜੀ, ਆਸਟ੍ਰੇਲੀਆ ਤੋਂ ਡਾ. ਦੀਪਕ ਦੁਬਲ ਨਾਲ ਇਸ ਪੁਸਤਕ ਦਾ ਸਹਿ-ਸੰਪਾਦਨ ਕੀਤਾ ਹੈ। ਕਿਤਾਬ ਵਿੱਚ ਨੈਨੋਮੈਟੀਰੀਅਲ ਦੇ ਬਾਇਓਜੈਨਿਕ ਸੰਸਲੇਸਨ ਤੇ ਸਿਹਤ ਅਤੇ ਵਾਤਾਵਰਣ ਦੇ ਖੇਤਰਾਂ ਵਿੱਚ ਵਿਸ਼ਵ ਭਰ ਦੇ ਉੱਘੇ ਵਿਗਿਆਨੀਆਂ ਦੀ ਭੂਮਿਕਾ ਬਾਰੇ ਦੇ 14 ਅਧਿਆਏ ਸ਼ਾਮਲ ਕੀਤੇ ਗਏ ਹਨ। ਡਾ: ਬਦਰੂ ਨੇ ਇਸ ਕਿਤਾਬ ਵਿਚ ਐਲਗੀ, ਫੰਗੀ, ਸਾਇਨੋਬੈਕਟੀਰੀਆ, ਵਾਇਰਸ, ਪੌਦਿਆਂ ਜਾਂ ਪੌਦਿਆਂ ਦੇ ਕਣਾਂ ਦੀ ਵਰਤੋਂ ਕਰਦੇ ਹੋਏ ਨੈਨੋਪਾਰਟਿਕਲ ਸੰਸਲੇਸ਼ਣ ਦੇ ਖੇਤਰ ਵਿੱਚ ਲੱਗੇ ਖੋਜਕਰਤਾਵਾਂ ਨੂੰ ਦਰਪੇਸ਼ ਚੁਣੌਤੀਆਂ ਨੂੰ ਸਮਝਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ। ਬਾਇਓਮਾਸ ਦੇ ਰੂਪ ਵਿੱਚ ਕੁਦਰਤੀ ਪੌਦਿਆਂ ਦੀਆਂ ਲੋੜੀਂਦੀਆਂ ਵਿਸੇਸਤਾਵਾਂ ਅਤੇ ਸੰਰਚਨਾਤਮਕ ਪਹਿਲੂਆਂ ਦੇ ਨਾਲ ਨੈਨੋ ਕਣਾਂ ਦੇ ਸੰਸਲੇਸ਼ਣ ਲਈ ਨਮੂਨੇ ਵਜੋਂ ਕੰਮ ਕਰਦੀਆਂ ਹਨ।

# ਕਮਲਜੀਤ ਸਿੰਘ ਗਿੱਲ ਯੂਥ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਬਣੇ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਯੂਥ ਅਕਾਲੀ ਦਲ ਵੱਲੋਂ ਐਲਾਨ ਕੀਤੀ ਮਿਹਨਤੀ ਨੌਜਵਾਨਾਂ ਦੇ ਅਹੁਦੇਦਾਰਾਂ ਦੀ ਲਿਸਟ ਵਿੱਚ ਹਲਕਾ ਅਮਲੋਹ ਦੇ ਤਿੰਨ ਮਿਹਨਤੀ ਨੌਜਵਾਨਾਂ ਨੂੰ ਅਹੁੱਦੇ ਦੇ ਕੇ ਪਾਰਟੀ ਦੀ ਸੇਵਾ ਕਰਨ ਦਾ ਮਾਣ ਦਿੱਤਾ ਗਿਆ ਹੈ, ਜਿਸ ਲਈ ਹਲਕਾ ਅਮਲੋਹ ਨੂੰ ਯੂਥ ਅਕਾਲੀ ਦਲ ਵੱਲੋਂ ਵੱਡਾ ਮਾਣ ਦਿੱਤਾ ਗਿਆ ਹੈ।ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਕੰਵਲਜੀਤ ਸਿੰਘ ਗਿੱਲ ਅਮਲੋਹ ਨੂੰ ਯੂਥ ਅਕਾਲੀ ਦਲ ਦਾ ਕੋਰ ਕਮੇਟੀ ਮੈਂਬਰ, ਜਸ਼ਨਪ੍ਰੀਤ ਸਿੰਘ ਸ਼ਾਹਪੁਰ ਨੂੰ ਯੂਥ ਅਕਾਲੀ ਦਲ ਦਾ ਮੀਤ ਪ੍ਰਧਾਨ ਤੇ ਸ਼ਿਵਕਾਂਤ ਤਿਵਾੜੀ ਮੰਡੀ ਗੋਬਿੰਦਗੜ੍ਹ ਨੂੰ ਯੂਥ ਅਕਾਲੀ ਦਲ ਦਾ ਜਨਰਲ ਸਕੱਤਰ ਬਣਨ 'ਤੇ ਵਧਾਈ ਦੇਣ ਸਮੇਂ ਕੀਤਾ।ਰਾਜੂ ਖੰਨਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਯੂਥ ਅਕਾਲੀ ਦਲ ਦੇ ਸਰਪ੍ਰਸਤ ਬਿਕਰਮ ਸਿੰਘ ਮਜੀਠੀਆ ਤੇ ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਇਨ੍ਹਾਂ ਤਿੰਨੋਂ ਯੂਥ ਨੌਜਵਾਨਾਂ ਦੀ ਮਿਹਨਤ ਤੇ ਯੂਥ ਅਕਾਲੀ ਦਲ ਦੀ ਕੀਤੀ ਭਰਤੀ ਨੂੰ ਦੇਖਦੇ ਹੋਏ ਸੂਬਾ ਪੱਧਰੀ ਅਹੁੱਦੇ ਦੇ ਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਮੌਕਾ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਦਰ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਮਿਹਨਤੀ ਵਰਕਰਾਂ, ਆਗੂਆਂ ਤੇ ਨੌਜਵਾਨਾਂ ਨੂੰ ਅਹੁੱਦੇ ਦੇ ਕੇ ਪਾਰਟੀ ਅੰਦਰ ਕੰਮ ਕਰਨ ਦਾ ਮਾਣ ਦਿੱਤਾ ਜਾਵੇਗਾ ਤਾਂ ਜੁ ਆਉਣ ਵਾਲੇ ਸਮੇਂ ਵਿੱਚ ਪਾਰਟੀ ਮਜ਼ਬੂਤ ਹੋ ਕੇ ਪੰਜਾਬ ਤੇ ਪੰਜਾਬੀਅਤ ਦੀ ਮੁੜ ਸੇਵਾ ਕਰ ਸਕੇ।

# ਕਿਰਤੀ ਕਿਸਾਨ ਯੂਨੀਅਨ 'ਚ ਹੋਇਆ ਵਾਧਾ, ਜੰਡਵਾਲਾ 'ਚ ਵੱਡੀ ਗਿਣਤੀ ਕਿਸਾਨ ਜੁੜੇ



**ਜਲਾਲਾਬਾਦ (ਜੀਤ ਕੁਮਾਰ)**

ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਕਮੇਟੀ ਵੱਲੋਂ ਪਿੰਡ ਜੰਡਵਾਲਾ ਵਿੱਚ ਲੰਮਾਂ ਸਮਾਂ ਕਿਸਾਨ ਸੰਘਰਸ਼ ਦਾ ਹਿੱਸਾ ਰਹੇ ਭਗਵਾਨ ਸਿੰਘ ਆਪਣੀ ਸਮੁੱਚੀ ਟੀਮ ਸਮੇਤ ਕਿਰਤੀ ਕਿਸਾਨ ਯੂਨੀਅਨ ਦੇ ਕੰਮਾਂ, ਭਵਿੱਖ ਮੁਖੀ ਸੋਚ ਨੂੰ ਦੇਖਦੇ ਹੋਏ ਕਿਰਤੀ ਕਿਸਾਨ ਯੂਨੀਅਨ ਵਿੱਚ ਸ਼ਾਮਲ ਹੋਏ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਡਾ. ਸੁਖਚੈਨ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਕੁਲਵਿੰਦਰ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਬਲਤੇਜ ਸਿੰਘ ਤੇ ਔਰਤ ਵਿੰਗ ਦੀ ਸੀਨੀਅਰ ਆਗੂ ਤੇ ਜ਼ਿਲ੍ਹਾ ਕਮੇਟੀ ਮੈਂਬਰ ਰਾਜ ਕੌਰ ਨੇ ਕਿਹਾ ਕਿ ਜਾਬਰ ਹਕੂਮਤ ਵਿਰੁੱਧ ਜਥੇਬੰਦ ਹੋ ਕੇ ਹੀ ਲੜਿਆ ਜਾ ਸਕਦਾ ਹੈ। ਇਸ ਸੰਘਰਸ਼ ਨੂੰ ਤਾਂ ਹੀ ਅੱਗੇ ਵਧਾਇਆ ਜਾ ਸਕਦਾ ਹੈ ਜੇਕਰ ਏਕਤਾ ਵਿੱਚ ਹੋਵਾਂਗੇ ਤਾਂ ਜਿੰਨੀ ਵੱਡੀ ਲੜਾਈ ਹੈ, ਇਸ ਨੂੰ ਏਕਤਾ ਤੋਂ ਬਿਨਾਂ ਅੱਗੇ ਨਹੀਂ ਵਧਾਇਆ ਜਾ ਸਕਦਾ। ਜਿਹੜੇ ਲੋਕ ਏਕਤਾ ਨਹੀਂ ਚਾਹੁੰਦੇ, ਉਨ੍ਹਾਂ ਦੀ ਪਛਾਣ ਕਰਨੀ ਚਾਹੀਦੀ ਹੈ ਤਾਂ ਜੁ ਭਵਿੱਖ ਵਿੱਚ ਲਹਿਰ ਨੂੰ ਨੁਕਸਾਨ ਨਾ ਹੋ ਸਕੇ। ਦੇਸ਼ ਦੀ ਫਾਸ਼ੀਵਾਦੀ ਮੋਦੀ ਸਰਕਾਰ ਜਲ, ਜੰਗਲ, ਜ਼ਮੀਨ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਕੇ ਆਮ ਲੋਕਾਂ ਦੇ ਰੁਜ਼ਗਾਰ ਖਤਮ ਕਰ ਰਹੀ ਹੈ ਤੇ ਮੂੰਹ ਦੇ ਨਿਵਾਲੇ ਖੋਹ ਰਹੀ ਹੈ, ਇਸ ਕਰਕੇ ਅਸੀਂ ਚਾਹੁੰਦੇ ਹਾਂ ਕਿ ਲੋਕਾਂ ਨੂੰ ਸੰਘਰਸ਼ ਦੇ ਮੈਦਾਨ ਵਿੱਚ ਆਉਣਾ ਚਾਹੀਦਾ ਹੈ ਤੇ ਆਉਣ ਵਾਲੀਆ ਪੀੜ੍ਹੀਆਂ ਦੇ ਭਵਿੱਖ ਨੂੰ ਬਚਾਉਣਾ ਚਾਹੀਦਾ ਹੈ। ਇਸ ਮੌਕੇ ਤੇ ਕਿਰਤੀ ਦੇ ਜ਼ਿਲ੍ਹਾ ਸਕੱਤਰ ਮਨਦੀਪ ਸਿੰਘ ਅਤੇ ਬਲਾਕ ਪ੍ਰਧਾਨ ਹਰਮੀਤ ਸਿੰਘ ਨੇ ਕਿਹਾ ਕਿਰਤੀ ਕਿਸਾਨ ਯੂਨੀਅਨ ਨਹਿਰੀ ਪਾਣੀ ਹਰੇਕ ਖੇਤ ਤੱਕ ਪਹੁੰਚਣ ਲਈ ਮੋਘਿਆਂ ਦੇ ਮੁੱਢ ਵਿੱਚ ਰੀਚਾਰਜ਼ ਪੁਆਇੰਟ ਬਣਾਏ ਜਾਣ, ਭਾਰਤ ਪਾਕਿਸਤਾਨ ਵਪਾਰ ਖੋਲ੍ਹਣ ਲਈ ਖੇਤੀ ਮਾਡਲ ਸਥਾਨਕ ਲੋੜਾਂ ਤੇ ਵਾਤਾਵਰਨ ਮੁਤਾਬਕ ਬਦਲਵਾਂ ਖੇਤੀ ਮਾਡਲ ਲਾਗੂ ਕਰਾਉਣ ਲਈ ਲਗਾਤਾਰ ਸਘੰਰਸ਼ ਕਰ ਰਹੀ ਹੈ। ਜਥੇਬੰਦੀ ਸਮਝ ਰੱਖਦੀ ਹੈ ਸਾਰੇ ਵਰਗਾਂ ਦੇ ਏਕੇ ਨਾਲ ਇਨ੍ਹਾਂ ਮੰਗਾਂ ਨੂੰ ਲਾਗੂ ਕਰਾਇਆ ਜਾ ਸਕਦਾ ਹੈ। ਇਸ ਲਈ ਜਥੇਬੰਦੀ ਵੱਲੋਂ ਲਗਾਤਾਰ ਸਾਰੇ ਵਰਗਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ। ਇਸ ਮੌਕੇ ਬਲਾਕ ਜਲਾਲਾਬਾਦ ਵੱਲੋਂ 14 ਮਾਰਚ ਨੂੰ ਦਿੱਲੀ ਮਹਾਂਪੰਚਾਇਤ ਲਈ ਵੱਡੇ ਪੱਧਰ ਲਾਮਬੰਦੀ ਕਰਕੇ ਵੱਡੀ ਗਿਣਤੀ ਸ਼ਮੂਲੀਅਤ ਕੀਤੀ ਜਾਵੇਗੀ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ 'ਚ ਮੁਸ਼ਕਲਾਂ ਬਾਰੇ ਚਰਚਾ



**ਜ਼ੀਰਾ (ਨਰਿੰਦਰ ਅਨੇਜਾ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਬਲਾਕ ਜ਼ੀਰਾ ਦੀ ਮਹੀਨਾਵਾਰ ਇਕੱਤਰਤਾ ਅੱਜ ਆਪਣੇ ਪ੍ਰੈਕਟਿਸ ਕਰਨ ਦੇ ਅਧਿਕਾਰਾਂ ਦੀ ਮੰਗ ਨੂੰ ਲੈ ਕੇ ਪ੍ਰਧਾਨ ਗੁਰਦਿੱਤ ਸਿੰਘ ਦੀ ਪ੍ਰਧਾਨਗੀ ਤੇ ਸੀਨੀਅਰ ਆਗੂ ਡਾਕਟਰ ਸੁਰਜੀਤ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਜ਼ੀਰਾ ਦੇ ਆਸ-ਪਾਸ ਦੇ ਵੱਖ ਵੱਖ ਪਿੰਡਾਂ ਤੋਂ ਪਹੁੰਚੇ ਪ੍ਰੈਕਟੀਸ਼ਨਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਕਮੇਟੀ ਮੈਂਬਰ ਆਤਮਾ ਸਿੰਘ, ਪ੍ਰਧਾਨ ਗੁਰਦਿੱਤ ਸਿੰਘ ਤੋਂ ਇਲਾਵਾ ਸੀਨੀਅਰ ਆਗੂ ਸੁਰਜੀਤ ਸਿੰਘ, ਮੀਤ ਪ੍ਰਧਾਨ ਅਜ਼ਮੇਰ ਸਿੰਘ ਢੇਰੂ ਤੇ ਮੀਤ ਪ੍ਰਧਾਨ ਬੋਹੜ ਸਿੰਘ ਨੇ ਪ੍ਰੈਕਟਿਸ ਕਰਨ ਦੇ ਅਧਿਕਾਰਾਂ ਦੀ ਸਰਕਾਰ ਕੋਲੋਂ ਮੰਗ ਕਰਦਿਆਂ ਕਿਹਾ ਕਿ ਪਿੰਡਾਂ ਤੇ ਸ਼ਹਿਰਾਂ ਦੇ ਸਲੱਮ ਇਲਾਕਿਆਂ ਵਿੱਚ ਕੰਮ ਕਰਦੇ ਪ੍ਰੈਕਟੀਸ਼ਨਰ ਸਰਕਾਰ ਵੱਲੋਂ ਚਲਾਏ ਜਾਂਦੇ ਸਿਹਤ ਸਬੰਧੀ ਅਭਿਆਨ ਜਾਂ ਵੱਖ ਵੱਖ ਕਿਸਮ ਦੀਆਂ ਖਤਰਨਾਕ ਬੀਮਾਰੀਆਂ ਲਈ ਲਗਾਏ ਜਾਂਦੇ ਵੈਕਸੀਨ ਦੇ ਕੈਂਪਾਂ ਵਿੱਚ ਵੈਕਸੀਨ ਲਗਵਾਉਣ ਲਈ ਲੋਕਾਂ ਨੂੰ ਪ੍ਰੇਰਿਤ ਕਰਕੇ ਸਰਕਾਰੀ ਹਸਪਤਾਲ ਦੀਆਂ ਟੀਮਾਂ ਦਾ ਸਹਿਯੋਗ ਕਰਦੇ ਹਨ।ਕੋਰੋਨਾ ਕਾਲ ਦੌਰਾਨ ਵੀ ਜਦੋਂ ਵੱਡੇ ਵੱਡੇ ਪ੍ਰਾਈਵੇਟ ਹਸਪਤਾਲ ਬੰਦ ਸਨ ਤਾਂ ਪਿੰਡਾਂ ਵਿੱਚ ਕੰਮ ਕਰਦੇ ਪ੍ਰੈਕਟੀਸ਼ਨਰਾਂ ਨੇ ਮਰੀਜ਼ਾਂ ਨੂੰ ਮੁੱਢਲੀਆਂ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ।ਸੋ ਅਸੀਂ ਸਰਕਾਰ ਕੋਲੋਂ ਬੇਖੌਫ ਕੰਮ ਕਰਨ ਦਾ ਅਧਿਕਾਰ ਮੰਗਦੇ ਹਾਂ ਤਾਂ ਕਿ ਅਸੀਂ ਲੋਕਾਂ ਨੂੰ ਮੁੱਢਲੀਆਂ ਸਸਤੀਆਂ ਸਿਹਤ ਸਹੂਲਤਾਂ ਪ੍ਰਦਾਨ ਕਰ ਸਕੀਏ।

ਇਸ ਇੱਕਤਰਤਾ ਵਿੱਚ ਮੈਡੀਲਿੰਕ ਸਕੈਨ ਸੈਂਟਰ ਜ਼ੀਰਾ ਦੇ ਡਾਕਟਰ ਅਵੈਪ੍ਰੀਤ ਸਿੰਘ ਤੇ ਉਨ੍ਹਾਂ ਦੀ ਟੀਮ ਨੇ ਵੀ ਸ਼ਮੂਲੀਅਤ ਕੀਤੀ।ਉਨ੍ਹਾਂ ਆਪਣੇ ਸਕੈਨ ਸੈਂਟਰ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੱਤੀ।ਅਖੀਰ ਪ੍ਰਧਾਨ ਡਾਕਟਰ ਗੁਰਦਿੱਤ ਸਿੰਘ ਵੱਲੋਂ ਸਾਰੇ ਮੈਂਬਰਾਂ ਤੇ ਮੈਡੀਲਿੰਕ ਸਕੈਨ ਸੈਂਟਰ ਦੀ ਟੀਮ ਦਾ ਧੰਨਵਾਦ ਕੀਤਾ ਗਿਆ। ਇਸ ਵਿਸ਼ੇਸ਼ ਇਕੱਤਰਤਾ 'ਚ ਪ੍ਰਧਾਨ ਗੁਰਦਿੱਤ ਸਿੰਘ ਤੇ ਉਪਰੋਕਤ ਸੀਨੀਅਰ ਆਗੂਆਂ ਤੋਂ ਇਲਾਵਾ ਪ੍ਰੈਕਟੀਸ਼ਨਰ ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸੁੱਖੇਵਾਲਾ, ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸੋਢੀ ਵਾਲਾ, ਚੇਅਰਮੈਨ ਜਰਨੈਲ ਸਿੰਘ, ਵਾਈਸ ਚੇਅਰਮੈਨ ਧਰਮਿੰਦਰ ਸਿੰਘ, ਵਾਈਸ ਜਨਰਲ ਸਕੱਤਰ ਜਗਮੀਤ ਸਿੰਘ, ਵਾਈਸ ਸਟੇਜ ਸਕੱਤਰ ਗੁਰਜੀਤ ਸਿੰਘ ਪੰਡੋਰੀ, ਕੈਸ਼ੀਅਰ ਗੁਰਪ੍ਰੀਤ ਸਿੰਘ, ਵਾਈਸ ਕੈਸ਼ੀਅਰ ਕੁਲਵੀਰ, ਸੀਨੀਅਰ ਆਗੂ ਪੂਰਨ ਸਿੰਘ, ਸਲਵਿੰਦਰ ਸਿੰਘ, ਹਰਬੰਸ ਸਿੰਘ, ਬਲਜੀਤ ਸਿੰਘ, ਕੁਲਵੰਤ ਸਿੰਘ, ਪ੍ਰੈੱਸ ਸਕੱਤਰ ਵਰਿੰਦਰ ਸਿੰਘ, ਤਰਸੇਮ ਸਿੰਘ, ਲਵਲੀ ਸਿੰਘ, ਵਿਜੇ ਕੁਮਾਰ, ਸੰਜੀਵ ਕੁਮਾਰ, ਗੁਰਵਿੰਦਰ ਸਿੰਘ ਢਿੱਲੋਂ, ਮੈਡਮ ਗੁਰਵੀਰ ਕੌਰ ਤੇ ਸਟੇਜ ਸਕੱਤਰ ਸੰਤੋਖ ਸਿੰਘ ਆਦਿ ਸ਼ਾਮਲ ਹੋਏ।

# ਦਿਨ-ਦਿਹਾੜੇ ਚੋਰੀਆਂ ਕਾਰਨ ਮੰਡੀ ਕਾਲਾਂਵਾਲੀ ਵਾਸੀ ਭੈਅ-ਭੀਤ

**ਸਿਰਸਾ (ਸੁਰਿੰਦਰ ਪਾਲ ਸਿੰਘ)**



ਮੰਡੀ ਕਾਲਾਂਵਾਲੀ ਵਿੱਚ ਹੋ ਰਹੀਆਂ ਚੋਰੀਆਂ ਤੋਂ ਖੇਤਰ ਨਿਵਾਸੀ ਭੈ-ਭੀਤ ਹਨ। ਚੋਰ ਗਰੋਹਾਂ ਦੀ ਜਕੜ ਵਿਚ ਆਏ ਮੰਡੀ ਨਿਵਾਸੀਆਂ ਨੇ ਕਿਹਾ ਕਿ ਹੁਣ ਉਹਨਾਂ ਨੂੰ ਪੁਲਿਸ ਗਸ਼ਤਾਂ ਉੱਤੇ ਵੀ ਵਿਸ਼ਵਾਸ ਨਹੀਂ ਰਿਹਾ। ਉਹ ਖੁਦ ਆਪਣੇ ਬਚਾਓ ਹਿਤ ਆਪਣੇ ਮੁਹਲਿਆਂ ਵਿਚ ਚੌਕੀਦਾਰ ਰੱਖਣਗੇ। ਧਿਆਨ ਰਹੇ ਕਿ ਪਿਛਲੇ ਦਿਨਾਂ ਵਿੱਚ ਮੰਡੀ ਕਾਲਾਂਵਾਲੀ ਵਿਖੇ ਜੰਡ ਵਾਲੀ ਗਲੀ ਵਿੱਚ ਤਿੰਨ ਘਰਾਂ ਦੇ ਇੱਕੋ ਰਾਤ ਵਿੱਚ ਵੱਡੀ ਚੋਰੀ ਹੋਈ ਤੇ ਉਸਦੇ ਅਗਲੇ ਦਿਨ ਹੀ ਦਿਨ ਦਿਹਾੜੇ ਕਾਲਾਂਵਾਲੀ ਦੀ ਜੰਗੀਰ ਕਲੋਨੀ ਨਿਵਾਸੀ ਹੈਡ ਟੀਚਰ ਗੁਰਤੇਜ ਸਿੰਘ ਦੇ ਘਰ ਵੱਡੀ ਚੋਰੀ ਹੋ ਗਈ। ਮਾਸਟਰ ਗੁਰਤੇਜ ਸਿੰਘ ਨੇ ਦੱਸਿਆ ਕਿ ਜਦੋਂ ਉਹ ਅਤੇ ਉਨ੍ਹਾਂ ਦੀ ਪਤਨੀ ਸਕੂਲ ਵਿੱਚ ਆਪਣੀ ਡਿਊਟੀ ਨਿਭਾ ਰਹੇ ਸਨ ਤਾਂ ਕਰੀਬ ਦੁਪਿਹਰ 12 ਵਜੇ ਤੇ ਕਰੀਬ ਉਹਨਾਂ ਦੇ ਘਰ ਦੀਆਂ ਕੰਧਾਂ ਟੱਪ ਕੇ ਚੋਰਾਂ ਨੇ ਚੋਰੀ ਨੂੰ ਅੰਜਾਮ ਦਿੱਤਾ ਤੇ ਘਰ ਦੇ ਲਾਕਰ ਵਿੱਚ ਰੱਖਿਆ 12 ਤੋਲੇ ਸੋਨਾ ਅਤੇ ਸਵਾ ਲੱਖ ਰੁਪਏ ਕੈਸ਼ ਲੈ ਕੇ ਕੰਧਾਂ ਟੱਪ ਕੇ ਫਰਾਰ ਹੋ ਗਏ। ਮਾ. ਗੁਰਤੇਜ ਸਿੰਘ ਦਾ ਕਹਿਣਾ ਸੀ ਕਿ ਚੋਰਾਂ ਨੇ ਪੂਰੇ ਘਰ ਦੀ ਫਰੋਲਾ ਫਰਾਲੀ ਕੀਤੀ ਅਤੇ ਜੋ ਵੀ ਰਾਸ਼ੀ ਅਤੇ ਸੋਨਾ ਉਨ੍ਹਾਂ ਨੂੰ ਮਿਲਿਆ, ਉਹ ਲੈ ਗਏ। ਉਨ੍ਹਾਂ ਦਸਿਆ ਕਿ ਉਹ ਤੇ ਉਨ੍ਹਾਂ ਦੀ ਪਤਨੀ ਆਪਣੀ ਡਿਊਟੀ ਉਪਰੰਤ ਢਾਈ ਵਜੇ ਘਰ ਆਏ ਤਾਂ ਉਨ੍ਹਾਂ ਦੇਖਿਆ ਘਰ ਅੰਦਰਲੇ ਮੁੱਖ ਦੁਆਰ ਦਾ ਗੇਟ ਟੁੱਟਿਆ ਹੋਇਆ ਸੀ ਅਤੇ ਅੰਦਰ ਸਾਰਾ ਸਮਾਨ ਖਿਲਰਿਆ ਰਿਹਾ ਪਿਆ ਸੀ। ਉਨ੍ਹਾਂ ਦਸਿਆ ਕਿ ਚੋਰਾਂ ਵੱਲੋਂ ਘਰ ਦੀਆਂ ਸਾਰੀਆਂ ਅਲਮਾਰੀਆਂ ਦੀ ਤਲਾਸ਼ੀ ਲਈ ਗਈ। ਉਨ੍ਹਾਂ ਦੱਸਿਆ ਕਿ ਘਰ ਦੀ ਕੰਧ ਟੱਪ ਰਹੇ ਚੋਰਾਂ ਦੀਆਂ ਤਸਵੀਰਾਂ ਗੁਆਂਢੀਆਂ ਦੇ ਲੱਗੇ ਸੀਸੀ ਟੀਵੀ ਕੈਮਰੇ ਵਿੱਚ ਕੈਦ ਹੋ ਗਈਆਂ ਹਨ। ਚੋਰੀ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਗਈ ਪਰ ਚੋਰ ਹਾਲੇ ਤੱਕ ਪੁਲਿਸ ਦੀ ਪਕੜ ਤੋਂ ਬਾਹਰ ਹਨ। ਲਗਾਤਾਰ ਹੋ ਰਹੀਆਂ ਚੋਰੀਆਂ ਸਬੰਧੀ ਪੁਲਸ ਅਫਸਰਾਂ ਦਾ ਕਹਿਣਾ ਹੈ ਕਿ ਅਸੀਂ ਬਰੀਕੀ ਨਾਲ ਸਾਰੀਆਂ ਚੋਰੀਆਂ ਦੀ ਘਟਨਾਵਾਂ ਦੀ ਤਫਤੀਸ਼ ਵਿੱਚ ਲੱਗੇ ਹੋਏ ਹਾਂ ਅਤੇ ਜਲਦੀ ਹੀ ਮੁਰਜ਼ਮਾਂ ਨੂੰ ਕਾਬੂ ਕਰਕੇ ਮਾਲ ਬਰਾਮਦ ਕਰ ਲਿਆ ਜਾਵੇਗਾ।

# ਮਸੀਹ ਭਾਈਚਾਰੇ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ ਹੱਲ : ਨਰੇਸ਼ ਕਟਾਰੀਆ

## ਕਾਲਵਾਂ ਦੇ ਫ਼ੌਜ 'ਚ ਸ਼ਹੀਦ ਹੋਏ ਜਵਾਨ ਦੇ ਪਰਵਾਰ ਵਾਲਿਆਂ ਨੂੰ ਸਹਾਇਤਾ ਰਾਸ਼ੀ ਦੇਣ ਦੀ ਕੀਤੀ ਮੰਗ

**ਮੱਖੂ (ਰਛਪਾਲ ਸਿੰਘ ਸੰਧੂ)**



ਵਿਧਾਨ ਸਭਾ ਹਲਕਾ ਜ਼ੀਰਾ ਵਿੱਚ ਰਹਿ ਰਹੇ ਮਸੀਹ ਭਾਈਚਾਰੇ ਦੇ ਲੋਕਾਂ ਦੀਆਂ ਹਰ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਮਸੀਹ ਭਾਈਚਾਰੇ ਦਾ ਜੋ ਕਬਰਸਤਾਨ ਲਈ ਜਗ੍ਹਾ ਦਾ ਮਸਲਾ, ਉਸ ਨੂੰ ਵੀ ਜਲਦੀ ਹੱਲ ਕਰਕੇ ਕਬਰਿਸਤਾਨ ਲਈ ਜਗ੍ਹਾ ਮਸੀਹ ਭਾਈਚਾਰੇ ਨੂੰ ਦਿੱਤੀ ਜਾਵੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਜ਼ੀਰਾ ਤੋ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਨੇ ਸੀਐਨਆਈ ਚਰਚ ਮਖੂ ਵਿੱਚ ਇਲਾਕੇ ਦੇ ਪਾਸਟਰ ਅਤੇ ਮਸੀਹ ਭਾਈਚਾਰੇ ਦੇ ਆਗੂਆਂ ਨਾਲ ਮੀਟਿੰਗ ਦੌਰਾਨ ਕੀਤਾ।ਇਸ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਮਨੋਰਟੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਐਲਵਨ ਭੱਟੀ, ਡਾ. ਸੋਨੀ ਨਾਹਰ, ਤਰਸੇਮ ਮਸੀਹ, ਆਮ ਆਦਮੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ, ਬਲਵੀਰ ਲਹਿਰਾ, ਜਰਨੈਲ ਸਿੰਘ ਸੰਧੂ ਆਦਿ ਪਹੁੰਚੇ ਹੋਏ ਸਨ।ਇਸ ਮੌਕੇ ਪਾਸਟਰ ਦਾਊਦ ਮਸੀਹ, ਪਾਸਟਰ ਅਜੇ ਮਸੀਹ, ਮਾਸਟਰ ਰਾਜੇਸ਼ ਮਸੀਹ, ਪਾਸਟਰ ਪਿਆਰਾ ਮਸੀਹ, ਪਾਸਟਰ ਲਖਵੀਰ ਮਸੀਹ, ਪਾਸਟਰ ਪ੍ਰੇਮ ਮਸੀਹ, ਮਾਸਟਰ ਸੋਨੂੰ ਮਸੀਹ, ਪਾਸਟਰ ਅਮਰੀਕ ਮਸੀਹ, ਪਾਸਟਰ ਨਿਰਮਲ ਮਸੀਹ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਜੋਨਾਥਨ ਮਸੀਹ ਆਦਿ ਨੇ ਮਸੀਹ ਭਾਈਚਾਰੇ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਜਾਣੂ ਕਰਵਾਉਂਦਿਆਂ ਕਬਰਿਸਤਾਨ ਦੀ ਜਗ੍ਹਾ ਦਾ ਮਸਲਾ ਵਿਧਾਇਕ ਨਰੇਸ਼ ਕਟਾਰੀਆ ਦੇ ਧਿਆਨ ਵਿੱਚ ਲਿਆਂਦਾ ਤੇ ਦੱਸਿਆ ਕਿ ਕਬਰਿਸਤਾਨ ਲਈ ਜਗ੍ਹਾ ਬਿਲਕੁਲ ਖਤਮ ਹੋ ਚੁੱਕੀ ਹੈ, ਜੇਕਰ ਕਿਸੇ ਦੀ ਮੌਤ ਹੋ ਜਾਂਦੀ ਹੈ ਤਾਂ ਉਸ ਦੀ ਮ੍ਰਿਤਕ ਦੇਹ ਨੂੰ ਦਫਨਾਉਣ ਲਈ ਜਗ੍ਹਾ ਨਹੀਂ ਹੈ, ਜਿਸ 'ਤੇ ਵਿਧਾਇਕ ਨਰੇਸ਼ ਕਟਾਰੀਆ ਨੇ ਮਸੀਹ ਭਾਈਚਾਰੇ ਦੇ ਲੋਕਾਂ ਨੂੰ ਵਿਸ਼ਵਾਸ ਦਾ ਦਿਵਾਇਆ ਕਿ ਜਲਦੀ ਹੀ ਇਸ ਦਾ ਹੱਲ ਕਰਕੇ ਕਬਰਸਤਾਨ ਲਈ ਜਗ੍ਹਾ ਮਸੀਹ ਭਾਈਚਾਰੇ ਨੂੰ ਦਿੱਤੀ ਜਾਵੇਗੀ।ਇਸ ਮੌਕੇ ਬੁਲਾਰਿਆਂ ਨੇ ਪਿੰਡ ਕਾਲਵਾਂ (ਗੁਰਦਾਸਪੁਰ) ਦਾ ਜਵਾਨ ਕਾਫਲ ਮਸੀਹ ਸਿੱਕਮ ਬਾਰਡਰ 'ਤੇ ਸ਼ਹੀਦ ਹੋਇਆ ਸੀ, ਉਸ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਹੋਰ ਸਿਆਸੀ ਪਾਰਟੀ ਦਾ ਕੋਈ ਵੀ ਨੁਮਾਇੰਦਾ ਉਸ ਦੇ ਘਰ ਅਫਸੋਸ ਕਰਨ ਨਹੀਂ ਪਹੁੰਚਿਆ ਤੇ ਪੰਜਾਬ ਸਰਕਾਰ ਵੱਲੋਂ ਐਲਾਨ ਕੀਤੀ ਰਾਸ਼ੀ ਵੀ ਉਸ ਦੇ ਪਰਿਵਾਰ ਨੂੰ ਨਹੀਂ ਦਿੱਤੀ ਗਈ। ਮਸੀਹ ਭਾਈਚਾਰੇ ਨੇ ਮੰਗ ਕੀਤੀ ਕਿ ਸ਼ਹੀਦ ਹੋਏ ਜਵਾਨ ਦੇ ਪਰਿਵਾਰ ਵਾਲਿਆਂ ਨੂੰ ਇੱਕ ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਤੁਰੰਤ ਦਿੱਤੀ ਜਾਵੇ।

# ਮਨਰੇਗਾ 'ਚ ਹੋ ਰਿਹੈ ਵੱਡੇ ਪੱਧਰ 'ਤੇ ਘੋਟਾਲਾ : ਅਮਰ ਸਿੰਘ, ਗੁਰਨਾਮ ਸੰਧੂ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**

ਨਰੇਗਾ ਵਰਕਰਜ਼ ਯੂਨੀਅਨ ਤੇ ਰਾਸ਼ਟਰੀ ਸਾਤਰ ਕਿਸਾਨ ਸੰਗਠਨ ਭਾਰਤ ਦੇ ਅਹੁਦੇਦਾਰਾਂ ਨੇ ਮਹਾਤਮਾ ਗਾਂਧੀ ਪੇਂਡੂ ਰੋਜ਼ਗਾਰ ਗਾਰੰਟੀ ਐਕਟ 2005 ਅਧੀਨ ਨਜਾਇਜ਼ ਹਾਜ਼ਰੀ ਲਗਾ ਕੇ ਕਾਨੂੰਨ ਦੀਆਂ ਧੱਜੀਆਂ ਉਡਾਉਣ ਵਾਲੇ ਅਰੋਪੀਆਂ 'ਤੇ ਕਾਰਵਾਈ ਦੀ ਮੰਗ ਕੀਤੀ ਹੈ। ਇਸ ਮਾਮਲੇ ਨੂੰ ਲੈ ਕੇ ਡੀ ਸੀ ਦਫਤਰ ਫਾਜ਼ਿਲਕਾ ਪੁਹੰਚੇ ਯੂਨੀਅਨ ਦੇ ਨੇਤਾਵਾਂ ਨੇ ਵੱਖ ਵੱਖ ਪਿੰਡਾਂ ਵਿੱਚ ਹੋ ਰਹੇ ਘੋਟਾਲੇ ਦੇ ਸਬੂਤ ਦਿਖਾਏ ਗਏ, ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਉੱਚ ਅਧਿਕਾਰੀਆਂ ਤੋਂ ਘਪਲੇਬਾਜ਼ੀ ਕਾਰਨ ਵਾਲਿਆਂ 'ਤੇ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਹੈ। ਜ਼ਿਲ੍ਹਾ ਪ੍ਰਧਾਨ ਅਮਰ ਸਿੰਘ, ਬਲਾਕ ਪ੍ਰਧਾਨ ਮਨੂ ਰਾਣੀ ਤੇ ਹੋਰਨਾਂ ਨੇਤਾਵਾਂ ਨੇ ਦੱਸਿਆ ਕਿ ਫਾਜ਼ਿਲਕਾ ਦੇ ਬਹੁਤ ਸਾਰੇ ਪਿੰਡਾਂ ਵਿੱਚ ਮਨਰੇਗਾ ਗ੍ਰਾਮ ਰੋਜ਼ਗਾਰ ਸੇਵਕ, ਸਰਪੰਚ ਤੇ ਹੋਰ ਸਬੰਧਤ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਵੱਡੇ ਪੱਧਰ 'ਤੇ ਘੋਟਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਲਾਕ ਜਲਾਲਾਬਾਦ, ਫਾਜ਼ਿਲਕਾ ਖੂਈਆਂ ਸਰਵਰ, ਤੇ ਅਬੋਹਰ ਵਿੱਚ ਮਨਰੇਗਾ ਕਿਰਤੀ 4, 5, 6 ਤੱਕ ਖੜੇ ਹੁੰਦੇ ਹਨ ਤੇ ਹਾਜ਼ਰੀ 10 ਦੀ ਲਗਾਈ ਜਾਂਦੀ ਹੈ। ਕਈ ਮਸਟਰੋਲ ਵਿੱਚ ਕਿਰਤੀਆਂ ਨੂੰ ਉਲਟ-ਪੁਲਟ ਖੜੇ ਕਰਕੇ ਫੋਟੋ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਖੇਤਾਂ ਲਈ ਬਣਾਏ ਜਾ ਰਹੇ ਪੱਕੇ ਖਾਲ ਠੇਕੇ 'ਤੇ ਦਿੱਤੇ ਜਾ ਰਹੇ ਹਨ। ਇਸ ਦੌਰਾਨ ਜ਼ਿਮੀਂਦਾਰਾਂ ਦੇ ਕਥਿਤ ਫਰਜ਼ੀ ਜੌਬ ਕਾਰਡ ਬਣਾਏ ਗਏ ਹਨ, ਜਿਹੜੇ ਕਦੇ ਵੀ ਕੰਮ 'ਤੇ ਨਹੀਂ ਜਾਂਦੇ, ਉਨ੍ਹਾਂ ਨੂੰ ਉਸ ਲੁਕੇਸ਼ਨ 'ਤੇ ਖੜਾ ਕਰ ਕੇ ਫੋਟੋ ਕੀਤੀ ਜਾਂਦੀ ਹੈ। ਇਸ ਦੌਰਾਨ ਕੰਮ 'ਤੇ ਪ੍ਰਾਈਵੇਟ ਬੰਦੇ ਲਗਾਏ ਜਾਂਦੇ ਹਨ ਤੇ ਪੈਸਾ ਮਨਰੇਗਾ ਫੰਡ ਵਿੱਚੋਂ ਵਰਤਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਪਿੰਡਾਂ ਵਿੱਚ ਮਨਰੇਗਾ ਦਿਵਸ ਵੀ ਨਹੀਂ ਮਨਾਇਆ ਜਾ ਰਿਹਾ। ਕੇਵਲ ਖਾਨਾਪੂਰਤੀ ਕਰਕੇ ਮਨਰੇਗਾ ਅਧਿਕਾਰੀ ਤੇ ਸਰਪੰਚ ਆਪਣੀ ਮਨਮਰਜ਼ੀ ਕਰ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਅਧੀਨ ਹੋ ਰਹੇ ਭ੍ਰਿਸ਼ਟਾਚਾਰ 'ਤੇ ਰੋਕ ਲਗਾਈ ਜਾਵੇ ਤੇ ਮਨਰੇਗਾ ਦਾ ਕੰਮ ਮਨਰੇਗਾ ਕਿਰਤੀਆਂ ਨੂੰ ਕਰਨ ਦਿੱਤਾ ਜਾਵੇ।

ਉਨ੍ਹਾਂ ਦੱਸਿਆ ਕਿ ਹੁਣ ਤੱਕ ਮਨਰੇਗਾ ਕਿਰਤੀਆਂ ਤੇ ਨਰੇਗਾ ਵਰਕਰਜ਼ ਯੂਨੀਅਨ ਵੱਲੋਂ ਕਾਫੀ ਲਿਖਤੀ ਸ਼ਿਕਾਇਤਾਂ ਐਡੀਸ਼ਨ ਡਿਪਟੀ ਕਮਿਸ਼ਨਰ (ਵਿਕਾਸ), ਲੋਕਪਾਲ ਤੇ ਹੋਰ ਕਈ ਉੱਚ ਅਧਿਕਾਰੀਆਂ ਨੂੰ ਦਸਤੀ ਤੇ ਮੰਗ ਪੱਤਰ ਰਾਹੀਂ ਦੇ ਚੁੱਕੇ ਹਨ। ਇਸ ਤੋਂ ਬਾਅਦ ਵੀ ਕਿਸੇ ਅਧਿਕਾਰੀ ਦੇ ਕੰਨ 'ਤੇ ਜੂੰ ਨਹੀਂ ਸਰਕੀ ਅਤੇ ਨਾ ਹੀ ਕੋਈ ਕਾਨੂੰਨੀ ਕਾਰਵਾਈ ਕੀਤੀ ਗਈ। ਰਾਸ਼ਟਰੀ ਸਾਤਰ ਕਿਸਾਨ ਸੰਗਠਨ ਭਾਰਤ ਦੇ ਮਾਲਵਾ ਯੂਥ ਪ੍ਰਦੇਸ ਪੰਜਾਬ ਪ੍ਰਧਾਨ ਗੁਰਨਾਮ ਸਿੰਘ ਸੰਧੂ ਨੇ ਕਿਹਾ ਕਿ ਪਿੰਡਾਂ ਵਿੱਚ ਚੱਲ ਰਹੇ ਮਨਰੇਗਾ ਕੰਮਾਂ ਦੌਰਾਨ ਸਰੇਆਮ ਨਜਾਇਜ਼ ਹਾਜ਼ਰੀ ਲਗਾ ਕੇ ਸਰਕਾਰ ਨੂੰ ਲੱਖਾਂ ਦਾ ਚੂਨਾ ਲਗਾਇਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਉਨ੍ਹਾਂ ਵੱਲੋਂ ਇਸ ਦੀ ਰਿਪੋਰਟ ਬਲਾਕ ਅਫਸਰ ਤੇ ਏ ਪੀ ਓ ਨੂੰ ਭੇਜੀ ਜਾ ਰਹੀ ਹੈ। ਇਸ ਦੇ ਬਾਵਜੂਦ ਕੋਈ ਵੀ ਅਧਿਕਾਰੀ ਆਪਣੀ ਜ਼ੁੰਮੇਵਾਰੀ ਨਹੀਂ ਸਮਝ ਰਿਹਾ, ਜਿਸ ਤੋਂ ਸਿੱਧ ਹੁੰਦਾ ਹੈ ਕਿ ਇਨ੍ਹਾਂ ਮੁਲਾਜ਼ਮਾਂ ਤੇ ਸਬੰਧਤ ਅਧਿਕਾਰੀਆਂ ਨੂੰ ਪੂਰਾ ਹਿੱਸਾ ਮਿਲ ਰਿਹਾ ਹੈ। ਇਸ ਤੋਂ ਬਾਅਦ ਇੱਕ ਵਾਰ ਫਿਰ ਉਹ ਡੀ ਸੀ ਦਫਤਰ ਫਾਜ਼ਿਲਕਾ ਪੁਹੰਚ ਕੇ ਮੰਗ ਪੱਤਰ ਰਾਹੀਂ ਲਿਖਤੀ ਸ਼ਿਕਾਇਤ ਦੇ ਰਹੇ ਹਨ। ਇਸ ਦੌਰਾਨ ਸਬੰਧਤ ਅਧਿਕਾਰੀ ਵੱਲੋਂ ਉਨ੍ਹਾਂ ਦਾ ਮੰਗ ਪੱਤਰ ਲੈ ਕੇ ਉਨ੍ਹਾਂ ਨੂੰ ਇੱਕ ਵਾਰ ਫਿਰ ਭਰੋਸਾ ਹੀ ਮਿਲਿਆ ਹੈ। ਉਨ੍ਹਾ ਮੰਗ ਕੀਤੀ ਕਿ ਮਨਰੇਗਾ ਕਾਨੂੰਨ ਤਹਿਤ ਉੱਚ ਪੱਧਰੀ ਜਾਂਚ ਕੀਤੀ ਜਾਵੇ ਤੇ ਇਸ ਵਿੱਚ ਹੋ ਰਹੇ ਘੋਟਾਲੇ 'ਚ ਸ਼ਾਮਲ ਮਨਰੇਗਾ ਅਧਿਕਾਰੀਆਂ ਤੇ ਸਬੰਧਤ ਉੱਚ ਅਧਿਕਾਰੀਆਂ 'ਤੇ ਸਖਤ ਕਾਰਵਾਈ ਕੀਤੀ ਜਾਵੇ। ਉਨ੍ਹਾ ਕਿਹਾ ਕਿ ਜੇਕਰ ਇਸ ਦੀ ਉੱਚ ਪੱਧਰੀ ਜਾਂਚ ਕੀਤੀ ਜਾਂਦੀ ਹੈ ਤਾਂ ਇਸ ਵਿੱਚ ਇਕੱਲੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਹੀ ਕਰੋੜਾਂ ਦਾ ਘੋਟਾਲਾ ਸਾਹਮਣੇ ਆ ਸਕਦਾ ਹੈ। ਉਨ੍ਹਾ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲਦੀ ਹੀ ਇਸ ਮਾਮਲੇ 'ਚ ਕੋਈ ਕਾਰਵਾਈ ਨਹੀਂ ਹੋਈ ਤਾਂ ਉਨ੍ਹਾਂ ਵੱਲੋਂ ਵੱਡਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਨਿਤੀਸ਼ ਮੁਟਨੇਜਾ, ਰਾਜ ਸਿੰਘ, ਇਕਬਾਲ ਸਿੰਘ, ਛਿੰਦਰਪਾਲ, ਹੰਸ ਰਾਜ, ਰਮੇਸ਼ ਸਿੰਘ, ਗੁਰਚਰਨ ਸਿੰਘ ਤੇ ਹੋਰ ਮੌਜੂਦ ਸਨ।

**ਨਰੇਗਾ ਵਰਕਰਜ਼ ਯੂਨੀਅਨ ਤੇ ਰਾਸ਼ਟਰੀ ਸਾਤਰ ਕਿਸਾਨ ਸੰਗਠਨ ਦੇ ਅਹੁਦੇਦਾਰਾਂ ਡੀ ਸੀ ਨੂੰ ਦਿਖਾਏ ਸਬੂਤ**



# ਜਨ ਸੇਵਾ ਸੁਸਾਇਟੀ ਵੱਲੋਂ ਕਕਰਾਲਾ 'ਚ ਅੱਖਾਂ ਦਾ ਮੁਫਤ ਜਾਂਚ ਕੈਂਪ

**ਨਾਭਾ (ਵਰਿੰਦਰ ਵਰਮਾ, ਤੇਜਾ ਸਿੰਘ)**

ਪਿਛਲੇ ਕਰੀਬ 25 ਸਾਲ ਤੋਂ ਵੱਧ ਅਰਸੇ ਤੋਂ ਅਤੇ ਸੁਸਾਇਟੀ ਦੇ ਸੰਸਥਾਪਕ ਜਨਰਲ ਸਕੱਤਰ ਤੇ ਪ੍ਰਸਿੱਧ ਸਮਾਜ ਸੇਵੀ ਡਾ. ਧੀਰ ਸਿੰਘ, ਡਾਕਟਰ ਆਈ ਡੀ ਗੋਇਲ ਸਾਬਕਾ ਸਿਵਲ ਸਰਜਨ ਤੇ ਮੁੱਖ ਸਰਪ੍ਰਸਤ ਦੀ ਅਗਵਾਈ ਵਿੱਚ ਕਾਰਜਸ਼ੀਲ ਸੂਬਾ ਪੱਧਰੀ ਸਨਮਾਨ ਪ੍ਰਾਪਤ ਸਵੈ-ਸੇਵੀ ਸੰਸਥਾ ਜਨਸੇਵਾ ਸੁਸਾਇਟੀ ਫਾਰ ਆਈ ਕੇਅਰ ਐਂਡ ਏਡਜ਼ ਅਵੇਅਰਨੈੱਸ ਪਿੰਡ ਕਕਰਾਲਾ ਨਾਭਾ ਵੱਲੋਂ ਵਿਸ਼ਵ ਪ੍ਰਸਿੱਧ ਸਮਾਜ ਸੇਵੀ ਡਾਕਟਰ ਐੱਸ ਪੀ ਸਿੰਘ ਉਬਰਾਏ ਦੀ ਅਗਵਾਈ ਅਧੀਨ ਕਾਰਜਸ਼ੀਲ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਪਟਿਆਲਾ ਦੇ ਸਹਿਯੋਗ ਨਾਲ ਪਿੰਡ ਕਕਰਾਲਾ ਤਹਿਸੀਲ ਨਾਭਾ ਵਿਖੇ 20ਵਾਂ ਅੱਖਾਂ ਦੇ ਮੁਫਤ ਲੈਂਜ਼ ਪਾਉਣ ਦਾ ਕੈਂਪ ਤੇ ਵਿਸ਼ਾਲ ਖੂਨਦਾਨ ਕੈਂਪ ਲਾਇਆ ਗਿਆ। ਇਸ ਮੌਕੇ ਅੱਖਾਂ ਦੇ ਕੈਂਪ ਦਾ ਉਦਘਾਟਨ ਸ੍ਰੀ ਜਤਿੰਦਰ ਕੁਮਾਰ ਆਈ ਆਰ ਐੱਸ ਡਿਪਟੀ ਕਮਿਸ਼ਨਰ ਇਨਕਮ ਟੈਕਸ ਵਿਭਾਗ ਪਟਿਆਲਾ ਅਤੇ ਖੂਨ ਦਾਨ ਕੈਂਪ ਦਾ ਉਦਘਾਟਨ ਪ੍ਰਸਿੱਧ ਉਦਯੋਗਪਤੀ ਤੇ ਸਮਾਜ ਸੇਵਕ ਸ੍. ਚਰਨ ਸਿੰਘ ਮੈਨੇਜਿੰਗ ਡਾਇਰੈਕਟਰ ਮਲਕੀਤ ਐਗਰੋਟੈੱਕ ਪ੍ਰਾਈਵੇਟ ਲਿਮਟਿਡ ਨਾਭਾ ਨੇ ਕੀਤਾ। ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਟਰੱਸਟ ਦੇ ਪ੍ਰਸ਼ਾਸਕ ਸ੍. ਕੁਲਦੀਪ ਸਿੰਘ ਗਰੇਵਲ ਤੇ ਸਤਨਾਮ ਸਿੰਘ ਸ਼ਾਮਲ ਹੋਏ। ਸੁਸਾਇਟੀ ਦੇ ਪ੍ਰਧਾਨ ਸ੍. ਭਗਵਾਨ ਸਿੰਘ ਸਰਾਓ ਤੇ ਬਲੱਡ ਡੌਨੇਸ਼ਨ ਕੋ-ਆਰਡੀਨੇਟਰ ਸ੍ਰੀ ਵਿਕਾਸ ਮਿੱਤਲ ਨੇ ਦੱਸਿਆ ਇਲਾਕੇ ਦੇ ਮਸ਼ਹੂਰ ਤੇ ਪ੍ਰਸਿੱਧ ਅੱਖਾਂ ਦੇ ਮਾਹਰ ਡਾਕਟਰ ਅਤੁੱਲ ਕੱਕੜ, ਡਾਕਟਰ ਹਰਦੀਪ ਸਿੰਘ ਰੰਧਾਵਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਦੁਆਰਾ ਇਸ ਕੈਂਪ ਵਿੱਚ 452 ਮਰੀਜ਼ਾਂ ਦੀਆਂ ਅੱਖਾਂ ਦਾ ਨਰੀਖਣ ਕੀਤਾ ਗਿਆ ਅਤੇ 113 ਮਰੀਜ਼ ਲੈਂਜ਼ ਪਾਉਣ ਲਈ ਸਿਲੈਕਟ ਕੀਤੇ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੇ ਮਰੀਜ਼ਾਂ ਨੂੰ ਕੱਕੜ ਹਸਪਤਾਲ ਪਟਿਆਲਾ ਲਿਜਾਕੇ ਲੈਂਜ਼ ਪੁਆਏ ਜਾਣਗੇ। ਡਾਕਟਰ ਹਿਨਾ ਸਿੰਗਲਾ ਪੈਥੋਲੋਜਿਸਟ ਸਿਵਲ ਹਸਪਤਾਲ ਨਾਭਾ ਤੇ ਸ੍. ਰਾਜਿੰਦਰ ਸਿੰਘ ਚੋਪੜਾ ਸੀਨੀਅਰ ਲੈਬਾਰਟਰੀ ਤਕਨੀਸ਼ੀਅਨ ਦੀ ਅਗਵਾਈ ਵਾਲੀ ਟੀਮ ਵੱਲੋਂ ਖੂਨਦਾਨ ਕੈਂਪ 'ਚ 45 ਖੂਨਦਾਨੀਆਂ ਦਾ ਖੂਨ ਇਕੱਤਰ ਕੀਤਾ ਗਿਆ।

ਇਸ ਸਮਾਗਮ ਵਿੱਚ ਸੁਸਾਇਟੀ ਮੈਂਬਰਾਂ ਵੱਲੋਂ ਮੁੱਖ ਮਹਿਮਾਨ, ਹੋਰ ਮਹਿਮਾਨਾਂ, ਪ੍ਰੋਗਰਾਮ ਵਿੱਚ ਹਾਜ਼ਰ ਪੰਚਾਂ-ਸਰਪੰਚਾਂ ਤੇ ਪ੍ਰੁੱਜੀਆਂ ਹੋਰ ਅਹਿਮ ਸ਼ਖਸੀਅਤਾਂ, ਡਾਕਟਰ ਸਾਹਿਬਾਨਾਂ ਨੂੰ ਸਨਮਾਨ ਚਿੰਨ੍ਹ ਤੇ ਸ਼ਾਲ ਦੇ ਕੇ ਸਨਮਾਨਤ ਕੀਤਾ ਗਿਆ। ਆਏ ਮਹਿਮਾਨਾਂ ਨੇ ਸੁਸਾਇਟੀ ਦੇ ਇਸ ਕਾਰਜ ਦੀ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਏ ਆਈ ਜੀ ਰਾਜਵਿੰਦਰ ਸਿੰਘ ਸੋਹਲ, ਡਾਕਟਰ ਮਲਕੀਤ ਸਿੰਘ ਬਾਵਾ, ਨਾਭਾ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸੁਰਿੰਦਰ ਪਾਲ ਪਾਲ ਸ਼ਰਮਾ ਤੇ ਡਾਕਟਰ ਪ੍ਰੇਮਪਾਲ ਸਿੰਘ ਢਿੱਲੋਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

**ਖੂਨਦਾਨ ਕੈਂਪ 'ਚ 45 ਵਿਅਕਤੀਆਂ ਵੱਲੋਂ ਖੂਨ ਦਾਨ**



## ਕਾਤਰਾਂ

### ਬਹਿਬਲ ਇਨਸਾਫ ਮੋਰਚਾ ਦੀ ਪੈਰਵੀ ਕਰਨ ਵਾਲੇ ਸੁਖਰਾਜ ਨੂੰ ਲੱਗੀ ਗੋਲੀ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਬਹਿਬਲ ਇਨਸਾਫ ਮੋਰਚਾ ਚਲਾਉਣ ਵਾਲੇ ਸੁਖਰਾਜ ਸਿੰਘ ਦੀ ਲਾਇਸੰਸੀ ਰਿਵਾਲਵਰ ਸਾਫ ਕਰਦੇ ਸਮੇਂ ਬਾਂਹ ਵਿੱਚ ਗੋਲੀ ਲੱਗ ਗਈ। ਉਸ ਨੂੰ ਇਲਾਜ ਲਈ ਫਰੀਦਕੋਟ ਦੇ ਇੱਕ ਨਿੱਜੀ ਹਸਪਤਾਲ ਵਿੱਚ ਲਿਆਂਦਾ ਗਿਆ। ਸੁਖਰਾਜ ਦੀ ਹਾਲਤ ਠੀਕ ਹੈ। ਗੋਲੀ ਬਾਂਹ ਨੂੰ ਛੂਹ ਕੇ ਬਾਹਰ ਆ ਗਈ। ਦੱਸਣਯੋਗ ਹੈ ਕਿ ਸੁਖਰਾਜ ਸਿੰਘ ਬਹਿਬਲ ਗੋਲੀ ਕਾਂਡ ਵਿੱਚ ਮਾਰੇ ਗਏ ਕ੍ਰਿਸ਼ਨ ਭਗਵਾਨ ਸਿੰਘ ਦਾ ਪੁੱਤਰ ਹੈ, ਜੋ ਇਸ ਗੋਲੀਬਾਰੀ ਕੇਸ ਦੀ ਪੈਰਵੀ ਕਰ ਰਿਹਾ ਹੈ।

### ਡੇਰਾ ਨਮੋਸਰ ਸਾਹਿਬ ਵਿਖੇ 8 ਨੂੰ ਮਨਾਈ ਜਾਵੇਗੀ ਸ਼ਿਵਰਾਤਰੀ : ਬਾਬਾ ਝਿਲਮਿਲ ਨਾਥ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਬ੍ਰਹਮਲੀਨ ਧੰਨ-ਧੰਨ ਸੰਤ ਸੁਆਮੀ ਨਮੋ ਨਾਥ ਜੀ ਮਹਾਰਾਜ ਤੇ ਬ੍ਰਹਮਲੀਨ ਧੰਨ-ਧੰਨ ਸੰਤ ਸੁਆਮੀ ਸੁਖਦੇਵ ਮੁਨੀ ਜੀ ਮਹਾਰਾਜ ਦੇ ਆਸ਼ੀਰਵਾਦ ਸਦਕਾ ਡੇਰਾ ਨਮੋਸਰ ਸਾਹਿਬ ਪਿੰਡ ਰਾਏਪੁਰ ਚੋਬਦਾਰਾ ਵਿਖੇ 8 ਮਾਰਚ ਨੂੰ ਮਹਾਂ ਸ਼ਿਵਰਾਤਰੀ ਦਿਹਾੜਾ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਝਿਲਮਿਲ ਨਾਥ ਨੇ ਦੱਸਿਆ ਕਿ 6 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 10:00 ਵਜੇ ਆਰੰਭ ਹੋਣਗੇ ਤੇ 8 ਮਾਰਚ ਨੂੰ ਸਵੇਰੇ 9 ਵਜੇ ਭੋਗ ਪਾਏ ਜਾਣਗੇ।ਉਨ੍ਹਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ ਤੇ ਸੰਗਤਾਂ ਲਈ ਲੰਗਰ ਵੀ ਅਤੁੱਟ ਵਰਤਾਇਆ ਜਾਵੇਗਾ।

### ਨਸ਼ੇ ਦੇ ਟੀਕਿਆਂ ਦੀ ਬਰਾਮਦਗੀ ਮਾਮਲੇ 'ਚ ਦਸ ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਈ 2021 'ਚ ਸੀ.ਆਈ.ਏ. ਸਟਾਫ ਸਰਹਿੰਦ ਤੇ ਖਮਾਣੋਂ ਪੁਲਸ ਵੱਲੋਂ ਪਾਬੰਦੀਸ਼ੁਦਾ ਨਸ਼ੇ ਦੇ ਟੀਕਿਆਂ ਸਮੇਤ ਕਾਬੂ ਕੀਤੇ ਗਏ ਇੱਕ ਵਿਅਕਤੀ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ 22 ਮਈ 21 ਨੂੰ ਸੀ.ਆਈ.ਏ. ਸਟਾਫ ਸਰਹਿੰਦ ਤੇ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਸਾਂਝੀ ਕਾਰਵਾਈ ਕਰਦੇ ਹੋਏ ਵਿਕਟੋਰੀਆ ਕਾਲਜ ਰਾਣਵਾਂ ਨਜ਼ਦੀਕ ਨਾਕਾਬੰਦੀ ਦੌਰਾਨ ਡੀ.ਐਸ.ਪੀ. ਧਰਮਪਾਲ ਚੇਚੀ ਦੀ ਹਾਜ਼ਰੀ 'ਚ ਸੁਖਜੀਤ ਸਿੰਘ ਉਰਫ ਸੁੱਖੀ ਵਾਸੀ ਪਿੰਡ ਅਮਰਾਲੀ ਦੇ ਕਬਜ਼ੇ 'ਚੋਂ 15 ਟੀਕੇ ਬਿਊਪਰੇਨੌਰਫਿਨ ਤੇ 15 ਸ਼ੀਸ਼ੀਆਂ ਏਵਲ ਬਰਾਮਦ ਕੀਤੇ ਗਏ ਸਨ।ਇਸ ਸਬੰਧੀ ਥਾਣਾ ਖਮਾਣੋਂ ਵਿਖੇ ਦਰਜ ਕੀਤੇ ਗਏ ਮੁਕੱਦਮੇ 'ਚ ਸੁਖਜੀਤ ਸਿੰਘ ਉਰਫ ਸੁੱਖੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ।ਮਾਮਲੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਸੁਖਜੀਤ ਸਿੰਘ ਉਰਫ ਸੁੱਖੀ ਨੂੰ ਮਾਮਲੇ 'ਚ ਦੋਸ਼ੀ ਮੰਨਦੇ ਹੋਏ 10 ਸਾਲ ਕੈਦ ਬਾਮੁਸ਼ੱਕਤ 1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

### 10 ਕਿੱਲੋ ਅਫ਼ੀਮ ਸਮੇਤ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੀ.ਆਈ.ਏ. ਸਟਾਫ ਸਰਹਿੰਦ ਵੱਲੋਂ ਇਕ ਕਥਿਤ ਦੋਸ਼ੀ ਨੂੰ 10 ਕਿੱਲੋ ਅਫ਼ੀਮ ਸਣੇ ਗ੍ਰਿਫਤਾਰ ਕੀਤਾ ਗਿਆ ਹੈ।ਐੱਸ. ਪੀ. (ਡੀ) ਰਕੇਸ਼ ਕੁਮਾਰ ਯਾਦਵ ਨੇ ਮਾਮਲੇ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੀ.ਆਈ.ਏ. ਸਟਾਫ ਸਰਹਿੰਦ ਦੇ ਇੰਚਾਰਜ ਇੰਸਪੈਕਟਰ ਅਮਰਬੀਰ ਸਿੰਘ ਦੀ ਅਗਵਾਈ ਹੇਠ ਕੰਮ ਕਰ ਰਹੀ ਸੀ.ਆਈ.ਏ. ਦੀ ਇੱਕ ਟੀਮ ਵੱਲੋਂ ਸਰਹਿੰਦ ਦੀ ਅਨਾਜ ਮੰਡੀ ਨੇੜਿਓਂ ਪਿੰਡ ਫ਼ਤਹਿ ਨੰਗਲ ਜ਼ਿਲ੍ਹਾ ਬਦਾਯੂੰ (ਉੱਤਰ ਪ੍ਰਦੇਸ਼) ਦੇ ਰਹਿਣ ਵਾਲੇ ਸਤਿਆਵਾਨ ਨਾਮਕ ਤਸਕਰ ਨੂੰ ਕਾਬੂ ਕੀਤਾ ਗਿਆ, ਜਿਸ ਦੀ ਤਲਾਸ਼ੀ ਦੌਰਾਨ ਸਤਿਆਵਾਨ ਦੇ ਕਬਜ਼ੇ 'ਚੋਂ 10 ਕਿੱਲੋ ਅਫ਼ੀਮ ਬਰਾਮਦ ਹੋਈ।ਐੱਸ.ਪੀ.(ਡੀ) ਰਕੇਸ਼ ਕੁਮਾਰ ਯਾਦਵ ਨੇ ਦੱਸਿਆ ਕਿ ਇਸ ਸਬੰਧੀ ਥਾਣਾ ਸਰਹਿੰਦ ਵਿਖੇ ਦਰਜ ਕੀਤੇ ਗਏ ਮੁਕੱਦਮੇ 'ਚ ਸਤਿਆਵਾਨ ਨੂੰ ਗ੍ਰਿਫਤਾਰ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ।

# ਟਰੈਕਟਰ-ਟਰਾਲੇ ਤੇ ਕਾਰ ਦੀ ਟੱਕਰ 'ਚ ਦੋ ਦੀ ਮੌਤ, ਦੋ ਗੰਭੀਰ ਜ਼ਖਮੀ



**ਮੱਖੂ (ਰਛਪਾਲ ਸਿੰਘ ਸੰਧੂ)**-ਅੰਮ੍ਰਿਤਸਰ ਮੋਗਾ ਜੀ ਟੀ ਰੋਡ 'ਤੇ ਮੁਖੂ ਤੋਂ ਚਾਰ ਕਿਲੋਮੀਟਰ ਦੂਰ ਪਿੰਡ ਪੀਰ ਮੁਹੰਮਦ ਨਜ਼ਦੀਕ ਸੜਕ ਦੇ ਇੱਕ ਪਾਸੇ ਖੜੇ ਲੱਕੜਾਂ ਵਾਲੇ ਟਰੈਕਟਰ-ਟਰਾਲੇ ਨਾਲ ਵੈਗਨਰ ਕਾਰ ਦੀ ਟੱਕਰ ਹੋਣ ਕਾਰਨ ਦੋ ਵਿਅਕਤੀਆਂ ਦੀ ਮੌਤ ਅਤੇ ਦੋ ਵਿਅਕਤੀ ਜ਼ਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ।ਪ੍ਰਾਪਤ ਜਾਣਕਾਰੀ ਅਨੁਸਰ ਵੈਗਨਰ ਕਾਰ ਪੀ ਬੀ 10 ਐੱਫ 5261 'ਤੇ ਸਵਾਰ ਚਾਰ ਵਿਅਕਤੀ ਖਾਲੜਾ ਤੋਂ ਲੁਧਿਆਣਾ ਵੱਲ ਜਾ ਰਹੇ ਸਨ ਤਾਂ ਜਦ ਕਾਰ ਸਵਾਰ ਪਿੰਡ ਪੀਰ ਮੁਹੰਮਦ ਦੇ ਨਜ਼ਦੀਕ ਪਹੁੰਚੇ ਤਾਂ ਲੱਕੜਾਂ ਦੇ ਨਾਲ ਭਰਿਆ ਹੋਇਆ ਟਰੈਕਟਰ ਟਰਾਲਾ, ਜੋ ਪੈਂਚਰ ਹੋਣ ਕਾਰਨ ਸੜਕ ਦੇ ਇੱਕ ਪਾਸੇ ਖੜੇ ਟਰਾਲੇ ਦੇ ਪਿਛਲੇ ਪਾਸੇ ਵੱਜਣ ਕਾਰਨ ਟਰੈਕਟਰ-ਟਰਾਲੇ ਤੇ ਵੈਗਨਰ ਕਾਰ ਦੀ ਜ਼ਬਰਦਸਤ ਟੱਕਰ ਹੋ ਗਈ।ਇਸ ਭਿਆਨਕ ਟੱਕਰ ਕਾਰਨ ਅੰਗਰੇਜ ਸਿੰਘ (35) ਪੁੱਤਰ ਕਾਰਜ ਸਿੰਘ ਵਾਸੀ ਖਾਲੜਾ, ਬਲਜੀਤ ਸਿੰਘ (35) ਪੁੱਤਰ ਹਰਦੇਵ ਸਿੰਘ ਵਾਸੀ ਖਾਲੜਾ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਬਲਦੇਵ ਸਿੰਘ (45) ਵਿਰਸਾ ਸਿੰਘ ਵਾਸੀ ਅਮੀਨ ਸ਼ਾਹ, ਜੋਬਨ ਸਿੰਘ (25) ਪੁੱਤਰ ਨਿਰਵੈਰ ਸਿੰਘ ਵਾਸੀ ਖਾਲੜਾ ਗੰਭੀਰ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਮੋਗਾ ਵਿਖੇ ਲੈ ਗਏ।ਟੱਕਰ ਇੰਨੀ ਜ਼ਿਆਦਾ ਭਿਆਨਕ ਸੀ ਕਿ ਕਾਰ ਸਵਾਰਾਂ ਨੂੰ ਬੜੀ ਮੁਸ਼ਕਤ ਨਾਲ ਕਾਰ ਵਿੱਚੋਂ ਬਾਹਰ ਕੱਢਿਆ ਗਿਆ।ਟਰੈਕਟਰ-ਟਰਾਲੇ ਵਾਲਾ ਡਰਾਈਵਰ ਮੌਕੇ 'ਤੇ ਫਰਾਰ ਹੋ ਗਿਆ।ਥਾਣਾ ਮਖੂ ਪੁਲਸ ਵੱਲੋਂ ਮ੍ਰਿਤਕ ਵਿਅਕਤੀ ਤੇ ਵੈਗਨਰ ਕਾਰ ਨੂੰ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਸੁਨੀਤਾ ਰਾਣੀ ਨੂੰ ਸੇਵਾ-ਮੁਕਤੀ 'ਤੇ ਵਿਦਾਇਗੀ ਪਾਰਟੀ



**ਕੋਟਕਪੂਰਾ (ਰਛਪਾਲ ਭੁੱਲਰ)**-ਨਗਰ ਕੌਂਸਲ ਕੋਟਕਪੂਰਾ ਤੋਂ ਸੇਵਾ ਮੁਕਤ ਹੋਣ 'ਤੇ ਸੁਨੀਤਾ ਰਾਣੀ ਜੂਨੀਅਰ ਸਹਾਇਕ ਨੂੰ ਸੇਵਾ ਮੁਕਤ ਮਿਊਂਸਪਲ ਕਰਮਚਾਰੀ ਯੂਨੀਅਨ ਵੱਲੋਂ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ।ਸੁਨੀਤਾ ਰਾਣੀ ਨੂੰ ਹਾਰ ਪਾ ਕੇ ਸਨਮਾਨਤ ਕੀਤਾ ਗਿਆ ਤੇ ਵਧੀਆ ਤੋਹਫ਼ਾ ਵੀ ਦਿੱਤਾ ਗਿਆ।ਇਸ ਮੌਕੇ ਯੂਨੀਅਨ ਪ੍ਰਧਾਨ ਜਗਦੀਸ਼ ਸਿੰਘ, ਗੁਰਬਖਸ਼ ਸਿੰਘ, ਸੇਵਾ ਮੁਕਤ ਈ ਓ ਰਛਪਾਲ ਸਿੰਘ ਭੁੱਲਰ, ਚਰਨਜੀਤ ਸਿੰਘ ਗੋਗੀ, ਕਮਲ ਕੁਮਾਰ, ਕਸ਼ਮੀਰ ਸਿੰਘ, ਰਜਿੰਦਰ ਕੁਮਾਰ, ਬਲਕਾਰ ਸਿੰਘ, ਭਗਵੰਤ ਸਿੰਘ, ਗੁਰਦੀਪ ਸਿੰਘ, ਜਗਰੂਪ ਸਿੰਘ, ਵਿਜੇ ਸ਼ਰਮਾ, ਵੇਦ ਪ੍ਰਕਾਸ਼ ਸ਼ਰਮਾ, ਪ੍ਰਦੀਪ ਕੁਮਾਰ ਭਟਨਾਗਰ, ਸ਼ਰਨ ਕੁਮਾਰ, ਮਨਮੋਹਨ ਸਿੰਘ ਤੋਂ ਇਲਾਵਾ ਹੋਰ ਕਾਫੀ ਮਹਾਨ ਹਸਤੀਆਂ ਹਾਜ਼ਰ ਸਨ।

# ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਰਾਮ ਕਥਾ ਸਮਾਗਮ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਪੁਰਾਣਾ ਕਾਲੀਆ ਸਕੂਲ ਮੰਡੀ ਗੁਰੂ ਹਰਸਹਾਏ ਵਿਖੇ ਪੰਜ ਰੋਜ਼ਾ ਸ਼੍ਰੀ ਰਾਮ ਕਥਾ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸ਼੍ਰੀ ਗੁਰੂ ਆਸ਼ੂਤੋਸ਼ ਮਹਾਰਾਜ ਜੀ ਦੀ ਸ਼ਿਸ਼ਯਾ ਕਥਾ ਵਿਆਸ ਸਾਧਵੀ ਭਾਰਤੀ ਨੇ ਭਗਵਾਨ ਰਾਮ ਦੀ ਕਥਾ ਸੁਣਾਉਂਦੇ ਹੋਏ ਸ਼ਬਰੀ ਪ੍ਰਸੰਗ ਅਧੀਨ ਮਾਤਾ ਸ਼ਬਰੀ ਦੀ ਕਥਾ ਸੁਣਾਉਂਦੇ ਹੋਏ ਕਿਹਾ ਕਿ ਸ਼ਬਰੀ ਕੋਈ ਆਮ ਔਰਤ ਨਹੀਂ ਸੀ।ਇਹ ਭਗਤੀ ਦੀ ਉਹ ਮਨੀ ਸੀ, ਜਿਸ ਨੇ ਗਰੀਬੀ ਵਿੱਚ ਰਹਿਣ ਦੇ ਬਾਵਜੂਦ ਪ੍ਰਭੂ ਦੇ ਪਿਆਰ ਨੂੰ ਪ੍ਰਾਪਤ ਕੀਤਾ।ਸਾਧਵੀ ਜੀ ਨੇ ਕਿਹਾ ਕਿ ਮਾਤਾ ਸ਼ਬਰੀ ਦੀ ਤਰ੍ਹਾਂ ਅੱਜ ਹਰ ਮਨੁੱਖ ਪ੍ਰਮਾਤਮਾ ਲਈ ਯਤਨਸ਼ੀਲ ਹੈ, ਪਰ ਸਹੀ ਰਸਤਾ ਨਾ ਮਿਲਣ ਕਾਰਨ ਉਹ ਦਿਸ਼ਾਹੀਣ ਹੈ।ਉਹ ਭਟਕ ਜਾਂਦਾ ਹੈ।ਮਨੁੱਖ ਦੇ ਹਿਰਦੇ ਵਿੱਚ ਪਿਆਰ ਹੈ, ਪਰ ਪ੍ਰਮਾਤਮਾ ਲਈ ਨਹੀਂ, ਇਹ ਇਸ ਨਾਸ਼ਵਾਨ ਸੰਸਾਰ ਲਈ ਹੈ ਤੇ ਮਨੁੱਖ ਦੇ ਮੋਹ ਦੇ ਪ੍ਰਭਾਵ ਹੇਠ ਰਹਿਣਾ ਹੀ ਪਿਆਰ ਕਹਾਉਂਦਾ ਹੈ।ਸਾਧਵੀ ਨੇ ਕਿਹਾ ਕਿ ਭਗਵਾਨ ਸ਼੍ਰੀ ਰਾਮ ਨੇ ਮਾਤਾ ਸ਼ਬਰੀ ਨੂੰ ਨਵਧਾ ਭਗਤੀ ਦਾ ਆਸ਼ੀਰਵਾਦ ਦਿੰਦੇ ਹੋਏ ਕਿਹਾ ਸੀ ਕਿ 'ਪ੍ਰਥਮ ਭਗਤੀ ਸੰਤਨ ਕਰ ਸੰਗਾ' ਜੇਕਰ ਪ੍ਰਮਾਤਮਾ ਦੀ ਪ੍ਰਾਪਤੀ ਦਾ ਯਤਨ ਕਰਨਾ ਹੈ ਤਾਂ ਸਭ ਤੋਂ ਪਹਿਲਾ ਕੰਮ ਹੈ ਸੰਤਾਂ ਦੀ ਸ਼ਰਨ 'ਚ ਜਾਓ, ਜੋ ਸਾਨੂੰ ਪ੍ਰਮਾਤਮਾ ਦੀ ਪ੍ਰਾਪਤੀ ਵਿੱਚ ਸਹਾਇਤਾ ਕਰਦੇ ਹਨ, ਮਿਲਣ ਦਾ ਰਸਤਾ ਪ੍ਰਦਾਨ ਕਰਦੇ ਹਨ।ਉਨ੍ਹਾਂ ਦੀ ਸ਼ਰਨ ਲੈ ਕੇ ਹੀ ਸਾਨੂੰ ਪ੍ਰਮਾਤਮਾ ਦੀ ਪ੍ਰਾਪਤੀ ਦਾ ਮਾਰਗ ਪਤਾ ਲੱਗਦਾ ਹੈ।ਕਥਾ ਦੌਰਾਨ ਮੁੱਖ ਮਹਿਮਾਨ ਸਾਹਿਲ ਗੋਇਲ, ਪਰਮਪਾਲ ਸਿੰਘ, ਇਕਬਾਲ ਸਿੰਘ, ਡਾਕਟਰ ਮਲਕੀਤ ਸਿੰਘ, ਅੰਗਰੇਜ ਸਿੰਘ ਫੌਜੀ, ਦੀਪਕ ਸ਼ਰਮਾ, ਡਾਕਟਰ ਸ਼ਾਮ ਸੁੰਦਰ, ਮਨੋਜ ਛਾਬੜਾ ਤੇ ਹੋਰ ਮਹਿਮਾਨ ਹਾਜ਼ਰ ਸਨ।ਕਥਾ ਦੀ ਸਮਾਪਤੀ ਪ੍ਰਭੂ ਦੀ ਪਵਿੱਤਰ ਆਰਤੀ ਨਾਲ ਹੋਈ।

# ਪੁਲਸ ਵੱਲੋਂ ਸਰਚ ਅਪ੍ਰੇਸ਼ਨ ਅਭਿਆਨ ਤਹਿਤ ਰੇਲਵੇ ਸਟੇਸ਼ਨ ਤੇ ਬੱਸ ਅੱਡੇ ਦੀ ਚੈਕਿੰਗ

## ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ : ਡੀ ਐੱਸ ਪੀ



**ਜਲਾਲਾਬਾਦ (ਜੀਤ ਕੁਮਾਰ)**-ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਤੇ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਨੂੰ ਹੋਣ ਤੋਂ ਰੋਕਣ ਲਈ ਜ਼ਿਲ੍ਹਾ ਫਾਜ਼ਿਲਕਾ ਦੇ ਐੱਸ.ਐੱਸ.ਪੀ. ਵਰਿੰਦਰ ਸਿੰਘ ਬਰਾੜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਉੱਪ ਮੰਡਲ ਜਲਾਲਾਬਾਦ ਦੀ ਪੁਲਸ ਵੱਲੋਂ ਡੀ.ਐੱਸ.ਪੀ. ਏ ਆਰ ਸ਼ਰਮਾ ਦੀ ਅਗਵਾਈ ਹੇਠ ਸਰਚ ਅਪ੍ਰੇਸ਼ਨ ਕਾਸੋ ਅਭਿਆਨ ਅਧੀਨ ਜਲਾਲਾਬਾਦ ਦੇ ਰੇਲਵੇ ਸਟੇਸ਼ਨ ਤੇ ਬੱਸ ਅੱਡੇ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਡੀ.ਐੱਸ.ਪੀ. ਏ ਆਰ ਸ਼ਰਮਾ ਤੇ ਥਾਣਾ ਸਿਟੀ, ਥਾਣਾ ਸਦਰ ਅਤੇ ਅਮੀਰ ਖਾਸ ਦੇ ਐੱਸ.ਐੱਚ.ਓ. ਸਮੇਤ ਪੁਲਸ ਕਰਮਚਾਰੀ ਮੌਜੂਦ ਸਨ। ਇਸ ਮੌਕੇ ਡੀ.ਐੱਸ.ਪੀ. ਅੱਛਰੂ ਰਾਮ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਐੱਸ.ਐੱਸ.ਪੀ. ਫਾਜ਼ਿਲਕਾ ਦੇ ਆਦੇਸ਼ ਅਨੁਸਾਰ ਸਰਚ ਅਪ੍ਰੇਸ਼ਨ ਕਾਸੋ ਅਭਿਆਨ ਤਹਿਤ ਜਨਤਕ ਸਥਾਨਾਂ ਦੀ ਚੈਕਿੰਗ ਅਭਿਆਨ ਚਲਾਇਆ ਗਿਆ ਹੈ। ਅੱਜ ਉੱਪ ਮੰਡਲ ਜਲਾਲਾਬਾਦ ਦੇ ਅਧੀਨ ਆਉਂਦਾ ਥਾਣਾ ਸਿਟੀ, ਸਦਰ ਤੇ ਅਮੀਰ ਖਾਸ ਦੀ ਪੁਲਸ ਵੱਲੋਂ ਜਲਾਲਾਬਾਦ ਦੇ ਰੇਲਵੇ ਸਟੇਸ਼ਨ ਤੇ ਬੱਸ ਸਟੈਂਡ ਦੀ ਚੈਕਿੰਗ ਕੀਤੀ ਗਈ ਹੈ, ਇਸ ਦੌਰਾਨ ਜਿੱਥੇ ਯਾਤਰੀਆਂ ਦੇ ਬੈਗ ਚੈੱਕ ਕੀਤੇ ਗਏ ਹਨ, ਉਥੇ ਹੀ ਪਾਰਕਿੰਗ ਵਿੱਚ ਖੜੇ ਵਾਹਨ ਵੀ ਚੈੱਕ ਕੀਤੇ ਗਏ ਹਨ। ਇਸ ਦੇ ਇਲਾਵਾ ਥਾਣਾ ਵੈਰੋਕੇ ਦੀ ਪੁਲਸ ਵੱਲੋਂ ਮੰਡੀ ਰੋੜਾਂਵਾਲਾ 'ਚ ਸਥਿਤ ਰੇਲਵੇ ਸਟੇਸ਼ਨ ਦੀ ਚੈਕਿੰਗ ਕੀਤੀ ਗਈ ਹੈ। ਡੀ.ਐੱਸ.ਪੀ. ਨੇ ਕਿਹਾ ਕਿ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਮਾਹੌਲ ਖਰਾਬ ਕਰਨ 'ਤੇ ਬਖਸ਼ਿਆ ਨਹੀਂ ਜਾਵੇਗਾ, ਅਜਿਹੇ ਸਮਾਜ ਵਿਰੋਧੀ ਅਨਸਰਾਂ ਨੂੰ ਕਾਬੂ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇਗਾ ਤੇ ਸਖਤ ਐਕਸ਼ਨ ਲਿਆ ਜਾਵੇਗਾ।

# ਰਿਟਾਇਰਡ ਅਧਿਆਪਕ ਐਸੋਸੀਏਸ਼ਨ ਦੀ ਮੀਟਿੰਗ ਹੋਈ



**ਰਾਮਪੁਰਾ ਫੂਲ (ਪੱਤਰ ਪ੍ਰੇਰਕ)**

ਰਿਟਾਇਰਡ ਅਧਿਆਪਕ ਐਸੋਸੀਏਸ਼ਨ ਨੇ ਬਿਨਾਂ ਕਿਸੇ ਨਾਗੇ ਤੋਂ ਮਾਸਿਕ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਿਆ ਹੋਇਆ ਹੈ।ਹਰ ਮਹੀਨੇ ਦੇ ਪਹਿਲੇ ਐਤਵਾਰ ਮੈਂਬਰ ਨਿਸ਼ਚਿਤ ਸਮੇਂ ਪਹੁੰਚ ਕੇ ਇਕ-ਦੂਜੇ ਨਾਲ ਦਿਲ ਫਰੋਲਦੇ ਹਨ।ਮੀਟਿੰਗ ਦੀ ਪ੍ਰਧਾਨਗੀ ਕਰਨ ਦਾ ਮਾਨ ਬਠਿੰਡੇ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਮਾਸਟਰ ਸੁਰਿੰਦਰ ਗੁਪਤਾ ਦੇ ਹਿੱਸੇ ਆਇਆ।ਮੀਟਿੰਗ ਵਿੱਚ ਰਿਟਾਇਰਡ ਅਧਿਆਪਕ ਗੁਲਾਬ ਸਿੰਘ, ਜਗਦੀਸ਼ ਗਾਟਵਾਲੀ, ਭੀਮ ਰਾਜ, ਲੈਕ. ਭੀਮ ਸੈਨ, ਜਵਾਹਰ ਲਾਲ, ਵਾਸਦੇਵ ਦੇਵ ਕਾਲੜਾ, ਰਾਮ ਕੁਮਾਰ ਤੇ ਸੁਰਿੰਦਰ ਗਾਰਗੀ ਸ਼ਹੀਦ ਭਗਤ ਸਿੰਘ ਕਲੋਨੀ, ਸੁਖਵਿੰਦਰ ਸਿੰਘ ਰਾਮਪੁਰਾ ਪਿੰਡ, ਪਵਨ ਬਾਂਸਲ, ਰਾਮ ਸਿੰਘ ਧੂਰਕੋਟ ਤੇ ਹਰਿੰਦਰ ਸਿੰਘ ਭੁੱਲਰ ਹਾਜ਼ਰ ਸਨ।ਭਾਵੇਂ ਰੇਲਵੇ ਉਪਰ ਬਣ ਰਹੇ ਪੁਲ਼ ਕਾਰਨ ਸ਼ਹਿਰ ਦੇ ਇੱਕ ਤੋਂ ਦੂਜੇ ਪਾਸੇ ਜਾਣ ਲਈ 6 ਕਿਲੋਮੀਟਰ ਦਾ ਔਖਾ ਸਫ਼ਰ ਤਹਿ ਕਰਨਾ ਪੈਂਦਾ ਹੈ।ਇਸ ਦੇ ਬਾਵਜੂਦ ਉਕਤ ਮੈਂਬਰ ਹਾਜ਼ਰ ਹੋਏ।ਮੀਟਿੰਗ ਜਵਾਹਰ ਲਾਲ ਨੇ ਕਨਵੀਨ ਕੀਤੀ।ਗੁਲਾਬ ਸਿੰਘ ਨੇ ਜੀਵਨ ਦੇ ਤਜਰਬੇ ਸਾਂਝੇ ਕੀਤੇ।ਹਰਿੰਦਰ ਸਿੰਘ ਭੁੱਲਰ ਨੇ ਆਪਣੀ ਵਿਦੇਸ਼ ਯਾਤਰਾ 'ਚੋਂ ਉਦਾਹਰਣਾਂ ਦੇ ਕੇ ਦੱਸਿਆ ਕਿ ਅਸੀਂ ਅਣਜਾਣੇ ਵਿੱਚ ਹੀ ਸਾਡੇ ਬੱਚਿਆਂ ਨੂੰ ਝੂਠ ਬੋਲਣਾ ਸਿਖਾ ਦਿੰਦੇ ਹਾਂ, ਪਰ ਉਧਰ ਨੁਕਸਾਨ ਉਠਾ ਕੇ ਵੀ ਝੂਠ ਬੋਲਣ ਤੋਂ ਕਿਨਾਰਾ ਕਰਦੇ ਹਨ।ਇਸ ਦੀ ਪ੍ਰੋੜਤਾ ਵਾਸਦੇਵ ਕਾਲੜਾ ਨੇ ਆਪਣੇ ਪੋਤੇ ਦੀ ਉਦਾਹਰਣ ਦੇ ਕੇ ਕੀਤੀ।ਰਾਮ ਸਿੰਘ ਨੇ ਸੰਘਰਸ਼ਸ਼ੀਲ ਜੀਵਨ ਦੀਆਂ ਗੱਲਾਂ ਕੀਤੀਆਂ।ਐਸੋਸੀਏਸ਼ਨ ਦੇ ਪ੍ਰਧਾਨ ਮਾਸਟਰ ਸਤਪਾਲ ਗੋਇਲ ਨੇ ਵੀ ਵਿਚਾਰ ਪੇਸ਼ ਕੀਤੇ।ਮਾਸਟਰ ਸੁਰਿੰਦਰ ਗੁਪਤਾ ਨੇ ਆਰ ਟੀ ਆਈ ਦੇ ਉਪਯੋਗ ਸਬੰਧੀ ਵਿਚਾਰ ਚਰਚਾ ਕੀਤੀ।ਮੇਜ਼ਬਾਨ ਐਮੀਨੈਂਸ ਸਕੂਲ ਵੱਲੋਂ ਸਾਰੇ ਹਾਜ਼ਰੀਨ ਨੂੰ ਸਕੂਲ ਦਾ ਕੈਲੰਡਰ ਭੇਟ ਕੀਤਾ।ਇਹ ਜਾਣਕਾਰੀ ਐਸੋਸੀਏਸ਼ਨ ਦੇ ਪ੍ਰਧਾਨ ਮਾਸਟਰ ਸਤਪਾਲ ਗੋਇਲ ਨੇ ਪ੍ਰੈੱਸ ਨਾਲ ਸਾਂਝੀ ਕੀਤੀ।

# ਕਿਸਾਨਾਂ ਨੂੰ ਆਰਥਕ ਤੌਰ 'ਤੇ ਮਜ਼ਬੂਤ ਕਰਨ ਲਈ ਸਰਕਾਰ ਗੰਭੀਰ : ਬੁੱਧ ਰਾਮ

**ਰੰਘੜਿਆਲ ਅਨਾਜ ਮੰਡੀ ਦਾ ਕੀਤਾ ਉਦਘਾਟਨ**




**ਬਰੇਟਾ (ਰੀਤਵਾਲ)**-ਪੰਜਾਬ ਮੰਡੀਕਰਨ ਬੋਰਡ ਵੱਲੋਂ ਪਿੰਡ ਰੰਘੜਿਆਲ ਵਿਖੇ 47 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਉਸਾਰੀ ਗਈ ਅਨਾਜ ਮੰਡੀ ਦਾ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਉਦਘਾਟਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਉਨ੍ਹਾ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਕਿਰਸਾਨੀ ਦੀ ਮਜ਼ਬੂਤੀ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਖਰਚ ਕਰਕੇ ਪੰਜਾਬ ਦੇ ਕਿਸਾਨ ਨੂੰ ਖੁਸ਼ਹਾਲ ਬਣਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੁਢਲਾਡਾ ਹਲਕੇ ਅੰਦਰ 50 ਕਰੋੜ ਰੁਪਏ ਦੀ ਲਾਗਤ ਨਾਲ ਕਿਸਾਨਾਂ ਨੂੰ ਨਹਿਰੀ ਪਾਣੀ ਪਹੁੰਚਾਉਣ ਲਈ ਜ਼ਮੀਨ ਦੋਜ ਪਾਇਪਾਂ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ, ਜਿਸ ਨਾਲ ਕਿਸਾਨ ਆਰਥਿਕ ਤੌਰ 'ਤੇ ਮਜ਼ਬੂਤ ਹੋਵੇਗਾ। ਉਨ੍ਹਾ ਕਿਹਾ ਕਿ ਹਲਕੇ ਦੇ ਅਧੂਰੇ ਪਏ ਖ਼੍ਰੀਦ ਕੇਂਦਰਾਂ ਦਾ ਨਿਰਮਾਣ ਵੀ ਜਲਦ ਪੂਰਾ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦਿੱਤੀਆਂ ਗਾਰੰਟੀਆਂ ਨੂੰ ਲੜੀ ਦਰ ਲੜੀ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਭਰੋਸਾ ਪ੍ਰਗਟ ਕੀਤਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੌਰਾਨ ਇੱਕ ਵਾਰ ਫਿਰ ਪੰਜਾਬ ਦੀ ਜਨਤਾ 13 ਦੀਆਂ 13 ਲੋਕ ਸਭਾ ਸੀਟਾਂ 'ਤੇ ਜਿੱਤ ਦਰਜ ਕਰਵਾ ਕੇ ਦੇਸ਼ ਦੀ ਸਿਆਸਤ ਤੇ ਪੰਜਾਬ ਦਾ ਨਾਂਅ ਰੋਸ਼ਨ ਕਰੇਗੀ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ, ਮਾਰਕਿਟ ਕਮੇਟੀ ਦੇ ਚੇਅਰਮੈਨ ਸਤੀਸ਼ ਸਿੰਗਲਾ, ਚਮਕੌਰ ਸਿੰਘ ਖੁਡਾਲ, ਬਲਾਕ ਪ੍ਰਧਾਨ ਕੁਲਵਿੰਦਰ ਸਿੰਘ, ਸੰਸਾਰ ਸਿੰਘ, ਕੇਵਲ ਸ਼ਰਮਾ, ਪ੍ਰੀਤ ਕੁਮਾਰ, ਜੀਵਨ ਬਰੇਟਾ, ਜਰਨੈਲ ਸਰਪੰਚ ਰੰਘੜਿਆਲ, ਚੈਨੀ, ਹਰਜਿੰਦਰ ਦਿਆਲਪੁਰਾ ਤੇ ਹੋਰ ਵਰਕਰਾਂ ਤੋਂ ਇਲਾਵਾ ਮੰਡੀਕਰਨ ਬੋਰਡ ਦੇ ਅਧਿਕਾਰੀ ਹਾਜ਼ਰ ਸਨ।

# ਨੰਨ੍ਹਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਸਿਹਤ ਵਿਭਾਗ ਵੱਲੋਂ ਡਾਕਟਰ ਰਜੇਸ਼ ਕੁਮਾਰ ਅੱਤਰੀ ਸਿਵਿਲ ਸਰਜਨ ਮੋਗਾ ਦੇ ਨਿਰਦੇਸ਼ ਅਨੁਸਾਰ ਡਾਕਟਰ ਸੰਦੀਪ ਸਿੰਘ ਸੀਨੀਅਰ ਮੈਡੀਕਲ ਅਫਸਰ ਕੋਟ ਈਸੇ ਖਾਂ ਦੀ ਯੋਗ ਅਗਵਾਈ ਵਿੱਚ ਪਲਸ ਪੋਲੀਓ ਮੁਹਿੰਮ ਦੇ ਪਹਿਲੇ ਦਿਨ ਬਲਾਕ ਦੇ ਸਾਰੇ ਪਿੰਡਾਂ ਵਿੱਚ ਟੀਮਾਂ ਬਣਾ ਕੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੋ ਦਵਾਈ ਦੀਆਂ ਬੂੰਦਾਂ ਪਿਲਾਈਆਂ ਗਈਆਂ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਟੀਮ ਸੁਪਰਵਾਈਜ਼ਰ ਪਰਮਿੰਦਰ ਕੁਮਾਰ ਤੇ ਬਲਰਾਜ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਅੱਜ ਬੂਥਾਂ ਉੱਪਰ ਬੈਠ ਕੇ ਬੂੰਦਾਂ ਪਿਲਾ ਰਹੀਆਂ ਹਨ, ਕੱਲ੍ਹ ਤੇ ਪਰਸੋਂ ਦੋ ਦਿਨ ਟੀਮਾਂ ਵੱਲੋਂ ਘਰਾਂ ਵਿੱਚ ਜਾ ਕੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੋ ਦਵਾਈ ਦੀਆਂ ਬੂੰਦਾਂ ਪਿਲਾਈਆਂ ਜਾਣਗੀਆ। ਇਸ ਸਮੇਂ ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਕੋਈ ਵੀ ਬੱਚਾ ਦਵਾਈ ਦੀਆਂ ਬੂੰਦਾਂ ਪਿਲਾਉਣ ਤੋਂ ਵਾਂਝਾ ਨਾ ਰਹੇ, ਸਾਰੇ ਮਾਪੇ ਆਪਣੇ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਦੀਆਂ ਬੂੰਦਾਂ ਜ਼ਰੂਰ ਪਿਲਾਉਣ।

# ਪੰਜਾਬ ਕੋ-ਐਜੂਕੇਸ਼ਨ ਸਕੂਲ ਦੇ ਵਿਦਿਆਰਥੀਆਂ ਦੀਆਂ ਲਿਖੀਆਂ ਕਵਿਤਾਵਾਂ ਲੋਕ ਅਰਪਣ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਵਿੱਦਿਆ ਖੇਤਰ ਦੇ ਨਾਲ-ਨਾਲ ਹਰ ਖੇਤਰ ਵਿੱਚ ਮੋਹਰੀ ਰਹਿਣ ਵਾਲੀ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਦੇ ਚਾਰ ਵਿਦਿਆਰਥੀਆਂ ਦੀਆਂ ਲਿਖੀਆਂ ਕਵਿਤਾਵਾਂ ਲੋਕ ਅਰਪਣ ਹੋਈਆਂ, ਜੋ ਕਿਤਾਬ 'ਨਵੀਆਂ ਕਲਮਾਂ ਨਵੀਂ ਉਡਾਨ' ਵਿੱਚ ਸ਼ਾਮਲ ਕੀਤੀਆਂ ਗਈਆਂ।ਇਸ ਪ੍ਰਾਜੈਕਟ ਦੇ ਕਰਤਾ ਧਰਤਾ ਤੇ ਪੰਜਾਬੀ ਮਾਂ ਬੋਲੀ ਦੇ ਸੱਚੇ ਪਹਿਰੇਦਾਰ ਸ੍ਰੀ ਸੁੱਖੀ ਬਾਠ ਸੰਥਾਪਕ ਪੰਜਾਬ ਭਵਨ ਸਰੀ (ਕੈਨੇਡਾ) ਤੇ ਪ੍ਰਾਜੈਕਟ ਇੰਚਾਰਜ ਓਂਕਾਰ ਸਿੰਘ ਤੇਜਾ ਮੋਗਾ ਜ਼ਿਲ੍ਹੇ 'ਚ ਛਪੀ ਪੁਸਤਕ ਦੇ ਸੰਪਾਦਕ ਬਲਜੀਤ ਸੇਖਾ ਦੀ ਅਗਵਾਈ 'ਚ 28 ਫਰਵਰੀ 24 ਨੂੰ ਆਰ.ਕੇ.ਐੱਸ. ਸਕੂਲ ਵਿਖੇ ਹੋਏ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ ਵਿੱਚ ਨਵੇਂ ਛੋਟੇ ਲੇਖਕਾਂ ਦੀਆਂ ਕਵਿਤਾਵਾਂ ਨੂੰ ਪ੍ਰੋ. ਕੇ ਨਵੀਆਂ ਕਲਮਾਂ ਨਵੀਂ ਉਡਾਣ ਭਾਗ-4 ਲੋਕ ਅਰਪਣ ਕੀਤਾ।ਇਸ ਉਪਰਾਲੇ ਨਾਲ ਵਿਦਿਆਰਥੀਆਂ ਵਿੱਚ ਸਾਹਿਤਕ ਰੁਚੀਆਂ ਦੇ ਵਾਧੇ ਦੀ ਸ਼ੁਰੂਆਤ ਹੋਈ, ਜਿਸ ਨਾਲ ਵਿਦਿਆਰਥੀਆਂ ਦੀ ਲਿਖਣ ਸ਼ੈਲੀ ਤੇ ਕਲਪਾਨਤਮਿਕ ਵਿਚਾਰਾਂ ਵਿੱਚ ਵਾਧਾ ਹੋਇਆ, ਜਿਸ ਵਿੱਚ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਸ਼ਨਾਇਆ ਮਹਿਤਾ ਦੀ ਕਵਿਤਾ 'ਮੇਰਾ ਪੰਜਾਬ', ਜਗਸੀਰ ਬਾਬਾ ਦੀ ਕਵਿਤਾ 'ਮੈਂ ਪੰਜਾਬ ਬੋਲਦਾ', ਪ੍ਰਭਜੋਤ ਕੌਰ ਦੀ ਕਵਿਤਾ 'ਧੀ ਦੇ ਦਿਲ ਦੀ ਗੱਲ' ਤੇ ਸੁਖਮਨਦੀਪ ਕੌਰ ਦੀ ਕਵਿਤਾ 'ਪੰਜਾਬ ਦੀ ਪੁਕਾਰ' ਸ਼ਾਮਲ ਕੀਤੀਆਂ ਗਈਆਂ। ਪੰਜਾਬ ਕੋ-ਐਜੂਕੇਸ਼ਨ ਦੇ ਚੇਅਰਮੈਨ ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ, ਕੋਆਰਡੀਨੇਟਰ ਮੁਕੇਸ਼ ਅਰੋੜਾ ਤੇ ਮੈਡਮ ਦੀਪਿਕਾ ਮਨਚੰਦਾ ਨੇ ਇਸ ਪ੍ਰਾਜੈਕਟ ਦੇ ਸਾਰੇ ਮੈਂਬਰਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।

# ਅੱਖਾਂ ਦਾ 47ਵਾਂ ਮੁਫਤ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ ਲਾਇਆ



ਕੈਂਪ 'ਚ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਦੇ ਡਾਕਟਰ।

**ਧੂਰੀ (ਬਿੰਨੀ ਗਰਗ)**

ਸਰਵ ਭਾਰਤੀਆ ਸੇਵਾ ਸੰਮਤੀ ਧੂਰੀ ਵੱਲੋਂ ਸੰਮਤੀ ਦੇ ਪ੍ਰਧਾਨ ਰਾਕੇਸ਼ ਗਰਗ ਦੀ ਅਗਵਾਈ ਹੇਠ ਸਥਾਨਕ ਸਨਾਤਨ ਧਰਮ ਸਭਾ ਆਸ਼ਰਮ ਵਿਖੇ ਅੱਖਾਂ ਦਾ 47ਵਾਂ ਵਿਸ਼ਾਲ ਮੁਫ਼ਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਕੈਂਪ ਦੀ ਸ਼ੁਰੂਆਤ ਸ਼੍ਰੀ ਸਿੱਧ ਬਾਬਾ ਬਾਲਕ ਨਾਥ ਜੀ ਮੰਦਰ, ਗੁਫਾ ਦਿਉਟ ਸਿੱਧ (ਹਿਮਾਚਲ ਪ੍ਰਦੇਸ਼) ਦੇ ਗੱਦੀ ਨਸ਼ੀਨ ਸ਼੍ਰੀ ਸ਼੍ਰੀ 1008 ਮਹੰਤ ਰਜਿੰਦਰ ਗਿਰੀ ਜੀ ਮਹਾਰਾਜ ਵੱਲੋਂ ਝੰਡਾ ਲਹਿਰਾ ਕੇ ਕੀਤੀ ਗਈ, ਜਦੋਂਕਿ ਇਸ ਮੌਕੇ ਗਊ ਸੇਵਾ ਕਮਿਸ਼ਨ ਪੰਜਾਬ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ। ਕੈਂਪ ਵਿੱਚ ਡਾਕਟਰ ਏ ਆਰ ਸ਼ਰਮਾ ਨੇ ਵੀ ਆਪਣੀ ਵਿਸ਼ੇਸ਼ ਹਾਜ਼ਰੀ ਲਗਵਾਈ। ਇਸ ਮੌਕੇ ਸੰਮਤੀ ਦੇ ਜਨਰਲ ਸਕੱਤਰ ਪਿਆਰ ਚੰਦ ਸੱਖਿਆਨ ਨੇ ਸੰਸਥਾ ਵੱਲੋਂ ਕੀਤੇ ਜਾ ਰਹੇ ਉੱਦਮਾਂ ਬਾਰੇ ਹਾਜ਼ਰੀਨ ਨੂੰ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਧੀਆਂ ਨੂੰ ਆਪਣੇ ਪੈਰਾਂ 'ਤੇ ਖੜਾ ਕਰਨ ਲਈ ਸਿਲਾਈ, ਬਿਊਟੀ ਪਾਰਲਰ, ਕੰਪਿਊਟਰ ਆਦਿ ਦੇ ਕੋਰਸ ਮੁਫਤ ਕਰਵਾਏ ਜਾਂਦੇ ਹਨ। ਇਸ ਤੋਂ ਉਪਰੰਤ ਕੈਂਪ 'ਚ ਪੁੱਜੇ ਅੱਖਾਂ ਦੇ ਮਾਹਰ ਡਾ. ਮਨਪ੍ਰੀਤ ਸਿੰਘ ਪਟਿਆਲਾ, ਡਾ. ਸਹਿਦੀਪ ਢੰਡ ਤੇ ਡਾ. ਰਮੇਸ਼ ਸ਼ਰਮਾ ਵੱਲੋਂ ਆਪਣੀ ਟੀਮ ਸਮੇਤ ਕਰੀਬ 670 ਮਰੀਜ਼ਾਂ ਦੀ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ। ਇਸ ਦੌਰਾਨ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਵੀ ਦਿੱਤੀਆਂ ਗਈਆਂ। ਇਸ ਮੌਕੇ ਜਾਂਚ ਦੌਰਾਨ ਆਪ੍ਰੇਸ਼ਨ ਯੋਗ ਪਾਏ ਗਏ ਕਰੀਬ 150 ਮਰੀਜ਼ਾਂ ਦੀ ਲੈਂਜ਼ ਪਾਉਣ ਲਈ ਚੋਣ ਵੀ ਕੀਤੀ ਗਈ, ਜਿਨ੍ਹਾਂ ਦੇ ਸ਼ਰਮਾ ਆਈ ਹਸਪਤਾਲ ਧੂਰੀ ਵਿਖੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਫੇਕੋ ਵਿਧੀ ਰਾਹੀਂ ਬਿਨਾਂ ਟਾਂਕੇ ਤੋਂ ਲੈਂਜ਼ ਪਾਏ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਪ੍ਰਧਾਨ ਸ਼੍ਰੀਮਤੀ ਪੁਸ਼ਪਾ ਤਾਇਲ, ਸੰਦੀਪ ਤਾਇਲ, ਜਗਦੇਵ ਜਿੰਦਲ ਜੱਗਾ, ਸੁਰੇਸ਼ ਬਾਂਸਲ, ਮੁਰਾਰੀ ਲਾਲ ਮਿੱਤਲ, ਅਨੂਪ ਸਿੰਗਲਾ, ਸੰਜੇ ਗੁਪਤਾ, ਪ੍ਰਦੀਪ ਕੁਮਾਰ ਮਿੱਤਲ, ਗਿਆਨ ਚੰਦ ਗਰਗ, ਪੂਰਣ ਚੰਦ ਸਿੰਗਲਾ, ਰਤਨ ਲਾਲ, ਮੋਹਨ ਲਾਲ ਸਿੰਗਲਾ, ਅਨੁਰਾਗ ਗੋਇਲ, ਪਵਨ ਭੂਸ਼ਣ ਸਿੰਗਲਾ, ਯਸ਼ਪਾਲ, ਜੈ ਸਿੰਘ ਜੀ, ਸੁਮੇਰ ਚੰਦ, ਟੇਕ ਬਹਾਦੁਰ ਸ਼੍ਰੀਵਾਸਤਵ, ਸੁਖਵਿੰਦਰ ਸ਼ਰਮਾ, ਨਵੀਨ ਮਿੱਤਲ, ਸ਼ਾਮ ਲਾਲ, ਰਤਨ ਸਿੰਗਲਾ, ਮੋਹਨ ਲਾਲ, ਸ਼ਿਵ ਕੁਮਾਰ ਗਰਗ, ਰਾਮ ਪ੍ਰਕਾਸ਼ ਸ਼ਰਮਾ, ਰਾਜ ਕੁਮਾਰ ਸ਼ਰਮਾ, ਭੂਪੇਸ਼ ਜਿੰਦਲ, ਬ੍ਰਜੇਸ਼ਵਰ ਗੋਇਲ ਤੇ ਹੈਪੀ ਆਦਿ ਮੌਜੂਦ ਸਨ।

# 'ਆਪ' ਸਰਕਾਰ ਦੀ ਕਾਰਗੁਜ਼ਾਰੀ ਤੋਂ ਹਰੇਕ ਵਰਗ ਖੁਸ਼ : ਸਤਨਾਮ ਬੈਂਸ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਅੱਜ ਹਰੇਕ ਵਰਗ ਖੁਸ਼ ਹੈ ਤੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਲੋਕ ਹਿੱਤਾਂ ਵਾਲੇ ਫੈਸਲਿਆਂ ਦੀ ਸ਼ਲਾਘਾ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੇਵਾਮੁਕਤ ਐੱਸ. ਪੀ. ਸਤਨਾਮ ਸਿੰਘ ਬੈਂਸ ਨੇ ਮਾਛੀਵਾੜਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸੇਵਾਮੁਕਤ ਐੱਸ. ਪੀ. ਸਤਨਾਮ ਸਿੰਘ ਬੈਂਸ ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਸੰਭਾਵੀ ਉਮੀਦਵਾਰ ਵਜੋਂ ਵਿਚਰ ਰਹੇ ਹਨ ਤੇ ਲੋਕਾਂ ਨਾਲ ਰਾਬਤਾ ਕਾਇਮ ਕਰ ਰਹੇ ਹਨ। ਉਨ੍ਹਾ ਕਿਹਾ ਕਿ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ ਦੇ ਹਰੇਕ ਵਰਗ ਦੇ ਲੋਕਾਂ ਨੂੰ 300 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ ਤੇ ਲੋਕਾਂ ਨੂੰ ਸਿਹਤ ਸੁਵਿਧਾਵਾਂ ਪ੍ਰਦਾਨ ਕਰਨ ਲਈ ਮੁਹੱਲਾ ਕਲੀਨਿਕ ਖੋਲ੍ਹੇ ਜਾ ਰਹੇ ਹਨ। ਸਤਨਾਮ ਸਿੰਘ ਬੈਂਸ ਨੇ ਕਿਹਾ ਕਿ ਉਹ ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਚੋਣ ਲੜਨ ਦੇ ਇਛੁੱਕ ਹਨ ਤੇ ਜੇਕਰ ਪਾਰਟੀ ਹਾਈਕਮਾਂਡ ਨੇ ਟਿਕਟ ਦਿੱਤੀ ਤਾਂ ਇੱਥੋਂ ਚੋਣ ਲੜ ਕੇ ਲੋਕਾਂ ਦੇ ਸਹਿਯੋਗ ਨਾਲ ਇਹ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਪਾਉਣਗੇ।

# ਰਾਇਲ ਗਲੋਬਲ ਸਕੂਲ 'ਚ ਦਾਖਲੇ ਲਈ ਲੋਕਾਂ 'ਚ ਭਾਰੀ ਉਤਸ਼ਾਹ : ਸੋਹਲ/ਭਾਟੀਆ



**ਮਾਨਸਾ (ਆਤਮਾ ਸਿੰਘ ਪਮਾਰ)**

ਦਿ ਰੌਇਲ ਗਲੋਬਲ ਸਕੂਲ ਖਿਆਲਾ ਕਲਾਂ (ਮਾਨਸਾ), ਜੋ ਛੋਟੀ ਉਮਰੇ ਵੱਡੀਆਂ ਪੁਲਾਂਘਾਂ ਪੁੱਟ ਰਿਹਾ ਹੈ ਅਤੇ ਸਕੂਲ ਦੇ ਬੱਚਿਆਂ ਵੱਲੋਂ ਸਿੱਖਿਆ ਦੇ ਨਾਲ ਨਾਲ ਖੇਡਾਂ ਵਿੱਚ ਵੀ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ ਜਾ ਰਹੀਆਂ ਹਨ, ਬਾਰੇ ਜਾਣਕਾਰੀ ਦਿੰਦਿਆਂ ਦਿ ਰੌਇਲ ਗਲੋਬਲ ਸਕੂਲ਼ ਦੇ ਪ੍ਰਿੰਸੀਪਲ ਮੈਡਮ ਯੋਗਤਾ ਭਾਟੀਆ ਨੇ ਦੱਸਿਆ ਕਿ ਸਕੂਲ ਦਾ ਯੋਗ ਤੇ ਤਜਰਬੇਕਾਰ ਸਟਾਫ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਨਿਰੰਤਰ ਕਾਰਜਸ਼ੀਲ ਹੈ। ਮੈਡਮ ਭਾਟੀਆ ਨੇ ਕਿਹਾ ਕਿ ਜਿੱਥੇ ਸਕੂਲ ਦਾ ਹਰ ਕਲਾਸ ਰੂਮ ਸਮਾਰਟ ਰੂਮ ਹੈ, ਸਾਰੇ ਕਮਰਿਆਂ ਵਿੱਚ ਬੱਚਿਆਂ ਦੇ ਬੈਠਣ ਲਈ ਅਰਾਮਦਾਇਕ ਫਰਨੀਚਰ ਤੇ ਹਰ ਕਮਰੇ ਵਿੱਚ ਏ ਸੀ ਲਗਾਏ ਗਏ ਹਨ। ਇਸ ਤੋਂ ਇਲਾਵਾ ਛੋਟੇ ਬੱਚਿਆਂ ਨੂੰ ਆਧੁਨਿਕ ਤਰੀਕੇ ਨਾਲ ਪੜ੍ਹਾਈ ਕਰਵਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਫੁੱਟਬਾਲ ਗਰਾਊਂਡ, ਬਾਸਕਿਟਬਾਲ, ਵਾਲੀਬਾਲ, ਬੈਡਮਿੰਟਨ ਤੇ 200 ਮੀਟਰ ਦੇ ਟਰੈਕ ਤੋਂ ਇਲਾਵਾ ਇੰਨਡੋਰ ਖੇਡਾਂ ਲਈ ਵੀ ਜਿਮਨੇਜ਼ੀਅਮ ਹੈ। ਮੈਡਮ ਭਾਟੀਆ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਪੂਰਨ ਵਿਸ਼ਵਾਸ ਹੈ ਕਿ ਦਿ ਰੌਇਲ ਗਲੋਬਲ ਸਕੂਲ ਦੇ ਕਾਬਲ ਸਟਾਫ ਦੀ ਮਿਹਨਤ ਸਦਕਾ ਬੱਚਿਆਂ ਨੂੰ ਸਮੇਂ ਦਾ ਹਾਣੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗਾ। ਦਿ ਰੌਇਲ ਗਲੋਬਲ ਸਕੂਲ ਦੇ ਚੇਅਰਮੈਨ ਏਕਮਜੀਤ ਸੋਹਲ ਨੇ ਕਿਹਾ ਕਿ ਸਾਡਾ ਮੁੱਖ ਮੰਤਵ ਬੱਚਿਆਂ ਨੂੰ ਸਿੱਖਿਆ ਦੇ ਕੇ ਉਨ੍ਹਾਂ ਦਾ ਸਰਵਪੱਖੀ ਵਿਕਾਸ ਕਰਨਾ ਹੈ। ਉਨ੍ਹਾ ਦੱਸਿਆ ਕਿ ਪ੍ਰਬੰਧਕੀ ਬੋਰਡ ਵੱਲੋਂ ਲਏ ਫੈਸਲੇ ਅਨੁਸਾਰ ਖੁਦਕਸ਼ੀ ਕਰਨ ਵਾਲੇ ਕਿਸਾਨਾਂ/ਮਜ਼ਦੂਰਾਂ ਦੇ ਬੱਚਿਆਂ ਨੂੰ ਬਿਲਕੁਲ ਮੁਫਤ ਸਿੱਖਿਆ ਦਿੱਤੀ ਜਾਂਦੀ ਹੈ। ਸੋਹਲ ਨੇ ਦੱਸਿਆ ਕਿ ਬੱਚਿਆਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਹਿੱਤ ਸਕਾਲਰਸ਼ਿਪ ਸ਼ੁਰੂ ਕੀਤੀ ਗਈ ਹੈ। ਸਕੂਲ ਦੇ ਨਵ-ਨਿਯੁਕਤ ਡਾਇਰੈਕਟਰ ਡਾ. ਸੰਦੀਪ ਘੰਡ ਨੇ ਦੱਸਿਆ ਕਿ ਸਕੂਲ ਵਿੱਚ ਬੱਚਿਆਂ ਨੂੰ ਸੀ ਬੀ ਐੱਸ ਈ ਦੇ ਸਿਲੇਬਸ ਅਨੁਸਾਰ ਸਿੱਖਿਆ ਦੇਣ ਵਾਲਾ ਅਜਿਹਾ ਗੁਰੂਕੁਲ ਹੈ, ਜਿਸ ਵਿੱਚ ਬੱਚਿਆਂ ਨੂੰ ਸਿੱਖਿਆ ਦੇ ਨਾਲ ਨਾਲ ਸੰਸਕਾਰੀ ਸਿੱਖਿਆ ਤੇ ਚਰਿੱਤਰ ਨਿਰਮਾਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਡਾ. ਘੰਡ ਨੇ ਦੱਸਿਆ ਕਿ ਬੱਚਿਆਂ ਨੂੰ ਘੋੜ ਸਵਾਰੀ ਦੀ ਸਿਖਲ਼ਾਈ ਦੇਣ ਵਾਲਾ ਇਹ ਇਲਾਕੇ ਦਾ ਇੱਕੋ ਇੱਕ ਸਕੂਲ ਹੈ। ਉਨ੍ਹਾ ਦੱਸਿਆ ਕਿ ਬੇਸ਼ੱਕ ਸਿੱਖਿਆ ਦਾ ਮਾਧਿਅਮ ਅੰਗਰੇਜ਼ੀ ਹੈ, ਪਰ ਮਾਂ-ਬੋਲੀ ਪੰਜਾਬੀ ਨੂੰ ਵੀ ਨਰਸਰੀ ਤੋਂ ਹੀ ਪੜ੍ਹਾਇਆ ਜਾਂਦਾ ਹੈ।

# ਹੜ੍ਹ ਨਾਲ ਕਿਸਾਨਾਂ ਦੀ ਤਬਾਹ ਹੋਈ ਜ਼ਮੀਨ ਨੂੰ ਪੱਧਰਾ ਕਰਨ ਦੀ ਕਾਰ ਸੇਵਾ ਸ਼ੁਰੂ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)** 8 ਮਹੀਨੇ ਪਹਿਲਾਂ ਤਬਾਹ ਹੋਈ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਪੱਧਰਾ ਕਰਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹੋਏ ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਕਾਰਸੇਵਾ ਦਾ ਤੀਜ਼ਾ ਪੜਾਅ ਆਰੰਭ ਕਰ ਦਿੱਤਾ ਗਿਆ ਹੈ।ਜ਼ਿਕਰਯੋਗ ਹੈ ਕਿ 10 ਤੇ 11 ਜੁਲਾਈ 2023 ਦੀ ਦਰਮਿਆਨੀ ਰਾਤ ਨੂੰ ਗੱਟਾ ਮੁੰਡੀ ਕਾਸੂ ਨੇੜਿਉਂ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਵਿੱਚ ਵੱਡਾ ਪਾੜ ਪੈ ਗਿਆ ਸੀ। ਜਿਸ ਕਾਰਨ ਦਰਿਆ ਦੇ ਅੰਦਰ ਅਤੇ ਬਾਹਰ ਵਾਲੀਆਂ ਕਿਸਾਨਾਂ ਦੀਆਂ ਜ਼ਮੀਨਾਂ ਵਿੱਚ 40 ਤੋਂ 50 ਫੁੱਟ ਤੱਕ ਡੂੰਘੇ ਟੋਏ ਪੈ ਗਏ ਸਨ। ਛੋਟੇ ਕਿਸਾਨਾਂ ਦੀ ਇੰਨੀ ਸਮਰੱਥਾ ਨਹੀ ਸੀ ਕਿ ਉਹ ਇੰਨ੍ਹਾ ਡੀਜ਼ਲ ਦਾ ਖਰਚਾ ਕਰਕੇ ਇਹਨਾਂ ਡੂੰਘਿਆਂ ਟੋਇਆਂ ਨੂੰ ਪੂਰ ਕੇ ਆਪਣੀ ਜ਼ਮੀਨ ਵਾਹੀ ਯੋਗ ਬਣਾ ਸਕਣ। ਜ਼ਿਕਰਯੋਗ ਹੈ ਕਿ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਜੋ ਕਿਸਾਨਾਂ ਤੇ ਖਾਸਕਰ ਕੇ ਛੋਟੇ ਕਿਸਾਨਾਂ ਦੀ ਬਾਂਹ ਫੜਦੇ ਆ ਰਹੇ ਹਨ, ਇਲਾਕੇ ਦੇ ਲੋਕਾਂ ਵੱਲੋਂ ਉਹਨਾਂ ਨੂੰ ਇਹਨਾਂ ਟੋਇਆਂ ਨੂੰ ਪੂਰਨ ਦੀ ਮੰਗ ਕੀਤੀ ਗਈ।

ਜੁਲਾਈ 2023 ਨੂੰ ਆਏ ਹੜ੍ਹਾਂ ਦੌਰਾਨ ਗੱਟਾ ਮੁੰਡੀ ਕਾਸੂ ਤੇ ਦੋਨਾ ਇਲਾਕੇ ਵਿੱਚ ਹੜ੍ਹ ਨਾਲ ਭਾਰੀ ਤਬਾਹੀ ਹੋਈ ਸੀ। ਧੁੱਸੀ ਬੰਨ੍ਹ ਵਿੱਚ 950 ਫੁੱਟ ਦੇ ਕਰੀਬ ਚੌੜਾ ਪਾੜ ਪੈ ਗਿਆ ਸੀ। ਸੰਗਤਾਂ ਦੇ ਸਹਿਯੋਗ ਨਾਲ ਸੰਤ ਸੀਚੇਵਾਲ ਦੀ ਅਗਵਾਈ ਵਿੱਚ ਸਿਰਫ 18 ਦਿਨਾਂ ਵਿੱਚ ਬੰਨ੍ਹ ਦਿੱਤਾ ਗਿਆ ਸੀ। ਇਸ ਪਾੜ ਨੂੰ ਪੂਰਨ ਲਈ ਪੰਜਾਬ ਭਰ ਤੋਂ ਕਿਸਾਨਾਂ ਤੇ ਮਜ਼ਦੂਰਾਂ ਨੇ ਸੇਵਾ ਵਿੱਚ ਹਿੱਸਾ ਪਾਇਆ ਸੀ ਤੇ ਅਣ-ਗਣਿਤ ਮਿੱਟੀ ਦੀਆਂ ਟਰਾਲੀਆਂ ਲਿਆਂਦੀਆਂ ਸਨ।

ਕਾਰਸੇਵਾ ਦੇ ਦੂਜੇ ਪੜਾਅ ਦੌਰਾਨ ਹਜ਼ਾਰਾਂ ਏਕੜ ਵਿੱਚ ਹੜ੍ਹ ਦੇ ਖੜ੍ਹੇ ਪਾਣੀ, ਕਿਸਾਨਾਂ ਦੀਆਂ ਜ਼ਮੀਨਾਂ ਵਿੱਚ ਜੰਮੀ ਗਾਰ ਤੇ ਚਾਰ ਤੋਂ ਪੰਜ ਫੁੱਟ ਤੇ ਜੰਮੇ੍ ਰੇਤਾਂ ਦੇ ਪਹਾੜਾਂ ਨੂੰ ਚੁੱਕ ਕੇ ਜ਼ਮੀਨਾਂ ਨੂੰ ਪੱਧਰਾ ਕੀਤਾ ਗਿਆ ਸੀ। ਹੁਣ ਤੀਜੇ ਪੜਾਅ ਦੌਰਾਨ ਕਿਸਾਨਾਂ ਦੇ ਖੇਤਾਂ ਵਿੱਚ ਪਏ ਡੂੰਘੇ ਪਾੜਾਂ ਨੂੰ ਪੂਰਨ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕੀਤਾ ਗਿਆ ਹੈ। ਇਸ ਦੌਰਾਨ ਇਲਾਕੇ ਦੇ ਲੋਕ ਅਤੇ ਕਿਸਾਨ ਉੱਥੇ ਹਾਜ਼ਰ ਸਨ।

# ਟੈਨੀ ਮਿਸ਼ਰਾ ਨੂੰ ਲੋਕ ਸਭਾ ਟਿਕਟ ਦੇ ਕੇ ਮੋਦੀ ਨੇ ਕਿਸਾਨਾਂ ਦਾ ਅਪਮਾਨ ਕੀਤਾ : ਰਾਜਵਿੰਦਰ ਕੌਰ



**ਜਲੰਧਰ, ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)**-ਸੰਯੁਕਤ ਕਿਸਾਨ ਮੋਰਚਾ (ਐਸ.ਕੇ.ਐਮ.) ਦੀ ਮੈਂਬਰ ਮਹਿਲਾ ਕਿਸਾਨ ਯੂਨੀਅਨ ਨੇ ਭਾਜਪਾ ਵੱਲੋਂ ਕਾਤਲ ਟੈਨੀ ਮਿਸ਼ਰਾ ਨੂੰ ਲੋਕ ਸਭਾ ਦੀ ਟਿਕਟ ਦੇਣ ਦੇ ਫੈਸਲੇ ਦੀ ਤਿੱਖੀ ਨਿਖੇਧੀ ਕਰਦਿਆਂ ਇਸ ਕਦਮ 'ਤੇ ਡੂੰਘੀ ਨਿਰਾਸ਼ਾ ਜ਼ਾਹਰ ਕੀਤੀ ਹੈ ਅਤੇ ਕਿਹਾ ਕਿ ਇਸ ਫੈਸਲੇ ਨਾਲ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਸਾਨਾਂ ਦੇ ਜ਼ਖ਼ਮਾਂ 'ਤੇ ਲੂਣ ਰਗੜਿਆ ਹੈ। ਇੱਕ ਬਿਆਨ ਵਿੱਚ ਮਹਿਲਾ ਕਿਸਾਨ ਯੂਨੀਅਨ (ਐਮ.ਕੇ.ਯੂ.) ਦੀ ਪ੍ਰਧਾਨ ਬੀਬਾ ਰਾਜਵਿੰਦਰ ਕੌਰ ਰਾਜੂ ਨੇ ਕਿਹਾ ਕਿ ਦੇਸ਼ ਦੇ ਲੋਕ ਇਸ ਅਪਮਾਨ ਨੂੰ ਨਹੀਂ ਭੁੱਲਣਗੇ ਅਤੇ ਅਗਾਮੀ ਚੋਣਾਂ ਵਿੱਚ ਜਵਾਬ ਦੇਣਗੇ। ਉਨ੍ਹਾਂ ਕਿਹਾ ਕਿ ਐਮ.ਕੇ.ਯੂ. ਆਉਣ ਵਾਲੀਆਂ ਚੋਣਾਂ ਵਿੱਚ ਭਾਜਪਾ ਦਾ ਮੁਕੰਮਲ ਬਾਈਕਾਟ ਕਰਨ ਦਾ ਸੱਦਾ ਦਿੰਦੀ ਹੈ। ਮਹਿਲਾ ਕਿਸਾਨ ਆਗੂ ਨੇ ਅਫਸੋਸ ਪ੍ਰਗਟਾਇਆ ਕਿ ਟੈਨੀ ਮਿਸ਼ਰਾ ਅਤੇ ਉਸ ਦੇ ਪੁੱਤਰ ਆਸ਼ੀਸ਼ ਮਿਸ਼ਰਾ ਮਾਨਵੀ ਜੀਵਨ ਪ੍ਰਤੀ ਲਾਪ੍ਰਵਾਹ ਅਤੇ ਕਿਸਾਨਾਂ ਵਿਰੁੱਧ ਇਕਪਾਸੜ ਹਿੰਸਾ ਕਰਨ ਦਾ ਜਿਉਂਦਾ ਜਾਗਦਾ ਪ੍ਰਮਾਣ ਹਨ ਜੋ ਉੱਤਰ ਪ੍ਰਦੇਸ਼ ਵਿੱਚ ਲਖੀਮਪੁਰ ਖੀਰੀ ਘਟਨਾ ਵਿੱਚ ਦਿਨ-ਦਿਹਾੜੇ ਆਪਣੀ ਗੱਡੀ ਹੇਠਾਂ ਦਰੜ ਕੇ ਚਾਰ ਕਿਸਾਨਾਂ ਅਤੇ ਇੱਕ ਪੱਤਰਕਾਰ ਨੂੰ ਮਾਰਨ ਲਈ ਸਿੱਧੇ ਜ਼ਿੰਮੇਵਾਰ ਹਨ। ਉਨ੍ਹਾ ਕਿਹਾ ਕਿ ਕਤਲ ਦੇ ਕੇਸਾਂ ਵਿੱਚ ਸ਼ਾਮਲ ਹੋਣ ਦੇ ਬਾਵਜੂਦ ਮਿਸ਼ਰਾ ਨੂੰ ਸੰਸਦੀ ਟਿਕਟ ਨਾਲ ਨਿਵਾਜਿਆ ਗਿਆ ਹੈ ਜੋ ਮੋਦੀ ਸਰਕਾਰ ਦੀ ਕਿਸਾਨਾਂ ਦੀਆਂ ਸਮੱਸਿਆਵਾਂ ਪ੍ਰਤੀ ਘੋਰ ਉਦਾਸੀਨਤਾ ਦਾ ਸਪੱਸਟ ਸੰਦੇਸ਼ ਹੈ। ਬੀਬਾ ਰਾਜੂ ਨੇ ਜ਼ੋਰ ਦੇ ਕੇ ਕਿਹਾ ਕਿ ਲਖੀਮਪੁਰ ਖੀਰੀ ਦੇ ਪੀੜਤਾਂ ਨੂੰ ਇਨਸਾਫ ਦਿਵਾਉਣਾ ਕੇਵਲ ਇੱਕ ਮੰਗ ਹੀ ਨਹੀਂ ਬਲਕਿ ਇਸ ਉੱਪਰ ਪਹਿਰਾ ਦੇਣਾ ਐਸ.ਕੇ.ਐਮ. ਦੀ ਨੈਤਿਕ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਵਿਆਪਕ ਵਿਰੋਧ ਨੂੰ ਅਣਗੌਲੇ ਕਰਦਿਆਂ ਭਾਜਪਾ ਵੱਲੋਂ ਮਿਸ਼ਰਾ ਨੂੰ ਦੁਬਾਰਾ ਟਿਕਟ ਦੇਣ ਦਾ ਫੈਸਲਾ ਕਿਸਾਨਾਂ ਦੀਆਂ ਮੰਗਾਂ ਪ੍ਰਤੀ ਉਸ ਦੀ ਬੇਰੁਖੀ ਅਤੇ ਅਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ। ਇਸ ਤੋਂ ਇਲਾਵਾ ਬੀਬਾ ਰਾਜੂ ਨੇ ਪੰਜਾਬ ਦੀਆਂ ਸਰਹੱਦਾਂ 'ਤੇ ਬੈਠੇ ਸ਼ਾਂਤਮਈ ਕਿਸਾਨਾਂ ਉਪਰ ਹਰਿਆਣਾ ਪੁਲਸ ਦੇ ਬੇਰਹਿਮ ਹਮਲਿਆਂ ਦੀ ਨਿੰਦਾ ਕਰਦਿਆਂ ਕਿਹਾ ਕਿ ਕਾਨੂੰਨ ਅਤੇ ਵਿਵਸਥਾ ਨਾਲ ਨਜਿੱਠਣ ਲਈ ਮੋਦੀ ਸਰਕਾਰ ਤੇ ਉਸ ਦੀਆਂ "ਡਬਲ ਇੰਜਣ" ਸਰਕਾਰਾਂ ਦੋਹਰੇ ਮਾਪਦੰਡ ਅਪਣਾ ਰਹੀਆਂ ਹਨ। ਉਨ੍ਹਾਂ ਦਲੀਲ ਦਿੱਤੀ ਕਿ ਅਜਿਹੀਆਂ ਘਿਨਾਉਣੀਆਂ ਕਾਰਵਾਈਆਂ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹਨ ਅਤੇ ਜਨਰਲ ਮਾਈਕਲ ਓਡਵਾਇਰ ਦੁਆਰਾ ਅੰਮ੍ਰਿਤਸਰ ਦੇ ਜਲ੍ਹਿਆਂਵਾਲਾ ਬਾਗ ਕਤਲੇਆਮ ਵਰਗੇ ਇਤਿਹਾਸਕ ਅੱਤਿਆਚਾਰਾਂ ਦੀ ਯਾਦ ਦਿਵਾਉਂਦੀਆਂ ਹਨ। ਉਨ੍ਹਾਂ ਸਪੱਸ਼ਟ ਕਿਹਾ ਕਿ ਮਹਿਲਾ ਕਿਸਾਨ ਯੂਨੀਅਨ ਦੇਸ਼ ਦੇ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਇਕਮੁੱਠ ਤੇ ਚਟਾਨ ਵਾਂਗ ਖੜ੍ਹੀ ਹੈ ਅਤੇ ਮੁਲਕ ਦੇ ਸਾਰੇ ਵੋਟਰਾਂ ਨੂੰ ਅਪੀਲ ਕਰਦੀ ਹੈ ਕਿ ਉਹ ਆਮ ਚੋਣਾਂ ਵਿੱਚ ਭਾਜਪਾ ਦੀ ਹਿੰਸਾ ਅਤੇ ਬੇਇਨਸਾਫੀ ਦੀ ਰਾਜਨੀਤੀ ਦੇ ਖਿਲਾਫ ਵੋਟ ਦੇਣ।

# ਬਲਕਾਰ ਸਿੰਘ ਵੱਲੋਂ ਧਰਮਕੋਟ ਦੇ ਨਵੇਂ ਬੱਸ ਸਟੈਂਡ ਦਾ ਉਦਘਾਟਨ

**ਚੰਡੀਗੜ੍ਹ/ਧਰਮਕੋਟ (ਕ੍ਰਿਸ਼ਨ ਗਰਗ)**- ਭਾਰੀ ਬਹੁਮਤ ਨਾਲ ਲੋਕਾਂ ਨੇ ਬਣਾਈ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਖਜ਼ਾਨੇ ਦਾ ਮੂੰਹ ਵਿਕਾਸ ਕਾਰਜਾਂ ਲਈ ਹਮੇਸ਼ਾ ਖੁੱਲ੍ਹਾ ਰਹੇਗਾ। ਆਉਣ ਵਾਲੇ ਸਮੇਂ ਵਿੱਚ ਜਲਦੀ ਹੀ ਪੂਰੇ ਪੰਜਾਬ ਨੂੰ ਸੀਵਰੇਜਾਂ ਦੀ ਸਫਾਈ ਲਈ 570 ਸੁਪਰ ਸਕਸ਼ਨ ਮਸ਼ੀਨਾਂ ਦਿੱਤੀਆਂ ਜਾਣਗੀਆਂ। ਇਨ੍ਹਾਂ ਵਿਚੋਂ ਇੱਕ ਮਸ਼ੀਨ ਧਰਮਕੋਟ ਨੂੰ ਭੇਟ ਕੀਤੀ ਜਾਵੇਗੀ ਤਾਂ ਕਿ ਧਰਮਕੋਟ ਵਾਸੀਆਂ ਨੂੰ ਸੀਵਰੇਜ ਦੀ ਸਮੱਸਿਆ ਨਾ ਆ ਸਕੇ। ਇਸ ਸ਼ਕਤੀਸ਼ਾਲੀ ਤੇ ਆਧੁਨਿਕ ਤਕਨੀਕ ਵਾਲੀ ਮਸ਼ੀਨ ਨਾਲ ਧਰਮਕੋਟ ਤੋਂ ਇਲਾਵਾ ਕੋਟ ਈਸੇ ਖਾਂ ਤੇ ਫਤਹਿਗੜ੍ਹ ਪੰਜਤੂਰ ਵਿੱਚ ਸੀਵਰੇਜ ਦੀ ਪ੍ਰਭਾਵਸ਼ਾਲੀ ਢੰਗ ਨਾਲ ਸਫਾਈ ਹੋ ਸਕੇਗੀ। ਇਹ ਪ੍ਰਗਟਾਵਾ ਸਥਾਨਕ ਸਰਕਾਰਾਂ ਵਿਭਾਗ ਅਤੇ ਸੰਸਦੀ ਮਾਮਲਿਆਂ ਦੇ ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਧਰਮਕੋਟ ਵਿੱਚ ਕੀਤਾ।

ਉਹ ਇਥੇ ਧਰਮਕੋਟ ਲਈ ਬਣਾਏ ਗਏ 1 ਕਰੋੜ ਤੋਂ ਵਧੇਰੇ ਦੀ ਲਾਗਤ ਵਾਲੇ ਬੱਸ ਸਟੈਂਡ ਦਾ ਉਦਘਾਟਨ ਕਰਨ ਪਹੁੰਚੇ ਸਨ। ਇਸ ਮੌਕੇ ਉਹਨਾਂ ਨਾਲ ਹਲਕਾ ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ, ਹਲਕਾ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮੋਗਾ ਹਰਮਨਜੀਤ ਸਿੰਘ ਬਰਾੜ, ਚੇਅਰਮੈਨ ਨਗਰ ਸੁਧਾਰ ਟਰਸਟ ਦੀਪਕ ਅਰੋੜਾ, ਐਸ ਡੀ ਐਮ ਚਾਰੂਮਿਤਾ, ਐਸ ਡੀ ਐਮ ਸਰੰਗਪ੍ਰੀਤ ਸਿੰਘ ਔਜਲਾ, ਕਮੇਟੀ ਪ੍ਰਧਾਨ ਗੁਰਮੀਤ ਮਖੀਜਾ ਤੋਂ ਇਲਾਵਾ ਵੱਖ ਵੱਖ ਪਿੰਡਾਂ ਤੋਂ ਆਏ ਵਰਕਰ ਤੇ ਪਿੰਡ ਵਾਸੀ ਹਾਜ਼ਰ ਸਨ।

## ਤੂਫਾਨ ਕਾਰਨ ਪਲਾਈਵੁੱਡ ਫੈਕਟਰੀ ਦੀ ਚਿਮਨੀ ਡਿੱਗੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪਿਛਲੇ ਦੋ ਦਿਨਾਂ ਤੋਂ ਮੌਸਮ ਵਿਗੜਨ ਕਾਰਨ ਹੁਸ਼ਿਆਰਪੁਰ ਦੀਆਂ ਕੁਝ ਥਾਵਾਂ 'ਤੇ ਨੁਕਸਾਨ ਹੋਣ ਦੀਆਂ ਖਬਰਾਂ ਦਰਮਿਆਨ ਹੁਸ਼ਿਆਰਪੁਰ- ਦਸੂਹਾ ਰੋਡ 'ਤੇ ਬਾਗਪੁਰ ਨੇੜਲੇ ਪਿੰਡ ਬੱਸੀ ਮਰੂਫ ਵਿਖੇ ਸਥਿਤ ਜੈ ਅੰਬੇ ਪਲਾਈਵੁੱਡ ਇੰਡਸਟਰੀਜ਼ 'ਚ ਤੇਜ ਹਵਾਵਾਂ ਅਤੇ ਝੱਖੜ ਕਾਰਨ ਫੈਕਟਰੀ ਦੀ ਚਿਮਨੀ ਡਿੱਗਣ ਦੀ ਖ਼ਬਰ ਮਿਲੀ ਹੈ ਜਿਸ ਨਾਲ ਫੈਕਟਰੀ ਮਾਲਕ ਦਾ ਲੱਖਾਂ ਰੁਪਏ ਦਾ ਨੁਕਸਾਨ ਹੋਣ ਦਾ ਅੰਦਾਜ਼ਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੇਠ ਪਵਨ ਅਰੋੜਾ ਨੇ ਦੱਸਿਆ ਕਿ ਪਿਛਲੇ ਦੋ ਦਿਨਾਂ ਤੋਂ ਖਰਾਬ ਮੌਸਮ ਅਤੇ ਚਲਦਿਆਂ ਤੇਜ ਹਵਾਵਾਂ ਕਾਰਨ ਫੈਕਟਰੀ ਦੀ ਚਿਮਨੀ ਡਿੱਗਣ ਕਾਰਨ ਉਨ੍ਹਾਂ ਦੀ ਮਸੀਨਰੀ ਦਾ ਕਾਫੀ ਨੁਕਸਾਨ ਹੋਇਆ ਹੈ। ਚਿਮਨੀ ਡਿੱਗਣ ਨਾਲ ਉਸ ਦਾ ਸੈੱਡ ਟੁੱਟ ਗਿਆ ਅਤੇ ਬਾਇਲਰ ਵੀ ਫਟ ਗਿਆ, ਹਾਲਾਂਕਿ ਕਿਸੇ ਤਰ੍ਹਾਂ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ।

## ਭਾਜਪਾ ਪੰਜਾਬ ਵੱਲੋਂ ਆਰ ਟੀ ਆਈ ਸੈੱਲ ਪੰਜਾਬ ਦੀ ਸੂਬਾਈ ਟੀਮ ਦਾ ਗਠਨ

**ਚੰਡੀਗੜ੍ਹ, ( ਗੁਰਜੀਤ ਬਿੱਲਾ )**- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਸੂਬਾਈ ਸੈਲਾਂ ਦੇ ਸੂਬਾ ਇੰਚਾਰਜ ਰੰਜਮ ਕਾਮਰਾ ਨਾਲ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਭਾਜਪਾ ਆਰ.ਟੀ.ਆਈ ਸੈੱਲ ਪੰਜਾਬ ਦੇ ਸੂਬਾ ਕਨਵੀਨਰ ਕਿਮਤੀ ਰਾਵਲ ਵੱਲੋਂ ਆਰ.ਟੀ.ਆਈ ਸੈੱਲ ਦੇ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਭਾਜਪਾ ਦੇ ਸੂਬਾ ਪ੍ਰੈੱਸ ਸਕੱਤਰ ਹਰਦੇਵ ਸਿੰਘ ਉੱਭਾ ਨੇ ਦੱਸਿਆ ਕਿ ਕਿਮਤੀ ਰਾਵਲ ਵੱਲੋਂ ਨਰਿੰਦਰ ਮੈਣੀ, ਅਸ਼ੋਕ ਕੁਮਾਰ, ਗਗਨਦੀਪ ਸਿੰਘ, ਪੱਪੀ ਬਹਿਲ ਅਤੇ ਸੰਜੀਵ ਸ਼ਰਮਾ ਨੂੰ ਆਰ.ਟੀ.ਆਈ ਸੈੱਲ ਪੰਜਾਬ ਦਾ ਕੋ-ਕਨਵੀਨਰ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਹਰਵਿੰਦਰ ਸਿੰਘ, ਕਰਨਪ੍ਰੀਤ ਸਿੰਘ, ਸੁਰਿੰਦਰ ਸ਼ਰਮਾ, ਐਡਵੋਕੇਟ ਸੋਨਿਕਾ ਗਰਗ, ਰਜਿੰਦਰ ਮੋਹਨ ਸ਼ਰਮਾ, ਹਰਸ਼ ਕੁਮਾਰ ਤਲਵਾੜ, ਮਹੇਸ਼ ਰਹੇਜਾ, ਰਾਜ ਕੁਮਾਰ ਸ਼ਰਮਾ ਅਤੇ ਪਵਨ ਕੁਮਾਰ ਨੂੰ ਆਰ ਟੀ ਆਈ ਸੈੱਲ ਦਾ ਸੂਬਾ ਕਾਰਜਕਾਰਨੀ ਮੈਂਬਰਾਂ ਵਜੋਂ ਨਿਯੁਕਤ ਕੀਤਾ ਗਿਆ ਹੈ।

## ਹਿੰਸਾ ਜਾਂ ਦੁਰਵਿਵਹਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਹਰਪ੍ਰੀਤ ਸਿੰਘ




**ਜਲੰਧਰ : ( ਸ਼ੈਲੀ ਐਲਬਰਟ)**:- ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵਿੱਚ ਹਾਲ ਹੀ ਵਿੱਚ ਹੋਏ ਝਗੜੇ ਦੇ ਜਵਾਬ ਵਿੱਚ, ਇੱਕ ਵਿਸ਼ੇਸ਼ ਗਠਿਤ ਕਮੇਟੀ ਦੁਆਰਾ ਇੱਕ ਵਿਆਪਕ ਜਾਂਚ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ ਅੰਦਰੂਨੀ ਪ੍ਰਬੰਧਕ ਅਤੇ ਪੁਲਸ ਅਧਿਕਾਰੀ ਦੋਵੇਂ ਸ਼ਾਮਲ ਹਨ। ਇਸ ਘਟਨਾ, ਵਿੱਚ ਵਿਦਿਆਰਥੀਆਂ ਦਾ ਇੱਕ ਸਮੂਹ ਸ਼ਾਮਲ ਸੀ, ਜਿਸ ਕਰਕੇ ਕਾਲਜ ਦੀ ਪ੍ਰਬੰਧਕ ਕਮੇਟੀ ਤੁਰੰਤ ਐਕਸ਼ਨ ਲਿਆ ਤਾ ਕਿ ਕਿਸੀ ਵੀ ਜਾਨ ਮਾਲ ਦਾ ਨੁਕਸਾਨ ਨਾ ਹੋ ਸਕੇ। ਇਹ ਝਗੜਾ, ਜੋ 29 ਫਰਵਰੀ ਨੂੰ ਦੁਪਹਿਰ 3:00 ਵਜੇ ਹੋਇਆ ਸੀ, ਤਣਾਅ ਨੂੰ ਦੂਰ ਕਰਨ ਅਤੇ ਅਸਹਿਮਤੀ ਦੇ ਮੂਲ ਕਾਰਨਾਂ ਦੀ ਜਾਂਚ ਕਰਨ ਲਈ ਪ੍ਰਬੰਧਨ ਅਤੇ ਕਾਨੂੰਨ ਲਾਗੂ ਕਰਨ ਵਾਲਿਆਂ ਦੀ ਤੁਰੰਤ ਸ਼ਮੂਲੀਅਤ ਦੀ ਲੋੜ ਸੀ।ਸੀਟੀ ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਭਾਈਚਾਰੇ ਨੂੰ ਭਰੋਸਾ ਦਿਵਾਇਆ ਕਿ ਸਥਿਤੀ ਨਾਲ ਸਟੀਕਤਾ ਨਾਲ ਨਜਿੱਠਿਆ ਜਾ ਰਿਹਾ ਹੈ ਅਤੇ ਸੱਚਾਈ ਸਾਹਮਣੇ ਲਿਆਉਣ ਦੀ ਵਚਨਬੱਧਤਾ ਹੈ। ਸਟੂਡੈਂਟ ਵੈਲਫੇਅਰ ਦੇ ਡੀਨ ਅਰਜਨ ਨੇ ਸੀਟੀ ਗਰੁੱਪ ਭਾਈਚਾਰੇ ਨੂੰ ਭਰੋਸਾ ਦਿਵਾਇਆ ਕਿ ਮੁੱਢਲੀ ਜਾਂਚ ਦੇ ਨਤੀਜੇ ਵਜੋਂ 14 ਵਿਦਿਆਰਥੀਆਂ ਨੂੰ ਜਾਇਜ਼ ਆਧਾਰ ਤੇ ਮੁਅੱਤਲ ਕਰ ਦਿੱਤਾ ਗਿਆ ਹੈ।ਇਨ੍ਹਾਂ ਦੇ ਨਾਲ, ਕੈਂਪਸ ਅਤੇ ਹੋਸਟਲ ਦੋਵਾਂ ਨੂੰ ਹੁਣ ਸੁਰੱਖਿਅਤ ਹਾਲਾਤ ਘੋਸ਼ਿਤ ਕੀਤਾ ਗਿਆ ਹੈ, ਜੋ ਆਪਣੇ ਸਾਰੇ ਮੈਂਬਰਾਂ ਲਈ ਸੁਰੱਖਿਅਤ ਅਤੇ ਅਨੁਕੂਲ ਵਾਤਾਵਰਣ ਬਣਾਈ ਰੱਖਣ ਲਈ ਸੰਸਥਾ ਦੇ ਅਟੁੱਟ ਸਮਰਪਣ ਨੂੰ ਦਰਸਾਉਂਦਾ ਹੈ।ਘਟਨਾ ਦੀ ਡੂੰਘਾਈ ਨਾਲ ਜਾਂਚ ਨੂੰ ਯਕੀਨੀ ਬਣਾਉਣ ਲਈ ਸੰਸਥਾ ਦੇ ਯੋਗ ਮੁਖੀਆਂ ਦੀ ਇਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਹਰਪ੍ਰੀਤ ਸਿੰਘ ਨੇ ਕਿਹਾ ਕਿ ਅਸੀਂ ਆਪਣੇ ਵਿਦਿਆਰਥੀਆਂ ਲਈ ਸੁਰੱਖਿਅਤ ਅਤੇ ਅਨੁਕੂਲ ਸਿੱਖਿਆ ਦਾ ਮਾਹੌਲ ਬਣਾਈ ਰੱਖਣ ਲਈ ਵਚਨਬੱਧ ਕਰਦੇ ਹਾਂ। ਸ਼ੁਰੂਆਤੀ ਨਤੀਜਿਆਂ ਦੇ ਨਤੀਜੇ ਵਜੋਂ, 14 ਵਿਦਿਆਰਥੀਆਂ ਨੂੰ ਜਾਂਚ ਤੱਕ ਮੁਅੱਤਲ ਕਰ ਦਿੱਤਾ ਗਿਆ ਹੈ।

## ਅਸਮਾਨੀ ਬਿਜਲੀ ਡਿੱਗਣ ਕਾਰਨ ਤਿੰਨ ਝੁਲਸੇ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)** ਬੀਤੇ ਦਿਨੀ ਅਸਮਾਨੀ ਬਿਜਲੀ ਦੇ ਡਿੱਗਣ ਕਾਰਨ ਇੱਕ ਪਰਵਾਰ ਦੇ ਤਿੰਨ ਮੈਂਬਰ ਬੁਰੀ ਤਰ੍ਹਾਂ ਝੁਲਸ ਗਏ ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਵਿਖੇ ਭਰਤੀ ਕਰਵਾਇਆ ਗਿਆ ਜਿਥੇ ਡਾਕਟਰਾ ਵਲੋਂ ਇੱਕ ਬੱਚੇ ਦੀ ਹਾਲਤ ਨੂੰ ਦੇਖਦਿਆਂ ਜਲੰਧਰ ਰੈੱਫ਼ਰ ਕਰ ਦਿੱਤਾ ਗਿਆ ਹੈ। ਜਾਣਕਾਰੀ ਮੁਤਾਬਕ ਮੁਹੱਲਾ ਚਾਚੋਕੀ ਵਿਖੇ ਰਾਤ ਸਮੇਂ ਅਸਮਾਨੀ ਬਿਜਲੀ ਡਿੱਗਣ ਕਾਰਨ ਦੋ ਬੱਚੇ ਤੇ ਇੱਕ ਮਹਿਲਾ ਬੁਰੀ ਝੁਲਸ ਗਈ। ਜ਼ਖ਼ਮੀਆਂ ਦੀ ਪਛਾਣ ਸ਼ਿਵਾਨੀ (4), ਭੋਲਾ (1) ਤੇ ਚੰਦਰ (30) ਵਜੋਂ ਹੋਈ ਹੈ। ਸਿਵਲ ਹਸਪਤਾਲ ਵਿਖੇ ਡਿਊਟੀ 'ਤੇ ਤਾਇਨਾਤ ਡਾਕਟਰ ਨੇ ਦੱਸਿਆ ਕਿ ਭੋਲਾ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਸ ਨੂੰ ਜਲੰਧਰ ਰੈੱਫ਼ਰ ਕੀਤਾ ਹੈ ਤੇ ਬਾਕੀਆਂ ਦਾ ਇਲਾਜ ਸ਼ੁਰੂ ਕਰ ਦਿੱਤਾ ਗਿਆ ਹੈ।

# 1,56,830 ਬੱਚਿਆਂ ਨੂੰ ਦਵਾਈ ਪਿਲਾਉਣ ਦਾ ਟੀਚਾ : ਡਾ. ਰੇਨੂੰ ਸਿੰਘ

**ਮੋਹਾਲੀ, (ਕ੍ਰਿਸ਼ਨ ਗਰਗ)**-ਜ਼ਿਲ੍ਹਾ ਐਸ.ਏ.ਐਸ. ਨਗਰ ਵਿਚ 'ਨੈਸ਼ਨਲ ਇਮੀਊਨਾਈਜ਼ੇਸ਼ਨ ਡੇਅ (ਐਨ.ਆਈ.ਡੀ)' ਮੁਹਿੰਮ ਦੇ ਪਹਿਲੇ ਦਿਨ 5 ਸਾਲ ਤੋਂ ਘੱਟ ਉਮਰ ਦੇ 56,406 ਬੱਚਿਆਂ ਨੂੰ ਪੋਲੀਉ ਰੋਕੂ ਬੂੰਦਾਂ ਪਿਲਾਈਆਂ ਗਈਆਂ। ਇਹ ਮੁਹਿੰਮ 3 ਮਾਰਚ ਤੋਂ 5 ਮਾਰਚ ਤਕ ਚੱਲ ਰਹੀ ਹੈ। ਡਿਪਟੀ ਡਾਇਰੈਕਟਰ ਡਾ. ਸੁਮਨ ਬਾਲੀ, ਕਾਰਜਕਾਰੀ ਸਿਵਲ ਸਰਜਨ ਡਾ. ਰੇਨੂੰ ਸਿੰਘ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ.ਗਿਰੀਸ਼ ਡੋਗਰਾ ਨੇ ਜ਼ਿਲ੍ਹਾ ਹਸਪਤਾਲ ਤੋਂ ਮੁਹਿੰਮ ਦੀ ਸ਼ੁਰੂਆਤ ਕੀਤੀ ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਇਸ ਮੁਹਿਮ ਤਹਿਤ ਘਰਾਂ ਤੋਂ ਇਲਾਵਾ ਉਚ-ਜੋਖਮ ਵਾਲੇ ਖੇਤਰ, ਭੱਠੇ, ਨਿਰਮਾਣ ਸਥਾਨ, ਬਸਤੀਆਂ, ਝੁੱਗੀਆਂ, ਡੇਰੇ ਆਦਿ ਸਮੇਤ ਸਾਰੀਆਂ ਥਾਵਾਂ ਕਵਰ ਕੀਤੀਆਂ ਜਾ ਰਹੀਆਂ ਹਨ। ਡਾ. ਰੇਨੂੰ ਸਿੰਘ ਸਮੇਤ ਜ਼ਿਲ੍ਹੇ ਦੇ ਸਾਰੇ ਸਿਹਤ ਪ੍ਰੋਗਰਾਮ ਅਫ਼ਸਰਾਂ ਅਤੇ ਸੀਨੀਅਰ ਮੈਡੀਕਲ ਅਫ਼ਸਰਾਂ ਨੇ ਆਪੋ-ਆਪਣੇ ਖੇਤਰ ਵਿਚ ਜਾ ਕੇ ਜਿਥੇ ਮੁਹਿੰਮ ਦੀ ਨਿਗਰਾਨੀ ਕੀਤੀ, ਉਥੇ ਮੁਹਿੰਮ ਦੀ ਸਫ਼ਲਤਾ ਲਈ ਸਿਹਤ ਕਾਮਿਆਂ ਅਤੇ ਲੋਕਾਂ ਨੂੰ ਉਤਸ਼ਾਹਤ ਕੀਤਾ। ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਵਿਚ 1,56,830 ਬੱਚਿਆਂ ਨੂੰ ਪੋਲੀਉ ਰੋਕੂ ਬੂੰਦਾਂ ਪਿਲਾਉਣ ਦਾ ਟੀਚਾ ਹੈ। ਦਵਾਈ ਪਿਲਾਉਣ ਲਈ 1270 ਟੀਮਾਂ ਬਣਾਈਆਂ ਗਈਆਂ ਹਨ ਜਿਨ੍ਹਾਂ ਵਿਚੋਂ 1111 ਟੀਮਾਂ ਘਰ-ਘਰ ਜਾਣਗੀਆਂ। ਕੁਲ 2540 ਵੈਕਸੀਨੇਟਰਾਂ ਤੋਂ ਇਲਾਵਾ 123 ਸੁਪਰਵਾਈਜ਼ਰ ਤੈਨਾਤ ਕੀਤੇ ਗਏ ਹਨ ਤਾਂ ਕਿ ਕੋਈ ਵੀ ਬੱਚਾ ਦਵਾਈ ਪੀਣ ਤੋਂ ਵਾਂਝਾ ਨਾ ਰਹਿ ਸਕੇ। ਸਿਹਤ ਕਾਮੇ ਕੁਲ 4,37,717 ਘਰਾਂ ਅਤੇ ਹੋਰ ਥਾਵਾਂ 'ਤੇ ਜਾ ਕੇ ਬੱਚਿਆਂ ਨੂੰ ਦਵਾਈ ਪਿਲਾਉਣਗੇ। ਟੀਮਾਂ ਵਿਚ ਡਾਕਟਰ, ਐਲ.ਐਚ.ਵੀ., ਏ.ਐਨ.ਐਮਜ਼, ਹੈਲਥ ਇੰਸਪੈਕਟਰ, ਸਿਹਤ ਵਰਕਰ, ਆਸ਼ਾ ਵਰਕਰ ਅਤੇ ਨਰਸਿੰਗ ਕਾਲਜਾਂ ਦੇ ਵਿਦਿਆਰਥੀ ਆਦਿ ਸ਼ਾਮਲ ਹਨ। ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜ ਸਾਲ ਤੋਂ ਘੱਟ ਉਮਰ ਵਾਲੇ ਅਪਣੇ ਹਰ ਬੱਚੇ ਨੂੰ ਪੋਲੀਓ ਰੋਕੂ ਦਵਾਈ ਪਿਲਾਉਣ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਵਿਜੇ ਭਗਤ ਵੀ ਮੌਜੂਦ ਸਨ

# ਸ੍ਰੀ ਹਨੂਮਤ ਇੰਸਟੀਚਿਊਟ ਤੇ ਹੋਟਲ ਗੋਲਡਨ ਟਿਊਲਿਪ ਨੇ ਮੈਮੋਰੈਂਡਮ ਆਫ ਅੰਡਰਸਟੈਂਡਿੰਗ ਤੇ ਕੀਤੇ ਦਸਤਖਤ



**ਗੁਰਾਇਆ (ਬਿੰਦਰ ਸੁੰਮਨ)**- ਤਕਨੀਕੀ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਭਰ ਦੇ ਮੋਹਰੀ ਵਿਦਿਅਕ ਅਦਾਰਿਆਂ 'ਚ ਅਹਿਮ ਸਥਾਨ ਪ੍ਰਾਪਤ ਕਰ ਚੁੱਕੇ ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਨੇ ਇੱਕ ਹੋਰ ਦੂਰਗਾਮੀ ਕਦਮ ਚੁੱਕਦਿਆਂ ਵਿਸ਼ਵ ਪ੍ਰਸਿੱਧ ਹੋਟਲ ਗੋਲਡਨ ਟਿਊਲਿਪ ਜਲੰਧਰ ਨਾਲ ਇੱਕ ਐਮ ਓ ਯੂ ( ਮੈਮੋਰੈਂਡਮ ਆਫ ਅੰਡਰਸਟੈਂਡਿੰਗ) 'ਤੇ ਦਸਤਖਤ ਕੀਤੇ ਹਨ। ਇਹ ਸਮਝੌਤਾ ਸ਼ਿਮਟ ਦੇ ਚੇਅਰਮੈਨ ਗਿਰੀਸ਼ ਗੁਪਤਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ ਕੰਗ, ਅਕਾਦਮਿਕ ਡੀਨ ਦੀਪਕ ਠਾਕੁਰ ਅਤੇ ਹੋਟਲ ਗੋਲਡਨ ਟਿਊਲਿਪ ਜਲੰਧਰ ਦੇ ਜਨਰਲ ਮੈਨੇਜਰ ਸੰਜੀਵ ਠਾਕੁਰ ਦੀ ਹਾਜਰੀ ਵਿਚ ਹੋਇਆ। ਦੋਵਾਂ ਧਿਰਾਂ ਨੇ ਇਸ ਐਮ ਓ ਯੂ ਨੂੰ ਲੈ ਕੇ ਅਥਾਹ ਖੁਸ਼ੀ ਦਾ ਪ੍ਰਗਟਾਵਾ ਕੀਤਾ। ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਇਸ ਐਮ.ਓ.ਯੂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਦਸਤਾਵੇਜ਼ ਸਮਝੌਤੇ ਦੀ ਵਿਆਪਕ ਰੂਪਰੇਖਾ ਨੂੰ ਬਿਆਨ ਕਰਦਾ ਹੈ। ਜਿਸ ਤਹਿਤ ਕਾਲਜ ਦੇ ਹੋਟਲ ਮੈਨੇਜਮੈਂਟ ਵਿਭਾਗ ਦੇ ਵਿਦਿਆਰਥੀਆਂ ਨੂੰ ਕਾਫੀ ਫਾਇਦਾ ਹੋਵੇਗਾ। ਉਨ੍ਹਾਂ ਦੱਸਿਆ ਕਿ ਸਮਝੌਤੇ ਤਹਿਤ ਕਾਲਜ ਵਿੱਚ ਹੋਟਲ ਮੈਨੇਜਮੈਂਟ ਨਾਲ ਸਬੰਧਤ ਸੈਮੀਨਾਰ, ਗੈਸਟ ਲੈਕਚਰ, ਹੁਨਰ ਵਿਕਾਸ ਅਤੇ ਸਿਖਲਾਈ ਤੋਂ ਇਲਾਵਾ ਪਲੇਸਮੈਂਟ ਵਿੱਚ ਹੋਟਲ ਅਤੇ ਸੰਸਥਾ ਦੇ ਆਪਸੀ ਸਹਿਯੋਗ ਰਾਹੀਂ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਗਿਆਨ ਅਤੇ ਰੁਜਗਾਰ ਦੇ ਮੌਕੇ ਮਿਲਣਗੇ। ਉਨ੍ਹਾਂ ਕਿਹਾ ਕਿ ਐਮ.ਓ.ਯੂ. ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਇਹ ਨਾ ਸਿਰਫ ਦੋਵੇਂ ਧਿਰਾਂ ਦੀਆਂ ਜ਼ਿੰਮੇਵਾਰੀਆਂ ਨੂੰ ਸਪਸ਼ਟ ਤੌਰ 'ਤੇ ਪਰਿਭਾਸ਼ਿਤ ਕਰਦਾ ਹੈ ਬਲਕਿ ਇਕਰਾਰਨਾਮੇ ਦੇ ਦਾਇਰੇ ਅਤੇ ਅਧਿਕਾਰਾਂ ਦੀਆਂ ਸ਼ਰਤਾਂ ਨੂੰ ਵੀ ਸਪਸ਼ਟ ਕਰਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਤਕਨੀਕੀ ਸਿੱਖਿਆ ਪ੍ਰਦਾਨ ਕਰਨਾ ਅਤੇ ਕੈਰੀਅਰ ਦੇ ਵਿਕਾਸ ਲਈ ਉੱਚ ਪੱਧਰੀ ਗਿਆਨ ਹਾਸਲ ਕਰਨ ਦੇ ਮੌਕੇ ਦੇਣਾ ਤੇ ਕਾਰੋਬਾਰ ਦੀਆਂ ਬਰੀਕੀਆਂ ਤੋਂ ਜਾਣੂ ਕਰਵਾਉਣਾ ਤੇ ਯੋਗਤਾ ਦੇ ਅਨੁਸਾਰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਸ਼ਿਮਟ ਦਾ ਹਮੇਸ਼ਾ ਉਦੇਸ਼ ਰਿਹਾ ਹੈ। ਭਵਿੱਖ ਵਿੱਚ ਵੀ ਇਸ ਦਿਸ਼ਾ ਵਿੱਚ ਯਤਨ ਜਾਰੀ ਰਹਿਣਗੇ।

# ਭੱਟੀ ਨੇ ਆਦਮਪੁਰ 'ਚ ਸਕੂਲ ਆਫ਼ ਐਮੀਨੈਂਸ ਦਾ ਕੀਤਾ ਉਦਘਾਟਨ



**ਆਦਮਪੁਰ ( ਪਰਮਜੀਤ ਸਿੰਘ)**- ਪੰਜਾਬ ਸਰਕਾਰ ਵੱਲੋਂ ਸਿੱਖਿਆ ਵਿੱਚ ਨਵੀਂ ਕ੍ਰਾਂਤੀ ਲਿਆਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ 13 ਸਕੂਲ ਆਫ ਐਮੀਨੈਂਸ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਦਮਪੁਰ ਜਿਸ ਨੂੰ ਸਕੂਲ ਆਫ਼ ਐਮੀਨੈਂਸ ਦਾ ਦਰਜਾ ਦਿੱਤਾ ਗਿਆ ਹੈ ਉਸਦੇ ਉਦਘਾਟਨ ਸੰਬੰਧੀ ਸਮਾਰੋਹ ਸਕੂਲ ਪ੍ਰਿੰਸੀਪਲ ਸ਼੍ਰੀ ਰਾਮ ਆਸਰਾ ਸਟੇਟ ਐਵਾਰਡੀ ਦੀ ਦੇਖ-ਰੇਖ ਹੇਠ ਕਰਵਾਇਆ ਗਿਆ, ਜਿਸ ਵਿਚ ਹਲਕਾ ਇੰਚਾਰਜ ਜੀਤ ਲਾਲ ਭੱਟੀ ਨੇ ਮੁੱਖ ਮਹਿਮਾਨ ਵਜੋਂ ਤੇ ਸੁਨੀਲ ਕੁਮਾਰ ਭਾਰਦਵਾਜ ਡਿਪਟੀ ਡਾਇਰੈਕਟਰ, ਸੁਰੇਸ਼ ਕੁਮਾਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਜਲੰਧਰ, ਰਾਜੀਵ ਕੁਮਾਰ ਜੋਸ਼ੀ (ਸਟੇਟ ਐਵਾਰਡੀ) ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਜਲੰਧਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਜੀਤ ਲਾਲ ਭੱਟੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਚੰਗੀਆਂ ਸਹੂਲਤਾਂ ਦੇਣ ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਵਿਚ ਵੀ ਸੁਧਾਰ ਕਰਨ ਲਈ ਯਤਨਸ਼ੀਲ ਹਨ, ਜਿਸ ਦੀ ਸ਼ੁਰੂਆਤ ਉਨ੍ਹਾਂ ਨੇ ਪੰਜਾਬ ਵਿਚ 13 ਸਕੂਲ ਆਫ਼ ਐਮੀਨੈਂਸ ਸ਼ੁਰੂ ਕਰਕੇ ਕਰ ਦਿੱਤੀ ਹੈ ਅਤੇ ਉਨ੍ਹਾਂ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਦਮਪੁਰ ਇਹਨਾਂ 13 ਸਕੂਲਾਂ ਵਿੱਚੋਂ ਇੱਕ ਹੈ ਜਿਸਨੂੰ ਸਕੂਲ ਆਫ਼ ਐਮੀਨੈਂਸ ਦਾ ਦਰਜਾ ਦਿੱਤਾ ਗਿਆ ਹੈ, ਜਿਸਦਾ ਅੱਜ ਉਦਘਾਟਨ ਕੀਤਾ ਗਿਆ ਹੈ ਤੇ ਇਸ ਵਿੱਚ ਹੁਣ ਬੱਚੇ ਪ੍ਰਾਈਵੇਟ ਸਕੂਲਾਂ ਵਾਂਗ ਸਿੱਖਿਆ ਪ੍ਰਾਪਤ ਕਰ ਸਕਣਗੇ। ਉਪਰੰਤ ਸੁਨੀਲ ਕੁਮਾਰ ਭਾਰਦਵਾਜ ਡਿਪਟੀ ਡਾਇਰੈਕਟਰ, ਸੁਰੇਸ਼ ਕੁਮਾਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਜਲੰਧਰ, ਰਾਜੀਵ ਜੋਸ਼ੀ ( ਸਟੇਟ ਅਵਾਰਡੀ) ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਜਲੰਧਰ, ਪ੍ਰਿੰਸੀਪਲ ਅਸ਼ੋਕ ਬਸਰਾ ਸਟੇਟ ਐਵਾਰਡੀ ਨੇ ਸਕੂਲ ਦੇ ਪ੍ਰਿੰਸੀਪਲ ਰਾਮ ਆਸਰਾ ਸਟੇਟ ਐਵਾਰਡੀ ਅਤੇ ਉਨ੍ਹਾਂ ਦੇ ਸਮੁੱਚੇ ਸਟਾਫ਼ ਵੱਲੋਂ ਸਕੂਲ 'ਚ ਕੀਤੇ ਪ੍ਰਬੰਧਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਦੋਂ ਉਹ ਸਕੂਲ 'ਚ ਆਏ ਉਹ ਹੈਰਾਨ ਹੋ ਗਏ ਕਿ ਇਹ ਸਰਕਾਰੀ ਸਕੂਲ ਤਾ ਪ੍ਰਾਈਵੇਟ ਸਕੂਲਾਂ ਨੂੰ ਵੀ ਮਾਤ ਦੇ ਰਿਹਾ ਹੈ ਜੋ ਇਹ ਸਕੂਲ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ਼ ਦੀ ਦਿਨ-ਰਾਤ ਕੀਤੀ ਮਿਹਨਤ ਦਾ ਨਤੀਜਾ ਹੈ ਉਨ੍ਹਾਂ ਸਕੂਲ ਆਫ਼ ਐਮੀਨੈਂਸ ਵਿੱਚ ਬੱਚਿਆਂ ਨੂੰ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਅੰਤ ਵਿੱਚ ਪ੍ਰਿੰਸੀਪਲ ਰਾਮ ਆਸਰਾ ਨੇ ਸਕੂਲ ਵਿੱਚ ਆਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ।ਇਸ ਮੌਕੇ ਇਕਬਾਲ ਸਿੰਘ ਰੰਧਾਵਾ ਡੀ.ਐਮ. ਸਪੋਰਟਸ , ਸੁਰਿੰਦਰ ਕੌਰ ਪ੍ਰਿੰਸੀਪਲ, ਧਰਮਿੰਦਰ ਸਿੰਘ ਪ੍ਰਿੰਸੀਪਲ, ਸਟੇਜ ਸਕੱਤਰ ਮੈਡਮ ਸੰਤੋਸ਼ ਕੁਮਾਰੀ, ਮੈਡਮ ਹਰਪ੍ਰੀਤ ਕੌਰ, ਰਣਜੀਤ ਸਿੰਘ ਬੀ ਪੀ ਈ ਓ, ਦੀਪਕ ਕੁਮਾਰ ਸੀ ਐਚ ਟੀ, ਪਰਮਜੀਤ ਸਿੰਘ ਰਾਜਵੰਸ਼ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਕੰਨੂ ਬਾਂਸਲ ਕੌਂਸਲਰ, ਅਕਾਸ਼ਦੀਪ ਆਸ਼ੂ,ਬਰਕਤ ਰਾਮ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ, ਹੈਪੀ ਹਰੀਪੁਰ ਬਲਾਕ ਪ੍ਰਧਾਨ, ਬੂਟਾ ਸਿੰਘ ਪਤਾਰਾ ਬਲਾਕ ਪ੍ਰਧਾਨ, ਹੁਸਨ ਲਾਲ ਬਲਾਕ ਪ੍ਰਧਾਨ, ਪ੍ਰਦੀਪ ਸਿੰਘ ਬਲਾਕ ਪ੍ਰਧਾਨ, ਇੰਦਰਜੀਤ ਸਿੰਘ ਬਲਾਕ ਪ੍ਰਧਾਨ ਅਤੇ ਹੋਰ 'ਆਪ' ਵਰਕਰ ਤੇ ਸਕੂਲ ਸਟਾਫ਼ ਹਾਜ਼ਰ ਸਨ।

# ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੀ ਯਾਦ 'ਚ ਯਾਦਗਾਰੀ ਗੇਟ ਦੀ ਉਸਾਰੀ ਸ਼ੁਰੂ



**ਮੇਹਟੀਆਣਾ, (ਜਗਤਾਰ ਸਿੰਘ ਭੁੰਗਰਨੀ)** ਅਜਨੋਹਾ ਵਿਖੇ ਯਾਦਗਾਰੀ ਗੇਟ ਦੀ ਉਸਾਰੀ ਦਾ ਕੰਮ ਸ਼ੁਰੂ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੇ ਜੱਦੀ ਪਿੰਡ ਅਜਨੋਹਾ ਵਿਖੇ ਪਿੰਡ ਦੇ ਪਹਿਲੇ ਮਾਇਉਪੱਟੀ ਵਾਲੇ ਪੁਲ 'ਤੇ ਪਿੰਡ ਵਾਲੇ ਪਾਸੇ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵਲੋਂ ਸਿੱਖ ਕੌਮ ਦੇ ਮਹਾਨ ਸੂਰਵੀਰ ਯੋਧੇ ਅਕਾਲੀ ਬਾਬਾ ਫੂਲਾ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੀ ਯਾਦ ਵਿੱਚ ਯਾਦਗਾਰੀ ਗੇਟ ਦੀ ਉਸਾਰੀ ਦੀ ਸ਼ੁਰੂਆਤ ਗੁਰੂ ਸਾਹਿਬ ਜੀ ਦਾ ਓਟ ਆਸਰਾ ਅਰਦਾਸ ਕਰਕੇ ਕੀਤੀ ਗਈ। ਇਸ ਮੌਕੇ ਸੰਸਥਾ ਦੇ ਮੁੱਖੀ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਇਸ ਪੂਰੇ ਯਾਦਗਾਰੀ ਗੇਟ ਦੀ ਉਸਾਰੀ ਦੀ ਸੇਵਾ ਪਿੰਡ ਨੂਰੜ ਨਿਵਾਸੀ ਸਰਦਾਰ ਪਰਮਜੀਤ ਸਿੰਘ ਇੰਗਲੈਂਡ ਦੇ ਸਹਿਯੋਗ ਨਾਲ ਕੀਤੀ ਜਾ ਰਹੀ ਹੈ।ਹਾਜ਼ਰ ਸੰਗਤਾਂ ਬਲਜੀਤ ਸਿੰਘ ਬਿੱਲਾ, ਸੁਰਿੰਦਰ ਪਾਲ ਸਿੰਘ, ਗੁਰਪ੍ਰੀਤ ਸਿੰਘ ਗੂਗਲੀ, ਮਨਪ੍ਰੀਤ ਸਿੰਘ, ਕਮਲਜੀਤ ਸਿੰਘ ਰਾਣਾ, ਜਸਵਿੰਦਰ ਕੌਰ, ਪਰਮਜੀਤ ਸਿੰਘ,ਮੋਹਨ ਸਿੰਘ, ਅਮ੍ਰਿਤ ਗੁਰਪ੍ਰੀਤ ਸਿੰਘ ਪੀਤੀ,ਪੰਚ ਸਤਨਾਮ ਸਿੰਘ, ਸੁਮੀਤ ਪਾਲ ਸਿੰਘ,ਸੋਹਨ ਸਿੰਘ, ਹਰਕੀਰਤ ਸਿੰਘ ਗੋਰਖਾ, ਅਜੀਤ ਸਿੰਘ, ਮਹਿੰਦਰ ਸਿੰਘ ਕਨੇਡਾ, ਅਸ਼ੋਕ ਕੁਮਾਰ ਰਾਣਾ, ਵਿਜੇ ਕੁਮਾਰ,ਸੋਹਨ ਸਿੰਘ ਖਾਲਸਾ, ਗੁਰਨਾਮ ਸਿੰਘ ਖਾਲਸਾ, ਕੁਲਦੀਪ ਸਿੰਘ, ਹਰਮੇਸ਼ ਸਿੰਘ, ਠੇਕੇਦਾਰ ਸੋਹਨ ਸਿੰਘ ਨਗਦੀਪੁਰ, ਜਤਿੰਦਰ ਸਿੰਘ ਰਾਣਾ, ਸੁਖਦੇਵ ਸਿੰਘ ਮੁਖਲਿਆਣਾ, ਪ੍ਰਧਾਨ ਅਵਤਾਰ ਸਿੰਘ, ਅਮਰਜੀਤ ਸਿੰਘ, ਕਮਲਜੀਤ ਸਿੰਘ ਕੁਕੋਵਾਲ, ਪਵਨ ਕੁਮਾਰ, ਸ਼ਿੰਗਾਰਾ ਸਿੰਘ, ਕ੍ਰਿਪਾਲ ਸਿੰਘ ਪਾਲਾ, ਦੀਦਾਰ ਸਿੰਘ, ਹਰਜੀਤ ਸਿੰਘ, ਇੰਦਰ ਸਿੰਘ ਉਭੀ ਟੈਂਟ, ਮਾਸਟਰ ਹਰਭਜਨ ਸਿੰਘ,ਰਣਜੀਤ ਸਿੰਘ ਪੱਪੂ ਆਦਿ ਹਾਜ਼ਰ ਸਨ।

# ਲਾਇਨ ਗੁਰਦੀਪ ਸਿੰਘ ਕੰਗ ਦੀ ਅਗਵਾਈ ਹੇਠ 73ਵਾਂ ਮਾਸਿਕ ਰਾਸ਼ਨ ਵੰਡ ਸਮਾਗਮ



**ਫਗਵਾੜਾ (ਜਸਵਿੰਦਰ ਢੱਡਾ)**- ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੀ ਵਲੋਂ 73ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ ਸੁਸਾਇਟੀ ਦੇ ਪ੍ਰਧਾਨ ਅਤੇ ਲਾਇਨਜ਼ ਇੰਟਰਨੈਸ਼ਨਲ 321-ਡੀ. ਦੇ ਡਿਸਟ੍ਰਿਕਟ ਚੇਅਰਮੈਨ (ਮਨੁੱਖਤਾਵਾਦੀ) ਲਾਇਨ ਗੁਰਦੀਪ ਸਿੰਘ ਕੰਗ ਦੀ ਅਗਵਾਈ ਹੇਠ ਕਰਵਾਇਆ ਗਿਆ। ਜਿਸ ਵਿੱਚ ਪ੍ਰਵਾਸੀ ਭਾਰਤੀ ਕਮਲਜੀਤ ਕੌਰ ਅਤੇ ਬਲਰਾਮ ਯੂ.ਕੇ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸਮਾਜ ਸੇਵੀ ਐਸ.ਪੀ. ਬਸਰਾ, ਮਹਿਲਾ ਆਪ ਆਗੂ ਪ੍ਰਿਤਪਾਲ ਕੌਰ ਤੁਲੀ ਅਤੇ ਗੁਰਦੀਪ ਸਿੰਘ ਤੁਲੀ ਨੇ ਹਾਜ਼ਰੀ ਲਗਵਾਈ। ਇਸ ਦੌਰਾਨ 20 ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਣ ਦੀ ਰਸਮ ਸ਼ੁਰੂ ਕਰਦਿਆਂ ਮੁੱਖ ਮਹਿਮਾਨਾਂ ਨੇ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਬਲਰਾਮ ਯੂ.ਕੇ ਨੇ ਕਿਹਾ ਕਿ ਗੁਰਦੀਪ ਸਿੰਘ ਕੰਗ ਵਰਗੇ ਸਮਾਜ ਸੇਵਾ ਨੂੰ ਸਮਰਪਤ ਵਿਅਕਤੀ ਸਮੁੱਚੇ ਸਮਾਜ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਕਿਹਾ ਕਿ ਆਰਥਿਕ ਗਰੀਬੀ ਦੇ ਸ਼ਿਕਾਰ ਜਾਂ ਬਿਮਾਰ ਅਤੇ ਬਜ਼ੁਰਗਾਂ ਦੀ ਸੇਵਾ ਕਰਨਾ ਸਮਾਜ ਦੇ ਸਾਰੇ ਯੋਗ ਵਿਅਕਤੀਆਂ ਦਾ ਫਰਜ਼ ਹੈ। ਸਮਾਜ ਸੇਵਕ ਐਸ.ਪੀ. ਬਸਰਾ, ਐਂਟੀ ਕੁਰੱਪਸ਼ਨ ਫੋਰਮ ਜਿਲ੍ਹਾ ਕਪੂਰਥਲਾ ਦੇ ਜ਼ਿਲ੍ਹਾ ਪ੍ਰਧਾਨ ਚੰਦਰ ਸ਼ੇਖਰ ਖੁੱਲਰ ਅਤੇ ਸਟੇਜ ਦੀ ਸੇਵਾ ਨਿਭਾਉਂਦੇ ਹੋਏ ਮਾਸਟਰ ਵਰਿੰਦਰ ਸਿੰਘ ਕੰਬੋਜ ਨੇ ਵੀ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਆਪਣੀ ਨੇਕ ਕਮਾਈ ਵਿੱਚੋਂ ਕੁਝ ਪੈਸੇ ਲੋੜਵੰਦਾਂ ਦੀ ਮਦਦ ਲਈ ਖਰਚ ਕਰਨੇ ਚਾਹੀਦੇ ਹਨ। ਸੁਸਾਇਟੀ ਦੇ ਪ੍ਰਧਾਨ ਗੁਰਦੀਪ ਸਿੰਘ ਕੰਗ ਨੇ ਪਤਵੰਤਿਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਸ਼ਿਵ ਸ਼ਕਤੀ ਮਾਤਾ ਮੰਦਰ ਕਮੇਟੀ ਦੇ ਪ੍ਰਧਾਨ ਚੰਚਲ ਸੇਠ, ਖਜ਼ਾਨਚੀ ਕਿੱਟੀ ਬਸਰਾ, ਅਸ਼ੋਕ ਬੱਤਰਾ, ਵਿਨੇ ਕੁਮਾਰ ਬਿੱਟੂ, ਆਸ਼ੂ ਕਰਵਲ, ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਸਕੱਤਰ ਸੰਜੀਵ ਲਾਂਬਾ, ਵਿਜੇ ਅਰੋੜਾ, ਲਾਇਨ ਦਿਨੇਸ਼ ਖਰਬੰਦਾ, ਲਾਇਨ ਸਤਿੰਦਰ ਸਿੰਘ ਭਮਰਾ, ਲਾਇਨ ਵਿਪਨ ਕੁਮਾਰ, ਲਾਇਨ ਪਵਨ ਚਾਵਲਾ, ਸੰਜੀਵ ਸੂਰੀ, ਗੁਰਜੀਤ ਸਿੰਘ ਆਦਿ ਹਾਜ਼ਰ ਸਨ।

# ਹੁਸ਼ਿਆਰਪੁਰ ਨੇਚਰ ਫੈਸਟ-2024 , ਤੀਸਰੇ ਦਿਨ ਖੂਬ ਚਹਿਲ-ਪਹਿਲ ਰਹੀ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਹੁਸ਼ਿਆਰਪੁਰ ਨੇਚਰ ਫੈਸਟ-2024 ਵਿਚ ਤੀਸਰੇ ਦਿਨ ਖੂਬ ਚਹਿਲ-ਪਹਿਲ ਰਹੀ। ਐਤਵਾਰ ਦੀ ਛੁੱਟੀ ਦਾ ਦਿਨ ਹੋਣ ਕਾਰਨ ਦੁਸਹਿਰਾ ਗਰਾਊਂਡ ਵਿਚ ਲੋਕਾਂ ਮੇਲੇ ਦਾ ਖੂਬ ਆਨੰਦ ਮਾਣਿਆ ਅਤੇ ਰੱਜ ਕੇ ਖਰੀਦਦਾਰੀ ਕੀਤੀ। ਨੇਚਰ ਫੈਸਟ ਵਿਚ ਲੱਗੇ ਸਟਾਲਾਂ ਵਿਚ ਸ਼ੁੱਧ, ਮਿਲਾਵਟ- ਰਹਿਤ ਉਤਪਾਦ ਉਪਲਬੱਧ ਕਰਾਉਣ ਦੇ ਉਦੇਸ਼ ਨਾਲ ਬਰਡ ਬੀ ਆਜੀਵਿਕਾ ਐਸ.ਐਚ.ਜੀ ਹੁਸ਼ਿਆਰਪੁਰ ਦੇ ਸਟਾਲ ਨੂੰ ਲੋਕਾਂ ਨੇ ਬੇਹੱਦ ਸਲਾਹਿਆ। ਇਸ ਸਟਾਲ ਦੇ ਮਨੀਸ਼ ਸ਼ਰਮਾ ਅਤੇ ਜੀਨਾ ਸ਼ਰਮਾ ਨੇ ਦੱਸਿਆ ਕਿ ਗਰੁੱਪ ਵੱਲੋਂ ਉਚ ਗੁਣਵੱਤਾ ਵਾਲੇ ਦੇਸੀ ਗਾਂ ਦੇ ਘਿਓ ਤੋਂ ਇਲਾਵਾ ਗਊ ਧੂਫ ਗਾਂ ਦੇ ਗੋਬਰ ਦੀ ਧੂਫ ਬੱਤੀ 16 ਪ੍ਰਕਾਰ ਦੀਆਂ ਕੁਦਰਤੀ ਜੜੀਆਂ-ਬੂਟੀਆਂ ਤੋਂ ਤਿਆਰ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਉਹ ਰਸਾਇਣਾਂ ਅਤੇ ਨਕਲੀ ਸੁਗੰਧਾਂ ਦੀ ਵਰਤੋਂ ਬਿਲਕੁਲ ਨਹੀਂ ਕਰਦੇ ਹਨ। ਉਨ੍ਹਾਂ ਦੱਸਿਆ ਕਿ ਇਸ ਧੂਫ ਨੂੰ ਹਰ ਦਿਨ ਘਰ ਵਿਚ ਜਲਾਉਣ ਨਾਲ ਵਾਤਾਵਰਣ ਸ਼ੁੱਧ ਹੁੰਦਾ ਹੈ ਅਤੇ ਨਾਕਾਰਾਤਮਕ ਊਰਜਾ ਦਾ ਵਿਨਾਸ਼ ਹੁੰਦਾ ਹੈ। ਮਨੀਸ਼ ਨੇ ਦੱਸਿਆ ਕਿ ਉਹ 'ਪਿਓਰ ਫਾਰ ਸ਼ਿਓਰ' ਸਲੋਗਨ ਦੇ ਨਾਲ ਹਲਦੀ, ਮਹਿੰਦੀ ਪਾਊਡਰ, ਸ਼ੁੱਧ ਹਨੀ ਵਰਗੇ ਉਤਪਾਦਾਂ ਦੀ ਪ੍ਰੋਸੈਸਿੰਗ ਅਤੇ ਸਪਲਾਈ ਵਿਚ ਲੱਗੇ ਹੋਏ ਹਨ। ਉਨ੍ਹਾਂ ਦੱਸਿਆ ਕਿ ਉਹ ਭਾਰਤ ਦੇ ਵੱਖ-ਵੱਖ ਹਿੱਸਿਆਂ ਦੇ ਕਿਸਾਨਾਂ ਤੋਂ ਵਧੀਆਂ ਗੁਣਵੱਤਾ ਵਾਲਾ ਕੱਚਾ ਮਾਲ ਇਕੱਠਾ ਕਰਦੇ ਹਨ ਅਤੇ ਉਨ੍ਹਾਂ ਨੂੰ ਸਾਫ ਸੁਥਰੇ ਵਾਤਾਵਰਨ ਵਿਚ ਸੰਸ਼ੋਧਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਟੀਚਾ ਵਾਤਾਵਰਨ, ਕਿਸਾਨਾਂ ਅਤੇ ਮਨੁੱਖੀ ਸਿਹਤ ਦੀ ਰੱਖਿਆ ਦੇ ਲਈ ਘਰ-ਘਰ ਤੱਕ ਸ਼ੁੱਧ, ਮਿਲਾਵਟ ਰਹਿਤ ਅਤੇ ਰਸਾਇਣ ਮੁਕਤ ਉਤਪਾਦ ਪਹੁੰਚਾਉਣਾ ਹੈ। ਉਨ੍ਹਾਂ ਦੱਸਿਆ ਕਿ ਉਹ 2022 ਤੋਂ ਜੂਟ ਬੈਗ, ਟੋਟ ਬੈਗ, ਪ੍ਰਮੋਸ਼ਨਲ ਬੈਗ ਦੇ ਪ੍ਰਮੁੱਖ ਨਿਰਮਾਤਾ ਹਨ।

# ਸੰਤ ਸੁਰਿੰਦਰ ਸਿੰਘ ਦੀ ਬਰਸੀ ਮੌਕੇ ਵਿਸ਼ੇਸ਼ ਸਮਾਗਮ



**ਗੁਰਾਇਆ (ਬਿੰਦਰ ਸੁੰਮਨ)**- ਐੱਸ ਟੀ ਐੱਸ ਵਰਲਡ ਸਕੂਲ, ਰਾਜਗੋਮਾਲ ਵਿਖੇ ਜਮਾਤ ਛੇਵੀਂ ਏ ਦੇ ਵਿਦਿਆਰਥੀਆਂ ਵੱਲੋਂ ਸੰਤ ਸੁਰਿੰਦਰ ਸਿੰਘ ਦੀ ਨੌਵੀਂ ਬਰਸੀ ਕਲਾਸ ਇੰਚਾਰਜ ਮਾਨ ਲਖਵੀਰ ਸਿੰਘ ਦੀ ਦੇਖ-ਰੇਖ ਹੇਠ ਕਰਵਾਈ ਗਈ। ਵਿਦਿਆਰਥੀਆਂ ਦੁਆਰਾ ਗਾਏ ਗਏ ਸ਼ਬਦ ਦੁਆਰਾ ਇੱਕ ਪਵਿੱਤਰ ਮਾਹੌਲ ਸਿਰਜਿਆ ਗਿਆ ਜਿਸ ਤੋਂ ਬਾਅਦ ਗੁਰਨੂਰ ਕੂਨਰ ਦੁਆਰਾ ਸ਼ਾਨਦਾਰ ਅਧਿਆਤਮਿਕ ਵਿਚਾਰ ਪੇਸ਼ ਕੀਤਾ ਗਿਆ। ਮਨਸੀਰਤ ਕੌਰ, ਤਕਸ਼ ਗੁਪਤਾ ਨੇ ਵਿਦਿਆਰਥੀਆਂ ਨੂੰ ਸੰਤ ਸੁਰਿੰਦਰ ਸਿੰਘ ਦੇ ਜੀਵਨ, ਪ੍ਰਾਪਤੀਆਂ ਅਤੇ ਵਿਰਾਸਤ ਬਾਰੇ ਚਾਨਣਾ ਪਾਇਆ। ਹਰਗੁਨ ਸਿੰਘ ਨੇ ਨਵੇਂ ਸ਼ਬਦ ਕੈਂਡਰ ਤੇ ਨਵੇਂ ਸ਼ਬਦ ਦਾ ਵਾਕ ਬਣਾ ਕੇ ਸਾਡੀ ਸ਼ਬਦਾਵਲੀ ਵਿੱਚ ਵਾਧਾ ਕੀਤਾ। ਸਾਚੀ ਦੁਆਰਾ ਖ਼ਬਰਾਂ ਦੀਆਂ ਸੁਰਖੀਆਂ ਪੜ੍ਹੀਆਂ ਗਈਆਂ। ਪਰਮਪ੍ਰੀਤ ਕੌਰ ਅਤੇ ਪਾਰਥ ਕੁਮਾਰ ਨੇ ਮੰਚ ਦਾ ਸੰਚਾਲਨ ਕੀਤਾ। ਛੇਵੀਂ ਏ ਜਮਾਤ ਦੇ ਵਿਦਿਆਰਥੀਆਂ ਵੱਲੋਂ ਸੰਤ ਸੁਰਿੰਦਰ ਸਿੰਘ ਨੂੰ ਸਮਰਪਿਤ ਸ਼ਬਦ ਵੀ ਪੇਸ਼ ਕੀਤਾ ਗਿਆ। ਮਨਸੀਰਤ ਅਤੇ ਤਕਸ਼ ਨੇ ਸੰਤ ਜੀ ਨੂੰ ਸ਼ਰਧਾਂਜਲੀ ਵਜੋਂ ਕਵਿਤਾ ਸੁਣਾਈ। ਇਹ ਇਕ ਰੂਹਾਨੀ ਸਵੇਰ ਸੀ ਜਿੱਥੇ ਅਸੀਂ ਸਿੱਖਿਆ ਕਿ ਸਰਬਸ਼ਕਤੀਮਾਨ ਦੀ ਅਸੀਸ ਪ੍ਰਾਪਤ ਕਰਨ ਲਈ ਸਾਨੂੰ ਸਹੀ ਮਾਰਗ 'ਤੇ ਚੱਲਣਾ ਚਾਹੀਦਾ ਹੈ। ਕਲਾਸ ਦੇ ਵਿਦਿਆਰਥੀਆਂ ਵਲੋਂ ਧਾਰਮਿਕ ਐਕਟ ਪੇਸ਼ ਕੀਤਾ ਗਿਆ। ਅੰਤ ਵਿੱਚ ਸਾਡੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਪ੍ਰਭਜੋਤ ਗਿੱਲ ਨੇ ਸਕੂਲ ਦੇ ਸੰਸਥਾਪਕ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਕਿਹਾ ਕਿ ਉਹ ਇੱਕ ਮਹਾਨ ਆਤਮਾ ਸਨ ਜਿਨ੍ਹਾਂ ਨੇ ਸਖ਼ਤ ਮਿਹਨਤ, ਲਗਨ ਅਤੇ ਦ੍ਰਿੜਤਾ ਨੂੰ ਅਨੁਕੂਲ ਬਣਾਇਆ। ਉਹ ਨਿਰਸਵਾਰਥ ਸੇਵਾ ਦੀ ਭਾਵਨਾ ਸੀ ਅਤੇ ਸਾਨੂੰ ਉਹਨਾਂ ਦੀਆਂ ਕਦਰਾਂ-ਕੀਮਤਾਂ ਦੀ ਨਕਲ ਕਰਨੀ ਚਾਹੀਦੀ ਹੈ।

# ਲੜਕੀਆਂ ਨੂੰ ਕਿੱਤਾਮੁਖੀ ਕੋਰਸਾਂ ਦੀ ਸਿਖਲਾਈ ਵਧੀਆ ਉਪਰਾਲਾ : ਸੈਮਸਨ ਮਸੀਹ



**ਫਗਵਾੜਾ ( ਜਸਵਿੰਦਰ ਢੱਡਾ )**- ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵਲੋਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਸਥਾਨਕ ਸਕੀਮ ਨੰਬਰ 3 ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਲੜਕੀਆਂ ਦੇ ਵੋਕੇਸ਼ਨਲ ਸੈਂਟਰ ਦਾ ਅੱਜ ਨਹਿਰੂ ਯੁਵਾ ਕੇਂਦਰ ਹਿਮਾਚਲ ਪ੍ਰਦੇਸ਼ ਦੇ ਸਾਬਕਾ ਸੂਬਾ ਡਾਇਰੈਕਟਰ ਸੈਮਸਨ ਮਸੀਹ ਨੇ ਦੌਰਾ ਕੀਤਾ। ਉਨ੍ਹਾਂ ਦੇ ਨਾਲ ਐਨ.ਆਰ.ਆਈ. ਕਰਮਜੀਤ ਸਿੰਘ ਸ਼ਾਹੀ ਯੂ.ਐਸ. ਏ ਵੀ ਸਨ। ਇਸ ਦੌਰਾਨ ਉਨ੍ਹਾਂ ਨੇ ਵੋਕੇਸ਼ਨਲ ਸੈਂਟਰ ਦੀਆਂ ਸਖਿਆਰਥਣਾਂ ਦੇ ਨਾਲ ਉਹਨਾ ਦੇ ਕੋਰਸਾਂ ਸੰਬੰਧੀ ਵਿਸਥਾਰ ਪੂਰਵਕ ਗੱਲਬਾਤ ਕੀਤੀ। ਸੈਮਸਨ ਮਸੀਹ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਤਕਨੀਕੀ ਸਿੱਖਿਆ ਦੇ ਪ੍ਰਚਾਰ, ਪ੍ਰਸਾਰ ਲਈ ਚਲਾਏ ਜਾ ਰਹੇ ਕੌਸ਼ਲ ਵਿਕਾਸ ਕੋਰਸ ਨੌਜਵਾਨਾਂ ਅਤੇ ਖਾਸ ਕਰਕੇ ਲੜਕੀਆਂ ਲਈ ਬਹੁਤ ਹੀ ਲਾਹੇਵੰਦ ਹਨ ਅਤੇ ਇਨ੍ਹਾਂ ਕੋਰਸਾਂ ਰਾਹੀਂ ਲੜਕੀਆਂ ਹੱਥੀ ਕਿੱਤਾ ਸਿੱਖ ਕੇ ਸਵੈ ਰੁਜ਼ਗਾਰਤ ਨਾਲ ਆਪਣੇ ਪਰਿਵਾਰ ਦੀ ਆਮਦਨ ਵਿੱਚ ਵਾਧਾ ਕਰ ਦੇ ਯੋਗ ਬਣ ਸਕਦੀਆਂ ਹਨ। ਉਨ੍ਹਾਂ ਕਿਹਾ ਹੈ ਕਿ ਸਰਬ ਨੌਜਵਾਨ ਸਭਾ ਸਮਾਜ ਭਲਾਈ ਦੇ ਕੰਮ ਕਰਕੇ ਸਮੁੱਚੇ ਪੰਜਾਬ ਵਿੱਚ ਆਪਣਾ ਨਾ ਬਣਾ ਚੁੱਕੀ ਹੈ। ਸਭਾ ਵਲੋਂ ਲੋੜਵੰਦ ਲੜਕੀਆਂ ਦੇ ਵਿਆਹ ਕਰਵਾ ਕੇ, ਨਸ਼ਿਆਂ ਤੇ ਵਾਤਾਵਰਣ ਸੰਬੰਧੀ ਸੈਮੀਨਾਰ ਕਰਕੇ ਲੋਕਾ ਨੂੰ ਜਾਗਰੂਕ ਕਰਨਾ ਵੀ ਸ਼ਲਾਘਾਯੋਗ ਹੈ। ਸਾਬਕਾ ਡਾਇਰੈਕਟਰ ਮਸੀਹ ਨੇ ਦੱਸਿਆ ਕਿ ਉਹ ਇਸ ਸੰਸਥਾ ਨਾਲ ਪਿਛਲੇ 25 ਸਾਲਾਂ ਤੋਂ ਜੁੜੇ ਹੋਏ ਹਨ ਜੋ ਉਨ੍ਹਾਂ ਦੇ ਲਈ ਮਾਣ ਵਾਲੀ ਗੱਲ ਹੈ। ਪ੍ਰਵਾਸੀ ਭਾਰਤੀ ਕਰਮਜੀਤ ਸਿੰਘ ਸੈਣੀ ਨੇ ਵੀ ਸਭਾ ਦੇ ਸਮਾਜ ਭਲਾਈ ਕਾਰਜਾਂ ਦੀ ਸ਼ਲਾਘਾ ਕੀਤੀ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸਭਾ ਵਲੋਂ ਕੀਤੇ ਜਾਦੇਂ ਸਮਾਜ ਸੇਵੀ ਕੰਮਾ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਸਭਾ ਵਲੋਂ 6 ਮਾਰਚ ਦਿਨ ਬੁੱਧਵਾਰ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਹੋਟਲ ਹੇਅਰ ਪੈਲਸ ਵਿਖੇ ਮਨਾਇਆ ਜਾ ਰਿਹਾ ਹੈ। ਇਸ ਮੌਕੇ ਰਵਿੰਦਰ ਸਿੰਘ ਰਾਏ, ਸਾਹਿਬਜੀਤ ਸਾਬੀ, ਜੀਵਨ ਕੁਮਾਰ, ਜਸ਼ਨ ਮਹਿਰਾ, ਰਕੇਸ਼ ਕੋਛੜ, ਮਨਦੀਪ ਬੱਸੀ, ਗੁਰਸ਼ਰਨ ਬੱਸੀ, ਮੈਡਮ ਤਨੂੰ, ਮੈਡਮ ਪੂਜਾ ਸੈਣੀ, ਮੈਨੇਜਰ ਜਗਜੀਤ ਸੇਠ, ਮੈਡਮ ਸਪਨਾ ਸ਼ਾਰਦਾ, ਮੈਡਮ ਰਮਨਦੀਪ ਕੌਰ ਆਦਿ ਹਾਜ਼ਰ ਸਨ।

# ਮਾਨ ਸਰਕਾਰ ਦੀ ਅਗਵਾਈ ਹੇਠ ਸਿੱਖਿਆ ਕ੍ਰਾਂਤੀ ਵੱਲ ਵਧਦੇ ਕਦਮ : ਕੁਲਵੰਤ ਸਿੰਘ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਦਿੱਲੀ ਅਤੇ ਕੌਮੀ ਕਨਵੀਨਰ ਆਮ ਆਦਮੀ ਪਾਰਟੀ ਵੱਲੋਂ ਅੱਜ ਲੁਧਿਆਣਾ ਤੋਂ ਲੁਧਿਆਣਾ ਸਮੇਤ ਪੂਰੇ ਪੰਜਾਬ ਵਿੱਚ 13 'ਸਕੂਲਜ਼ ਆਫ ਐਮੀਨੈਂਸ' ਦੇ ਉਦਘਾਟਨ ਦੇ ਦਰਮਿਆਨ ਐਮ ਐਲ ਏ ਮੋਹਾਲੀ ਕੁਲਵੰਤ ਸਿੰਘ ਵੱਲੋਂ ਫੇਜ਼ -11 ਵਿੱਚ ਜ਼ਿਲ੍ਹੇ ਦੇ ਦੂਜੇ ਸਕੂਲ ਆਫ ਐਮੀਨੈਂਸ ਦਾ ਲੋਕ ਅਰਪਣ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਨੂੰ ਬਣਾਉਣ 'ਤੇ ਲਗਭਗ 11.50 ਕਰੋੜ ਰੁਪਏ ਖਰਚ ਆਏ ਹਨ, ਇਸ ਵਿੱਚ 6ਵੀਂ ਕਲਾਸ ਤੋਂ 12ਵੀਂ ਕਲਾਸ ਤੱਕ ਦੇ ਬੱਚੇ ਪੜ੍ਹਨਗੇ ਅਤੇ 9ਵੀਂ ਤੋਂ 10ਵੀਂ ਜਮਾਤ ਤੱਕ ਲਈ ਬੱਚੇ ਐਂਟਰੈਂਸ ਦੇ ਕੇ ਦਾਖਲਾ ਲੈ ਸਕਣਗੇ। ਉਨ੍ਹਾਂ ਅੱਗੇ ਕਿਹਾ ਕਿ ਇਸ ਸਕੂਲ ਨੂੰ ਬਣਾਏ ਜਾਣ ਦੇ ਲਈ ਸਵਰਗੀ ਅਮਰੀਕ ਸਿੰਘ ਤਹਿਸੀਲਦਾਰ, ਸਾਬਕਾ ਕੌਂਸਲਰ ਦਾ ਵੱਡਾ ਯੋਗਦਾਨ ਹੈ। ਉਨ੍ਹਾਂ ਵੱਲੋਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਵੱਲੋਂ ਇਸ ਸਕੂਲ ਨੂੰ ਬਣਾਉਣ ਦੇ ਲਈ ਪੂਰੀ ਸਿਦਕਦਿਲੀ ਨਾਲ ਮਿਹਨਤ ਕੀਤੀ ਗਈ।

ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਭਰ ਦੇ ਵਿੱਚ 'ਸਕੂਲਜ਼ ਆਫ ਐਮੀਨੈਂਸ' ਦਾ ਬਣਾਏ ਜਾਣਾ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਦੇ ਸਿੱਖਿਆ ਕ੍ਰਾਂਤੀ ਵੱਲ ਵੱਧਦੇ ਕਦਮ ਹਨ, ਜਿਸ ਨਾਲ ਸਿੱਖਿਆ ਕ੍ਰਾਂਤੀ ਦੇ ਵਿੱਚ ਇੱਕ ਵੱਡਾ ਇਨਕਲਾਬ ਆਵੇਗਾ ਅਤੇ ਵਿਦਿਆਰਥੀ ਸਹੀ ਮਾਇਨਿਆਂ ਦੇ ਵਿੱਚ ਸਮੇਂ ਦੇ ਹਾਣੀ ਬਣ ਸਕਣਗੇ। ਪੰਜਾਬ ਭਰ ਦੇ ਵਿੱਚ ਸਿਹਤ ਸੇਵਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮੁਫਤ ਦਵਾਈਆਂ ਅਤੇ ਟੈਸਟਾਂ ਲਈ ਆਮ ਆਦਮੀ ਕਲੀਨਿਕ ਖੋਲ੍ਹੇ ਗਏ, ਜਦਕਿ ਸਿੱਖਿਆ ਵਿਭਾਗ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਂਦੇ ਹੋਏ 'ਸਕੂਲ ਆਫ ਐਮੀਨੈਂਸ' ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਿਰਾਜ ਸ਼ਿਆਮਕਰਨ ਤਿੜਕੇ, ਡੀ.ਐਸ.ਪੀ. ਹਰਸਿਮਰਤ ਸਿੰਘ ਬੱਲ, ਆਮ ਆਦਮੀ ਪਾਰਟੀ ਦੇ ਨੇਤਾ ਕੁਲਦੀਪ ਸਿੰਘ ਸਮਾਣਾ, ਜ਼ਿਲ੍ਹਾ ਸਿੱਖਿਆ ਅਫਸਰ ਫਤਿਹਗੜ੍ਹ ਸਾਹਿਬ ਗਿੰਨੀ ਦੁੱਗਲ, ਬਲਿੰਦਰ ਸਿੰਘ, ਅਮਰੀਕ ਸਿੰਘ, ਹਰਮੇਸ਼ ਸਿੰਘ ਕੁੰਬੜਾ, ਗੁਰਮੀਤ ਕੌਰ ਕੌਂਸਲਰ, ਅਰੁਣ ਗੋਇਲ, ਹਰਵਿੰਦਰ ਸਿੰਘ ਸੈਣੀ, ਅਵਤਾਰ ਸਿੰਘ ਮੌਲੀ, ਸਤਵਿੰਦਰ ਸਿੰਘ ਮਿੱਠੂ, ਗੱਬਰ ਮੌਲੀ, ਗੁਰਦੁਆਰਾ ਪ੍ਰਬੰਧਕ ਕਮੇਟੀ ਫੇਸ-11 ਦੇ ਪ੍ਰਧਾਨ ਹਰਜੀਤ ਸਿੰਘ, ਕੈਪਟਨ ਕਰਨੈਲ ਸਿੰਘ, ਉਪਿੰਦਰਜੀਤ ਕੌਰ, ਅੰਜਲੀ ਸ਼ਰਮਾ, ਆਰ.ਪੀ. ਸ਼ਰਮਾ, ਜਸਪਾਲ ਮਟੌਰ, ਡਾਕਟਰ ਕੁਲਦੀਪ ਸਿੰਘ, ਸਾਬਕਾ ਕੌਂਸਲਰ ਹਰਪਾਲ ਸਿੰਘ ਚੰਨਾ, ਸਵਰਨ ਲਤਾ, ਹਰਵਿੰਦਰ ਕੌਰ, ਤਰੁਣਜੀਤ ਸਿੰਘ ਬਲਾਕ ਪ੍ਰਧਾਨ, ਰਹਿਮਤ ਜੁਨੇਜਾ, ਗੱਜਣ ਸਿੰਘ, ਡਾਕਟਰ ਰਵਿੰਦਰ ਕੰਬਾਲਾ ਵੀ ਹਾਜ਼ਰ ਸਨ।

# ਇਲਾਕੇ ਦੀਆਂ ਲਿੰਕ ਸੜਕਾਂ ਦਾ ਮਾੜਾ ਹਾਲ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਚਮਕੌਰ ਸਾਹਿਬ ਇਲਾਕੇ ਦੇ ਪਿੰਡਾਂ ਵਿਚਲੀਆਂ ਲਿੰਕ ਸੜਕਾਂ ਦਾ ਬਹੁਤ ਹੀ ਲੰਮੇ ਸਮੇਂ ਤੋਂ ਮਾੜਾ ਹਾਲ ਹੈ ਕਿਉਂਕਿ ਇਹ ਸੜਕਾਂ ਟੁੱਟਣ ਕਾਰਨ ਟੋਇਆਂ ਦਾ ਰੂਪ ਧਾਰਨ ਕਰ ਚੁੱਕੀਆਂ ਹਨ, ਜਿਸ ਕਾਰਨ ਪਿੰਡਾਂ ਦੇ ਲੋਕ ਬਹੁਤ ਪ੍ਰੇਸ਼ਾਨ ਹੋ ਰਹੇ ਹਨ । ਸਾਬਕਾ ਚੇਅਰਮੈਨ ਪਰਮਜੀਤ ਸਿੰਘ ਖੇੜੀ ਨੇ ਦੱਸਿਆ ਕਿ ਪਿੰਡ ਭੋਜੇਮਾਜਰਾ ਤੋਂ ਪਿੰਡ ਖੇੜੀ ਸਲਾਬਤਪੁਰ ਨੂੰ ਜਾਂਦੀ ਲਿੰਕ ਸੜਕ ਪਿਛਲੇ 4 ਸਾਲਾਂ ਤੋਂ ਬੇਹੱਦ ਟੁੱਟੀ ਹੋਈ ਹੈ । ਇਸ ਸੜਕ 'ਤੇ ਥਾਂ ਥਾਂ 'ਤੇ ਡੂੰਘੇ ਟੋਏ ਪੈਣ ਕਾਰਨ ਅਤੇ ਮੀਂਹ ਦਾ ਪਾਣੀ ਖੜ੍ਹਨ ਨਾਲ ਕਈ ਰਾਹਗੀਰ ਡਿੱਗ ਚੁੱਕੇ ਹਨ, ਉੱਥੇ ਹੀ ਸਕੂਲ ਨੂੰ ਆਉਂਦੇ ਜਾਂਦੇ ਬੱਚੇ ਵੀ ਡਿੱਗ ਕੇ ਸੱਟਾਂ ਵੀ ਖਾ ਚੁੱਕੇ ਹਨ । ਉਨ੍ਹਾਂ ਦੱਸਿਆ ਕਿ ਇਸ ਸੜਕ ਸਬੰਧੀ ਕਈ ਵਾਰ ਸਬੰਧਤ ਵਿਭਾਗ ਨੂੰ ਅਤੇ ਪ੍ਰਸ਼ਾਸਨ ਨੂੰ ਲੋਕ ਦੱਸ ਵੀ ਚੁੱਕੇ ਹਨ ਪਰ ਅਜੇ ਤੱਕ ਇਸ ਸੜਕ ਨੂੰ ਬਣਾਇਆ ਨਹੀਂ ਗਿਆ, ਜਿਸ ਕਾਰਨ ਪਿੰਡਾਂ ਦੇ ਲੋਕਾਂ ਵਿੱਚ ਸਰਕਾਰ ਤੇ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਜੇਕਰ ਇਸ ਸੜਕ ਨੂੰ ਜਲਦੀ ਬਣਾਇਆ ਨਾ ਗਿਆ ਤਾਂ ਨੇੜਲੇ ਪਿੰਡਾਂ ਦੇ ਲੋਕ ( ਲੋਕ ਸਭਾ ) ਚੋਣਾਂ ਦਾ ਬਾਈਕਾਟ ਕਰਨ ਲਈ ਮਜਬੂਰ ਹੋਣਗੇ । ਇਸ ਤੋਂ ਇਲਾਵਾ ਚਮਕੌਰ ਸਾਹਿਬ ਤੋਂ ਪਿੰਡ ਸੰਧੂਆਂ ਨੂੰ ਜਾਂਦੀ ਸੜਕ ਤੇ ਪਿੰਡ ਭੂਰੜੇ ਨੂੰ ਜਾਂਦੀ ਸੜਕ ਨਾਲ ਹੀ ਬਰਸਾਲਪੁਰ ਨੂੰ ਜਾਂਦੀ ਸੜਕ ਅਤੇ ਕਸਬਾ ਬੇਲਾ ਤੋਂ ਬਹਿਰਾਮਪੁਰ ਬੇਟ ਸੜਕ ਦਾ ਵੀ ਮਾੜਾ ਹਾਲ ਹੈ , ਜਦੋਂ ਕਿ ਇਸ ਸੜਕ ਨੂੰ ਬਣਾਉਣ ਤੇ ਚੌੜਾ ਕਰਨ ਲਈ ਨੀਂਹ ਪੱਥਰ ਵੀ ਰੱਖਿਆ ਗਿਆ ਸੀ, ਜਿਸ ਨੂੰ ਵੀ ਕਈ ਮਹੀਨੇ ਬੀਤ ਗਏ ਹਨ ਪਰ ਸੜਕ ਨਹੀਂ ਬਣੀ । ਉਕਤ ਸੜਕਾਂ ਤੋਂ ਇਲਾਵਾ ਬਹੁਤ ਹੋਰ ਲਿੰਕ ਸੜਕਾਂ ਅਜਿਹੀਆਂ ਹਨ , ਜਿਹੜੀਆਂ ਕਾਫੀ ਲੰਮੇ ਸਮੇਂ ਤੋਂ ਟੁੱਟ ਚੁੱਕੀਆ ਹਨ । ਅਕਾਲੀ ਦਲ ਦੇ ਸੂਬਾ ਆਗੂ ਬਲਦੇਵ ਸਿੰਘ ਹਾਫਿਜਾਬਾਦ, ਕਿਸਾਨ ਆਗੂ ਬਾਈ ਪਰਮਿੰਦਰ ਸਿੰਘ ਸੇਖੋਂ, ਪੈਨਸ਼ਨ ਮਹਾਂਸੰਘ ਦੇ ਪ੍ਰਧਾਨ ਲੈਕਚਰਾਰ ਧਰਮ ਪਾਲ ਸੋਖਲ ਅਤੇ ਜਨਰਲ ਸਕੱਤਰ ਲੈਕਚਰਾਰ ਲਛਮਣ ਸਿੰਘ ਨੇ ਪ੍ਰਸ਼ਾਸਨ, ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਲਾਕੇ ਦੀਆਂ ਉਕਤ ਲਿੰਕ ਸੜਕਾਂ ਨੂੰ ਜਲਦੀ ਤੋਂ ਜਲਦੀ ਬਣਾ ਕੇ ਲੋਕਾਂ ਨੂੰ ਸਹੂਲਤ ਪ੍ਰਦਾਨ ਕੀਤੀ ਜਾਵੇ ।

## ਸੁਨੀਤਾ ਕੇਜਰੀਵਾਲ ਤਖਤ ਕੇਸਗੜ੍ਹ ਸਾਹਿਬ ਹੋਏ ਨਤਮਸਤਕ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮੁੱਖ ਮੰਤਰੀ ਦਿੱਲੀ ਅਰਵਿੰਦ ਕੇਜਰੀਵਾਲ ਰਾਸ਼ਟਰੀ ਕਨਵੀਨਰ ਆਮ ਆਦਮੀ ਪਾਰਟੀ ਦੇ ਧਰਮ ਪਤਨੀ ਸੁਨੀਤਾ ਕੇਜਰੀਵਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋਏ, ਜਿੱਥੇ ਉਨ੍ਹਾਂ ਨੇ ਰਸਭਿੰਨਾ ਕੀਰਤਨ ਸਰਵਣ ਕੀਤਾ। ਆਪਣੇ ਨਿੱਜੀ ਦੌਰੇ 'ਤੇ ਪਰਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਸਮੇਤ ਪਹੁੰਚੇ ਸੁਨੀਤਾ ਕੇਜਰੀਵਾਲ ਨੇ ਆਮ ਸ਼ਰਧਾਲੂ ਦੀ ਤਰਾਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ, ਉਨ੍ਹਾਂ ਨੇ ਕੀਰਤਨ ਸਰਵਣ ਕੀਤਾ ਅਤੇ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਵਿੱਚ ਪੰਗਤ ਵਿਚ ਬੈਠ ਕੇ ਲੰਗਰ ਛਕਿਆ। ਸੁਨੀਤਾ ਕੇਜਰੀਵਾਲ ਬਹੁਤ ਹੀ ਸਾਦੇ ਢੰਗ ਨਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਪਹੁੰਚੇ ਸਨ। ਉਨ੍ਹਾਂ ਗੁਰਦੁਆਰਾ ਸਾਹਿਬ ਵਿੱਚ ਕਾਫੀ ਸਮਾਂ ਬਤੀਤ ਕੀਤਾ। ਇਸ ਮੌਕੇ ਸੂਚਨਾ ਅਫਸਰ ਹਰਪ੍ਰੀਤ ਸਿੰਘ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੇ ਸ੍ਰੀ ਦਰਬਾਰ ਸਾਹਿਬ ਦੀਆਂ ਯਾਦਗਾਰੀ ਤਸਵੀਰਾਂ ਦਿੱਤੀਆਂ ਗਈਆਂ। ਇਸ ਮੌਕੇ ਸੁਨੀਤਾ ਕੇਜਰੀਵਾਲ ਦੇ ਨਾਲ ਉਨ੍ਹਾਂ ਦੇ ਪਰਵਾਰਕ ਮੈਂਬਰ ਅਤੇ ਰਿਸ਼ਤੇਦਾਰ ਵੀ ਮੌਜੂਦ ਸਨ। ਉਨ੍ਹਾਂ ਸਾਰਿਆਂ ਨੇ ਗੁਰਦੁਆਰਾ ਸਾਹਿਬ ਵਿੱਚ ਜਾ ਕੇ ਮੱਥਾ ਟੇਕਿਆ ਅਤੇ ਸਮੁੱਚੀ ਲੋਕਾਈ ਦੀ ਸੁੱਖ ਸ਼ਾਤੀ ਤੇ ਭਲਾਈ ਦੀ ਅਰਦਾਸ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ, ਐਸ.ਐਸ.ਪੀ ਗੁਲਨੀਤ ਸਿੰਘ ਖੁਰਾਨਾ, ਡੀ.ਐਸ.ਜੀ ਅਜੇ ਸਿੰਘ, ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਗੁਰਪ੍ਰੀਤ ਸਿੰਘ ਰੋਡੇ, ਵਧੀਕ ਮੈਨੇਜਰ ਹਰਦੇਵ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ 'ਚ ਕਨਵੋਕੇਸ਼ਨ ਤੇ ਸਲਾਨਾ ਇਨਾਮ ਵੰਡ ਸਮਾਗਮ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ, ਫਗਵਾੜਾ ਵਿਖੇ ਕਨਵੋਕੇਸ਼ਨ ਤੇ ਸਲਾਨਾ ਇਨਾਮ ਵੰਡ ਸਮਾਗਮ ਦਾ ਆਯੋਜਨ ਕੀਤਾ ਗਿਆ। ਇੰਦਰਬੀਰ ਸਿੰਘ (ਡੀ.ਆਈ.ਜੀ ਐਡਮਿਨਿਸਟਰੇਸ਼ਨ,ਪੀ.ਏ.ਪੀ.) ਅਤੇ ਆਗਿਆਪਾਲ ਸਿੰਘ ਰੰਧਾਵਾ ਆਈ.ਬੀ.ਪੀ.ਐੱਸ (ਸਾਬਕਾ ਪੀ.ਈ.ਐਕਸ,ਡੀ.ਡੀ. ਜਲੰਧਰ), ਨੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੇ ਆਰੰਭ ਵਿਚ ਗੁਰਬਾਣੀ ਸ਼ਬਦ ਤੋਂ ਬਾਅਦ ਸ਼ਮ੍ਹਾ ਰੌਸ਼ਨ ਕੀਤੀ ਗਈ। ਕਾਲਜ ਪ੍ਰਿੰਸੀਪਲ ਡਾ. ਗੁਰਦੇਵ ਸਿੰਘ ਰੰਧਾਵਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਹਿਣ ਦੇ ਨਾਲ-ਨਾਲ ਉਨ੍ਹਾਂ ਦੇ ਜੀਵਨ ਅਤੇ ਪ੍ਰਾਪਤੀਆਂ ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ ਸਲਾਨਾ ਕਾਲਜ ਰਿਪੋਰਟ ਪੜ੍ਹਦਿਆਂ ਹੋਇਆਂ ਕਾਲਜ ਦੀਆਂ ਮਾਣਮੱਤੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਉਨ੍ਹਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀ ਵਿੱਦਿਅਕ ਖੇਤਰ ਦੇ ਨਾਲ-ਨਾਲ ਸਹਿ- ਗਤੀਵਿਧੀਆਂ ਜਿਵੇਂ ਖੇਡਾਂ ਅਤੇ ਸੱਭਿਆਚਾਰਕ ਮੁਕਾਬਲਿਆਂ ਵਿਚ ਵੀ ਕਾਲਜ ਦਾ ਨਾਮ ਯੂਨੀਵਰਸਿਟੀ, ਰਾਜ ਪੱਧਰੀ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿਚ ਰੌਸ਼ਨ ਕਰ ਰਹੇ ਹਨ। ਇੰਦਰਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਕਿ ਵਿਦਿਆਰਥੀ ਆਪਣੀ ਵਡਮੁੱਲੀ ਊਰਜਾ ਨੂੰ ਸਾਕਾਰਾਤਮਕ ਗਤੀਵਿਧੀਆਂ ਲਈ ਉਪਯੋਗ ਕਰਦੇ ਹੋਏ ਨਿਰਧਾਰਿਤ ਉਦੇਸ਼ਾਂ ਦੀ ਪ੍ਰਾਪਤੀ ਕਰ ਸਕਦੇ ਹਨ। ਉਨ੍ਹਾਂ ਸਖ਼ਤ ਮਿਹਨਤ ਦੇ ਨਾਲ-ਨਾਲ ਸਹਿਯੋਗ, ਨਿਮਰਤਾ ਅਤੇ ਸਹਿਚਾਰ ਵਰਗੀਆਂ ਕਦਰਾਂ-ਕੀਮਤਾਂ ਧਾਰਨ ਕਰਨ ਤੇ ਜ਼ੋਰ ਦਿੱਤਾ। ਵਿਸ਼ੇਸ਼ ਮਹਿਮਾਨ ਆਗਿਆਪਾਲ ਸਿੰਘ ਰੰਧਾਵਾ ਨੇ ਕਾਲਜ ਪ੍ਰਬੰਧਕ ਕਮੇਟੀ, ਸਟਾਫ਼ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਸਮੇਂ ਦੀ ਕਦਰ ਕਰਦਿਆਂ ਗੁਰੂ ਨਾਨਕ ਦੇਵ ਜੀ ਦੀਆਂ ਸਿਖਿਆਵਾਂ ਅਨੁਸਾਰ ਤੇ ਹੱਕ ਸੱਚ ਤੇ ਪਹਿਰਾ ਦੇਣ ਦਾ ਸੰਦੇਸ਼ ਦਿੱਤਾ।। ਇਸ ਸਮਾਗਮ ਲਗਭਗ 160 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਨ ਦੇ ਨਾਲ-ਨਾਲ 110 ਵਿਦਿਆਰਥੀਆਂ ਨੂੰ ਅਕਾਦਮਿਕ ਖੇਤਰ ਵਿੱਚ ਮੈਰਿਟ ਅਤੇ ਡਿਸਟਿੰਕਸ਼ਨ ਲਈ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਕਾਲਜ ਦੇ ਅੰਗਰੇਜ਼ੀ ਵਿਭਾਗ ਦੇ ਅਸਿਸਟੈਂਟ ਪ੍ਰੋਫ਼ੈਸਰ ਡਾ.ਗੀਨਾ ਅਤੇ ਕਾਲਜ ਕਲਰਕ ਬਲਜੀਤ ਸਿੰਘ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਕਾਲਜ ਵਲੋਂ ਸਨਮਾਨਿਤ ਕੀਤਾ ਗਿਆ। ਕਾਲਜ ਵਲੋਂ ਮੁੱਖ ਮਹਿਮਾਨ ਇੰਦਰਬੀਰ ਸਿੰਘ ਅਤੇ ਆਗਿਆਪਾਲ ਸਿੰਘ ਰੰਧਾਵਾ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਤਿੰਦਰਪਾਲ ਸਿੰਘ ਪਲਾਹੀ ਨੇ ਅੰਤ ਵਿਚ ਸਭ ਦਾ ਧੰਨਵਾਦ ਕਰਦੇ ਹੋਏ ਜਗਤ ਸਿੰਘ ਪਲਾਹੀ ਦੇ ਲਾਏ ਗੁਰੂ ਨਾਨਕ ਕਾਲਜ ਰੂਪੀ ਬੂਟੇ ਨੂੰ ਹਰਿਆ-ਭਰਿਆ ਰੱਖਣ ਲਈ ਆਪਣੀ ਪ੍ਰਤੀਬੱਧਤਾ ਪ੍ਰਗਟਾਈ। ਇਸ ਸਮਾਗਮ ਦੌਰਾਨ ਭਾਰੀ ਗਿਣਤੀ ਵਿਚ ਵਿਦਿਆਰਥੀਆਂ ਤੋਂ ਇਲਾਵਾ ਕਮੇਟੀ ਮੈਂਬਰ ਡਾ.ਭੁਪਿੰਦਰ ਕੌਰ, ਜਤਿੰਦਰ ਸਿੰਘ ਕੁੰਦੀ, ਪਰਦੀਪ ਸਿੰਘ ਬਸਰਾ, ਅਵਤਾਰ ਸਿੰਘ ਕੋਚ, ਰੂਪ ਲਾਲ , ਪਰਵਿੰਦਰ ਕੁਮਾਰ, ਜੋਗਿੰਦਰ ਲਾਲ, ਹਰਬੰਸ ਲਾਲ, ਰਵਿੰਦਰ ਸਿੰਘ ਰਾਏ, ਮਾਪੇ ਅਤੇ ਗੁਰੂ ਨਾਨਕ ਭਾਈ ਲਾਲੋ ਰਾਮਗੜ੍ਹੀਆ ਕਾਲਜ ਫਗਵਾੜਾ ਦੇ ਕਾਰਜਕਾਰੀ ਪ੍ਰਿੰਸੀਪਲ ਮਨਪ੍ਰੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

## ਦਲਬੀਰ ਸੱਭਰਵਾਲ ਮਲਸੀਆਂ ਮੰਡਲ ਦੇ ਪ੍ਰਧਾਨ ਬਣੇ



**ਸ਼ਾਹਕੋਟ (ਗਿਆਨ ਸੈਦਪੁਰੀ)**-ਭਾਰਤੀ ਜਨਤਾ ਪਾਰਟੀ ਦੀ ਮੀਟਿੰਗ ਐਡਵੋਕੇਟ ਦੀਪਕ ਸ਼ਰਮਾ ਸਟੇਟ ਮੈਂਬਰ (ਭਾਜਪਾ) ਦੇ ਗ੍ਰਹਿ ਵਿਖੇ ਮੁਨੀਸ਼ ਧੀਰ ਜ਼ਿਲ੍ਹਾ ਜਲੰਧਰ (ਦਿਹਾਤੀ) ਦੇ ਪ੍ਰਧਾਨ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਆਉਣ ਵਾਲੀਆਂ ਲੋਕ ਸਭਾ ਚੋਣਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਪਾਰਟੀ ਪ੍ਰਤੀ ਆਪਣੀਆਂ ਚੰਗੀਆਂ ਸੇਵਾਵਾਂ ਦੇ ਰਹੇ ਦਲਬੀਰ ਸਿੰਘ ਸੱਭਰਵਾਲ ਨੂੰ ਮਲਸੀਆਂ ਮੰਡਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਲੋਕ ਸਭਾ ਜਲੰਧਰ ਤੋਂ ਚੋਣ ਲੜ ਚੁੱਕੇ ਸੀਨੀਅਰ ਆਗੂ ਇੰਦਰ ਇਕਬਾਲ ਸਿੰਘ ਅਟਵਾਲ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਿਤ ਵਿੱਜ ਜਨਰਲ ਸਕੱਤਰ, ਅਜੈ ਬਜਾਜ ਮੰਡਲ ਪ੍ਰਧਾਨ ਨਕੋਦਰ, ਕ੍ਰਿਸ਼ਨ ਕੁਮਾਰ ਤਨੇਜਾ, ਹਰਭਿੰਦਰ ਸਿੰਘ ਭੱਟੀ, ਵਿਪਨ ਕੁਮਾਰ, ਸੋਹਣ ਲਾਲ ਭਾਰਦਵਾਜ, ਸ਼ਾਮ ਲਾਲ, ਸੁਭਾਸ਼, ਲਾਲੀ, ਐਡਵੋਕੇਟ ਗੌਰਵ ਸ਼ਰਮਾ, ਐਡਵੋਕੇਟ ਸੌਰਵ ਸ਼ਰਮਾ, ਮੈਡਮ ਗੁਰਪ੍ਰੀਤ ਪ੍ਰਧਾਨ ਮਹਿਲਾ ਮੋਰਚਾ ਆਦਿ ਹਾਜ਼ਰ ਸਨ।

## ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਤੋਂ ਵਾਂਝਾ ਨਾ ਰਹੇ : ਡਾ. ਪਵਨ ਕੁਮਾਰ



**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡਿਪਟੀ ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ, ਪੰਜਾਬ ਡਾ. ਪਵਨ ਕੁਮਾਰ ਨੇ ਅੱਜ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਵਿਖੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ 'ਓਰਲ ਪੋਲੀਓ ਵੈਕਸੀਨ' (ਓ.ਪੀ.ਵੀ.) ਦੀਆਂ ਬੂੰਦਾਂ ਪਿਲਾਉਣ ਲਈ ਤਿੰਨ ਦਿਨਾ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਦਾ ਰਿਬਨ ਕੱਟ ਕੇ ਆਗਾਜ਼ ਕੀਤਾ। ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਪੋਲਿਓ ਰੋਕੂ ਬੂੰਦਾਂ ਵੀ ਪਿਲਾਈਆਂ। ਇਸੇ ਦੌਰਾਨ ਡਿਪਟੀ ਡਾਇਰੈਕਟਰ ਡਾ. ਪਵਨ ਕੁਮਾਰ ਨੇ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਮਨਦੀਪ ਕਮਲ ਸਮੇਤ ਹੋਰਨਾਂ ਉੱਚ ਅਧਿਕਾਰੀਆਂ ਨਾਲ ਪਲਸ ਪੋਲੀਓ ਰੀਵਿਊ ਮੀਟਿੰਗ ਕੀਤੀ ਤੇ ਜ਼ਿਲ੍ਹੇ ਵਿੱਚ ਚੱਲ ਰਹੀ ਇਸ ਮੁਹਿੰਮ ਦੇ ਕੰਮਕਾਜ ਦਾ ਜਾਇਜ਼ਾ ਲਿਆ। ਉਨ੍ਹਾਂ ਉੱਚ ਸਿਹਤ ਅਧਿਕਾਰੀਆਂ ਕੋਲੋਂ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਦੇ ਪਹਿਲੇ ਦਿਨ ਦੀ ਕਾਰਗੁਜ਼ਾਰੀ ਦੀ ਜਾਣਕਾਰੀ ਲਈ ਅਤੇ ਬਾਕੀ ਦਿਨਾਂ ਵਿੱਚ ਜ਼ੀਰੋ ਤੋਂ ਪੰਜ ਸਾਲ ਤੱਕ ਦੇ 100 ਫੀਸਦੀ ਬੱਚਿਆਂ ਨੂੰ ਪੋਲਿਓ ਰੋਕੂ ਬੂੰਦਾਂ ਪਿਲਾਉਣ ਨੂੰ ਯਕੀਨੀ ਬਣਾਉਣ ਲਈ ਕਿਹਾ। ਇਸ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾਵੇ। ਉਨ੍ਹਾਂ ਕਿਹਾ ਕਿ ਮੁਹਿੰਮ ਦੌਰਾਨ ਬੱਚਿਆਂ ਨੂੰ ਪੋਲਿਓ ਰੋਕੂ ਬੂੰਦਾਂ ਪਿਲਾਉਣ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨਾ ਵਰਤੀ ਜਾਵੇ ਤਾਂ ਜੋ ਮਿੱਥੇ ਟੀਚੇ ਨੂੰ ਸਫਲਤਾਪੂਰਵਕ ਹਾਸਲ ਕੀਤਾ ਜਾ ਸਕੇ। ਡਾ. ਕੁਮਾਰ ਨੇ ਕਿਹਾ ਕਿ ਸਿਹਤਮੰਦ ਸਮਾਜ ਦਾ ਉਦੇਸ਼ ਤਾਂ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ ਜੇਕਰ ਸਾਡੇ ਬੱਚੇ ਸਿਹਤਮੰਦ ਹੋਣਗੇ। ਪੋਲੀਓ ਮੁਹਿੰਮ ਦਾ ਉਦੇਸ਼ ਸਾਡੇ ਬੱਚਿਆਂ ਨੂੰ ਪੋਲੀਓ ਵਰਗੀਆਂ ਬਿਮਾਰੀਆਂ ਤੋਂ ਬਚਾਉਣਾ ਹੈ। ਕਿਉਂਕਿ ਸਾਡੇ ਗੁਆਂਢੀ ਦੇਸ ਹਾਲੇ ਵੀ ਪੋਲੀਓ ਮੁਕਤ ਨਹੀਂ ਹਨ, ਇਸ ਲਈ ਸਾਨੂੰ ਚੌਕਸ ਰਹਿਣਾ ਚਾਹੀਦਾ ਹੈ ਅਤੇ ਟੀਕਾਕਰਨ ਪ੍ਰੋਗਰਾਮ ਸਮੇਤ ਅਜਿਹੀਆਂ ਮੁਹਿੰਮਾਂ ਨੂੰ ਹੋਰ ਮਜ਼ਬੂਤੀ ਨਾਲ ਜਾਰੀ ਰੱਖਣਾ ਚਾਹੀਦਾ ਹੈ। ਏਸੇ ਦੌਰਾਨ ਡਿਪਟੀ ਡਾਇਰੈਕਟਰ ਡਾ. ਪਵਨ ਕੁਮਾਰ ਨੇ ਨਵਾਂਸ਼ਹਿਰ ਵਿਖੇ ਸਲੱਮ ਖੇਤਰਾਂ ਵਿੱਚ ਰਹਿੰਦੇ ਬੱਚਿਆਂ ਦੀਆਂ ਉਂਗਲਾਂ ਉੱਤੇ ਮਾਰਕ ਦੇ ਨਿਸ਼ਾਨਾਂ ਨੂੰ ਚੈੱਕ ਕੀਤਾ। ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਾਉਣ ਅਤੇ ਸਿਹਤ ਵਿਭਾਗ ਦੀਆਂ ਘਰ-ਘਰ ਟੀਮਾਂ ਨੂੰ ਸਹਿਯੋਗ ਦੇਣ ਤਾਂ ਜੋ ਇਸ ਬਿਮਾਰੀ ਨੂੰ ਮੁੜ ਸਿਰ ਚੁੱਕਣ ਤੋਂ ਰੋਕਿਆ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ, ਡਾ. ਹਰਪਿੰਦਰ ਸਿੰਘ, ਜਜਿਜ਼ਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਦਲਜੀਤ ਸਿੰਘ ਅਤੇ ਈ ਪੀ ਆਈ ਸਹਾਇਕ ਸੁਸ਼ੀਲ ਕੁਮਾਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

## ਸੁਲਤਾਨਵੀ ਨੇ ਸੂਫੀ ਕਲਾਮ ਰਾਹੀਂ ਦੇਰ ਰਾਤ ਤੱਕ ਸਰੋਤੇ ਕੀਲੀ ਰੱਖੇ



**ਸੁਲਤਾਨਪੁਰ ਲੋਧੀ, ( ਹਨੀ )**- ਪੰਜ ਪੀਰ ਹਜ਼ਰਤ ਬਾਬਾ ਗਾਮੇ ਸ਼ਾਹ ਦੀ ਦਰਗਾਹ 'ਤੇ ਸਲਾਨਾ ਮੇਲੇ ਦਾ ਆਯੋਜਨ ਬੜੀ ਧੂਮਧਾਮ ਨਾਲ ਕੀਤਾ ਗਿਆ। ਨਗਰ ਕੌਂਸਲ ਦੇ ਪ੍ਰਧਾਨ ਦੀਪਕ ਧੀਰ ਰਾਜੂ, ਕੌਂਸਲਰ ਅਸ਼ੋਕ ਕੁਮਾਰ ਮੋਗਲਾ, ਸਾਬਕਾ ਕੌਂਸਲਰ ਨਰਿੰਦਰ ਸਿੰਘ ਪੰਨੂ ਅਤੇ ਮੁੱਖ ਸੇਵਾਦਾਰ ਸਾਈਂ ਦੇਸਰਾਜ ਵੱਲੋਂ ਝੰਡਾ ਚੜ੍ਹਾਉਣ ਦੀ ਰਸਮ ਨਿਭਾਈ ਗਈ । ਉੱਘੇ ਸੂਫੀ ਗਾਇਕ ਰਜਿੰਦਰ ਸੁਲਤਾਨਵੀ ਨੇ ਮੈਂ ਤੇਰੇ ਕੁਰਬਾਨ ਵਿਹੜੇ ਆ ਵੜ ਮੇਰੇ, ਬਾਬਾ ਨੇ ਫੜੀ ਮੇਰੀ ਬਾਂਹ, ਦਮਾਦਮ ਮਸਤ ਕਲੰਦਰ ਆਦਿ ਕਲਾਮ ਪੇਸ਼ ਕਰਦਿਆਂ ਸਰੋਤਿਆਂ ਨੂੰ ਦੇਰ ਰਾਤ ਤੱਕ ਕੀਲੀ ਰੱਖਿਆ । ਉਪਰੰਤ ਨਾਮਵਰ ਕਵਾਲ ਸਲਾਮਤ ਅਲੀ ਮਲੇਰਕੋਟਲਾ ਵਾਲਿਆਂ ਆਪਣੀ ਗਾਇਕੀ ਰਾਹੀਂ ਸਰੋਤਿਆਂ ਨੂੰ ਮੰਤਰ ਮੁਗਧ ਕੀਤਾ । ਇਸ ਮੌਕੇ ਜਸਵਿੰਦਰ ਸਿੰਘ, ਲਾਡਾ, ਵਿਸ਼ਾਲ ਰਡਾਨ, ਸੋਨੂੰ, ਮੋਨੂੰ, ਰਾਜਾ, ਸਾਬਾ, ਇੰਦਰ, ਹਰਮਨ, ਸੋਨੂੰ ਪੇਂਟਰ, ਗੁਰੀ, ਪ੍ਰਿੰਸ, ਰਣਜੀਤ, ਕਾਲੂ, ਰਣਜੀਤ ਰਘੂ, ਸੋਨੂੰ ਨਾਗਪਾਲ, ਇੰਦਰਜੀਤ ਸਿੰਘ ਢਿੱਲੋਂ, ਹਰਮਨਦੀਪ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ ।

## ਗੁਰੂ ਨਾਨਕ ਮਿਸ਼ਨ ਨੇਤਰਹੀਣ ਤੇ ਬਿਰਧ ਆਸ਼ਰਮ ਸਪਰੋੜ 'ਚ ਸਾਲਾਨਾ ਸਮਾਗਮ



**ਫਗਵਾੜਾ (ਜਸਵਿੰਦਰ ਢੱਡਾ, ਇੰਦਰਜੀਤ ਸਿੰਘ ਮਠਾੜੂ)**- ਅੱਜ ਗੁਰੂ ਨਾਨਕ ਮਿਸ਼ਨ ਨੇਤਰਹੀਣ ਤੇ ਬਿਰਧ ਆਸ਼ਰਮ ਸਪਰੋੜ ਵਿਖੇ 35 ਵੇਂ ਸਾਲਾਨਾ ਸਮਾਗਮ ਵਿੱਚ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਚੇਅਰਮੈਨ ਕਸ਼ਮੀਰ ਸਿੰਘ ਮੱਲ੍ਹੀ, ਸੰਤੋਸ਼ ਕੁਮਾਰ ਗੋਗੀ ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ ਆਪ ਕਪੂਰਥਲਾ, ਸੁਖਵਿੰਦਰ ਸਿੰਘ ਪ੍ਰਧਾਨ ਸਰਬ ਨੌਜਵਾਨ ਸਭਾ ਰਜਿ. ਫਗਵਾੜਾ, ਡਾ. ਵਿਜੈ ਕੁਮਾਰ ਜਨਰਲ ਸਕੱਤਰ, ਸੁਰਿੰਦਰ ਬੱਧਣ, ਅਨੂਪ ਦੁੱਗਲ, ਨਰਿੰਦਰ ਸੈਣੀ, ਹਰਵਿੰਦਰ ਸਿੰਘ, ਗੁਰਸਰਨ ਸਿੰਘ ਬਾਸੀ ਨੇ ਸ਼ਿਰਕਤ ਕੀਤੀ । ਇਸ ਮੌਕੇ ਸੰਤ ਗੁਰਚਰਨ ਸਿੰਘ ਪੰਡਵਾ ਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਪਰਮਜੀਤ ਸਿੰਘ, ਚਰਨਜੀਤ ਸ਼ੇਰਗਿੱਲ, ਮੈਨੇਜਰ ਭਾਈ ਮੁਖਤਿਆਰ ਸਿੰਘ ਵੱਲੋਂ ਮੱਲ੍ਹੀ ਤੇ ਗੋਗੀ ਤੇ ਸਭਾ ਦੇ ਮੈਂਬਰਾਂ ਨੂੰ ਸਨਮਾਨਤ ਵੀ ਕੀਤਾ ਗਿਆ।

## ਡਾ. ਬਲਜੀਤ ਕੌਰ ਨੇ ਸ਼ੁਭਕਰਨ ਸਿੰਘ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਕਿਸਾਨ ਸੰਘਰਸ਼ ਦੌਰਾਨ ਖਨੌਰੀ ਬਾਰਡਰ ਉਤੇ ਸ਼ਹੀਦ ਹੋਏ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਅੱਜ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ। ਕੈਬਨਿਟ ਮੰਤਰੀ ਨੇ ਸ਼ਹੀਦ ਦੇ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਦੁੱਖ ਦੀ ਇਸ ਘੜੀ ਵਿੱਚ ਸੂਬਾ ਸਰਕਾਰ ਪਰਵਾਰ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਕਿਸਾਨਾਂ ਨਾਲ ਖੜ੍ਹੀ ਹੈ, ਜਿਨ੍ਹਾਂ ਦੇ ਰਾਹ ਵਿੱਚ ਪੰਜਾਬ ਵਿਰੋਧੀ ਤਾਕਤਾਂ ਅੜਿੱਕੇ ਖੜ੍ਹੇ ਕਰ ਰਹੀਆਂ ਹਨ ਤਾਂ ਕਿ ਉਹ ਆਪਣੀਆਂ ਜਾਇਜ਼ ਮੰਗਾਂ ਮੰਨਵਾਉਣ ਲਈ ਸ਼ਾਂਤੀਪੂਰਵਕ ਪ੍ਰਦਰਸ਼ਨ ਕਰਨ ਵਾਸਤੇ ਕੌਮੀ ਰਾਜਧਾਨੀ ਵਿੱਚ ਨਾ ਜਾ ਸਕਣ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਦੇਸ਼ ਦੀ ਆਜ਼ਾਦੀ, ਦੇਸ਼ ਨੂੰ ਅਨਾਜ ਪੱਖੋਂ ਆਤਮ-ਨਿਰਭਰ ਬਣਾਉਣ ਤੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਯੋਗਦਾਨ ਪਾਇਆ ਹੈ ਪਰ ਇਸ ਦੇ ਬਾਵਜੂਦ ਪੰਜਾਬੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੀੜਤ ਪਰਵਾਰ ਨੂੰ ਮਾਲੀ ਮਦਦ ਵਜੋਂ ਇਕ ਕਰੋੜ ਰੁਪਏ ਦੇਣ ਦੇ ਨਾਲ-ਨਾਲ ਸ਼ੁਭਕਰਨ ਸਿੰਘ ਦੀ ਭੈਣ ਨੂੰ ਸਰਕਾਰੀ ਨੌਕਰੀ ਦੇਣ ਦਾ ਐਲਾਨ ਕੀਤਾ ਹੈ।

## ਪੋਲੀਓ ਰੋਕੂ ਬੂੰਦਾਂ ਪਿਲਾਈਆਂ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਪਿੰਡ ਸਲੋਹ ਏ ਐਨ ਐਮ ਨੀਨਾ ਕੁਮਾਰੀ, ਗੁਰਦੇਵ ਸਿੰਘ, ਰਾਜ ਰਾਣੀ, ਆਸ਼ਾ ਰਾਣੀ, ਅਮਰਜੀਤ ਆਸ਼ਾ ਵਰਕਰ ਦਲਜੀਤ ਕੌਰ ਪਿੰਡ ਦੁਰਗਾਪੁਰ, ਆਸ਼ਾ ਵਰਕਰ ਨੀਲਮ ਚਾਦਲਾ, ਕੁਲਵਿੰਦਰ ਸਿੰਘ ਨਵਾਂਸ਼ਹਿਰ ਗੁਰਦੁਆਰਾ ਸਿੰਘ ਸਭਾ ਦੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਸਾਰੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ । ਉਨ੍ਹਾਂ ਨੇ ਕਿਹਾ ਕਿ ਕਿ ਭਾਵੇਂ ਬੱਚਾ ਬਿਮਾਰ ਹੋਵੇ, ਦਵਾਈ ਪਹਿਲਾਂ ਪੀਤੀ ਹੋਈ ਹੋਵੇ ਜਾਂ ਬੱਚਾ ਨਵ ਜੰਮਿਆ ਹੋਵੇ ਤਾਂ ਵੀ ਉਹ ਬੱਚੇ ਨੂੰ ਪੋਲੀਓ ਦਵਾਈ ਦੀਆਂ ਬੂੰਦਾਂ ਜ਼ਰੂਰ ਪਿਲਾਉਣ, ਕਿਉਂਕਿ ਪੋਲੀਓ ਵੈਕਸੀਨ ਬੱਚੇ ਨੂੰ ਜੀਵਨ ਭਰ ਸੁਰੱਖਿਆ ਪ੍ਰਦਾਨ ਕਰਦੀ ਹੈ। ਉਨ੍ਹਾਂ ਨੇ ਕਿਹਾ ਕਿ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਪੀਣ ਤੋਂ ਵਾਂਝਾ ਨਹੀਂ ਰਹਿਣਾ ਚਾਹੀਦ।



## ਰਾਜਾ ਨੇ ਸ਼ਹੀਦ ਕੁਲਦੀਪ ਸਿੰਘ ਯਾਦਗਾਰੀ ਗੇਟ ਦਾ ਨੀਂਹ ਪੱਥਰ ਰੱਖਿਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )**- ਦੇਸ਼ ਦੀ ਖਾਤਰ ਸ਼ਹਾਦਤ ਦਾ ਜਾਮ ਪੀਣ ਵਾਲੇ ਸੂਰਮਿਆਂ ਦੀ ਕੁਰਬਾਨੀ ਤੋਂ ਸਾਨੂੰ ਹਮੇਸ਼ਾ ਸਬਕ ਲੈਣਾ ਲੈ ਕੇ ਦੇਸ਼ ਅਤੇ ਰਾਸ਼ਟਰ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਰਾਜੂ ਦਵਾਖਰੀ ਵਿਖੇ ਹੋਏ ਇੱਕ ਸਮਾਗਮ ਦੌਰਾਨ ਕੀਤਾ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਰੀਬ 7 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸ਼ਹੀਦ ਸੈਨਿਕ ਕੁਲਦੀਪ ਸਿੰਘ ਯਾਦਗਾਰੀ ਗੇਟ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਹੁਣ ਤੱਕ ਦੇਸ਼ ਦੀ ਖਾਤਰ ਕੁਰਬਾਨੀਆਂ ਦੇਣ ਵਾਲੇ ਸ਼ਹੀਦ ਸੈਨਿਕਾਂ ਨੂੰ ਬਣਦਾ ਮਾਣ ਸਤਿਕਾਰ ਦੇਣ ਦਾ ਹਰ ਸੰਭਵ ਯਤਨ ਕੀਤਾ ਹੈ ਅਤੇ ਇਸੇ ਕੜੀ ਤਹਿਤ ਹੀ ਸਰਕਾਰ ਵੱਲੋਂ ਸ਼ਹੀਦ ਕੁਲਦੀਪ ਸਿੰਘ ਦੀ ਸ਼ਹਾਦਤ ਉਪਰੰਤ ਇਹ ਐਲਾਨ ਕੀਤਾ ਗਿਆ ਸੀ ਕਿ ਪਰਵਾਰ ਨੂੰ ਸਰਕਾਰ ਵੱਲੋਂ ਜਾਰੀ ਸਹਾਇਤਾ ਰਾਸ਼ੀ ਦੇ ਨਾਲ-ਨਾਲ- ਨਾਲ ਸ਼ਹੀਦ ਕੁਲਦੀਪ ਸਿੰਘ ਦੀ ਯਾਦ ਵਿੱਚ ਪਿੰਡ ਦਾ ਯਾਦਗਾਰੀ ਗੇਟ ਬਣਾਇਆ ਜਾਵੇਗਾ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਸੂਬਾ ਸਰਕਾਰ ਦੀਆਂ ਹੋਰਨਾਂ ਲੋਕ ਸਾਰੀ ਨੀਤੀਆਂ ਤੋਂ ਵੀ ਹਾਜਰ ਪਿੰਡ ਵਾਸੀਆਂ ਨੂੰ ਜਾਣੂ ਕਰਵਾਇਆ। ਇਸ ਮੌਕੇ ਬਲਾਕ ਪ੍ਰਧਾਨ ਕੇਸਵ ਸਿੰਘ ਸੈਣੀ, ਸਰਪੰਚ ਬਿੰਦਰਜੀਤ ਸਿੰਘ ,ਸਰਪੰਚ ਬਲਵੀਰ ਸਿੰਘ, ਰਣਜੀਤ ਸਿੰਘ ਰਾਂਝਣ ਕਸਮੀਰ ਸਿੰਘ,ਅਮਨਦੀਪ ਸਿੰਘ, ਨਰਿੰਦਰ ਸਿੰਘ ,ਮਾਤਾ ਮਨਜੀਤ ਕੌਰ ,ਕਸਮੀਰ ਸਿੰਘ, ਹਜਾਰਾ ਸਿੰਘ , ਬਲਜੀਤ ਸਿੰਘ, ਸੁਰਿੰਦਰ ਸਿੰਘ ਤੇ ਹੋਰ ਪਿੰਡ ਵਾਸੀ ਵੀ ਮੌਜੂਦ ਸਨ।

## ਨੇਚਰ ਫੈਸਟ 'ਚ ਖੂਬ ਵਿਕ ਰਹੀ ਹੈ ਕੋਹਲਾਪੁਰੀ ਚੱਪਲ

**ਹੁਸ਼ਿਆਰਪੁਰ, (ਓ ਪੀ ਰਾਣਾ, ਬੀ ਐੱਸ ਸੈਣੀ )**-ਦੁਸਹਿਰਾ ਗਰਾਊਂਡ ਵਿਖੇ ਹੁਸ਼ਿਆਰਪੁਰ ਨੇਚਰ ਫੈਸਟ-2024 ਵਿਚ ਆਕਰਸ਼ਕ ਅਤੇ ਮਜ਼ਬੂਤ ਕੋਲਹਾਪੁਰੀ ਚੱਪਲਾਂ ਹਰੇਕ ਲਈ ਖਿੱਚ ਦਾ ਕੇਂਦਰ ਬਣੀਆਂ ਹੋਈਆਂ ਹਨ। ਅਸਲ ਲੈਦਰ ਅਤੇ ਚੱਪਲਾਂ ਦੀ ਕਾਰੀਗਰੀ ਕੋਲਹਾਪੁਰੀ ਚੱਪਲਾਂ ਦੀ ਸੁੰਦਰਤਾ ਨੂੰ ਵਧਾਉਂਦੀ ਹੈ।

ਦੁਸਹਿਰਾ ਗਰਾਊਂਡ ਵਿਚ ਦਸਤਕਾਰੀ ਬਾਜ਼ਾਰ ਵਿਚ ਵਿਸ਼ੇਸ਼ ਕੋਹਲਾਪੁਰੀ ਚੱਪਲਾਂ ਦੀ ਖੂਬ ਵਿਕਰੀ ਹੋ ਰਹੀ ਹੈ। ਵਰਲੀ ਮੁੰਬਈ ਤੋਂ ਲੈਦਰ ਦਾ ਸਾਮਾਨ ਵਿਕਰੀ ਲਈ ਲੈ ਕੇ ਆਏ ਹਰਦੀਪ ਸਿੰਘ ਦੱਸਦੇ ਹਨ ਕਿ ਉਨ੍ਹਾਂ ਕੋਲ ਕੱਚੇ ਚਮੜੇ ਤੋਂ ਨਿਰਮਿਤ ਚੱਪਲ, ਲੇਡੀਜ਼ ਪਰਸ, ਲੈਪਟਾਪ ਬੈਗ ਦੀ ਵਿਸ਼ਾਲ ਰੇਂਜ ਹੈ।

ਕੋਲਹਾਪੁਰੀ ਚੱਪਲ ਦੀ ਕੀਮਤ 450 ਤੋਂ ਲੈ ਕੇ 3 ਹਜ਼ਾਰ ਰੁਪਏ ਤੱਕ ਹੈ। ਨੇਚਰ ਫੈਸਟ ਵਿਚ 100 ਤੋਂ ਵੱਧ ਸਟਾਲ ਲਗਾਏ ਗਏ ਹਨ, ਇਨ੍ਹਾਂ ਵਿਚ ਕੋਲਹਾਪੁਰੀ ਚੱਪਲ, ਗੁੜ, ਮਸਾਲੇ, ਸਾਂਗਲੀ ਹਲਦੀ, ਕਿਸ਼ਮਿਸ਼, ਚਟਾਈ ਮਹਾਬਲੇਸ਼ਵਰ ਸ਼ਹਿਦ, ਪੈਠਾਨ ਪਰਸ, ਨੰਦੂਰਬਾਰ ਮਸਾਲੇ, ਪਾਪੜ ਅਤੇ ਚਟਣੀ, ਸੋਹਲਾਪੁਰ ਟੈਰੀ ਤੌਲੀਆ, ਧਾਰਾਵੀ ਬੈਗ, ਮਾਥੇਰਾਨ ਚੱਪਲ, ਘਰ ਦੀ ਸਜਾਵਟ ਦਾ ਸਾਮਾਨ, ਹੱਥ ਦੀ ਪੇਂਟਿੰਗ, ਵੱਖ-ਵੱਖ ਕਲੱਸਟਰ ਸ਼ਾਮਲ ਹਨ।



## ਵਿਧਾਇਕ ਨੇ ਪਲਸ ਪੋਲੀਓ ਬਲਾਕ ਪੱਧਰੀ ਮੁਹਿੰਮ ਦੀ ਕੀਤੀ ਸ਼ੁਰੂਆਤ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)** -ਪਲਸ ਪੋਲੀਓ ਰਾਸ਼ਟਰੀ ਪੱਧਰ ਦੀ ਮੁਹਿੰਮ ਤਹਿਤ ਸਰਕਾਰੀ ਹਸਪਤਾਲ ਟਾਂਡਾ ਵਿਖੇ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਲਾ ਕੇ ਬਲਾਕ ਪੱਧਰੀ ਮੁਹਿੰਮ ਦੀ ਸ਼ੁਰੂਆਤ ਕੀਤੀ। ਸਿਵਲ ਸਰਜਨ ਡਾ: ਬਲਵਿੰਦਰ ਕੁਮਾਰ ਡੁਮਾਣਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ: ਕਰਨ ਕੁਮਾਰ ਸੈਣੀ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਟਾਂਡਾ ਦੀ ਅਗਵਾਈ 3 ਦਿਨਾ ਪਲਸ ਪੋਲੀਓ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਵਿਧਾਇਕ ਰਾਜਾ ਨੇ ਕਿਹਾ ਕਿ ਸਾਨੂੰ 0 ਤੋਂ ਲੈ ਕੇ 5 ਸਾਲ ਤੱਕ ਦੇ ਬੱਚਿਆਂ ਨੂੰ ਇਹ ਬੂੰਦਾਂ ਹਰ ਹਾਲਤ ਵਿੱਚ ਪਿਲਾਉਣੀਆਂ ਚਾਹੀਦੀਆਂ ਹਨ ਤਾਂ ਜੋ ਭਾਰਤ ਨੂੰ ਪੋਲੀਓ ਮੁਕਤ ਕਰਕੇ ਬੱਚਿਆਂ ਨੂੰ ਤੰਦਰੁਸਤ ਜੀਵਨ ਪ੍ਰਦਾਨ ਕੀਤਾ ਜਾ ਸਕੇ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਪੂਰੀ ਜ਼ਿੰਮੇਵਾਰੀ ਨਾਲ ਇਸ ਮੁਹਿੰਮ ਨੂੰ ਨੇਪਰੇ ਚਾੜ੍ਹਨ ਲਈ ਕਿਹਾ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਟਾਂਡਾ ਡਾ. ਕਰਨ ਕੁਮਾਰ ਸੈਣੀ ਨੇ ਦੱਸਿਆ ਕਿ ਅੱਜ ਤੋਂ ਆਰੰਭ ਹੋਈ ਇਹ 3 ਦਿਨਾ ਮੁਹਿੰਮ 5 ਮਾਰਚ ਤੱਕ ਚੱਲੇਗੀ ਅਤੇ ਇਸ ਮੁਹਿੰਮ ਤਹਿਤ ਲਗਾਤਾਰ ਸਿਹਤ ਵਿਭਾਗ ਪੰਜਾਬ ਵੱਲੋਂ ਬਲਾਕ ਟਾਂਡਾ ਵਿੱਚ 12947 ਬੱਚਿਆਂ ਨੂੰ ਇਹ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਵਿੱਚ ਪਹਿਲੇ ਦਿਨ ਬੂਥ ਲਗਾ ਕੇ ਬੱਚਿਆਂ ਨੂੰ ਬੂੰਦਾਂ ਪਿਲਾਈਆਂ ਜਾਣਗੀਆਂ ਅਤੇ ਰਹਿ ਗਏ ਬੱਚਿਆਂ ਨੂੰ 4 ਅਤੇ 5 ਮਾਰਚ ਨੂੰ ਘਰ ਘਰ ਜਾ ਕੇ ਬੂੰਦਾਂ ਪਿਲਾਈਆ ਜਾਣਗੀਆਂ । ਇਸ ਮੌਕੇ ਬਲਾਕ ਪ੍ਰਧਾਨ ਕੇਸਵ ਸਿੰਘ ਸੈਣੀ, ਕੌਂਸਲਰ ਹਰਪ੍ਰੀਤ ਸੈਣੀ, ਸੋਨੂ ਖੰਨਾ, ਪ੍ਰੇਮ ਪਡਵਾਲ, ਡਾ. ਇੰਦਰਜੀਤ ਸੋਨੀਆ, ਡਾ. ਕਰਤਾਰ ਸਿੰਘ, ਡਾ. ਕਰਨ ਸਿੰਘ ਵਿਰਕ, ਡਾ. ਦੀਪਕ ਸ਼ਰਮਾ, ਡਾ. ਵਿਕਰਮਜੀਤ ਸਿੰਘ, ਰੰਜੀਵਪਾਲ ਸਿੰਘ, ਕੁਲਬੀਰ ਸਿੰਘ, ਕਮਲਜੀਤ ਕੌਰ, ਅਵਤਾਰ ਸਿੰਘ, ਅਤਵਾਰ ਸਿੰਘ ਪਲਾਹ ਚੱਕ,ਆਦਿ ਵੀ ਹਾਜ਼ਰ ਸਨ।

## ਲੈਫਟੀਨੈਂਟ ਨੇਹਾ ਛੀਨਾ ਐਸੋਸੀਏਟ ਐਨ ਸੀ ਸੀ ਅਫਸਰ ਨੂੰ ਮਿਲਿਆ ਕੋਮੈਂਡੇਸ਼ਨ ਐਵਾਰਡ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਲਾਅ ਕਾਲਜ, ਜਲੰਧਰ ਦੀ ਲੈਫਟੀਨੈਂਟ ਨੇਹਾ ਛੀਨਾ ਨੇ 2 ਪੰਜਾਬ ਲੜਕੀਆਂ ਦੇ ਕਮਾਂਡਿੰਗ ਅਫਸਰ ਕਰਨਲ ਐਮ.ਐਸ ਸਚਦੇਵ ਅਤੇ ਐਡਮਿਸ਼ਨ ਅਫਸਰ ਮੇਜਰ ਅਮਨਪ੍ਰੀਤ ਕੌਰ ਵੱਲੋਂ ਸ਼ਲਾਘਾ ਪੁਰਸਕਾਰ ਹਾਸਲ ਕੀਤਾ। ਉਹ 2021 ਤੋਂ ਪ੍ਰਿੰਸੀਪਲ ਪ੍ਰੋ: ਐਸ ਸੀ ਸ਼ਰਮਾ ਦੀ ਅਗਵਾਈ ਹੇਠ 2 ਪੰਜਾਬ (ਗਰਲ) (ਬੀ.ਐਨ) ਦੇ ਨਾਲ ਕਾਲਜ ਐਸੋਸੀਏਟ ਐਨ ਸੀ ਸੀ ਅਫਸਰ ਦੀਆਂ ਡਿਊਟੀਆਂ ਨਿਭਾ ਰਹੀ ਹੈ। ਪਿਛਲੇ ਤਿੰਨ ਸਾਲਾਂ ਵਿੱਚ ਉਹ ਐਨ ਸੀ ਸੀ ਕੈਡਿਟ ਦੀ ਸਿਖਲਾਈ ਅਤੇ ਬਿਹਤਰੀ ਵਿੱਚ ਪੂਰੀ ਤਰ੍ਹਾਂ ਸ਼ਾਮਲ ਰਹੀ ਹੈ। ਉਹ ਆਪਣੀ ਡਿਊਟੀ ਪ੍ਰਤੀ ਬੇਹੱਦ ਸਮਰਪਿਤ ਹੈ। ਐਨ ਸੀ ਸੀ ਗਤੀਵਿਧੀਆਂ ਜਿਵੇਂ ਖੂਨਦਾਨ ਕੈਂਪ, ਅੱਖਾਂ ਦਾਨ ਕੈਂਪ, ਰੁੱਖ ਲਗਾਉਣ ਆਦਿ ਨਾਲ ਜੁੜੀਆਂ ਵੱਖ-ਵੱਖ ਸਮਾਜਿਕ ਸੇਵਾਵਾਂ ਲਈ ਕੰਮ ਕਰਦੀ ਹੈ। ਐਨ ਸੀ ਸੀ ਕੈਂਪਾਂ ਵਿੱਚ ਉਸ ਦੀ ਸਰਗਰਮ ਭਾਗੀਦਾਰੀ ਸ਼ਲਾਘਾਯੋਗ ਰਹੀ ਹੈ। ਉਸ ਦੀਆਂ ਪ੍ਰਾਪਤੀਆਂ ਨੂੰ ਗਰੁੱਪ ਕਮਾਂਡਰ ਨੇ ਵੀ ਮਾਨਤਾ ਦਿੱਤੀ। ਉਸ ਦੀ ਇਸ ਪ੍ਰਾਪਤੀ 'ਤੇ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਉਸ ਦੀ ਪ੍ਰਸ਼ੰਸਾ ਕੀਤੀ ਅਤੇ ਉਸ ਨੂੰ ਇਸੇ ਤਰ੍ਹਾਂ ਸਫਲਤਾ ਪ੍ਰਾਪਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।

## ਜੀ ਐੱਸ ਟੀ 'ਚ 16 ਤੇ ਆਬਕਾਰੀ ਮਾਲੀਏ 'ਚ 12 ਫੀਸਦੀ ਦਾ ਵਾਧਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਇੱਕ ਮਹੱਤਵਪੂਰਨ ਪ੍ਰਾਪਤੀ ਹਾਸਲ ਕਰਦਿਆਂ ਪੰਜਾਬ ਨੇ ਵਿੱਤੀ ਸਾਲ 2022-23 ਦੇ ਮੁਕਾਬਲੇ ਚਾਲੂ ਵਿੱਤੀ ਸਾਲ ਵਿੱਚ ਫਰਵਰੀ ਦੇ ਅੰਤ ਤੱਕ ਵਸਤੂਆਂ ਅਤੇ ਸੇਵਾਵਾਂ ਕਰ (ਜੀ ਐਸ ਟੀ) ਵਿੱਚ 15.69 ਪ੍ਰਤੀਸ਼ਤ ਵਾਧਾ ਅਤੇ ਆਬਕਾਰੀ ਮਾਲੀਆ ਸੰਗ੍ਰਹਿ ਵਿੱਚ 11.71 ਪ੍ਰਤੀਸ਼ਤ ਵਾਧਾ ਦਰਜ ਕੀਤਾ ਹੈ। ਸੂਬੇ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਸ ਮੀਲ ਪੱਥਰ ਦਾ ਐਲਾਨ ਕਰਦਿਆਂ ਪੰਜਾਬ ਦੇ ਮਜ਼ਬੂਤ ਹੋ ਰਹੇ ਆਰਥਿਕ ਵਿਕਾਸ ਅਤੇ ਮਾਲੀਆ ਪ੍ਰਾਪਤੀ ਵਿੱਚ ਸਫਲਤਾ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ। ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ ਮਾਰਚ 2022 ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕਾਰਜਭਾਰ ਸੰਭਾਲਣ ਤੋਂ ਬਾਅਦ ਸੂਬਾ ਵਿੱਤੀ ਸੁਧਾਰਾਂ ਦੀ ਗਵਾਹੀ ਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਚਾਲੂ ਵਿੱਤੀ ਸਾਲ ਵਿੱਚ ਫਰਵਰੀ ਤੱਕ ਕੁੱਲ ਜੀ.ਐਸ.ਟੀ ਪ੍ਰਾਪਤੀ ਵਿੱਤੀ ਸਾਲ 2022-23 ਦੀ ਇਸੇ ਮਿਆਦ ਦੌਰਾਨ ਇਕੱਤਰ ਕੀਤੇ 16615.52 ਕਰੋੜ ਰੁਪਏ ਦੇ ਮੁਕਾਬਲੇ 19222.5 ਕਰੋੜ ਰੁਪਏ ਰਹੀ, ਅਤੇ 2606.98 ਕਰੋੜ ਰੁਪਏ ਦਾ ਵਾਧਾ ਦਰਜ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਬਕਾਰੀ ਤੋਂ ਮਾਲੀਏ ਵਿੱਚ ਵਾਧਾ ਵੀ 8093.59 ਕਰੋੜ ਰੁਪਏ ਦੇ ਸੰਗ੍ਰਹਿ ਦੇ ਨਾਲ 842.72 ਕਰੋੜ ਰੁਪਏ ਦਾ ਸ਼ਾਨਦਾਰ ਵਾਧਾ ਦਰਸਾਉਂਦਾ ਹੈ, ਜਦੋਂ ਕਿ ਪਿਛਲੇ ਵਿੱਤੀ ਸਾਲ ਦੀ ਇਸੇ ਮਿਆਦ ਦੌਰਾਨ 7244.87 ਕਰੋੜ ਰੁਪਏ ਪ੍ਰਾਪਤ ਹੋਏ ਸਨ। ਉਨ੍ਹਾਂ ਕਿਹਾ ਕਿ ਬਿਹਤਰ ਯੋਜਨਾਬੰਦੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਦਕਾ ਰਾਜ ਨੇ ਫਰਵਰੀ ਦੇ ਅੰਤ ਤੱਕ ਵੈਟ, ਸੀ.ਐਸ.ਟੀ, ਜੀ.ਐਸ.ਟੀ, ਪੀ.ਐਸ.ਡੀ.ਟੀ ਅਤੇ ਆਬਕਾਰੀ ਤੋਂ 34,158 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਕਰਦਿਆਂ ਸ਼ੁੱਧ ਕਰ ਮਾਲੀਏ ਵਿੱਚ 13.85 ਪ੍ਰਤੀਸ਼ਤ ਦਾ ਵਾਧਾ ਦਰਜ ਕੀਤਾ ਹੈ। ਚੀਮਾ ਨੇ ਅੱਗੇ ਕਿਹਾ ਕਿ ਇਹ ਅੰਕੜੇ ਸਿਰਫ ਗਿਣਤੀ ਨਹੀਂ ਬਲਕਿ ਪੰਜਾਬ ਦੇ ਲੋਕਾਂ ਵੱਲੋਂ ਸਾਡੀ ਸਰਕਾਰ ਵਿੱਚ ਰੱਖੇ ਭਰੋਸੇ ਨੂੰ ਦਰਸਾਉਂਦੇ ਹਨ ਅਤੇ ਪੰਜਾਬ ਸਰਕਾਰ ਇਸ ਮਾਲੀਏ ਦੀ ਵਰਤੋਂ ਮਹੱਤਵਪੂਰਨ ਜਨਤਕ ਸੇਵਾਵਾਂ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਸਮਾਜ ਭਲਾਈ ਲਈ ਅਜਿਹੇ ਪ੍ਰੋਗਰਾਮ ਵਿੱਚ ਜ਼ਿੰਮੇਵਾਰੀ ਨਾਲ ਖਰਚ ਕਰਨ ਲਈ ਸਮਰਪਤ ਹੈ ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਤਕਨਾਲੋਜੀ ਦੁਆਰਾ ਸੰਚਾਲਿਤ ਪ੍ਰਣਾਲੀ ਦੇ ਲਾਗੂ ਹੋਣ ਨਾਲ ਜੀ.ਐਸ.ਟੀ ਅਤੇ ਆਬਕਾਰੀ ਮਾਲੀਆ ਪ੍ਰਾਪਤ ਕਰਨ ਦੀ ਸਮਰੱਥਾ, ਪਾਰਦਰਸ਼ਤਾ ਅਤੇ ਪਾਲਣਾ ਵਿੱਚ ਸੁਧਾਰ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਕਰ ਪ੍ਰਸ਼ਾਸਨ ਨੂੰ ਸਫਲਤਾਪੂਰਵਕ ਢੰਗ ਨਾਲ ਸੁਚਾਰੂ ਬਣਾਇਆ ਹੈ, ਚੋਰੀ ਨੂੰ ਰੋਕਿਆ ਹੈ, ਅਤੇ ਇੱਕ ਕਾਰੋਬਾਰ-ਅਨੁਕੂਲ ਮਾਹੌਲ ਬਣਾਇਆ ਹੈ। ਉਨ੍ਹਾ ਪੰਜਾਬ ਦੇ ਲੋਕਾਂ ਨੂੰ ਕਰ ਚੋਰੀ ਦੇ ਮੁਕੰਮਲ ਖਾਤਮੇ ਵਾਸਤੇ ਮਹੱਤਵਪੂਰਨ ਯੋਗਦਾਨ ਪਾਉਣ ਲਈ 'ਬਿੱਲ ਲਿਆਓ, ਇਨਾਮ ਪਾਓ' ਵਰਗੀਆਂ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਪੁਰਜ਼ੋਰ ਅਪੀਲ ਕੀਤੀ।

## ਸਾਬਕਾ ਪੁਲਸ ਅਫਸਰ ਭਾਗ ਸਿੰਘ ਝੱਜ ਦੀ ਮੌਤ ਨਾਲ ਇਲਾਕੇ 'ਚ ਸੋਗ ਦੀ ਲਹਿਰ



**ਨੰਗਲ (ਸੁਰਜੀਤ ਸਿੰਘ ਢੇਰ)**- ਬੀਤੇ ਕੱਲ੍ਹ ਦਿੱਲੀ ਪੁਲਸ ਦੇ ਸਾਬਕਾ ਏ ਸੀ ਪੀ ਭਾਗ ਸਿੰਘ ਝੱਜ 77 ਵਾਸੀ ਨੰਗਲੀ ਦੀ ਅਚਾਨਕ ਮੌਤ ਹੋ ਜਾਣ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਭਾਗ ਸਿੰਘ ਬੀਤੇ ਕੁਝ ਮਹੀਨਿਆਂ ਤੋਂ ਕੈਂਸਰ ਦੀ ਬਿਮਾਰੀ ਨਾਲ ਪੀੜਤ ਸਨ। ਉਨ੍ਹਾਂ ਦਾ ਅੰਤਿਮ ਦਾਹ ਸੰਸਕਾਰ ਪਿੰਡ ਦੇ ਸ਼ਮਸ਼ਾਨਘਾਟ ਵਿੱਚ ਕਰ ਦਿੱਤਾ ਗਿਆ। ਸੈਂਕੜੇ ਸੇਜਲ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ। ਭਾਗ ਸਿੰਘ ਸੇਵਾ ਮੁਕਤ ਹੋਣ ਤੋਂ ਬਾਅਦ ਆਪਣੇ ਜੱਦੀ ਪਿੰਡ ਪਰਵਾਰ ਸਮੇਤ ਰਹਿ ਰਹੇ ਸਨ। ਉਹ ਹੁਣ ਪਿੰਡ ਦੇ ਧਾਰਮਿਕ, ਸਮਾਜ ਸੇਵੀ ਕੰਮਾਂ ਵਿੱਚ ਵੱਧ ਚੜ੍ਹ ਕੇ ਭਾਗ ਲੈ ਰਹੇ ਸਨ। ਆਪਣੇ ਪਿਛੇ ਹੱਸਦਾ ਵੱਸਦਾ ਵੱਡਾ ਪਰਵਾਰ ਛੱਡ ਗਏ । ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਪਰਵਾਰ ਨਾਲ ਐਡਵੋਕੇਟ ਜਤਿੰਦਰ ਪਾਲ ਸਿੰਘ ਢੇਰ, ਐਡਵੋਕੇਟ ਸੁੱਚਾ ਸਿੰਘ ਅਟਵਾਲ, ਮਾਸਟਰ ਅਜੈਬ ਸਿੰਘ ਢਾਹੇ, ਕੁਲਵੰਤ ਸਿੰਘ ਬਾਂਠ, ਐਸ ਪੀ ਐਸ ਬਸਰਾ ਸਾਬਕਾ ਡੀ ਆਈ ਜੀ ਪੰਜਾਬ ਪੁਲਸ, ਕਰਨਲ ਜੇ ਐਸ ਦੁਲੱਟ, ਕੈਪਟਨ ਅਵਤਾਰ ਸਿੰਘ ਕੁੱਲਗਰਾਂ, ਕਾਂਗਰਸੀ ਆਗੂ ਰਮੇਸ਼ ਚੰਦ ਦਸਗਰਾਈਂ, ਜਥੇਦਾਰ ਮੋਹਨ ਸਿੰਘ ਢਾਹੇ, ਕੈਪਟਨ ਹਰਭਜਨ ਸਿੰਘ ਮਹੈਣ, ਗੁਰਦਿਆਲ ਸਿੰਘ ਜਿੰਦਵੜੀ, ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਦਵਿੰਦਰ ਨੰਗਲੀ, ਸੁਰਿੰਦਰ ਸਿੰਘ ਔਜਲਾ,ਸ਼ਮਸ਼ੇਰ ਸਿੰਘ ਡੇਕਵਾਲਾ, ਰੁਪਿੰਦਰ ਪਾਲ ਸਿੰਘ ਝੱਜ ,ਕੁਲਵੀਰ ਸਿੰਘ ਲਾਲੀ, ਪਵਨ ਕੁਮਾਰ ਸਰਮਾ ਦਬਕੇਹੜਾ, ਸੁਰਿੰਦਰ ਪਾਲ ਸਿੰਘ ਢੇਰ, ਐਡਵੋਕੇਟ ਬਿਕਰਮਜੀਤ ਸਿੰਘ ਅਟਵਾਲ, ਜਗਤਾਰ ਸਿੰਘ ਅਟਵਾਲ, ਹਰਪ੍ਰੀਤ ਸਿੰਘ ਮੰਡੇਰ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਦੀ ਅੰਤਿਮ ਅਰਦਾਸ 6 ਮਾਰਚ ਨੂੰ ਦੁਪਹਿਰ ਬਾਅਦ ਗੁਰਦੁਆਰਾ ਸਾਹਿਬ ਬਾਬਾ ਗੁਰਦਿੱਤਾ ਜੀ ਜਿੰਦਬੜੀ ਵਿਖੇ ਹੋਵੇਗੀ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ

**ਮੋਹਾਲੀ (ਗੁਰਜੀਤ ਬਿੱਲਾ )**- ਸਤਿਗੁਰੂ ਰਵਿਦਾਸ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਤ ਸਮਾਗਮ ਦਾ ਆਯੋਜਨ ਡਾਕਟਰ ਬੀ. ਆਰ. ਅੰਬੇਡਕਰ ਵੈਲਫੇਅਰ ਮਿਸ਼ਨ (ਪੰਜਾਬ)- ਮੋਹਾਲੀ ਦੀ ਤਰਫੋਂ ਕੀਤਾ ਗਿਆ। ਅੰਬੇਡਕਰ ਭਵਨ, ਸੈਕਟਰ- 69 ਵਿਖੇ ਮਿਸ਼ਨ ਦੇ ਸਰਪ੍ਰਸਤ ਕੁਲਵੰਤ ਸਿੰਘ ਸੰਧੂ, ਪ੍ਰਧਾਨ ਡਾਕਟਰ ਜਗਤਾਰ ਸਿੰਘ ਰਿਟਾਇਰਡ ਆਈ.ਆਰ.ਐਸ. ਦੀ ਅਗਵਾਈ ਹੇਠ ਕਰਵਾਏ ਗਏ ਸਮਾਗਮ ਦੇ ਵਿੱਚ ਉਚੇਚੇ ਤੌਰ ਤੇ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਭਗਤ ਰਵਿਦਾਸ ਜੀ ਨੇ ਹਮੇਸ਼ਾ ਦੱਬੇ ਕੁਚਲਿਆਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ ਅਤੇ ਸਾਨੂੰ ਸਭਨਾਂ ਨੂੰ ਵੀ ਆਪਣਾ ਜੀਵਨ ਨਿਰਵਾਹ- ਸਤਿਗੁਰੂ ਰਵਿਦਾਸ ਜੀ ਦੁਆਰਾ ਦਰਸਾਏ ਮਾਰਗ 'ਤੇ ਚਲਦਿਆਂ ਹੀ ਬਸਰ ਕਰਨਾ ਚਾਹੀਦਾ ਹੈ ਅਤੇ ਹਮੇਸ਼ਾ ਲੋੜਵੰਦਾਂ ਦੀ ਮਦਦ ਲਈ ਬਿਨਾਂ ਕਿਸੇ ਸਵਾਰਥ ਦੇ ਅਗਾਂਹ ਹੋ ਕੇ ਪਹਿਲ- ਕਦਮੀ ਕਰਨੀ ਚਾਹੀਦੀ ਹੈ, ਤਾਂ ਕਿ ਲੋੜਵੰਦਾਂ ਅਤੇ ਬੇਸਹਾਰਿਆਂ ਦੀ ਮਦਦ ਕਰਨ ਦੇ ਲਈ ਅਜਿਹੇ ਕਦਮ ਹੋਰਨਾ ਲੋਕਾਂ ਦੇ ਲਈ ਵੀ ਪ੍ਰੇਰਨਾਦਾਇਕ ਬਣ ਸਕਨ। ਇਸ ਮੌਕੇ ਸੰਤ ਬਾਬਾ ਜਸਪਾਲ ਸਿੰਘ, ਰਿਟਾਇਰਡ ਆਈ.ਏ.ਐਸ.ਪ੍ਰਿਥਵੀ ਚੰਦ, ਸਰੂਪ ਸਿੰਘ ਰਿਟਾਇਰਡ ਚੀਫ ਇੰਜੀਨੀਅਰ, ਆਰ.ਐਲ. ਸੰਧੂ ਚੀਫ ਇੰਜੀਨੀਅਰ ਰਿਟਾਇਰਡ, ਪਿਆਰੇ ਲਾਲ ਸੀਨੀਅਰ ਮੀਤ ਪ੍ਰਧਾਨ, ਸਿਕੰਦਰ ਸਿੰਘ ਭਨੋਟ ਜਨਰਲ ਸਕੱਤਰ, ਪ੍ਰੀਤਮ ਸਿੰਘ ਰਿਟਾਇਰਡ ਪ੍ਰਿੰਸੀਪਲ, ਬਲਦੇਵ ਸਿੰਘ, ਬੀ.ਡੀ. ਸਵੈਣ, ਹਰਬੰਸ ਸਿੰਘ ਮਹਿਮੀ ਵੀ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਉਤਸਵ ਦੇ ਸੰਬੰਧ 'ਚ ਮਿਸ਼ਨਰੀ ਕਿਤਾਬਾਂ ਦਾ ਲੰਗਰ ਲਗਾਇਆ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਦਲਿਤ ਸਾਹਿਤ ਸੈਂਟਰ ਅਤੇ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੁਸਾਇਟੀ ਰਜਿ. ਰੇਲ ਕੋਚ ਫੈਕਟਰੀ ਕਪੂਰਥਲਾ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸੇਵਕ ਸਭਾ ਵਿਖੇ ਮਿਸ਼ਨਰੀ ਕਿਤਾਬਾਂ ਦਾ ਲੰਗਰ ਲਗਾਇਆ ਗਿਆ। ਜਿਸ ਵਿੱਚ ਬਹੁਜਨ ਸਮਾਜ ਦੇ ਮਾਨਵਤਾਵਾਦੀ ਮਹਾਪੁਰਖਾਂ ਦੇ ਜੀਵਨ ਅਤੇ ਮਿਸ਼ਨ ਨਾਲ ਸਬੰਧਤ ਪੁਸਤਕਾਂ ਸੰਗਤਾਂ ਨੂੰ ਬਿਨਾਂ ਕਿਸੇ ਮੁਨਾਫੇ ਦੇ ਵੇਚੀਆਂ ਗਈਆਂ। ਬੁੱਕ ਸਟਾਲ 'ਤੇ ਜਿੱਥੇ ਗੁਰਪੁਰਬ ਵਿੱਚ ਸ਼ਾਮਿਲ ਸੰਗਤਾਂ ਨੇ ਇਨ੍ਹਾਂ ਕਿਤਾਬਾਂ ਨੂੰ ਖਰੀਦਣ ਲਈ ਡੂੰਘੀ ਦਿਲਚਸਪੀ ਦਿਖਾਈ ਉਥੇ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ ਦੇ ਜਨਰਲ ਸਕੱਤਰ ਸੰਤ ਨਿਰਮਲ ਸਿੰਘ ਅਵਾਦਾਨ ਵਾਲੇ, ਡਿਪਟੀ ਐਫ.ਐਂਡ.ਸੀ.ਏ.ਓ. ਦਿਲਬਾਗ ਸਿੰਘ, ਅਸਿਸਟੈਂਟ ਕਮਾਂਡੈਂਟ ਆਰ ਪੀ ਐਫ ਨਰਿੰਦਰ ਸਿੰਘ, ਆਰ.ਸੀ.ਐਫ ਕਰਮਚਾਰੀ ਯੂਨੀਅਨ ਦੇ ਜਨਰਲ ਸਕੱਤਰ ਸਰਵਜੀਤ ਸਿੰਘ, ਆਲ ਇੰਡੀਆ ਐਸ.ਸੀ./ ਐਸ.ਟੀ ਰੇਲਵੇ ਇੰਪਲਾਈਜ਼ ਐਸੋਸੀਏਸ਼ਨ ਦੇ ਜ਼ੋਨਲ ਪ੍ਰਧਾਨ ਜੀਤ ਸਿੰਘ, ਜ਼ੋਨਲ ਸਕੱਤਰ ਸੋਹਣ ਬੈਠਾ, ਇਪਟਾ ਪੰਜਾਬ ਦੇ ਪ੍ਰਧਾਨ ਰੰਗਕਰਮੀ ਇੰਦਰਜੀਤ ਰੂਪੋਵਾਲੀ, ਲਾਰਡ ਬੁੱਧਾ ਐਜੂਕੇਸ਼ਨ ਟਰੱਸਟ ਦੇਪ੍ਰਧਾਨ ਪੂਰਨ ਸਿੰਘ ਅਤੇ ਸਮਾਜ ਸੇਵਕ ਅਮਰਜੀਤ ਸਿੰਘ ਮੱਲ, ਡਾ. ਜਨਕ ਰਾਜ ਭੁਲਾਣਾ ਅਤੇ ਬਾਮਸੇਫ ਦੇ ਕਨਵੀਨਰ ਕਸ਼ਮੀਰ ਸਿੰਘ ਤੋਂ ਇਲਾਵਾ ਕਈ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਨੇ ਇਸ ਕਾਰਜ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਗਿਆਨ, ਵਿਗਿਆਨ ਅਤੇ ਚੰਗੀਆਂ ਪੁਸਤਕਾਂ ਸਮਾਜ ਨੂੰ ਜਾਗਰੂਕ ਅਤੇ ਸ਼ਕਤੀਸ਼ਾਲੀ ਬਣਾਉਣ ਵਿੱਚ ਵੱਡੀ ਭੂਮਿਕਾ ਨਿਭਾਉਂਦੀਆਂ ਹਨ। ਅੱਜ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਦੀ ਵਧੇਰੇ ਲੋੜ ਹੈ ਕਿਉਂਕਿ ਵੱਡੇ ਪੱਧਰ ਤੇ ਲੋਕ ਵਹਿਮਾਂ-ਭਰਮਾਂ ਅਤੇ ਕਰਮਕਾਂਡਾਂ ਵਿੱਚ ਡੁੱਬੇ ਹੋਏ ਹਨ। ਬਾਬਾ ਸਾਹਿਬ ਨੇ ਕਿਹਾ ਸੀ ਕਿ ਗਿਆਨ ਵਿੱਚ ਪਰਿਵਰਤਨ ਹੀ ਕਿਸੇ ਵੀ ਸਮੱਸਿਆ ਦੀ ਮੂਲ ਪਰਿਵਰਤਨ ਹੈ। ਵੱਖ-ਵੱਖ ਮਹਿਮਾਨਾਂ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕਿਹਾ ਕਿ ਗੁਰੂ ਜੀ ਨੇ ਸਮੁੱਚੀ ਮਾਨਵਤਾ ਨੂੰ ਏਕਤਾ ਦਾ ਸੰਦੇਸ਼ ਦਿੱਤਾ ਸੀ ਅਤੇ ਸਮਾਜ ਨੂੰ ਵਿੱਦਿਆ ਦਾ ਦੀਵਾ ਜਗਾਉਣ ਅਤੇ ਸਮਾਜਿਕ ਤਬਦੀਲੀ ਲਿਆਉਣ ਲਈ ਪੁਸਤਕਾਂ ਮੁੱਖ ਰੋਲ ਅਦਾ ਕਰਦੀਆਂ ਹਨ। ਪੁਸਤਕਾਂ ਗਿਆਨ ਦਾ ਆਧਾਰ ਹਨ। ਜੇਕਰ ਇਨਸਾਨ ਆਪਣੇ ਹੱਕਾਂ ਲਈ ਲੜਨਾ ਚਾਹੁੰਦੇ ਹਨ ਤਾਂ ਇਸ ਨੂੰ ਪੜ੍ਹਨਾ ਬਹੁਤ ਜ਼ਰੂਰੀ ਹੈ। ਲੋਕਾਂ ਨੂੰ ਕਿਤਾਬਾਂ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਦਲਿਤ ਸਾਹਿਤ ਕੇਂਦਰ ਦੇ ਸੰਸਥਾਪਕ ਕ੍ਰਿਸ਼ਨ ਲਾਲ, ਧਰਮ ਪਾਲ ਪੈਂਥਰ ਅਤੇ ਨਿਰਵੈਰ ਸਿੰਘ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੁਸਾਇਟੀ ਦੇ ਸੀਨੀਅਰ ਮੀਤ ਪ੍ਰਧਾਨ ਸੰਤੋਖ ਰਾਮ ਜਨਾਗਲ, ਮੀਤ ਪ੍ਰਧਾਨ ਨਿਰਮਲ ਸਿੰਘ, ਸਮਾਜ ਸੇਵੀ ਧਰਮਵੀਰ ਅੰਬੇਡਕਰੀ, ਗੁਰਬਖਸ਼ ਸਲੋਹ, ਦੇਸ ਰਾਜ, ਕ੍ਰਿਸ਼ਨ ਸਿੰਘ, ਗੁਰਦਿਆਲ ਸਿੰਘ, ਕੁਲਵਿੰਦਰ ਸਿੰਘ ਸਿਵੀਆ, ਪੂਰਨ ਚੰਦ ਬੋਧ, ਹਰਮੇਸ ਲਾਲ, ਮੇਜਰ ਸਿੰਘ, ਪ੍ਰਨੀਸ਼ ਕੁਮਾਰ, ਗਿਆਨੀ ਗੁਰਮੁੱਖ ਸਿੰਘ, ਮਦਨ ਲਾਲ ਸੂਦ, ਸੁਰੇਸ਼ ਕੁਮਾਰ ਰੋਮਾਣਾ, ਪਰਮਜੀਤ ਰੱਤੂ, ਸੁਖਦੇਵ ਸਿੰਘ, ਸੁਖਦੇਵ ਸਿੰਘ ਗੁਰੂ ਖਾਲਸਾ ਸੇਵਾ ਸੁਸਾਇਟੀ ਵਾਲੇ, ਰਾਜੇਸ਼ ਕੁਮਾਰ, ਰਣਜੀਤ ਸਿੰਘ, ਜਸਪਾਲ ਸਿੰਘ ਚੌਹਾਨ, ਬਲਦੇਵ ਰਾਜ, ਸੋਨੂੰ ਅਰੀਆਂਵਾਲ, ਜਗਤਾਰ ਸਿੰਘ, ਹੰਸ ਰਾਜ ਬੱਸੀ, ਮੈਡਮ ਨੀਲਮ, ਸੰਤੋਸ਼ ਕੌਰ, ਰਾਜਵੰਤ ਕੌਰ, ਪਰਮਜੀਤ ਕੌਰ, ਜਸਵਿੰਦਰ ਕੌਰ, ਪਾਲ ਕੌਰ, ਸੁਮਨ ਪਾਲ ਅਤੇ ਮੈਡਮ ਰਾਜਵੰਤ ਕੌਰ ਆਦਿ ਸ਼ਾਮਲ ਸਨ।

# ਵਾਟਰ ਵਰਕਸ ਦੇ ਅਧਿਕਾਰੀ 'ਤੇ 3000 ਰੁਪਏ ਡਕਾਰਨ ਦੇ ਦੋਸ਼, ਮਾਮਲਾ ਉੱਚ ਅਧਿਕਾਰੀਆਂ ਕੋਲ ਪੁੱਜਾ

■ ਮੈਂ ਨ੍ਹੀਂ ਲਏ ਜੀ, ਮੈਨੂੰ ਤਾਂ ਪੈਸੇ ਦਿੱਤੇ ਗਏ ਨੇ : ਸੰਬੰਧਤ ਅਧਿਕਾਰੀ

**ਭਗਤਾ ਭਾਈ ਕਾ (ਰਾਜੀਵ ਗੋਇਲ)**

ਵਾਟਰ ਵਰਕਸ ਮਹਿਕਮੇ ਦੀ ਅਣਗਹਿਲੀ ਤਾਂ ਆਏ ਦਿਨ ਸਾਹਮਣੇ ਆਉਂਦੀ ਰਹਿੰਦੀ ਹੈ ਤੇ ਅੱਜ ਇੱਕ ਹੋਰ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦਿਆਂ ਸਥਾਨਕ ਨਗਰ ਦੇ ਭਾਈ ਬਹਿਲੋ ਰੋਡ 'ਤੇ ਡਰੇਨ ਦੇ ਪੁਲ ਨਜ਼ਦੀਕ ਦੁਕਾਨ ਕਰਦੇ ਪ੍ਰਿਤਪਾਲ ਕੁਮਾਰ ਪੁੱਤਰ ਭੀਮ ਸੈਨ ਨੇ ਦੱਸਿਆ ਕਿ ਉਨ੍ਹਾ ਦੀ ਦੁਕਾਨ ਉੱਪਰ ਹੀ ਰਿਹਾਇਸ਼ ਹੈ। ਦੁਕਾਨ ਦੀ ਇੱਕ ਕਿਨਾਰੇ 'ਤੇ ਪਿਛਲੇ ਕਾਫੀ ਲੰਮੇ ਸਮੇਂ ਤੋਂ ਵਾਟਰ ਵਰਕਸ ਦੇ ਪਾਣੀ ਦੀ ਲੀਕੇਜ ਹੋ ਰਹੀ ਹੈ। ਉਸ ਨੂੰ ਡਰ ਸਤਾ ਰਿਹਾ ਸੀ ਕਿ ਕਿਤੇ ਇਹ ਲੀਕੇਜ ਵਾਲਾ ਪਾਣੀ ਉਨ੍ਹਾਂ ਦੀ ਦੁਕਾਨ ਦੀਆਂ ਨੀਹਾਂ ਵੱਲ ਵਧ ਰਿਹਾ ਹੈ, ਜਿਸ ਕਾਰਨ ਪਰਿਵਾਰ ਚਿੰਤਤ ਸੀ। ਉਨ੍ਹਾਂ ਦੱਸਿਆ ਕਿ ਵਾਟਰ ਵਰਕਸ ਮਹਿਕਮੇ ਨਾਲ ਵਾਰ ਵਾਰ ਸੰਪਰਕ ਕਰਨ 'ਤੇ ਕੋਈ ਹੱਲ ਨਾ ਹੋਇਆ ਤਾਂ ਮਹਿਕਮੇ ਦੇ ਇੱਕ ਅਧਿਕਾਰੀ ਗੁਰਮੇਲ ਸਿੰਘ ਨੇ ਉਸ ਨੂੰ ਕਿਹਾ ਕਿ ਪਾਣੀ ਦੀ ਲੀਕੇਜ ਬੰਦ ਕਰਨ ਲਈ ਤੈਨੂੰ 3000/- ਰੁਪਏ ਦੇਣੇ ਪੈਣਗੇ। ਪ੍ਰਿਤਪਾਲ ਕੁਮਾਰ ਵੱਲੋਂ ਬਿਲਡਿੰਗ ਦੇ ਨੁਕਸਾਨ ਹੋਣ ਦੇ ਡਰੋਂ ਉਕਤ ਅਧਿਕਾਰੀ ਨੂੰ 3000/- ਰੁਪਏ ਦੇ ਦਿੱਤੇ ਗਏ। ਇਹ ਮੁਲਾਜ਼ਮ ਟੋਆ ਪੁੱਟ ਕੇ ਚਲਾ ਗਿਆ ਤੇ ਬੀਤੇ ਦਿਨ ਇਸ ਟੋਏ ਨੂੰ ਕੋਈ ਹੋਰ ਮੁਲਾਜ਼ਮ ਆ ਕੇ ਭਰ ਗਿਆ ਤੇ ਕੰਮ ਅਧੂਰਾ ਛੱਡ ਕੇ ਚਲਾ ਗਿਆ।


ਸ਼ਿਕਾਇਤ ਪੱਤਰ ਦਿਖਾਉਂਦਾ ਪੀੜਤ।

ਉਨ੍ਹਾਂ ਦੋਸ਼ ਲਗਾਇਆ ਕਿ ਗੁਰਮੇਲ ਸਿੰਘ ਨਾਮਕ ਮੁਲਾਜ਼ਮ ਮੇਰੇ 3000/- ਰੁਪਏ ਜਬਰੀ ਵਸੂਲੀ ਕਰਕੇ ਡਕਾਰ ਗਿਆ ਹੈ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਉਕਤ ਅਧਿਕਾਰੀ ਵੱਲੋਂ ਟੂਟੀ ਕੁਨੈਕਸ਼ਨ ਦੇਣ ਬਦਲੇ ਇੱਕ ਬਿਸਕੁਟ ਦਾ ਭੱਠ ਚਲਾ ਰਹੇ ਗਰੀਬ ਪਰਿਵਾਰ ਤੋਂ ਵੀ 1300/- ਰੁਪਏ ਦੀ ਵਸੂਲੀ ਕਰਨ ਦੇ ਨਾਲ-ਨਾਲ ਹੋਰ ਵੀ ਬਹੁਤ ਲੋਕਾਂ ਤੋਂ ਪੈਸੇ ਲਏ ਗਏ ਹਨ। ਇਸ ਮਸਲੇ ਨੂੰ ਲੈ ਕੇ ਪੀੜਤ ਵੱਲੋਂ ਮਹਿਕਮੇ ਦੇ ਪ੍ਰਿੰਸੀਪਲ ਸੈਕਟਰੀ ਸਮੇਤ ਡਿਪਟੀ ਕਮਿਸ਼ਨਰ ਬਠਿੰਡਾ ਕੋਲ ਸ਼ਿਕਾਇਤ ਕਰਕੇ ਮੰਗ ਕੀਤੀ ਗਈ ਹੈ ਕਿ ਉਕਤ ਅਧਿਕਾਰੀ ਖਿਲਾਫ ਕਾਰਵਾਈ ਕਰਕੇ ਪਾਣੀ ਦੀ ਲੀਕੇਜ ਦੀ ਸਮੱਸਿਆ ਤੋਂ ਨਿਜ਼ਾਤ ਦਿਵਾਈ ਜਾਵੇ।

ਉਧਰ ਦੂਜੇ ਪਾਸੇ ਜਦੋਂ ਦੋਸ਼ਾਂ ਦਾ ਸਾਹਮਣਾ ਕਰ ਰਹੇ ਮੁਲਾਜ਼ਮ ਗੁਰਮੇਲ ਸਿੰਘ ਨਾਲ ਫੋਨ ਨੰਬਰ 9815245887 'ਤੇ ਸੰਪਰਕ ਕੀਤਾ ਗਿਆ ਤਾਂ ਪਹਿਲਾਂ ਤਾਂ ਉਕਤ ਨੇ ਕਿਹਾ ਕਿ ਮੈਂ ਪੈਸੇ ਮੰਗੇ ਨਹੀਂ, ਇਨ੍ਹਾਂ ਨੇ ਖੁਦ ਮੈਨੂੰ ਪੈਸੇ ਦਿੱਤੇ ਹਨ। ਬਾਅਦ 'ਚ ਕਿਹਾ ਕਿ ਮੈਂ ਇਨ੍ਹਾਂ ਤੋਂ ਲਏ ਪੈਸਿਆਂ ਦਾ ਸਾਮਾਨ ਖਰੀਦਿਆ ਹੈ। ਇਸ ਮਸਲੇ ਨੂੰ ਲੈ ਕੇ ਪ੍ਰਸ਼ਾਸਨ ਵੱਲੋਂ ਡੂੰਘਾਈ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ।

## ਪੰਜਾਬ ਨੰਬਰਦਾਰਾ ਐਸੋਸੀਏਸ਼ਨ (ਗਾਲਿਬ) ਨੇ ਸਾਹਰੀ ਨੂੰ ਦਿੱਤਾ ਸਮਰਥਨ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**

ਪੰਜਾਬ ਨੰਬਰਦਾਰਾ ਐਸੋਸੀਏਸ਼ਨ (ਗਾਲਿਬ) ਆਮ ਆਦਮੀ ਪਾਰਟੀ ਦੇ ਐੱਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੀਤ ਸਿੰਘ ਸਾਹਰੀ ਦੇ ਸਮਰਥਨ ਵਿੱਚ ਖੜੀ ਹੋ ਗਈ ਹੈ। ਯੂਨੀਅਨ ਦੇ ਨੇਤਾਵਾਂ ਨੇ ਡਾ. ਸਾਹਰੀ ਨੂੰ ਪੂਰਾ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਇਹ ਐਲਾਨ ਫਾਜ਼ਿਲਕਾ 'ਚ ਹੋਈ ਇੱਕ ਮੀਟਿੰਗ 'ਚ ਕੀਤਾ ਗਿਆ ਹੈ। ਇਹ ਮੀਟਿੰਗ ਸਥਾਨਕ ਸੰਜੀਵ ਪੈਲੇਸ ਵਿੱਚ ਸੂਬਾ ਪ੍ਰਧਾਨ ਪਰਮਿੰਦਰ ਸਿੰਘ ਗਾਲਿਬ ਦੀ ਪ੍ਰਧਾਨਗੀ ਹੇਠ ਹੋਣੀ ਸੀ, ਪਰ ਕੁਝ ਜ਼ਰੂਰੀ ਰੁਝੇਵਿਆਂ ਕਾਰਨ ਸੂਬਾ ਪ੍ਰਧਾਨ ਇਸ ਮੀਟਿੰਗ ਵਿੱਚ ਨਹੀਂ ਪੁੱਜ ਸਕੇ, ਜਿਸ ਕਾਰਨ ਇਸ ਮੀਟਿੰਗ ਦੀ ਪ੍ਰਧਾਨਗੀ ਪੰਜਾਬ ਦੇ ਵਾਇਸ ਪ੍ਰਧਾਨ ਪੂਰਨ ਸਿੰਘ ਡੱਬ ਵਾਲਾ ਕਲਾਂ ਨੇ ਕੀਤੀ। ਇਸ ਮੀਟਿੰਗ ਵਿੱਚ ਸਾਰੇ ਨੰਬਰਦਾਰਾਂ ਨੇ ਜ਼ਿਲ੍ਹਾ ਫਾਜ਼ਿਲਕਾ ਦੇ ਵਾਇਸ ਪ੍ਰਧਾਨ ਹਰਜੀਤ ਸਿੰਘ ਸਾਹਰੀ ਨੂੰ ਵਿਸ਼ਵਾਸ ਦਿੱਤਾ ਕਿ ਜੇਕਰ ਆਮ ਆਦਮੀ ਪਾਰਟੀ ਉਨ੍ਹਾਂ ਨੂੰ ਲੋਕ ਸਭਾ ਦੀ ਟਿਕਟ ਦਿੰਦੀ ਹੈ ਤਾਂ ਉਹ ਸਾਰੇ ਨੰਬਰਦਾਰ ਉਨ੍ਹਾਂ ਨਾਲ ਤਨ ਮਨ ਧਨ ਨਾਲ ਖੜਨਗੇ। ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਫਿਰੋਜ਼ਪੁਰ ਤੇ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਬਲਵੰਤ ਸਿੰਘ ਰਾਣਾ, ਤਹਿਸੀਲ ਪ੍ਰਧਾਨ ਬਲਜਿੰਦਰ ਸਿੰਘ ਫਾਜ਼ਿਲਕਾ, ਤਹਿਸੀਲ ਪ੍ਰਧਾਨ ਧਰਮਵੀਰ ਸਿੰਘ ਅਬੋਹਰ, ਤਹਿਸੀਲ ਪ੍ਰਧਾਨ ਕੁਲਵੰਤ ਸਿੰਘ ਜਲਾਲਾਬਾਦ, ਤਹਿਸੀਲ ਪ੍ਰਧਾਨ ਪਰਵਿੰਦਰ ਸਿੰਘ ਗੁਰੂ ਹਰਸਹਾਏ, ਸਬ ਤਹਿਸੀਲ ਪ੍ਰਧਾਨ ਕ੍ਰਿਪਾਲ ਸਿੰਘ ਮਮਦੋਟ, ਸਬ ਤਹਿਸੀਲ ਪ੍ਰਧਾਨ ਕੁਲਵੰਤ ਸਿੰਘ ਅਰਨੀਵਾਲਾ, ਸਬ ਤਹਿਸੀਲ ਪ੍ਰਧਾਨ ਰਾਜੇਸ਼ ਕੁਮਾਰ ਸੀਤੋ ਗੁੰਨੋ, ਸਬ ਤਹਿਸੀਲ ਪ੍ਰਧਾਨ ਰਮੇਸ਼ ਕੁਮਾਰ ਖੁਈਆਂ ਸਰਵਰ, ਨੰਬਰਦਾਰ ਹਰਪ੍ਰੀਤ ਸਿੰਘ, ਰੋਸ਼ਨ ਲਾਲ ਭੁਸਰੀ, ਪਰਮਜੀਤ ਸਿੰਘ, ਜਤਿੰਦਰ ਸਿੰਘ ਬੇਦੀ, ਗੁਰਜੰਗ ਸਿੰਘ, ਇਕਬਾਲ ਸਿੰਘ, ਜਸਕਰਨ ਸਿੰਘ, ਅਮਰ ਸਿੰਘ, ਨਿਸ਼ਾਨ ਸਿੰਘ ਤੋਂ ਇਲਾਵਾ ਵੱਖ ਵੱਖ ਤਹਿਸੀਲਾਂ ਦੇ ਪ੍ਰਧਾਨ ਤੇ ਵੱਖ ਵੱਖ ਪਿੰਡਾਂ ਦੇ ਨੰਬਰਦਾਰਾਂ ਨੇ ਹਿੱਸਾ ਲਿਆ।

## ਕਿਤਾਬ ਘਰ ਲਈ ਕਿਤਾਬਾਂ ਭੇਟ ਕੀਤੀਆਂ




**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਪਿੰਡ ਪੀਰ ਮੁਹੰਮਦ ਵਿਖੇ ਚਲਾਇਆ ਜਾ ਰਿਹਾ ਕਿਤਾਬ ਘਰ ਲਈ ਪੰਜਾਬੀ ਲਿਖਾਰੀ ਸਭਾ ਦੇ ਪ੍ਰਧਾਨ ਹਰਬਿੰਦਰ ਸਿੰਘ ਸੰਧੂ ਨੂੰ ਕਿਤਾਬਾਂ ਭੇਟ ਕਰਦਿਆਂ ਪੰਜਾਬ ਯੂਥ ਆਰਗਨਾਈਜੇਸ਼ਨ ਬਲਾਕ ਮਖੂ ਦੇ ਪ੍ਰਧਾਨ ਅਮਰਪ੍ਰੀਤ ਸਿੰਘ ਸੰਧੂ ਸਰਹਾਲੀ ਅਤੇ ਨਸ਼ਾ ਰੋਕੂ ਕਮੇਟੀ ਦੇ ਜਨਰਲ ਸਕੱਤਰ ਵੀਰ ਸਿੰਘ ਨਿਜਾਮਦੀਨ ਵਾਲਾ ਨੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਬਹੁਤ ਸਾਰੇ ਲੋਕ ਆਪਣਾ ਜ਼ਿੰਦਗੀ ਦਾ ਵੱਡਾ ਹਿਸਾ ਸੋਸ਼ਲ ਮੀਡੀਆ 'ਤੇ ਗੁਜ਼ਾਰਨ ਲਈ ਮਜਬੂਰ ਹੋ ਚੁੱਕੇ ਹਨ ਅਤੇ ਅਤੇ ਚੰਗੀਆਂ ਕਿਤਾਬਾਂ ਤੇ ਅਖ਼ਬਾਰਾਂ ਨੂੰ ਪੜ੍ਹਨਾ ਛੱਡਦੇ ਜਾ ਰਹੇ ਹਾਂ, ਪਰ ਜੋ ਗਿਆਨ ਸਾਨੂੰ ਚੰਗੀ ਕਿਤਾਬ ਅਤੇ ਅਖ਼ਬਾਰ ਵਿੱਚੋਂ ਮਿਲਦਾ ਹੈ, ਉਹ ਅਸੀਂ ਸੋਸ਼ਲ ਮੀਡੀਆ ਤੋਂ ਹਾਸਲ ਨਹੀਂ ਕਰ ਸਕਦੇ। ਇਸ ਲਈ ਸਾਡੇ ਨੌਜਵਾਨਾਂ ਨੂੰ ਚੰਗੀਆਂ ਕਿਤਾਬਾਂ ਪੜ੍ਹਨ ਦੀ ਆਦਤ ਪਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਜੋ ਕਿਤਾਬ ਘਰ ਖੋਲ੍ਹਿਆ ਹੋਇਆ ਹੈ, ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਇਸ ਨਾਲ ਨੌਜਵਾਨ ਪੰਜਾਬੀ ਨਾਲ ਜੁੜਨਗੇ ਤੇ ਪੰਜਾਬੀ ਦਾ ਗਿਆਨ ਪ੍ਰਾਪਤ ਕਰਨਗੇ। ਇਸ ਮੌਕੇ ਪੰਜਾਬੀ ਲਿਖਾਰੀ ਸਭਾ ਦੇ ਪ੍ਰਧਾਨ ਹਰਬਿੰਦਰ ਸਿੰਘ ਸੰਧੂ, ਡਾ. ਕਾਰਜ ਸਿੰਘ ਧਰਮ ਸਿੰਘ ਵਾਲਾ ਵੱਲੋਂ ਕਿਤਾਬ ਘਰ ਨੂੰ ਕਿਤਾਬਾਂ ਭੇਟ ਕਰਨ ਤੇ ਪੰਜਾਬ ਯੂਥ ਆਰਗੇਨਾਈਜੇਸ਼ਨ ਦੇ ਪ੍ਰਧਾਨ ਅਮਰਪ੍ਰੀਤ ਸਿੰਘ ਸੰਧੂ, ਨਸ਼ਾ ਰੋਕੂ ਕਮੇਟੀ ਦੇ ਪ੍ਰਧਾਨ ਵੀਰ ਸਿੰਘ ਨਿਜ਼ਾਮਦੀਨ ਵਾਲਾ ਤੇ ਅਹੁਦੇਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸੰਧਵਾਂ ਨੇ ਆਮ ਆਦਮੀ ਮੁਹੱਲਾ ਕਲੀਨਿਕ ਦਾ ਕੀਤਾ ਉਦਘਾਟਨ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿਚ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਰਹੇ ਹਨ। ਇਸੇ ਲੜੀ ਤਹਿਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਿਹਤ ਸਹੂਲਤਾਂ ਦੇ ਮੱਦੇਨਜ਼ਰ ਸ਼ਹੀਦ ਭਗਤ ਸਿੰਘ ਕਾਲਜ ਰੋਡ, ਪੁਰਾਣਾ ਸ਼ਹਿਰ ਕੋਟਕਪੂਰਾ ਵਿਖੇ ਮੁਹੱਲਾ ਕਲੀਨਿਕ ਦਾ ਉਦਘਾਟਨ ਕੀਤਾ, ਤਾਂ ਜੁ ਸ਼ਹਿਰ ਨਿਵਾਸੀ ਇਸ ਕਲੀਨਿਕ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ। ਡਿਪਟੀ ਕਮਿਸ਼ਨਰ ਸ਼੍ਰੀ ਵਿਨੀਤ ਕੁਮਾਰ ਤੇ ਵਧੀਕ ਡਿਪਟੀ ਕਮਿਸ਼ਨਰ ਵੀਰਪਾਲ ਕੌਰ ਵਿਸ਼ੇਸ਼ ਤੌਰ 'ਤੇ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਸਿਹਤ ਤੇ ਸਿੱਖਿਆ ਕੋਈ ਕਾਰੋਬਾਰ ਦਾ ਵਿਸ਼ਾ ਨਹੀਂ ਹੈ, ਸਗੋਂ ਸੇਵਾ ਦਾ ਵਿਸ਼ਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੋਕਾਂ ਨੂੰ ਲਗਾਤਾਰ ਅਜਿਹੀਆਂ ਸੇਵਾਵਾਂ ਦੇਣ ਨੂੰ ਤਰਜ਼ੀਹ ਦੇ ਰਹੇ ਹਨ। ਇਸੇ ਲੜੀ ਤਹਿਤ ਸਕੂਲ ਅਤੇ ਮੁਹੱਲਾ ਕਲੀਨਿਕ ਬਹੁਤ ਸ਼ਾਨਦਾਰ ਬਣਾਏ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅੱਜ 167 ਮੁਹੱਲਾ ਕਲੀਨਿਕਾਂ ਦਾ ਉਦਘਾਟਨ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕੀਤਾ ਗਿਆ ਹੈ। ਉਨ੍ਹਾ ਦੱਸਿਆ ਕਿ ਕੁੱਲ 829 ਮੁਹੱਲਾ ਕਲੀਨਿਕ ਖੁੱਲ੍ਹ ਚੁੱਕੇ ਹਨ ਅਤੇ ਬਹੁਤ ਤਰ੍ਹਾਂ ਦੇ ਟੈਸਟ ਮੁਫ਼ਤ ਕੀਤੇ ਜਾਣਗੇ।

## ਬੱਚਿਆਂ ਨੂੰ ਪੋਲਿਓ ਬੂੰਦਾਂ ਪਿਲਾਈਆਂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਵਿਖੇ ਸਿਹਤ ਵਿਭਾਗ ਦੇ ਨਿਰਦੇਸ਼ਾਂ ਤਹਿਤ ਬੱਚਿਆਂ ਨੂੰ ਪੋਲਿਓ ਬੂੰਦਾਂ ਪਿਲਾਈਆਂ ਗਈਆਂ। ਐੱਸ.ਐੱਮ.ਓ. ਡਾ. ਜਸਦੇਵ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਗਨੀ ਖਾਂ ਨਬੀ ਖਾਂ ਗੇਟ ਨੇੜੇ ਕੈਂਪ ਲਗਾ ਕੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ। ਇਸ ਮੌਕੇ ਡਾ. ਜਸਦੇਵ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਬੱਚਿਆਂ ਨੂੰ ਪੋਲੀਓ ਤੋਂ ਬਚਾਉਣ ਲਈ ਵਿਸ਼ੇਸ਼ ਮੁਹਿੰਮ ਆਰੰਭੀ ਜਾ ਰਹੀ ਹੈ, ਜਿਸ ਤਹਿਤ ਔਰਤਾਂ ਆਪਣੇ 0 ਤੋਂ 5 ਸਾਲ ਦੇ ਬੱਚਿਆਂ ਨੂੰ ਜ਼ਰੂਰ ਬੂੰਦਾਂ ਪਿਲਾਉਣ। ਉਨ੍ਹਾ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਇਹ ਬੂੰਦਾਂ ਘਰ-ਘਰ ਜਾ ਕੇ ਪਿਲਾਈਆਂ ਜਾਣਗੀਆਂ। ਇਸ ਮੌਕੇ ਕੁਲਵੰਤ ਕੌਰ ਨੀਲੋਂ, ਸੁਪਰਵਾਈਜ਼ਰ ਮਨਮੋਹਣ ਸਿੰਘ, ਨਿਸ਼ਾ ਦੇਵੀ, ਗੁੱਲੂ ਕੁਮਾਰ, ਗੁਰਪ੍ਰੀਤ ਸਿੰਘ ਮੌਜੂਦ ਸਨ।



## ਗੁਰੂ ਰਵਿਦਾਸ ਜੀ ਨੇ ਸੱਚ ਦੇ ਮਾਰਗ 'ਤੇ ਚੱਲਣ ਦਾ ਉਪਦੇਸ਼ ਦਿੱਤਾ : ਭਾਈ ਭਗਵੰਤ ਸਿੰਘ

■ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਸਾਲਾਨਾ ਧਾਰਮਿਕ ਸਮਾਗਮ



**ਨਾਭਾ (ਵਰਿੰਦਰ ਵਰਮਾ)**

ਯੂਥ ਕਲਚਰ ਐਂਡ ਵੈੱਲਫੇਅਰ ਕਲੱਬ ਨਾਭਾ ਵੱਲੋਂ ਆਜ਼ਾਦ ਵੈੱਲਫੇਅਰ ਐਂਡ ਸਪੋਰਟਸ ਕਲੱਬ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਖੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ 12ਵਾਂ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਬਾਬਾ ਭਾਈ ਭਗਵੰਤ ਸਿੰਘ ਢੀਂਡਸਾ ਵਾਲਿਆ ਨੇ ਕਥਾ ਕੀਰਤਨ ਜ਼ਰੀਏ ਸੰਗਤਾਂ ਨੂੰ ਨਿਹਾਲ ਕੀਤਾ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਜਾਤ-ਪਾਤ, ਉਚ-ਨੀਚ ਤੇ ਪਖੰਡਵਾਦ ਦਾ ਵਿਰੋਧ ਕਰਕੇ ਸਮੁੱਚੀ ਲੋਕਾਈ ਨੂੰ ਏਕੇ ਤੇ ਬਰਾਬਰਤਾ ਦਾ ਸੰਦੇਸ਼ ਦਿੱਤਾ। ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਪ੍ਰਬੰਧਕਾਂ ਵੱਲੋਂ ਭਾਈ ਭਗਵੰਤ ਸਿੰਘ ਢੀਂਡਸਾ, ਸੰਤ ਬਾਬਾ ਦਾਰਾ ਸਿੰਘ ਮੂਲਾਬੱਧਾ, ਗੁ. ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਬਲਜਿੰਦਰ ਸਿੰਘ, ਚਰਨ ਸਿੰਘ ਐੱਮ. ਡੀ. ਮਲਕੀਤ ਐਗਰੋਟੈਕ, ਫਿਲਮ ਐਂਡ ਮਿਊਜ਼ਿਕ ਦੇ ਸੰਪਾਦਕ ਪੀ. ਐੱਸ. ਪੁਰੇਵਾਲ ਯੂ.ਐੱਸ.ਏ., ਸਮਸ਼ੇਰ ਸਿੰਘ ਸੋਹੀ ਡੈਨਮਾਰਕ ਸਮੇਤ ਆਈਆਂ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਗਟ ਸਿੰਘ ਗੈਬੀ, ਬਲਵੀਰ ਸਿੰਘ ਗਰੇਵਾਲ, ਅੰਗਰੇਜ ਸਿੰਘ ਵਾਲੀਆ, ਗੁਰਦੀਪ ਸਿੰਘ ਦੀਪ, ਹਰਜੀਤ ਸਿੰਘ ਹੈਪੀ, ਡਾ. ਜਤਿੰਦਰ ਸਿੰਘ, ਮਾ. ਸਤਪਾਲ ਸਿੰਘ ਚੌਹਾਨ, ਰਣਜੀਤ ਸਿੰਘ ਜੱਜ, ਹਰਦੀਪ ਸਿੰਘ ਸਹੋਤਾ, ਮਾ. ਹੰਸਰਾਜ ਸਿੰਘ, ਬੀਬੀ ਸੁਰਿੰਦਰ ਕੌਰ ਸਰਪੰਚ, ਆਪ ਦੇ ਬਲਾਕ ਪ੍ਰਧਾਨ ਸੁੱਖ ਘੁੰਮਣ ਚਾਸਵਾਲ, ਕੁਲਦੀਪ ਸਿੰਘ ਰਾਮਗੜ੍ਹ, ਗੁਰਪ੍ਰੀਤ ਸਿੰਘ ਗੋਪੀ ਫੈਜਗੜ੍ਹ, ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਦਵਿੰਦਰ ਸਿੰਘ ਕੁਲਾਰਾ, ਬੁੱਧ ਸਿੰਘ ਸੰਧਨੋਲੀ, ਭੁਪਿੰਦਰ ਸਿੰਘ ਸਰਪੰਚ ਦੋਦਾ, ਕੁਲਦੀਪ ਸਿੰਘ ਹੈਪੀ, ਜਸਕਰਨਵੀਰ ਸਿੰਘ ਤੇਜੇ ਆਦਿ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਕਥਾ ਕੀਰਤਨ ਦਾ ਆਨੰਦ ਮਾਣਿਆ।

## ਤੋਲਾਵਾਲ 'ਚ ਅਮਨ ਅਰੋੜਾ ਨੇ ਰੱਖਿਆ ਛੱਪੜ ਦੇ ਨਵੀਨੀਕਰਨ ਦਾ ਨੀਂਹ ਪੱਥਰ



**ਚੀਮਾ ਮੰਡੀ (ਰਵਿੰਦਰ ਚੀਮਾ)**

ਮੁੱਖ ਮੰਤਰੀ ਭਗਵੰਤ ਮਾਨ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਤੋਲਾਵਾਲ ਵਿਖੇ ਕੈਬਨਟ ਮੰਤਰੀ ਅਮਨ ਅਰੋੜਾ ਨੇ ਛੱਪੜ ਦੇ ਨਵੀਨੀਕਰਨ ਤੇ ਪੂਰਨ ਉਸਾਰੀ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਕੈਬਨਿਟ ਮੰਤਰੀ ਆਮਨ ਅਰੋੜਾ ਨੇ ਦੱਸਿਆ ਕਿ 60.95 ਲੱਖ ਦੀ ਲਾਗਤ ਨਾਲ ਬਣਨ ਵਾਲੇ ਇਸ ਪ੍ਰੋਜੈਕਟ ਨਾਲ ਲੋਕਾਂ ਨੂੰ ਗੰਦੇ ਪਾਣੀ ਤੋਂ ਨਿਜਾਤ ਮਿਲੇਗੀ ਤੇ ਦਿਨ-ਬ-ਦਿਨ ਵਧ ਰਹੀਆਂ ਬਿਮਾਰੀਆਂ ਤੋਂ ਛੁਟਕਾਰਾ ਮਿਲੇਗਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਦੀਪਾ ਸਿੰਘ, ਜੰਟੀ ਸਿੰਘ, ਸਮਸ਼ੇਰ ਸਿੰਘ ਕਾਲਾ, ਸਤਪਾਲ ਸ਼ਰਮਾ, ਰਘਵੀਰ ਸਿੰਘ ਭੰਮ ਆਦਿ ਹਾਜ਼ਰ ਸਨ।

## ਅੱਖਾਂ ਦੇ ਮਾਹਿਰ ਡਾ. ਹਰਸ਼ਪ੍ਰੀਤ ਕੌਰ ਮਹਿੰਦਰਾ ਸਨਮਾਨਤ




**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਦੁਆਰਾ ਮਾਈ ਭਾਗੋ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ, ਫਿਰੋਜ਼ਪੁਰ ਰੋਡ ਵਿਖੇ ਅੱਖਾਂ ਦੇ ਰੋਗਾਂ ਤੇ ਚਿੱਟੇ ਮੋਤੀਏ ਦੇ ਮੁਫ਼ਤ ਅਪ੍ਰੇਸ਼ਨ ਕੈਂਪ ਮੌਕੇ ਡਾ. ਹਰਸ਼ਪ੍ਰੀਤ ਕੌਰ ਮਹਿੰਦਰਾ ਨੂੰ ਸਨਮਾਨਤ ਕੀਤਾ ਗਿਆ। ਸੰਸਥਾ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਸ ਮੌਕੇ ਉਨ੍ਹਾਂ ਨੂੰ ਸੰਸਥਾ ਅਤੇ ਹਸਪਤਾਲ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਮਾਈ ਭਾਗੋ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ ਦੇ ਅੱਖਾਂ ਦੇ ਰੋਗਾਂ ਦੇ ਵਿਭਾਗ ਦੇ ਮੁਖੀ ਡਾ. ਸੁਖਪਾਲ ਸਿੰਘ ਬਰਾੜ (ਸੇਵਾਮੁਕਤ ਸਿਵਲ ਸਰਜਨ ਕਮ ਡਿਪਟੀ ਡਾਇਰੈਕਟਰ) ਨੇ ਡਾ. ਹਰਸ਼ਪ੍ਰੀਤ ਕੌਰ ਮਹਿੰਦਰਾ ਦੀ ਆਪਣੀ ਡਿਊਟੀ ਨੂੰ ਲੈ ਕੇ ਬਣਦੀ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣ ਦੀ ਭਰਪੂਰ ਸ਼ਲਾਘਾ ਕੀਤੀ।

## ਦੇਵ ਸਮਾਜ ਕਾਲਜ ਵੱਲੋਂ ਹੁਨਰ ਨਿਰਮਾਣ ਵਰਕਸ਼ਾਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੀ ਛਤਰ-ਛਾਇਆ ਤੇ ਡਾ. ਸੰਗੀਤਾ, ਕਾਰਜਕਾਰੀ ਪ੍ਰਿੰਸੀਪਲ ਦੀ ਯੋਗ ਅਗਵਾਈ ਹੇਠ ਲਗਾਤਾਰ ਤਰੱਕੀ ਦੀਆਂ ਲੀਹਾਂ 'ਤੇ ਅੱਗੇ ਵੱਧ ਰਿਹਾ ਹੈ।1934 ਤੋਂ ਕਾਲਜ ਨਾਰੀ ਸਸ਼ਕਤੀਕਰਨ ਲਈ ਲਗਾਤਾਰ ਯਤਨ ਕਰਦਾ ਆ ਰਿਹਾ ਹੈ, ਇਸ ਕਾਲਜ ਵਿੱਚ ਸਮਾਜਿਕ, ਅਕਾਦਮਿਕ ਤੇ ਸੱਭਿਆਚਾਰਕ ਖੇਤਰ ਨਾਲ ਸੰਬੰਧਤ ਗਤੀਵਿਧੀਆਂ ਚੱਲਦੀਆਂ ਰਹਿੰਦੀਆਂ ਹਨ। ਇਸੇ ਲੜੀ ਤਹਿਤ ਪੋਸਟ ਗ੍ਰੇਜੂਏਟ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੁਆਰਾ ਸਕਰੀਨ ਪ੍ਰਿੰਟਿੰਗ, ਬਾਟਿਕ ਪ੍ਰਿੰਟਿੰਗ ਤੇ ਨਿਓਨ ਪ੍ਰਿੰਟਿੰਗ 'ਤੇ ਇੱਕ ਹੁਨਰ ਨਿਰਮਾਣ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਵਰਕਸ਼ਾਪ ਵਿੱਚ ਮੁੱਖ ਵਕਤਾਂ ਵਜੋਂ ਅਸ਼ਵਨੀ ਖੋਸਲਾ, ਟ੍ਰੇਨਰ, ਬ੍ਰਾਈਟਵੇਅ ਕਲਰਸ, ਅੰਮ੍ਰਿਤਸਰ ਵਿਸ਼ੇਸ਼ ਤੌਰ 'ਤੇ ਪੁੱਜੇ।ਅਸ਼ਵਨੀ ਖੋਸਲਾ ਨੇ ਵਿਦਿਆਰਥਣਾਂ ਨੂੰ ਵਰਕਸ਼ਾਪ ਦੌਰਾਨ ਸਕਰੀਨ ਪ੍ਰਿੰਟਿੰਗ, ਬਾਟਿਕ ਤੇ ਨਿਓਨ ਪ੍ਰਿੰਟਿੰਗ ਦੀਆਂ ਬੁਨਿਆਦੀ ਗੱਲਾਂ ਨਾਲ ਜਾਣੂ ਕਰਵਾਇਆ ਗਿਆ, ਜਿਸ ਵਿੱਚ ਸਟੈਂਸਿਲ ਬਣਾਉਣਾ, ਸਕ੍ਰੀਨਾਂ ਤਿਆਰ ਕਰਨਾ ਤੇ ਗਰਮ ਅਤੇ ਠੰਡੇ ਰੰਗਾਂ ਦੀ ਵਰਤੋਂ ਕਰਨਾ ਆਦਿ ਸ਼ਾਮਲ ਸੀ।ਪ੍ਰਿੰਟਿੰਗ ਪ੍ਰਕਿਰਿਆ ਬਾਰੇ ਦੱਸਣ ਲਈ ਇੱਕ ਲਾਈਵ ਪ੍ਰਦਰਸ਼ਨ ਕੀਤਾ ਗਿਆ। ਉਨ੍ਹਾਂ ਵਿਦਿਆਰਥਣਾਂ ਨੂੰ ਨਵੀਨਤਾਕਾਰੀ ਟੈਕਸਟਾਈਲ ਡਿਜ਼ਾਈਨ ਬਣਾਉਣ ਲਈ ਵੱਖ-ਵੱਖ ਪ੍ਰਿੰਟਿੰਗ ਤਕਨੀਕਾਂ ਬਾਰੇ ਜਾਣੂ ਕਰਵਾਇਆ।ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਅਸ਼ਵਨੀ ਖੋਸਲਾ ਦੀ ਟੈਕਸਟਾਈਲ ਪ੍ਰਿੰਟਿੰਗ ਦੀਆਂ ਵੱਖ-ਵੱਖ ਤਕਨੀਕਾਂ ਬਾਰੇ ਨਾਲ ਜਾਣਕਾਰੀ ਸਾਂਝਾ ਕਰਨ ਲਈ ਸ਼ਲਾਘਾ ਕੀਤੀ।ਇਸਦੇ ਨਾਲ ਉਨ੍ਹਾਂ ਪ੍ਰੋਗਰਾਮ ਦੇ ਸਫਲ ਆਯੋਜਨ ਤੇ ਪੋਸਟ ਗ੍ਰੈਜੂਏਟ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੇ ਮੁਖੀ ਡਾ. ਖੁਸ਼ਵਿੰਦਰ ਗਿੱਲ ਤੇ ਵਿਭਾਗ ਦੇ ਹੋਰ ਅਧਿਆਪਕ ਚੰਦਰਿਕਾ, ਪਾਇਲ ਨੂੰ ਵਧਾਈ ਦਿੱਤੀ।ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਆਪਣੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਯੂ ਕੇ ਜੀ ਦੇ ਬੱਚਿਆਂ ਲਈ ਗ੍ਰੈਜੂਏਸ਼ਨ ਡੇਅ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਨਵੀਆਂ ਮੰਜ਼ਲਾਂ ਵੱਲ ਲੈ ਕੇ ਜਾਣ ਦੇ ਮਨੋਰਥ ਨਾਲ ਸਿਲਵਰ ਓਕਸ ਸਕੂਲ ਦੇ ਵਿਹੜੇ ਵਿੱਚ ਯੂ.ਕੇ.ਜੀ. ਦੇ ਬੱਚਿਆਂ ਲਈ ਗ੍ਰੈਜੂਏਸ਼ਨ ਡੇਅ ਮਨਾਉਣ ਦਾ ਉਪਰਾਲਾ ਕੀਤਾ ਗਿਆ।ਸਿਲਵਰ ਓਕਸ ਸਕੂਲਾਂ ਦੇ ਨਿਰਦੇਸ਼ਕਾ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਦਾ ਮੌਕੇ 'ਤੇ ਪਹੁੰਚਣ ਉਪਰੰਤ ਨਿੱਘਾ ਸਵਾਗਤ ਕੀਤਾ ਗਿਆ।ਸ਼ਮਾ ਜਗਾ ਕੇ ਇਸ ਸਮਾਰੋਹ ਦੀ ਸ਼ੁਰੂਆਤ ਕੀਤੀ ਗਈ।ਮਾਹੌਲ ਨੂੰ ਖੁਸ਼ਨੁਮਾ ਰੰਗ ਵਿੱਚ ਰੰਗਣ ਲਈ ਸਭ ਤੋਂ ਪਹਿਲਾਂ ਛੋਟੇ ਬੱਚਿਆਂ ਵੱਲੋਂ ਵੈਲਕਮ ਡਾਂਸ ਪੇਸ਼ ਕੀਤਾ ਗਿਆ।ਇਸ ਤੋਂ ਬਾਅਦ ਨਿਰਦੇਸ਼ਕਾ ਬਰਨਿੰਦਰ ਪਾਲ ਸੇਖੋਂ ਤੇ ਪ੍ਰਿੰਸੀਪਲ ਸ੍ਰੀਮਤੀ ਛਾਇਆ ਵਿਨੋਚਾ ਨੇ ਯੂ.ਕੇ.ਜੀ ਦੇ ਬੱਚਿਆਂ ਨੂੰ ਵਧਾਈ ਦਿੰਦੇ ਹੋਏ ਡਿਗਰੀਆਂ ਦੇ ਕੇ ਸਨਮਾਨਤ ਕੀਤਾ, ਜਿੱਥੇ ਯੂ.ਕੇ.ਜੀ. ਦੇ ਹੋਣਹਾਰ ਬੱਚਿਆਂ ਨੇ ਕਵਿਤਾਵਾਂ ਗਾ ਕੇ ਸਭ ਦੇ ਦਿਲਾਂ ਨੂੰ ਜਿੱਤ ਲਿਆ, ਉਥੇ ਹੀ ਐਲ.ਕੇ.ਜੀ.ਦੇ ਨੰਨੇ-ਮੁੰਨੇ ਬੱਚਿਆਂ ਨੇ ਡਾਂਸ ਪੇਸ਼ ਕਰਕੇ ਸਭ ਦੇ ਚਿਹਰਿਆਂ 'ਤੇ ਮੁਸਕਰਾਹਟ ਲਿਆ ਦਿੱਤੀ।ਨਿਰਦੇਸ਼ਕਾ ਬਰਨਿੰਦਰ ਪਾਲ ਸੇਖੋਂ ਨੇ ਬੱਚਿਆਂ ਨੂੰ ਫਿਰ ਤੋਂ ਗ੍ਰੈਜੂਏਟ ਹੋਣ ਦੀ ਵਧਾਈ ਦਿੰਦੇ ਹੋਏ ਪ੍ਰੇਰਨਾਦਾਇਕ ਸ਼ਬਦਾਂ ਨਾਲ ਹੋਰ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਸਤੇ ਪ੍ਰੇਰਿਤ ਕੀਤਾ।ਉਨ੍ਹਾਂ ਸਕੂਲ ਦੇ ਮੁੱਖ ਅਧਿਆਪਕਾ ਤੇ ਅਧਿਆਪਕਾਂ ਦਾ ਬੱਚਿਆਂ ਦੀ ਸਹੀ ਅਗਵਾਈ ਕਰਕੇ ਉਨ੍ਹਾਂ ਨੂੰ ਕਾਮਯਾਬ ਬਣਾਉਣ ਅਤੇ ਅਗਲੇ ਪੜਾਅ ਤੱਕ ਪੁਚਾਉਣ ਲਈ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਆਖਿਆ ਕਿ ਅਧਿਆਪਕ ਇੱਕ ਅਜਿਹਾ ਦੀਵਾ ਹੈ, ਜੋ ਆਪ ਜਲ ਕੇ ਬੱਚਿਆਂ ਨੂੰ ਰੌਸ਼ਨੀ ਦਿੰਦਾ ਹੈ।ਸਕੂਲ ਦੇ ਮੁੱਖ ਅਧਿਆਪਕਾ ਸ੍ਰੀਮਤੀ ਛਾਇਆ ਵਿਨੋਚਾ ਨੇ ਨਿਰਦੇਸ਼ਕਾ ਮੈਡਮ ਦਾ ਧੰਨਵਾਦ ਕਰਦੇ ਹੋਏ ਬੱਚਿਆਂ ਨੂੰ ਗ੍ਰੈਜੂਏਟ ਹੋਣ ਦੀ ਵਧਾਈ ਦਿੱਤੀ।ਬਾਅਦ ਵਿੱਚ ਛੋਟੇ-ਛੋਟੇ ਬੱਚਿਆਂ ਨੇ ਵੀ ਆਪਣੇ ਸੁੰਦਰ ਸ਼ਬਦਾਂ ਨਾਲ ਉਨ੍ਹਾਂ ਦੀ ਕਾਮਯਾਬੀ ਵਿੱਚ ਸਾਥ ਦੇਣ ਵਾਲੇ ਅਧਿਆਪਕਾਂ ਦਾ ਧੰਨਵਾਦ ਕੀਤਾ।ਬੱਚਿਆਂ ਦੇ ਚਿਹਰਿਆਂ 'ਤੇ ਨਵੀਂਆਂ ਪੁਲਾਂਘਾਂ ਪੁੱਟਣ ਦੀ ਖੁਸ਼ੀ ਨਜ਼ਰ ਆ ਰਹੀ ਸੀ।ਅੰਤ ਰਾਸ਼ਟਰੀ ਗਾਣ ਨਾਲ ਇਸ ਗ੍ਰੈਜੂਏਸ਼ਨ ਸਮਾਰੋਹ ਦੀ ਸਮਾਪਤੀ ਕੀਤੀ ਗਈ।

## ਸਲਾਈਟ ਦੇ ਪ੍ਰੋਫੈਸਰ ਸ਼ੰਕਰ ਸਿੰਘ ਨੂੰ ਮਿਲਿਆ ਪੇਟੈਂਟ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲਜੀ (ਡੀਮਡ ਯੂਨੀਵਰਸਿਟੀ) ਦੇ ਮਕੈਨੀਕਲ ਇੰਜਨੀਅਰਿੰਗ ਵਿਭਾਗ ਦੇ ਪ੍ਰੋਫ਼ੈਸਰ ਸ਼ੰਕਰ ਸਿੰਘ ਨੂੰ ਬੀਤੇ ਦਿਨੀਂ 20 ਸਾਲਾਂ ਦੀ ਮਿਆਦ ਲਈ 'ਰੀਜਨਰੇਟਿਵ ਇਲੈਕਟ੍ਰੋਮੈਗਨੈਟਿਕ ਸ਼ੌਕ ਐਬਸਰਬਰ' ਨਾਮ ਦੀ ਇੱਕ ਕਾਢ ਲਈ ਇੱਕ ਪੇਟੈਂਟ ਦਿੱਤਾ ਗਿਆ ਹੈ। ਇਹ ਪੇਟੈਂਟ ਐਕਟ 1970 ਦੇ ਉਪਬੰਧਾਂ ਅਨੁਸਾਰ ਹੈ। ਇਹ ਪੇਟੈਂਟ ਨੰਬਰ 516990 ਪੂਰੀ ਉਪਯੋਗਤਾ ਪੇਟੈਂਟ ਹੈ। ਪੇਟੈਂਟ ਐਪਲੀਕੇਸ਼ਨ ਨੰਬਰ 4077/ਐੱਮ ਯੂ ਐੱਮ/2015 ਭਾਰਤ ਸਰਕਾਰ ਦੇ ਪੇਟੈਂਟ ਦਫਤਰ ਦੁਆਰਾ 28/02/2024 ਨੂੰ ਪੇਟੈਂਟ ਦੇ ਰਜਿਸਟਰ 'ਚ ਮਨਜ਼ੂਰ ਤੇ ਰਜਿਸਟਰ ਕੀਤਾ ਗਿਆ ਸੀ। ਹੋਰ ਖੋਜਕਰਤਾਵਾਂ ਵਿੱਚ ਡਾ. ਨਿਤਿਨ ਵਿਜੇ ਸਤਪੁਤੇ, ਸਾਬਕਾ ਪੀ ਐੱਚ ਡੀ ਸਕਾਲਰ (ਮਕੈਨੀਕਲ) ਸਲਾਇਟ, ਡਾ. ਲਲਿਤ ਕੁਮਾਰ ਮਾਈਕੁਲਾਲ ਜੁਗੁਲਕਰ, ਸਾਬਕਾ ਪੀਐੱਚਡੀ ਸਕਾਲਰ (ਮਕੈਨੀਕਲ) ਸਲਾਇਟ ਤੇ ਪ੍ਰੋ. ਸੁਰੇਸ਼ ਮਾਰੂਤੀ ਸਾਵੰਤ (ਸ਼ਿਵਾਜੀ ਯੂਨੀਵਰਸਿਟੀ ਕੋਲਹਾਪੁਰ ਮਹਾਰਾਸ਼ਟਰ) ਵੀ ਸ਼ਾਮਲ ਸਨ। ਪ੍ਰੋਫੈਸਰ ਸ਼ੰਕਰ ਸਿੰਘ ਤੇ ਖੋਜਕਾਰਾਂ ਦੀ ਟੀਮ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਇਹ ਪੇਟੈਂਟ ਨਾ ਸਿਰਫ਼ ਉਨ੍ਹਾਂ ਦੇ ਸਮਰਪਣ ਤੇ ਮੁਹਾਰਤ ਨੂੰ ਦਰਸਾਉਂਦਾ ਹੈ, ਸਗੋਂ ਮਕੈਨੀਕਲ ਤੇ ਆਟੋਮੋਬਾਈਲ ਇੰਜਨੀਅਰਿੰਗ ਦੇ ਖੇਤਰ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ।

## ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਪ੍ਰਧਾਨ ਡਾ. ਕੌਸ਼ਲ ਸਨਮਾਨਤ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਵੱਖ ਵੱਖ ਸਰਕਾਰੀ, ਅਰਧ-ਸਰਕਾਰੀ, ਬੈਂਕਾਂ, ਜੁਡੀਸ਼ਰੀ ਵਿੱਚੋਂ ਸੇਵਾ ਮੁਕਤ ਹੋਏ ਅਧਿਕਾਰੀਆਂ, ਕਰਮਚਾਰੀਆਂ ਤੇ ਸਮਾਜ ਸੇਵੀਆਂ ਦੀ ਸੰਸਥਾ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਬਜ਼ੁਰਗਾਂ ਦੀ ਨੋਰੋਈ ਸਿਹਤ ਤੇ ਮਨੋਰੰਜਨ ਲਈ ਸੱਭਿਆਚਾਰਕ ਤੇ ਸਨਮਾਨ ਸਮਾਰੋਹ ਦਾ ਸਮੇਂ ਸਮੇਂ ਆਯੋਜਨ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਦੀ ਨਰੋਈ ਤੇ ਤੰਦਰੁਸਤ ਸਿਹਤ ਮੈਡੀਕਲ ਚੈੱਕਅਪ ਕੈਂਪ ਤੇ ਵਾਤਾਵਰਨ ਦੀ ਸ਼ੁਧਤਾ ਅਤੇ ਜ਼ਰੂਰਤਮੰਦਾਂ ਦੀ ਸਹਾਇਤਾ ਕੀਤੀ ਜਾਂਦੀ ਹੈ। ਇਹ ਵਿਚਾਰ ਐਸੋਸੀਏਸ਼ਨ ਦੇ ਪ੍ਰਧਾਨ ਰਾਜ ਕੁਮਾਰ ਅਰੋੜਾ ਵੱਲੋਂ ਸੀਨੀਅਰ ਸਿਟੀਜਨ ਭਲਾਈ ਸੰਸਥਾ ਸੰਗਰੂਰ ਦੇ ਪ੍ਰਧਾਨ ਡਾ. ਨਰਵਿੰਦਰ ਕੌਂਸਲ, ਜਨਰਲ ਸਕੱਤਰ ਜਗਜੀਤ ਸਿੰਘ, ਵਿੱਤ ਸਕੱਤਰ ਸ਼ਕਤੀ ਮਿੱਤਲ, ਸ਼ੋਭਾ ਗੁਪਤਾ ਤੇ ਸੀਨੀਅਰ ਮੀਤ ਪ੍ਰਧਾਨ (ਸਰਪ੍ਰਸਤ) ਪ੍ਰੋ: ਸੁਰੇਸ਼ ਗੁਪਤਾ ਨੂੰ ਸਨਮਾਨਤ ਕਰਦਿਆਂ ਪ੍ਰਗਟ ਕੀਤੇ। ਇਸ ਮੌਕੇ ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਸਰਪ੍ਰਸਤ ਸੁਰੇਸ਼ ਗੁਪਤਾ, ਵਾਈਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਖਾਲਸਾ, ਕਰਨੈਲ ਸਿੰਘ ਸੇਖੋਂ, ਕਿਸ਼ੋਰੀ ਲਾਲ, ਓ. ਪੀ. ਖੀਪਲ, ਮੀਤ ਪ੍ਰਧਾਨ ਰਜਿੰਦਰ ਗੋਇਲ, ਰਜਿੰਦਰ ਸਿੰਘ ਚੰਗਾਲ, ਜਨਕ ਰਾਜ ਜੋਸ਼ੀ, ਮੁੱਖ ਸਲਾਹਕਾਰ ਆਰ. ਐੱਲ. ਪਾਂਧੀ, ਆਰਗੇਨਾਈਜ਼ਰ ਰਾਜ ਕੁਮਾਰ ਬਾਂਸਲ, ਸਕੱਤਰ ਜਨਰਲ ਤਿਲਕ ਰਾਜ ਸਤੀਜਾ ਤੇ ਜਸਵੀਰ ਸਿੰਘ ਖਾਲਸਾ ਆਦਿ ਮੌਜੂਦ ਸਨ। ਇਸ ਮੌਕੇ ਜਨਰਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਚੇਅਰਮੈਨ ਰਵਿੰਦਰ ਸਿੰਘ ਗੁੱਡੂ ਨੇ ਆਈਆਂ ਸ਼ਖਸੀਅਤਾਂ ਤੇ ਮਹਿਮਾਨਾਂ ਦਾ ਸਵਾਗਤ ਕੀਤਾ। ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਤੇ ਜਨਰਲ ਸਕੱਤਰ ਜਗਜੀਤ ਸਿੰਘ ਨੇ ਕਿਹਾ ਕਿ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਕੀਤੇ ਜਾ ਰਹੇ ਸਮਾਜਕ ਤੇ ਧਾਰਮਿਕ ਕੰਮ ਸ਼ਲਾਘਾਯੋਗ ਹਨ।

## ਸੀਰਾ ਪੰਨੂ ਸਹਿਕਾਰੀ ਸੁਸਾਇਟੀ ਦੇ ਪ੍ਰਧਾਨ ਥਾਪੇ



**ਭਗਤਾ ਭਾਈ ਕਾ (ਰਾਜੀਵ ਗੋਇਲ)**

ਦੀ ਭਗਤਾ ਪੱਤੀ ਫਫੜਾ ਬਹੁਮੰਤਵੀਂ ਸਹਿਕਾਰੀ ਖੇਤੀਬਾੜੀ ਸਭਾ ਭਗਤਾ ਦੀ ਹੋਈ ਸਰਬਸੰਮਤੀ ਨਾਲ ਚੋਣ ਦਰਮਿਆਨ ਸੀਰਾ ਪੰਨੂ ਨੂੰ ਪ੍ਰਧਾਨ ਚੁਣਿਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਭਾ ਦੇ ਦਸ ਮੈਂਬਰਾਂ ਦੀ ਚੋਣ ਦਰਮਿਆਨ ਆਮ ਆਦਮੀ ਪਾਰਟੀ ਦੇ 6 ਅਤੇ ਅਕਾਲੀ ਦਲ ਤੇ ਕਾਂਗਰਸ ਦੇ 2-2 ਮੈਂਬਰ ਚੁਣੇ ਗਏ ਸਨ, ਜਿਸ ਤੋਂ ਬਾਅਦ ਸੀਰਾ ਪੰਨੂ 'ਤੇ ਸਰਬਸੰਤੀ ਹੋਈ। ਬਿਨਾਂ ਕਿਸੇ ਲੜਾਈ ਝਗੜੇ ਨੇਪਰੇ ਚੜ੍ਹੀ ਇਸ ਚੋਣ ਵਿੱਚ ਪ੍ਰਧਾਨਗੀ ਦਾ ਤਾਜ਼ ਸੀਰਾ ਪੰਨੂ ਸਿਰ ਸਜ਼ਾ ਦਿੱਤਾ ਗਿਆ। ਓਧਰ ਸੀਰਾ ਪੰਨੂ ਦੇ ਸਮਰਥਕਾਂ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਹੈ।

## ਮਸਜਿਦ ਦੇ ਅੱਗੇ ਖੜੇ ਗੰਦੇ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕੀਤਾ ਜਾਵੇ : ਮੁਹੰਮਦ ਯਾਸੀਨ



**ਸੰਗਰੂਰ (ਪ੍ਰਵੀਨ ਸਿੰਘ)**-ਨਾਨਕਪੁਰਾ ਮੁਹੱਲੇ ਵਿੱਚ ਰਿਆਸਤ ਜੀਂਦ ਦੇ ਸਮੇਂ ਤੋਂ ਬਣੀ ਇੱਕ ਮਸਜਿਦ ਜਿੱਥੇ ਇਸਲਾਮ ਧਰਮ ਨੂੰ ਮੰਨਣ ਵਾਲੇ ਮੁਸਲਮਾਨ ਭਰਾ ਪੰਜੇ ਟਾਈਮ ਨਮਾਜ਼ ਅਦਾ ਕਰਨ ਲਈ ਜਾਂਦੇ ਹਨ।ਸਮਾਂ ਤੇ ਹਾਲਾਤ ਬਦਲਣ ਨਾਲ ਮਸਜਿਦ ਤੇ ਉਹਦੇ ਨੇੜੇ-ਤੇੜੇ ਦੀਆਂ ਗਲੀਆਂ ਸੜਕਾਂ ਨਾਲੋਂ ਨੀਵੀਆਂ ਹੋ ਗਈਆਂ, ਜਿਸ ਕਾਰਨ ਮੀਂਹਾਂ ਤੇ ਸੀਵਰੇਜ ਦਾ ਪਾਣੀ ਉਸ ਮਸਜਿਦ ਦੇ ਮੁੱਖ ਦਰਵਾਜ਼ੇ ਦੇ ਅੱਗੇ ਖੜਾ ਹੋ ਜਾਂਦਾ ਹੈ, ਜਿਸ ਕਾਰਨ ਉਸ ਪਾਣੀ ਵਿੱਚੋਂ ਜਿੱਥੇ ਬਦਬੂ ਮਾਰਦੀ ਹੈ, ਉੱਥੇ ਹੀ ਮਸਜਿਦ ਵਿੱਚ ਆਉਣ ਜਾਣ ਵਾਲੇ ਨਮਾਜ਼ੀਆਂ ਨੂੰ ਅਤੇ ਮਸਜਿਦ ਦੀ ਸੇਵਾ ਕਰਨ ਵਾਲੇ ਕਾਜ਼ੀ ਨੂੰ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ।ਇਮਾਮ ਮੁਹੰਮਦ ਸ਼ਹਿਜ਼ਾਦ, ਪ੍ਰਧਾਨ ਮੁਹੰਮਦ ਯਾਸੀਨ ਅਤੇ ਖ਼ਜ਼ਾਨਚੀ ਮੁਹੰਮਦ ਜਮੀਮ ਨਗਰ ਕੌਂਸਲ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਮਸਜਿਦ ਦੇ ਸਾਹਮਣੇ ਖੜਾ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੁ ਲੋਕਾਂ ਨੂੰ ਆਉਣ ਵਾਲੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਨਾ ਪਵੇ।ਸ਼੍ਰੀਮਤੀ ਊਸ਼ਾ ਰਾਣਾ ਪਤਨੀ ਜਗਦੀਸ਼ ਰਾਣਾ ਨਗਰ ਕੌਂਸਲ ਸਫ਼ਾਈ ਸੇਵਕ ਯੂਨੀਅਨ ਦੇ ਸਰਬਸਮਤੀ ਨਾਲ ਪ੍ਰਧਾਨ ਚੁਣੇ ਗਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਸਪੈਕਟਰ ਜੀਤਾ ਰਾਮ ਰਾਣਾ, ਮੇਟ ਸੰਜੇ ਰਮੇਸ਼ ਨਾਥਾ ਰਾਮ, ਰਾਜੂ, ਅਜੇ ਬੇਦੀ ਅਤੇ ਜ਼ਿਲ੍ਹਾ ਪ੍ਰਧਾਨ ਭਾਰਤ ਬੇਦੀ ਹਾਜ਼ਰ ਸਨ।

## ਵੋਟਰਾਂ ਨੂੰ ਈ ਵੀ ਐੱਮ ਤੇ ਵੀ ਵੀ ਪੈਟ ਦੀ ਵਰਤੋਂ ਬਾਰੇ ਕੀਤਾ ਜਾਗਰੂਕ



**ਜਲਾਲਾਬਾਦ (ਜੀਤ ਕੁਮਾਰ)**-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਫਾਜ਼ਿਲਕਾ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਮੁੱਖ ਚੋਣ ਅਫਸਰ ਪੰਜਾਬ ਦੇ ਆਦੇਸ਼ਾਂ ਅਨੁਸਾਰ ਜ਼ਿਲ੍ਹਾ ਵਾਸੀਆਂ ਨੂੰ ਈ ਵੀ ਐੱਮ ਤੇ ਵੀ ਵੀ ਪੈਟ ਦੀ ਵਰਤੋਂ ਸੰਬੰਧੀ ਜਾਗਰੂਕ ਕਰਨ ਲਈ ਜ਼ਿਲ੍ਹਾ ਫਾਜ਼ਿਲਕਾ ਦੇ ਹਰੇਕ ਹਲਕੇ ਵਿੱਚ ਦੋ ਮੋਬਾਇਲ ਵੈਨਾਂ ਚੱਲ ਰਹੀਆਂ ਹਨ। ਇਸੇ ਤਹਿਤ ਅੱਜ ਜਲਾਲਾਬਾਦ ਹਲਕੇ ਵਿੱਚ ਮੋਬਾਇਲ ਵੋਟਰ ਜਾਗਰੂਕਤਾ ਵੈਨ ਨੇ ਹਲਕੇ ਦੇ ਲੋਕਾਂ ਨੂੰ ਜਿੱਥੇ ਵੋਟ ਦੇ ਅਧਿਕਾਰ ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਜਾਗਰੂਕ ਕੀਤਾ, ਉਥੇ ਹੀ ਵੋਟਰਾਂ ਨੂੰ ਈ ਵੀ ਐੱਮ ਤੇ ਵੀ ਵੀ ਪੈਟ ਮਸ਼ੀਨ ਦੀ ਵਰਤੋਂ ਕਰਨ ਸਬੰਧੀ ਜਾਣਕਾਰੀ ਵੀ ਮੁਹੱਈਆ ਕਰਵਾਈ। ਉਨ੍ਹਾ ਦੱਸਿਆ ਕਿ ਇਹ ਮੋਬਾਈਲ ਵੈਨਾਂ 5 ਮਾਰਚ ਤੱਕ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਨਾਗਰਿਕਾਂ ਨੂੰ ਈ ਵੀ ਐੱਮ/ਵੀ ਵੀ ਪੈਟ ਮਸ਼ੀਨਾਂ ਸਬੰਧੀ ਜਾਣਕਾਰੀ ਦੇਣਗੀਆਂ। ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ-ਕਮ-ਸਵੀਪ ਨੋਡਲ ਅਫਸਰ ਸ਼ਿਵਪਾਲ ਗੋਇਲ ਨੇ ਦੱਸਿਆ ਇਹ ਵੈਨਾਂ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਜਾ ਕੇ ਵੋਟਰਾਂ ਨੂੰ ਵੋਟਿੰਗ ਮਸ਼ੀਨਾਂ ਦੇ ਕੰਮ-ਕਾਜ ਬਾਰੇ ਜਾਗਰੂਕ ਕਰ ਰਹੀਆਂ ਹਨ। ਉਨ੍ਹਾ ਕਿਹਾ ਕਿ ਇਸ ਜਾਗਰੂਕਤਾ ਵੈਨ ਵਿੱਚ ਈ ਵੀ ਐੱਮ ਤੇ ਵੀ ਵੀ ਪੈਟ ਮਸ਼ੀਨ ਰੱਖ ਕੇ ਮਾਸਟਰ ਟ੍ਰੇਨਰ ਵੱਲੋਂ ਈ ਵੀ ਐੱਮ ਤੇ ਵੀ ਵੀ ਪੈਟ ਮਸ਼ੀਨ ਦੀ ਵਰਤੋਂ ਕਰਨ ਸਬੰਧੀ ਵੋਟਰਾਂ ਨੂੰ ਜਾਗਰੂਕ ਵੀ ਕੀਤਾ ਜਾ ਰਿਹਾ ਹੈ।

## ਸ਼ਹਿਰ ਨੂੰ ਨਮੂਨੇ ਦਾ ਸ਼ਹਿਰ ਬਣਾਵਾਂਗੇ : ਸਿੱਧੂ



**ਕੋਟ ਈਸੇ ਖਾਂ (ਅਰੋੜਾ)**-ਜਸਵਿੰਦਰ ਸਿੰਘ ਸਿੱਧੂ ਡਾਇਰੈਕਟਰ ਗਮਾਡਾ ਪੰਜਾਬ ਸਰਕਾਰ ਤੇ ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ ਨੇ ਕਿਹਾ ਕਿ ਐੱਮ.ਐੱਲ.ਏ ਹਲਕਾ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ 'ਚ ਸ਼ਹਿਰ ਨੂੰ ਨਮੂਨੇ ਦਾ ਸ਼ਹਿਰ ਬਣਾਉਣ ਲਈ ਵੱਡੇ ਪ੍ਰਾਜੈਕਟ ਲਿਆਂਦੇ ਜਾ ਰਹੇ ਹਨ, ਜਿਸ ਤਹਿਤ ਸੀਵਰੇਜ ਪਲਾਂਟ ਦਾ ਨੀਂਹ ਪੱਥਰ ਰੱਖਿਆ ਜਾ ਚੁੱਕਿਆ ਹੈ।ਮੋਗਾ ਰੋਡ 'ਤੇ ਬੱਸ ਸਟੈਂਡ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਸ਼ਹਿਰ 'ਚ ਸ਼ਾਨਦਾਰ ਪਾਰਕ ਤਿਆਰ ਕੀਤੇ ਜਾ ਰਹੇ ਹਨ।ਲੋਕਾਂ ਨੂੰ ਬਿਜਲੀ ਸਬੰਧੀ ਰਾਹਤ ਦੇਣ ਲਈ ਤੀਜਾ ਫੀਡਰ ਕੱਢਣ ਦਾ ਪ੍ਰੋਸੈਸ ਸ਼ੁਰੂ ਹੋ ਗਿਆ ਹੈ।ਸੁੰਦਰ ਨਗਰ 'ਚ ਸ਼ਾਨਦਾਰ ਸਟੇਡੀਅਮ ਤਿਆਰ ਕੀਤਾ ਗਿਆ ਹੈ।ਮਸੀਤਾਂ ਰੋਡ 'ਤੇ ਟ੍ਰੈਫ਼ਿਕ ਤੋਂ ਨਿਜ਼ਾਤ ਦਿਵਾਉਣ ਲਈ ਪਸ਼ੂ ਹਸਪਤਾਲ ਦਾ ਗੇਟ ਖੋਲ੍ਹ ਕੇ ਪਾਰਕਿੰਗ ਉਥੇ ਕਰ ਦਿੱਤੀ ਗਈ।ਸ਼ਹਿਰ ਦੀ ਐਂਟਰੀ ਤੇ ਸ਼ਾਨਦਾਰ ਗੇਟ ਵਿਚਾਰ ਅਧੀਨ ਹਨ।ਸ਼ਹਿਰ 'ਚ ਟ੍ਰੈਫ਼ਿਕ ਦੇ ਸਮੱਸਿਆ ਹੱਲ ਲਈ ਰੇਹੜੀ ਮਾਰਕੀਟ ਬਣਾਉਣ ਦੀ ਪ੍ਰਪੋਜ਼ਲ ਹੈ।ਇਸ ਤੋਂ ਇਲਾਵਾ ਸ਼ਹਿਰ 'ਚ ਕੋਈ ਵੀ ਗਲੀ ਕੱਚੀ ਨਹੀਂ ਰਹਿਣ ਦਿੱਤੀ ਜਾਵੇਗੀ।ਧਰਮਕੋਟ ਰੋਡ 'ਤੇ ਇੱਕ ਗਲੀ ਜੋ ਕਲੋਨੀ ਅਧੀਨ ਆਉਂਦੀ ਹੈ, ਐਮ ਐਲ ਏ ਦੇ ਧਿਆਨ 'ਚ ਲਿਆ ਕੇ ਪੱਕੀ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪ੍ਰਧਾਨ ਪ੍ਰਕਾਸ਼ ਸਿੰਘ ਰਾਜਪੂਤ ਸਮੇਤ ਸ਼ਹਿਰ ਦੇ ਸਾਰੇ ਕੌਂਸਲਰ ਆਪਣੇ ਆਪਣੇ ਵਾਰਡ 'ਚ ਦਿਨ-ਰਾਤ ਇਕ ਕਰ ਰਹੇ ਹਨ।

## 12 ਦੀ ਨਰੂੜ ਕਾਨਫਰੰਸ 'ਚ ਹਜ਼ਾਰਾਂ ਕਿਸਾਨ-ਮਜ਼ਦੂਰ ਸ਼ਾਮਲ ਹੋਣਗੇ : ਗਰੇਵਾਲ

**ਜ਼ਿਲ੍ਹਾ ਮੀਟਿੰਗ 'ਚ ਨਰੂੜ ਤੇ ਨਵੀਂ ਦਿੱਲੀ ਦੇ ਪ੍ਰੋਗਰਾਮਾਂ 'ਚ ਭਰਵੀਂ ਸ਼ਮੂਲੀਅਤ ਦਾ ਫੈਸਲਾ**



**ਮਾਨਸਾ (ਆਤਮਾ ਸਿੰਘ ਪਮਾਰ)**

ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਸਾਥੀ ਬਲਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਪੰਜਾਬ ਦੀ ਕੈਰੋਂ ਸਰਕਾਰ ਵੱਲੋਂ ਲਾਏ ਖੁਸ਼ਹੈਸੀਅਤੀ ਟੈਕਸ ਵਿਰੁੱਧ ਲੜੇ ਗਏ ਇਤਿਹਾਸਕ ਜੇਤੂ ਕਿਸਾਨ ਸੰਘਰਸ਼ ਦੇ ਸ਼ਹੀਦਾਂ ਦੀ 65ਵੀਂ ਬਰਸੀ ਪਿੰਡ ਨਰੂੜ (ਫਗਵਾੜਾ) ਵਿਖੇ 12 ਮਾਰਚ ਨੂੰ ਪੰਜਾਬ ਪੱਧਰ ਦਾ ਸਮਾਗਮ ਕਰਕੇ ਮਨਾਈ ਜਾ ਰਹੀ ਹੈ, ਜਿਸ ਵਿੱਚ ਪੰਜਾਬ ਭਰ ਵਿੱਚੋਂ ਹਜ਼ਾਰਾਂ ਕਿਸਾਨ-ਮਜ਼ਦੂਰ ਸ਼ਾਮਲ ਹੋਣਗੇ। ਸਾਥੀ ਗਰੇਵਾਲ ਇੱਥੇ ਟਾਂਡੀਆਂ ਭਵਨ ਵਿਖੇ ਜਥੇਬੰਦੀ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਨੂੰ ਸੰਬੋਧਨ ਕਰਨ ਲਈ ਪਹੁੰਚੇ ਹੋਏ ਸਨ। ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਸਾਥੀ ਦਰਸ਼ਨ ਸਿੰਘ ਧਲੇਵਾਂ ਨੇ ਕੀਤੀ। ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਤੇ ਜ਼ਿਲ੍ਹਾ ਸਕੱਤਰ ਸਾਥੀ ਅਮਰਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਨਰੂੜ ਸਮਾਗਮ ਵਿੱਚ ਮਾਨਸਾ ਜ਼ਿਲ੍ਹੇ ਵਿੱਚੋਂ ਵੱਡੀ ਗਿਣਤੀ 'ਚ ਸਾਥੀ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਵੱਲੋਂ 14 ਮਾਰਚ ਨੂੰ ਨਵੀਂ ਦਿੱਲੀ ਵਿਖੇ ਹੋਣ ਵਾਲੀ ਕਿਸਾਨ-ਮਜ਼ਦੂਰ ਮਹਾਂ ਪੰਚਾਇਤ 'ਚ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

ਸਾਥੀ ਬਲਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਕਿਸਾਨੀ ਮੰਗਾਂ ਨੂੰ ਲੈ ਕੇ ਖੇਤੀ ਦੇ ਕਾਲੇ ਕਾਨੂੰਨਾਂ ਦੀ ਵਾਪਸੀ ਤੋਂ ਬਾਅਦ ਕੇਂਦਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਲਗਾਤਾਰ ਸੰਘਰਸ਼ ਚੱਲ ਰਿਹਾ ਹੈ, ਪਰ ਮੋਦੀ ਸਰਕਾਰ ਕਿਰਤੀਆਂ, ਕਿਸਾਨਾਂ ਦੀਆਂ ਮੰਗਾਂ ਦੇ ਹੱਲ ਸਬੰਧੀ ਗੰਭੀਰ ਨਹੀਂ, ਸਗੋਂ ਉਲਟਾ ਜਬਰ ਦੇ ਰਾਹ ਪਈ ਹੋਈ ਹੈ।

ਉਨ੍ਹਾ ਕੁੱਲ ਹਿੰਦ ਕਿਸਾਨ ਸਭਾ ਦੀਆਂ ਇਕਾਈਆਂ ਪਿੰਡ ਪਿੰਡ ਬਣਾਉਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਜਥੇਬੰਦੀ ਦਾ ਅਨੇਕਾਂ ਜੇਤੂ ਇਤਿਹਾਸਕ ਕਿਸਾਨ ਸੰਘਰਸ਼ਾਂ-ਅੰਦੋਲਨਾਂ ਦਾ ਸ਼ਾਨਾਮੱਤਾ ਗੌਰਵਮਈ ਇਤਿਹਾਸ ਹੈ। ਉਨ੍ਹਾ ਕਿਹਾ ਕਿ ਬਿਨਾਂ ਰਾਜਨੀਤਕ ਚੇਤੰਨਤਾ ਤੋਂ ਕਿਸਾਨ ਸੰਘਰਸ਼ ਸਮੇਤ ਕੋਈ ਵੀ ਸੰਘਰਸ਼ ਨਹੀਂ ਲੜਿਆ ਜਾ ਸਕਦਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਸਵੰਤ ਸਿੰਘ ਬੀਰੋਕੇ, ਨਛੱਤਰ ਸਿੰਘ ਢੈਪਈ, ਗੁਰਪ੍ਰੀਤ ਸਿੰਘ ਬਰਨ, ਬਲਜੀਤ ਸਿੰਘ ਦਿਓਲ, ਸੁਰੇਸ਼ ਕੁਮਾਰ ਮਾਨਸਾ ਆਦਿ ਹਾਜ਼ਰ ਸਨ।

## ਬੱਚਿਆਂ ਨੂੰ ਸਿੱਖਿਆ ਦੇ ਖੇਤਰ 'ਚ ਕਿਸੇ ਵੀ ਕਿਸਮ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ : ਗੈਰੀ ਵੜਿੰਗ




**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**

ਬੱਚਿਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਕਿਸੇ ਵੀ ਕਿਸਮ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਅਮਲੋਹ ਤੋਂ ਵਿਧਾਇਕ ਸ਼੍ਰੀ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਸਕੂਲ ਆਫ਼ ਐਮੀਨੈਂਸ, ਅਮਲੋਹ ਨੂੰ ਲੋਕ ਅਰਪਣ ਕਰਨ ਮੌਕੇ ਕੀਤਾ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਤੇ ਮੁੱਖ ਮੰਤਰੀ ਦਿੱਲੀ ਸ੍ਰੀ ਅਰਵਿੰਦ ਕੇਜਰੀਵਾਲ ਵੱਲੋਂ ਲੁਧਿਆਣਾ ਵਿਖੇ 13 ਸਕੂਲ ਆਫ਼ ਐਮੀਨੈਂਸ ਦਾ ਵਰਚੁਅਲ ਉਦਘਾਟਨ ਕੀਤਾ। ਸ਼੍ਰੀ ਬੜਿੰਗ ਨੇ ਦੱਸਿਆ ਕਿ ਸਕੂਲ ਆਫ਼ ਐਮੀਨੈਂਸ ਅਮਲੋਹ ਤੇ ਕਰੀਬ ਢਾਈ ਕਰੋੜ ਰੁਪਏ ਖਰਚ ਕੀਤੇ ਹਨ।ਹਲਕਾ ਵਿਧਾਇਕ ਨੇ ਕਿਹਾ ਕਿ ਸਰਕਾਰ ਦੇ ਇਸ ਕ੍ਰਾਂਤੀਕਾਰੀ ਫੈਸਲੇ ਨਾਲ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚੇ ਆਈ.ਏ.ਐਸ. ਤੇ ਆਈ.ਪੀ.ਐਸ. ਵਰਗੀਆਂ ਉਚ ਪਦਵੀਆਂ 'ਤੇ ਪਹੁੰਚ ਸਕਣਗੇ।ਉਨ੍ਹਾਂ ਕਿਹਾ ਕਿ ਕੋਈ ਸਮਾਂ ਸੀ ਜਦੋਂ ਆਮ ਵਿਅਕਤੀ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਹੀ ਤਰਜ਼ੀਹ ਦਿੰਦੇ ਸਨ, ਪ੍ਰੰਤੂ ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਉਪਰਾਲਿਆਂ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਦੀ ਗਿਣਤੀ ਵਿੱਚ ਵੱਡਾ ਇਜ਼ਾਫ਼ਾ ਹੋਇਆ ਹੈ।

ਹਲਕਾ ਵਿਧਾਇਕ ਨੇ ਦੱਸਿਆ ਕਿ ਸਕੂਲ ਆਫ਼ ਐਮੀਨੈਂਸ ਅਮਲੋਹ ਵਿੱਚ ਚੰਗੀ ਤਰ੍ਹਾਂ ਨਾਲ ਲੈਸ ਆਧੁਨਿਕ ਬੁਨਿਆਦੀ ਢਾਂਚਾ ਜਿਵੇਂ ਡਬਲ ਡੈਸਕ, ਟੀਚਰ ਟੇਬਲ, ਟੀਚਰ ਚੇਅਰ, ਅਲਮੀਰਾ, ਲੈਕਚਰ ਸਟੈਂਡ, ਸਫੈਦ ਬੋਰਡ, ਹਰੇ ਬੋਰਡ ,ਬਲਾਇੰਡਸ, ਡਿਸਪਲੇ ਬੋਰਡ ਤੇ ਪ੍ਰੋਜੈਕਟਰ ਦੇ ਨਾਲ ਚੰਗੀ ਤਰ੍ਹਾਂ ਲੈਸ ਹਵਾਦਾਰ ਕਲਾਸ-ਰੂਮ ਹਨ।

ਉਨ੍ਹਾਂ ਦੱਸਿਆ ਕਿ ਇਸ ਸਕੂਲ ਵਿੱਚ ਚੰਗੀ ਤਰ੍ਹਾਂ ਸਜਾਈਆਂ ਅਤੇ ਆਧੁਨਿਕ ਬੁਨਿਆਦੀ ਢਾਂਚੇ ਨਾਲ ਪੂਰੀ ਤਰ੍ਹਾਂ ਲੈਸ 4 ਪ੍ਰਯੋਗਸ਼ਾਲਾਵਾਂ ਹਨ।ਇਸਦੇ ਨਾਲ ਹੀ ਏ ਸੀ ਕੰਪਿਊਟਰ ਲੈਬ, ਆਈਟੀ ਲੈਬਸ, ਸਿਕਿਊਰਿਟੀ ਲੈਬਸ, ਟੇਬਲ, ਕੁਰਸੀਆਂ, ਬਲਾਇੰਡਸ ਅਤੇ ਗ੍ਰਾਫਿਕਸ, ਬਹੁਤ ਸਾਰੀਆਂ ਕਿਤਾਬਾਂ ਵਾਲੀ ਵਿਸ਼ਾਲ ਤੇ ਚੰਗੀ ਹਵਾਦਾਰ ਲਾਇਬ੍ਰੇਰੀ ਦਾ ਨਿਰਮਾਣ ਵੀ ਕੀਤਾ ਗਿਆ ਹੈ।


ਹੌਲਦਾਰ ਤੋਂ ਸਹਾਇਕ ਥਾਣੇਦਾਰ ਬਣੇ ਕੁਲਦੀਪ ਸਿੰਘ ਨੂੰ ਸਟਾਰ ਲਗਾਉਂਦੇ ਹੋਏ ਮੰਡੀ ਗੋਬਿੰਦਗੜ੍ਹ ਦੇ ਥਾਣਾ ਮੁਖੀ ਆਕਾਸ਼ ਦੱਤ ਤੇ ਮੁੱਖ ਮੁਨਸ਼ੀ ਭੁਪਿੰਦਰ ਸਿੰਘ।(ਫੋਟੋ ਤੇ ਵੇਰਵਾ : ਲਖਵੀਰ ਸਿੰਘ, ਹਰਚਰਨ ਉੱਪਲ, ਮੰਡੀ ਗੋਬਿੰਦਗੜ੍ਹ)

# ਕਿਸਾਨ ਮਜ਼ਦੂਰ ਜਥੇਬੰਦੀ ਵੱਲੋਂ ਸੁਨੀਲ ਜਾਖੜ ਦੇ ਕਿਸਾਨ ਵਿਰੋਧੀ ਬਿਆਨ ਦੀ ਸਖ਼ਤ ਨਿਖੇਧੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਤਨਾਮ ਸਿੰਘ ਪੰਨੂੰ, ਸੂਬਾ ਦਫਤਰ ਸਕੱਤਰ ਗੁਰਬਚਨ ਸਿੰਘ ਚੱਬਾ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਵੱਲੋਂ ਐੱਮਐੱਸਪੀ ਦੇ ਗਰੰਟੀ ਕਾਨੂੰਨ ਸਬੰਧੀ ਕਿਸਾਨ ਵਿਰੋਧੀ ਤੇ ਪੰਜਾਬ ਵਿਰੋਧੀ ਦਿੱਤੇ ਗੁੰਮਰਾਹਕੁੰਨ ਬਿਆਨ ਦੀ ਜਥੇਬੰਦੀ ਨੇ ਸਖ਼ਤ ਨਿਖੇਧੀ ਕੀਤੀ ਹੈ।

ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਸਾਰੀਆਂ ਫ਼ਸਲਾਂ ਲਈ ਵਾਤਾਵਰਣ ਢੁੱਕਵਾਂ ਹੈ, ਜੇਕਰ ਸਾਰੀਆਂ ਫ਼ਸਲਾਂ ਉੱਤੇ ਐੱਮਐੱਸਪੀ ਦਾ ਗਰੰਟੀ ਕਾਨੂੰਨ ਬਣ ਜਾਵੇ ਤੇ ਡਾ. ਸੁਆਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ 50 ਮੁਨਾਫ਼ਾ ਜੋੜ ਕੇ ਭਾਅ ਦਿੱਤੇ ਜਾਣ ਤਾਂ ਪੰਜਾਬ ਦਾ ਪਾਣੀ, ਵਾਤਾਵਰਣ, ਕਿਸਾਨੀ ਕਿੱਤਾ ਤੇ ਸਮਾਜਿਕ ਤਾਣਾ ਬਾਣਾ ਆਦਿ ਸਭ ਕੁਝ ਬਚ ਜਾਵੇਗਾ। ਕਿਸਾਨ ਹਰੇਕ ਖਿੱਤੇ ਦੇ ਅਨੁਕੂਲ ਫ਼ਸਲਾਂ ਬੀਜੇਗਾ ਅਤੇ ਹਰੇ ਇਨਕਲਾਬ ਤੋਂ ਪਹਿਲਾ ਵੀ ਬੀਜਦਾ ਰਿਹਾ ਹੈ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਸ਼ੰਭੂ ਤੇ ਖਨੌਰੀ ਬਾਰਡਰਾਂ ਉੱਤੇ ਚੱਲ ਰਹੇ ਮੋਰਚਿਆਂ ਨੂੰ ਹੋਰ ਮਜ਼ਬੂਤ ਕਰਨ ਲਈ ਅਤੇ ਕੇਂਦਰ ਸਰਕਾਰ ਉੱਤੇ ਦਬਾਅ ਬਣਾਉਣ ਲਈ 10 ਮਾਰਚ ਨੂੰ ਪੰਜਾਬ ਸਮੇਤ ਪੂਰੇ ਦੇਸ਼ ਵਿੱਚ 12 ਤੋਂ 4 ਵਜੇ ਤੱਕ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ ਜਿਸਦੀਆਂ ਤਿਆਰੀਆਂ ਪੂਰੇ ਜ਼ੋਰਾਂ ਨਾਲ ਵਿੱਢ ਦਿੱਤੀਆਂ ਗਈਆਂ ਹਨ। ਹਜ਼ਾਰਾਂ ਕਿਸਾਨ, ਮਜ਼ਦੂਰ, ਬੀਬੀਆਂ ਪਰਿਵਾਰਾਂ ਸਮੇਤ ਇਸ ਵਿੱਚ ਸ਼ਾਮਲ ਹੋਣਗੇ।

ਕਿਸਾਨ ਆਗੂਆਂ ਨੇ ਪੰਜਾਬ ਭਰ ਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਕੇਂਦਰ ਸਰਕਾਰ ਖਿਲਾਫ ਮਤੇ ਪਾਉਣ ਦੀ ਅਪੀਲ ਕੀਤੀ ਹੈ ਅਤੇ ਚੱਲ ਰਹੇ ਮੋਰਚਿਆਂ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ ਹੈ। ਕਿਸਾਨ ਆਗੂਆਂ ਨੇ ਅਖੌਤੀ ਬੁੱਧੀਜੀਵੀਆਂ ਅਤੇ ਸਰਕਾਰ ਪੱਖੀ ਚੈਨਲਾਂ ਨੂੰ ਸਖ਼ਤ ਤਾੜਨਾ ਕੀਤੀ ਕਿ ਉਹ ਮੋਦੀ ਸਰਕਾਰ ਦੇ ਹੱਕ ਵਿੱਚ ਬਿਰਤਾਂਤ ਸਿਰਜਣਾ ਬੰਦ ਕਰਨ।

# ਐੱਨ ਆਰ ਆਈ ਦੀ ਅਣਪਛਾਤੇ ਵਿਅਕਤੀ ਵੱਲੋਂ ਗੋਲੀ ਮਾਰ ਕੇ ਹੱਤਿਆ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਬੀਤੀ ਰਾਤ ਪਠਾਨਕੋਟ ਨੈਸ਼ਨਲ ਹਾਈਵੇ ਦੇ ਪਿੰਡ ਪਰਮਾਨੰਦ ਨੇੜੇ ਇੱਕ ਥਾਰ ਗੱਡੀ 'ਚੋਂ ਕਰੀਬ 28 ਤੋਂ 30 ਸਾਲਾ ਨੌਜਵਾਨ ਦੀ ਸ਼ੱਕੀ ਹਾਲਤਾਂ ਵਿੱਚ ਗੋਲੀ ਲੱਗੀ ਲਾਸ਼ ਮਿਲਣ ਦੀ ਖਬਰ ਮਿਲੀ ਹੈ। ਮ੍ਰਿਤਕ ਨੌਜਵਾਨ ਦੀ ਪਹਿਚਾਣ ਹਰਦੇਵ ਸਿੰਘ ਪੁੱਤਰ ਰਮੇਸ਼ ਸਿੰਘ ਵਾਸੀ ਚੱਕ ਅਮੀਰ (ਬਮਿਆਲ) ਵਜੋਂ ਹੋਈ ਹੈ, ਜੋ ਕਿ ਇਸ ਸਮੇਂ ਆਸਟ੍ਰੇਲੀਆ ਵਿੱਚ ਪੀਆਰ ਸੀ।ਹਰਦੇਵ ਸਿੰਘ ਮਾਪਿਆਂ ਦਾ ਇਕਲੌਤਾ ਪੁੱਤਰ ਸੀ ਜੋ ਕਿ ਕਰੀਬ 7 ਸਾਲ ਪਹਿਲਾਂ ਸਟੱਡੀ ਵੀਜ਼ੇ 'ਤੇ ਆਸਟ੍ਰੇਲੀਆ ਗਿਆ ਸੀ। ਕੁਝ ਮਹੀਨੇ ਪਹਿਲਾਂ ਹੀ ਆਪਣੇ ਪਰਿਵਾਰ ਸਮੇਤ ਆਪਣੇ ਪਿੰਡ ਚੱਕ ਅਮੀਰ ਆਇਆ ਸੀ। ਜਾਣਕਾਰੀ ਅਨੁਸਾਰ ਉਹ ਆਪਣੇ ਸਾਲੇ ਨਾਲ ਤਰਨਤਾਰਨ ਵਿਖੇ ਇੱਕ ਵਿਆਹ ਵਿੱਚ ਸ਼ਾਮਲ ਹੋਣ ਗਿਆ ਸੀ। ਆਉਂਦੇ ਸਮੇਂ ਆਪਣੇ ਸਾਲੇ ਨੂੰ ਮਲਿਕਪੁਰ ਨੇੜੇ ਉਤਾਰਨ ਤੋਂ ਬਾਅਦ ਉਕਤ ਨੌਜਵਾਨ ਨੂੰ ਕਿਸੇ ਦਾ ਫੋਨ ਆਇਆ, ਜਿਸ ਕਾਰਨ ਉਹ ਮੁੜ ਗੁਰਦਾਸਪੁਰ ਵੱਲ ਨੂੰ ਆ ਗਿਆ ਤੇ ਰਸਤੇ ਵਿਚ ਪਰਮਾਨੰਦ ਨੇੜੇ ਅਣਪਛਾਤੇ ਵਿਅਕਤੀ ਵੱਲੋਂ ਉਸ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਹਰਦੇਵ ਸਿੰਘ ਦੇ ਪੇਟ 'ਚ ਨੇੜਿਓਂ ਗੋਲੀ ਮਾਰੀ ਗਈ ਸੀ।ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਮ੍ਰਿਤਕ ਆਪਣੇ ਪਿਛੇ ਪਤਨੀ, ਇਕ ਬੇਟੇ ਸਮੇਤ ਬਜ਼ੁਰਗ ਮਾਤਾ ਨੂੰ ਛੱਡ ਗਿਆ ਹੈ।

# ਸਤਿਗੁਰ ਕਬੀਰ ਮੰਦਿਰ ਫੱਜੂਪੁਰ ਵਿਖੇ ਸਾਈਂ ਦਾਸ ਭਗਤ ਦੀ ਯਾਦ 'ਚ ਧਾਰਮਿਕ ਸਮਾਗਮ ਕਰਵਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਤਿਗੁਰ ਕਬੀਰ ਮੰਦਿਰ ਫੱਜੂਪੁਰ (ਧਾਰੀਵਾਲ) ਵਿਖੇ ਸਵ: ਸਾਈਂ ਦਾਸ ਭਗਤ ਦੀ ਯਾਦ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਰਾਗੀ ਜਥਾ ਭਾਈ ਗੁਰਦਿਆਲ ਸਿੰਘ ਲੇਹਲ ਵਲੋਂ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਅਤੇ ਕਰਮ-ਕਾਂਡਾਂ ਤੇ ਵਹਿਮਾਂ ਭਰਮਾਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਬੁਲਾਰਿਆਂ ਨੇ ਸਾਈਂ ਦਾਸ ਭਗਤ ਨੂੰ ਯਾਦ ਕਰਦਿਆਂ ਕਿਹਾ ਕਿ ਭਗਤ ਜੀ ਬਹੁਤ ਹੀ ਨੇਕ ਇਨਸਾਨ ਸਨ, ਜਿਨ੍ਹਾਂ ਦੀ ਪ੍ਰੇਰਨਾ ਸਦਕਾ ਉਨ੍ਹਾਂ (ਸਾਈਂ ਦਾਸ ਭਗਤ) ਦੇ ਸਪੁੱਤਰ ਅਸ਼ਵਨੀ ਫੱਜੂਪੁਰ ਸੀਐਚਟੀ ਜੋ ਕਿ ਪ੍ਰਬੰਧਕ ਕਮੇਟੀ ਸਤਿਗੁਰ ਕਬੀਰ ਮੰਦਿਰ ਫੱਜੂਪੁਰ (ਰਜਿ.) ਪ੍ਰਧਾਨ ਅਤੇ ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਹਨ ਅਤੇ ਆਪਣੀ ਡਿਊਟੀ ਨੂੰ ਪੂਰੀ ਜ਼ਿੰਮੇਵਾਰੀ ਨਾਲ ਨਿਭਾਉਣ ਤੋਂ ਇਲਾਵਾ ਪਰਿਵਾਰਕ ਜ਼ਿੰਮੇਵਾਰੀਆਂ ਦੇ ਨਾਲ ਨਾਲ ਸਮਾਜਸੇਵੀ ਕੰਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈ ਕੇ ਸਮਾਜ ਵਿੱਚ ਚੰਗਾ ਨਾਮਣਾ ਖੱਟ ਰਹੇ ਹਨ। ਇਸ ਮੌਕੇ ਪ੍ਰਧਾਨ ਅਸ਼ਵਨੀ ਫੱਜੂਪਰ ਵੱਲੋਂ ਸਮਾਗਮ ਵਿੱਚ ਪਹੁੰਚੀਆਂ ਸ਼ਖਸੀਅਤਾਂ ਅਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।

# ਚੇਅਰਮੈਨ ਬਹਿਲ ਵੱਲੋਂ ਹਯਾਤ ਨਗਰ 'ਚ ਵਿਕਾਸ ਕਾਰਜਾਂ ਦਾ ਉਦਘਾਟਨ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਗੁਰਦਾਸਪੁਰ ਵਿਧਾਨ ਸਭਾ ਹਲਕੇ ਦੇ ਪਿੰਡ ਹਯਾਤ ਨਗਰ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਕੇਸ਼ੋ ਬਹਿਲ, ਧਰੁਵ ਬਹਿਲ, ਬੀਡੀਪੀਓ ਪ੍ਰਗਟ ਸਿੰਘ, ਮੁਖਦੇਵ ਸਿੰਘ ਆਲੋਵਾਲ ਪ੍ਰਧਾਨ ਕਿਸਾਨ ਵਿੰਗ, ਰਿਟਾਇਰਡ ਪ੍ਰਿੰ. ਕੁਲਦੀਪ ਸਿੰਘ, ਜਸਵਿੰਦਰ ਪਾਲ ਸਿੰਘ, ਪੀਟਰ ਮੱਟੂ, ਓਂਕਾਰ ਸਿੰਘ ਨਾਗੀ, ਸੈਮ ਗਿੱਲ ਪੀਰਾਂ ਬਾਗ ਤੋਂ ਇਲਾਵਾ ਇਲਾਕੇ ਦੇ ਹੋਰ ਮੁਹਤਬਰ ਵੀ ਮੌਜੂਦ ਸਨ।ਇੰਟਰਲਾਕ ਟਾਈਲਾਂ ਅਤੇ ਸੀਵਰੇਜ ਦਾ ਉਦਘਾਟਨ ਕਰਦਿਆਂ ਚੇਅਰਮੈਨ ਬਹਿਲ ਨੇ ਕਿਹਾ ਕਿ ਦੋ ਦਿਨ ਪਹਿਲਾਂ ਪਿੰਡ ਹਯਾਤ ਨਗਰ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਵੀ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸਿਹਤ ਕ੍ਰਾਂਤੀ ਤਹਿਤ ਹੁਣ ਸੂਬੇ ਵਿੱਚ 829 ਆਮ ਆਦਮੀ ਕਲੀਨਿਕ ਲੋਕਾਂ ਨੂੰ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਕਾਰਜਸ਼ੀਲ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਸਮਰਪਿਤ ਕੀਤੇ ਗਏ ਇਹ ਕਲੀਨਿਕ ਉਨ੍ਹਾਂ ਲਈ ਵਰਦਾਨ ਸਾਬਤ ਹੋ ਰਹੇ ਹਨ।ਚੇਅਰਮੈਨ ਬਹਿਲ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਆਪਣੇ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਸੂਬੇ ਦਾ ਰਿਕਾਰਡ ਵਿਕਾਸ ਕੀਤਾ ਗਿਆ ਹੈ।

300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਸਹੂਲਤ ਮਿਲਣ ਨਾਲ 90 ਫ਼ੀਸਦੀ ਤੋਂ ਵੱਧ ਘਰਾਂ ਦਾ ਜ਼ੀਰੋ ਬਿੱਲ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਸੂਬੇ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਵੀ ਵਿਕਾਸ ਪੱਖੋਂ ਸੂਬੇ ਦਾ ਮੋਹਰੀ ਹਲਕਾ ਬਣੇਗਾ।

## ਹਿਊਮਨ ਰਾਈਟਸ ਸੁਰੱਕਸ਼ਾ ਸੁਸਾਇਟੀ ਦੀ ਮੀਟਿੰਗ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੰਸਥਾ ਹਿਊਮਨਜ਼ ਰਾਈਟਸ ਸੁਰੱਕਸ਼ਾ ਸੁਸਾਇਟੀ ਦੀ ਮੀਟਿੰਗ ਧਾਰੀਵਾਲ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਸੁਸਾਇਟੀ ਦੇ ਜ਼ਿਲ੍ਹਾ ਪ੍ਰਧਾਨ ਇੰਜੀਨੀਅਰ ਜੇ. ਪੀ. ਸਿੰਘ ਨੇ ਕੀਤੀ। ਮੀਟਿੰਗ ਦੌਰਾਨ ਆਗੂਆਂ ਨੇ ਸੰਸਥਾ ਵੱਲੋਂ ਕੀਤੇ ਗਏ ਕਾਰਜਾਂ ਦਾ ਲੇਖਾ ਜੋਖਾ ਕੀਤਾ ਗਿਆ ਅਤੇ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਰੂਪਰੇਖਾ ਤਿਆਰ ਕੀਤੀ ਗਈ। ਇਸ ਮੌਕੇ ਸਰਬਸੰਮਤੀ ਨਾਲ ਡਾਕਟਰ ਸਤਨਾਮ ਸਿੰਘ ਨੂੰ ਸੰਸਥਾ ਦਾ ਖਜਾਨਚੀ ਨਿਯੁਕਤ ਕੀਤਾ ਗਿਆ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਇੰਜੀਨੀਅਰ ਜੇ. ਪੀ. ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਸੁਖਦੇਵ ਸਿੰਘ ਚਾਹਲ ਐੱਸਡੀਓ, ਜਨਰਲ ਸਕੱਤਰ ਕੈਪਟਨ ਰਣਧੀਰ ਸਿੰਘ, ਐਕਟਿਵ ਮੈਂਬਰ ਰਾਮਪਾਲ ਬੱਲ, ਕਿਰਪਾਲ ਗਿੱਲ, ਅਸ਼ੋਕ ਕੁਮਾਰ ਸ਼ਰਮਾ, ਜਤਿੰਦਰ ਕੁਮਾਰ, ਸੋਨੂ, ਡਾ: ਸਤਨਾਮ ਸਿੰਘ, ਸਤੀਸ਼ ਕੁਮਾਰ, ਮਨਦੀਪ ਸਿੰਘ ਆਦਿ ਹਾਜ਼ਰ ਸਨ।



# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਪੱਟੀ ਵਿਖੇ ਟੂਰਨਾਮੈਂਟ ਕਰਵਾਏ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਅਜੋਕੀ ਪੀੜ੍ਹੀ ਨੂੰ ਨਸ਼ਿਆਂ ਤੋਂ ਹਟਾ ਕੇ ਖੇਡਾਂ ਵੱਲ ਪ੍ਰੇਰਿਤ ਕਰਨ ਦੇ ਮੰਤਵ ਨਾਲ ਖੇਡਾਂ ਵਤਨ ਪੰਜਾਬ ਦੀਆਂ ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ ਜਿਸਨੂੰ ਸੂਬੇ ਅੰਦਰ ਭਰਵਾਂ ਹੁੰਗਾਰਾ ਮਿਲਿਆ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਪੱਟੀ ਦੇ ਖੇਡ ਸਟੇਡੀਅਮ ਵਿਚ ਟੂਰਨਾਮੈਂਟ ਕਰਵਾਏ ਗਏ।ਫੁੱਟਬਾਲ ਖੇਡ ਦੌਰਾਨ ਮਾੜੀ ਮੇਘਾ ਅਤੇ ਪੰਡੋਰੀ ਰਣ ਸਿੰਘ ਦੀਆਂ ਟੀਮਾਂ ਵਿਚਾਲੇ ਚੱਲ ਰਹੇ ਮੈਚ ਦੌਰਾਨ ਐੱਸਡੀਐੱਮ ਕਿਰਪਾਲ ਵੀਰ ਸਿੰਘ ਤੇ ਸਵੀਪ ਦੇ ਇੰਚਾਰਜ ਨਵਨੀਤ ਵਾਲੀਆ ਨੇ ਟੂਰਨਾਮੈਂਟ 'ਚ ਸ਼ਿਰਕਤ ਕੀਤੀ। ਖਿਡਾਰੀਆਂ ਨਾਲ ਜਾਣ-ਪਹਿਚਾਣ ਕਰਨ ਤੋਂ ਬਾਅਦ ਐੱਸਡੀਐੱਮ ਕਿਰਪਾਲ ਵੀਰ ਸਿੰਘ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਖਿਡਾਰੀਆਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਦਾ ਸਰਮਾਇਆ ਹੁੰਦਾ। ਉਨ੍ਹਾਂ ਚੰਗਾ ਸਮਾਜ ਸਿਰਜਣ ਵੱਲ ਧਿਆਨ ਦੇਣ ਦੀ ਗੱਲ ਆਖੀ।ਖੇਡਾਂ ਵੱਲ ਵੱਧ ਤੋਂ ਵੱਧ ਰੁਚੀ ਪੈਦਾ ਕਰਨ ਦੀ ਤਾਕੀਦ ਕੀਤੀ ਗਈ। ਕਿਰਪਾਲ ਵੀਰ ਸਿੰਘ ਨੇ ਖਿਡਾਰੀਆਂ ਨੂੰ ਵੋਟ ਦੇ ਅਧਿਕਾਰ ਬਾਰੇ ਜਾਣੂ ਕਰਵਾਇਆ।

ਇਸੇ ਸਾਲ ਹੋਣ ਜਾ ਰਹੀਆਂ ਲੋਕ ਸਭਾ, ਪੰਚਾਇਤੀ ਤੇ ਬਲਾਕ ਸੰਮਤੀ ਚੋਣਾਂ ਦੌਰਾਨ ਵੋਟ ਕਰਨੀ ਸਾਡੇ ਲਈ ਕਿੰਨੀ ਜ਼ਰੂਰੀ ਹੈ, ਵੋਟ ਦੇ ਮਹੱਤਵ ਬਾਰੇ ਨੌਜਵਾਨਾਂ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਐੱਸਡੀਐੱਮ ਨੇ ਟੀਮਾਂ ਸਮੇਤ ਨੌਜਵਾਨਾਂ ਤੋਂ ਪ੍ਰਣ ਲਿਆ ਕਿ ਇਸ ਵਾਰ ਵੱਧ ਤੋਂ ਵੱਧ ਵੋਟ ਕਰਕੇ ਦੇਸ਼ ਦੇ ਜ਼ੁੰਮੇਵਾਰ ਨਾਗਰਿਕ ਬਣਨਗੇ ।ਇਸ ਮੌਕੇ ਸੁਖਵਿੰਦਰ ਸਿੰਘ ਸਟੈਨੋ, ਸਾਹਿਬ ਗੁਰਿੰਦਰ ਸਿੰਘ ਐੱਮਟੀਸੀ, ਦਵਿੰਦਰ ਸਿੰਘ ਅਤੇ ਗੋਪੀ ਆਦਿ ਹਾਜ਼ਰ ਸਨ ।

# ਪੁਲਸ ਥਾਣਾ ਮਜੀਠਾ ਦੇ ਪਿੰਡ ਚੰਡੇ ਤੋਂ ਮੋਟਰਸਾਈਕਲ ਚੋਰੀ



ਮਜੀਠਾ (ਸੋਇਮ ਆਨੰਦ)-ਪੁਲਸ ਥਾਣਾ ਮਜੀਠਾ ਅਧੀਨ ਆਉਂਦੇ ਪਿੰਡ ਚੰਡੇ ਨੇੜੇ ਮਜੀਠਾ ਤੋ ਇੱਕ ਸਪਲੈਂਡਰ ਮੋਟਰਸਾਈਕਲ ਚੋਰੀ ਹੋਣ ਦਾ ਸਮਾਚਾਰ ਮਿਲਿਆ ਹੈ ਜਿਸ ਸਬੰਧੀ ਪੀੜਤ ਸੁਰਜੀਤ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਭੋਮਾ ਹਾਲ ਵਾਸੀ ਚੰਡੇ ਨੇ ਦੱਸਿਆ ਕਿ ਮੈਂ ਗੁਰਦੁਆਰਾ ਬਾਬਾ ਮੰਗਲ ਸਿੰਘ ਹਰੀਆਂ ਰੋਡ ਚੰਡੇ ਵਿਖੇ ਆਪਣੀ ਕਣਕ ਨੂੰ ਖਾਦ ਪਾ ਰਿਹਾ ਸੀ ਤੇ ਮੇਰਾ ਸਪਲੈਂਡਰ ਮੋਟਰਸਾਈਕਲ ਪੀ ਬੀ 02 50 3529 ਰੰਗ ਕਾਲਾ ਸੜਕ 'ਤੇ ਲੱਗਾ ਸੀ। ਮੈਂ ਆਪਣੇ ਖੇਤਾਂ ਵਿੱਚ ਖਾਦ ਪਾ ਰਿਹਾ ਸੀ ਕਿ ਦੋ ਅਣਪਛਾਤੇ ਨੌਜਵਾਨ ਮੇਰਾ ਮੋਟਰਸਾਈਕਲ ਚੋਰੀ ਕਰਕੇ ਲੈ ਗਏ ਜਿਸ ਦੀ ਇਤਲਾਹ ਪੁਲਸ ਥਾਣਾ ਮਜੀਠਾ ਵਿਖੇ ਦੇ ਦਿੱਤੀ ਗਈ।ਇਸ ਸਬੰਧੀ ਪੁਲਸ ਥਾਣਾ ਮਜੀਠਾ ਵਿਖੇ ਸੰਪਰਕ ਕੀਤਾ ਗਿਆ ਤਾਂ ਡਿਊਟੀ ਅਫਸਰ ਨੇ ਕਿਹਾ ਕਿ ਜਲਦੀ ਹੀ ਚੋਰਾਂ ਦੀ ਭਾਲ ਕਰ ਲਈ ਜਾਵੇਗੀ।

# ਦਰਪੇਸ਼ ਮੁਸ਼ਕਲਾਂ ਨੂੰ ਲੈ ਕੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਅਹਿਮ ਮੀਟਿੰਗ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਮੈਡੀਕਲ ਪ੍ਰੈਕਟੀਸ਼ਨਰ ਐਸ਼ੋਸ਼ੀਏਸ਼ਨ ਪੰਜਾਬ ਰਜਿ 295 ਦੇ ਸੂਬਾ ਪ੍ਰਧਾਨ ਧੰਨਾ ਮੱਲ ਵੱਲੋਂ ਇਕ ਪ੍ਰੈੱਸ ਨੋਟ ਸਰਕਾਰ ਨੂੰ ਜਾਰੀ ਕਰਦਿਆਂ ਕਿਹਾ ਕਿ ਪਿੰਡਾਂ ਤੇ ਸਲੱਮ ਏਰੀਏ ਵਿੱਚ ਲੋਕਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ ਦੇ ਰਹੇ ਪ੍ਰੈਕਟੀਸ਼ਨਰਜ਼ ਨੂੰ ਆ ਰਹੀਆਂ ਮੁਸ਼ਕਲਾਂ ਅਤੇ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਪ੍ਰੈਕਟੀਸ਼ਨਰਾ ਨਾਲ ਰਜਿਸਟਡ ਕਰਨ ਵਾਲੇ ਵਾਅਦਿਆਂ ਤੋਂ ਜਾਣੂ ਕਰਵਾਇਆ।

ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਬੇਨਤੀ ਕਰਦਿਆ ਕਿਹਾ ਕਿ ਬਿਹਾਰ, ਪੱਛਮੀ ਬੰਗਾਲ ਤੇ ਰਾਜਸਥਾਨ ਦੀ ਤਰਜ਼ 'ਤੇ ਸੂਬੇ ਅੰਦਰ ਕੰਮ ਕਰਦੇ ਪ੍ਰੈਕਟੀਸ਼ਨਰਾਂ ਨੂੰ ਪਾਰਟ ਟਾਈਮ ਟ੍ਰੇਨਿੰਗ ਦੇ ਕੇ ਪ੍ਰੈਕਟਿਸ ਕਰਨ ਦੀ ਕਾਨੂੰਨੀ ਮਾਨਤਾ ਦੇਵੇ ਤਾਂ ਜੋ ਉਹ ਆਮ ਲੋਕਾਂ ਨੂੰ ਹੋਰ ਚੰਗੀਆਂ ਸਿਹਤ ਸੇਵਾਵਾਂ ਦਿੰਦੇ ਰਹਿਣ ਅਤੇ ਆਪਣਾ ਰੋਜ਼ਗਾਰ ਚਲਾਉਂਦੇ ਹੋਏ ਸਰਕਾਰ ਵੱਲੋਂ ਚਲਾਏ ਘਰ-ਘਰ ਰੋਜ਼ਗਾਰ ਅਭਿਆਨ ਵਿੱਚ ਵੀ ਆਪਣਾ ਯੋਗਦਾਨ ਪਾ ਸਕਣ। ਉਨ੍ਹਾਂ ਨੇ ਉਮੀਦ ਜਤਾਈ ਕਿ ਪੰਜਾਬ ਸਰਕਾਰ ਸਾਡੀ ਜੱਥੇਬੰਦੀ ਦੇ ਆਗੂਆਂ ਨੂੰ ਆਪਣਾ ਕੀਮਤੀ ਸਮਾਂ ਦੇ ਕੇ ਸਾਡੀਆਂ ਮੁਸ਼ਕਲਾਂ ਦਾ ਕੋਈ ਪੱਕਾ ਹੱਲ ਕੱਢਗੀ।ਇਸ ਮੌਕੇ ਜ਼ਿਲਾ ਤਰਨਤਾਰਨ ਦੇ ਪ੍ਰਧਾਨ ਨਛੱਤਰ ਸਿੰਘ ਚੀਮਾ, ਯਾਦਵਿੰਦਰ ਸਿੰਘ ਰਾਣਾ ਅਤੇ ਦਵਿੰਦਰ ਸਿੰਘ ਤੁੰਗ ਆਦਿ ਹਾਜ਼ਰ ਸਨ।

## ਸ਼ੁਭਕਰਨ ਸਿੰਘ ਸਬੰਧੀ ਪੰਜਾਬ ਵਿਧਾਨ ਸਭਾ 'ਚ ਚੁੱਕੇ ਸਵਾਲਾਂ ਦਾ ਸਵਾਗਤ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਾਂਗਰਸ ਪਾਰਟੀ ਵੱਲੋਂ ਸ਼ਹੀਦ ਕਿਸਾਨ ਸ਼ੁਭਕਰਨ ਸਿੰਘ ਸਬੰਧੀ ਪੰਜਾਬ ਵਿਧਾਨ ਸਭਾ ਵਿੱਚ ਚੁੱਕੇ ਸਵਾਲਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਜੂਨ 1984 ਦੌਰਾਨ ਸ੍ਰੀ ਅਕਾਲ ਤੱਖਤ ਸਾਹਿਬ ਤੇ ਤੋਪਾਂ ਟੈਂਕਾਂ ਨਾਲ ਹੋਏ ਹਮਲੇ ਦੌਰਾਨ ਮਾਰੀਆਂ ਗਈਆਂ ਨਿਰਦੋਸ਼ ਸੰਗਤਾਂ ਅਤੇ ਬੈਰਕਾਂ ਛੱਡਣ ਵਾਲੇ ਧਰਮੀ ਫੌਜੀਆਂ ਵਿੱਚ 80-90 ਧਰਮੀ ਫੌਜੀਆਂ ਦੀਆਂ ਸ਼ਹਾਦਤਾਂ ਅਤੇ ਸਿੱਖ ਕੌਮ ਦੇ ਨੁਕਸਾਨ ਸਬੰਧੀ ਕਦੇ ਵੀ ਵਿਧਾਨ ਸਭਾ ਅੰਦਰ ਆਵਾਜ਼ ਬੁਲੰਦ ਨਹੀਂ ਕੀਤੀ ਗਈ ਜਿਸ ਦਾ ਸਿੱਖ ਕੌਮ ਅੰਦਰ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਕਿ ਸਿੱਖ ਕੌਮ ਉਪਰ ਸਮੇਂ ਸਮੇਂ 'ਤੇ ਅਨੇਕਾਂ ਹੀ ਹਮਲੇ ਹੋਏ ਜਦਕਿ ਜੂਨ 1984 ਦੌਰਾਨ ਸ੍ਰੀ ਅਕਾਲ ਤਖਤ ਸਾਹਿਬ 'ਤੇ ਹੋਇਆ ਹਮਲਾ ਸਭ ਤੋਂ ਭਿਆਨਕ ਸੀ ਜਿਸ ਵਿੱਚ ਗੋਲੇ ਦਾਗੇ, ਤੋਪਾਂ ਟੈਂਕਾਂ ਦਾ ਹਮਲਾ ਸਭ ਤੋਂ ਖਤਰਨਾਕ ਸੀ ਜਿਸ ਦਾ 39 ਸਾਲ ਬੀਤ ਜਾਣ ਬਾਅਦ ਵੀ ਇਨਸਾਫ ਨਹੀਂ ਮਿਲਿਆ ਅਤੇ ਧਰਮੀ ਫੌਜੀ ਇਨਸਾਫ ਲੈਣ ਲਈ ਸੰਘਰਸ਼ ਕਰ ਰਹੇ ਹਨ। ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸ਼ੁਭਕਰਨ ਸਿੰਘ ਦੇ ਮਸਲੇ ਨੂੰ ਵਿਚਾਰਨ ਦੌਰਾਨ ਸ੍ਰੀ ਅਕਾਲ ਤੱਖਤ ਸਾਹਿਬ ਨੂੰ ਢਹਿ-ਢੇਰੀ ਕਰਨ, ਕਰਵਾਉਣ ਵਾਲੇ ਦੋਸ਼ੀਆਂ ਦਾ ਪਰਦਾਫਾਸ ਕਰਨ ਬਾਰੇ ਤੱਥ ਸਾਹਮਣੇ ਲਿਆਂਦੇ ਜਾਣ।

## ਲੋਕਾਂ ਦੀ ਖੱਜਲ-ਖੁਆਰੀ ਰੋਕਣ ਲਈ ਵਿਸ਼ੇਸ਼ ਕੈਂਪ ਹੋਂਦ 'ਚ ਆਏ: ਜੱਗਾ ਮਜੀਠਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਵਿਚ 700 ਤੋਂ ਵੱਧ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ, ਜਿਨ੍ਹਾਂ ਵਿਚ ਜਿੱਥੇ ਮੁਫਤ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ, ਉਥੇ ਹੀ ਕਈ ਤਰ੍ਹਾਂ ਦੇ ਟੈਸਟ ਵੀ ਮੁਫਤ ਕੀਤੇ ਜਾ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਦੇ ਆਮ ਪਾਰਟੀ ਦੇ ਇੰਚਾਰਜ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਵਿਚ ਮੀਟਿੰਗਾਂ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਜੱਗਾ ਮਜੀਠੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਖੱਜਲ ਖਵਾਰੀ ਨੂੰ ਰੋਕਣ ਦੇ ਲਈ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਵਾ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਜਾ ਰਿਹਾ ਹੈ। ਇਸ ਮੌਕੇ ਆਕਾਸ਼ਦੀਪ ਸਿੰਘ ਮਜੀਠਾ, ਪੀ. ਏ. ਬਚਿੱਤਰ ਸਿੰਘ ਢਿੰਗਨੰਗਲ, ਬਲਬੀਰ ਸਿੰਘ ਬੋਪਾਰਾਏ ਬਲਾਕ ਪ੍ਰਧਾਨ, ਸਰਪੰਚ ਨਿਸਾਨ ਸਿੰਘ ਭੰਗਾਲੀ, ਸਰਪੰਚ ਹਰਗੁਵਿੰਦਰ ਸਿੰਘ, ਸਰਪੰਚ ਹਨੀ ਸਿੰਘ, ਸੁਖਵਿੰਦਰ ਸਿੰਘ ਭੰਗਾਲੀ, ਜਗਜੀਤ ਸਿੰਘ ਜੱਗ, ਸੁਭੇਗ ਸਿੰਘ ਅਬਦਾਲ, ਮਨਹੋਰ ਲਾਲ, ਮਨਜੀਤ ਸਿੰਘ ਭੰਗਵਾ, ਸਮੇਤ ਵੱਡੀ ਗਿਣਤੀ ਵਿਚ 'ਆਪ' ਵਰਕਰ ਹਾਜ਼ਰ ਸਨ।

# ਪਰੀਜਨ ਓਲੰਪਿਕ ਲਈ 42 ਨਜ਼ਰਬੰਦ ਕੈਦੀ ਕੇਂਦਰੀ ਜੇਲ ਅੰਮ੍ਰਿਤਸਰ ਲਈ ਰਵਾਨਾ



ਗੁਰਦਾਸਪੁਰ (ਦਿਨੇਸ਼ ਕੁਮਾਰ)-ਕੇਂਦਰੀ ਜੇਲ ਗੁਰਦਾਸਪੁਰ ਤੋਂ ਨਜ਼ਰਬੰਦ ਕੈਦੀਆਂ ਨੂੰ ਪਰੀਜਨ ਓਲੰਪਿਕ 2024 ਲਈ ਕੇਂਦਰੀ ਜੇਲ ਅੰਮ੍ਰਿਤਸਰ ਲਈ ਰਵਾਨਾ ਕੀਤਾ ਗਿਆ। ਜ਼ਿਕਰਯੋਗ ਹੈ ਕਿ ਅਰੁਣ ਪਾਲ ਸਿੰਘ ਮਾਨਯੋਗ ਵਧੀਕ ਡਾਇਰੈਕਟਰ ਜਨਰਲ ਆਫ ਪੁਲਸ ਜੇਲਾਂ ਵੱਲੋਂ ਕੀਤੇ ਉਪਰਾਲਿਆਂ ਤਹਿਤ ਪੰਜਾਬ ਪਰੀਜਨ ਓਲੰਪਿਕ 2024 ਸ਼ੁਰੂ ਕੀਤਾ ਗਿਆ ਹੈ ਜਿਸ ਦੇ ਤਹਿਤ ਜੇਲ 'ਚ ਬੰਦ ਕੈਦੀਆਂ ਵਿੱਚ ਸਪੋਰਟਸਮੈਨਸ਼ਿਪ ਦੀ ਭਾਵਨਾ ਜਗਾਉਣ ਅਤੇ ਇੱਕ ਚੰਗੇ ਨਾਗਰਿਕ ਬਣ ਕੇ ਸਮਾਜ ਵਿੱਚ ਵਿਚਰਨ ਲਈ ਕੀਤਾ ਗਿਆ ਹੈ ਜਿਸ ਦੀ ਸ਼ੁਰੂਆਤ 2021 ਵਿੱਚ ਪਹਿਲੀ ਵਾਰ ਕੀਤੀ ਗਈ ਸੀ। ਇਸ ਨੂੰ ਮੁੱਖ ਰੱਖਦੇ ਹੋਏ ਕੇਂਦਰੀ ਜੇਲ ਗੁਰਦਾਸਪੁਰ ਵਿੱਚ ਕਰੀਬ ਪਿਛਲੇ ਤਿੰਨ ਮਹੀਨਿਆਂ ਤੋਂ ਜੇਲ ਅੰਦਰ ਨਜ਼ਰਬੰਦ ਕੈਦੀਆਂ ਨੂੰ ਵੱਖ-ਵੱਖ ਖੇਡਾਂ ਦੀ ਪ੍ਰੈਕਟਿਸ ਕਰਵਾਈ ਜਾ ਰਹੀ ਹੈ।

ਇਹ ਪਰੀਜਨ ਓਲੰਪਿਕ ਪਹਿਲਾਂ ਜ਼ੋਨਲ ਲੈਵਲ 'ਤੇ ਅਤੇ ਉਸ ਤੋਂ ਬਾਅਦ ਕੇਂਦਰੀ ਜੇਲ ਪਟਿਆਲਾ ਵਿਖੇ ਫਾਈਨਲ ਮੈਚ ਕਰਵਾਏ ਜਾਣੇ ਹਨ ਜਿਸ ਦੇ ਤਹਿਤ 39 ਮਰਦਾਂ ਅਤੇ ਤਿੰਨ ਔਰਤਾਂ ਨੂੰ ਗੁਰਦਾਸਪੁਰ ਤੋਂ ਕੇਂਦਰੀ ਜੇਲ ਅੰਮ੍ਰਿਤਸਰ ਲਈ ਰਵਾਨਾ ਕੀਤਾ ਗਿਆ। ਪਰੀਜਨ ਓਲੰਪਿਕ ਵਿੱਚ ਕਬੱਡੀ ਲਈ 12 ਕੈਦੀ, ਬੈਡਮਿੰਟਨ ਲਈ 13 ਕੈਦੀ, ਰੱਸਾ ਕੱਸੀ ਲਈ 10 ਕੈਦੀ, ਵਾਲੀਬਾਲ ਲਈ 10 ਕੈਦੀ, ਦੌੜਾਂ ਲਈ ਤਿੰਨ ਕੈਦੀ ਅਤੇ ਲਾਂਗ ਜੰਪ ਲਈ ਇੱਕ ਕੈਦੀ ਭਾਗ ਲਵੇਗਾ ਅਤੇ ਇਸੇ ਤਰ੍ਹਾਂ ਬੈਡਮਿੰਟਨ ਲਈ ਦੋ ਕੈਦੀ ਅਤੇ ਚੈੱਸ ਲਈ ਇੱਕ ਔਰਤ ਕੈਦੀ ਭਾਗ ਲਵੇਗੀ।

ਕੇਂਦਰੀ ਜੇਲ ਗੁਰਦਾਸਪੁਰ ਦੇ ਬੁਲਾਰੇ ਨੇ ਦੱਸਿਆ ਕਿ ਪਰੀਜਨ ਓਲੰਪਿਕ ਖਤਮ ਹੋਣ ਦੇ ਬਾਅਦ ਵੀ ਖੇਡਾਂ ਜੇਲਾਂ ਵਿੱਚ ਨਿਰੰਤਰ ਕਰਵਾਈਆਂ ਜਾਂਦੀਆਂ ਹਨ ਜਿਸ ਕਰਕੇ ਕੈਦੀਆਂ ਦਾ ਮਨ ਚੰਗੇ ਕੰਮਾਂ ਵੱਲ ਪ੍ਰੇਰਿਤ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਪ੍ਰਤੀ ਮਰਦਾਂ ਵਿੱਚ ਵਧੇਰੇ ਉਤਸ਼ਾਹ ਵੇਖਿਆ ਗਿਆ।

# ਪਿਟਬੁਲ ਕੁੱਤੇ ਨੇ 85 ਸਾਲਾ ਬਜ਼ੁਰਗ ਨੂੰ ਬੁਰੀ ਤਰ੍ਹਾਂ ਵੱਢਿਆ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਕਸਬਾ ਹਰਚੋਵਾਲ ਨੇੜਲੇ ਪਿੰਡ ਬਹਾਦਰਪੁਰ ਰਾਜੋਆ ਵਾਸੀ ਇਕ 85 ਸਾਲਾ ਬਜ਼ੁਰਗ ਵਿਅਕਤੀ ਨੂੰ ਖਤਰਨਾਕ ਨਸਲ ਦੇ ਕੁੱਤੇ ਪਿਟਬੁਲ ਵਲੋਂ ਬੁਰਾ ਤਰ੍ਹਾਂ ਨਾਲ ਵੱਢ ਲਿਆ ਗਿਆ। ਜ਼ਖਮੀ ਬਜ਼ੁਰਗ ਛੱਲਾ ਰਾਮ ਨੂੰ ਸਰਕਾਰੀ ਹਸਪਤਾਲ ਗੁਰਦਾਸਪੁਰ ਵਿਖੇ ਦਾਖਿਲ ਕਰਵਾਇਆ ਗਿਆ ਹੈ।ਜ਼ਖਮੀ ਬਜ਼ੁਰਗ ਦੇ ਭਤੀਜੇ ਰਮਨ ਕੁਮਾਰ ਨੇ ਦੱਸਿਆ ਕਿ ਉਸ ਦਾ ਚਾਚਾ ਦੁਪਹਿਰ ਆਪਣੀ ਦੁਕਾਨ ਤੋਂ ਰੋਟੀ ਖਾ ਕੇ ਘਰ ਆ ਰਿਹਾ ਸੀ ਕਿ ਘਰ ਨੇੜੇ ਪਿਟਬੁਲ ਕੁੱਤੇ ਨੇ ਹਮਲਾ ਕਰ ਦਿੱਤਾ।ਸਿਵਲ ਹਸਪਤਾਲ ਵਿਖੇ ਡਿਊਟੀ 'ਤੇ ਮੌਜੂਦ ਐਮਰਜੈਂਸੀ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਕੁੱਤੇ ਦੇ ਵੱਢਣ ਕਾਰਨ ਬਜ਼ੁਰਗ ਦਾ ਮੂੰਹ, ਗਰਦਨ, ਹੱਥ ਅਤੇ ਲੱਤਾਂ ਗੰਭੀਰ ਜ਼ਖ਼ਮ ਹੋ ਗਏ ਹਨ।

# ਖਾਨ ਅਕੈਡਮੀ ਵੱਲੋਂ ਮੈਥ ਪ੍ਰੀਮੀਅਰ ਲੀਗ ਦੇ ਜੇਤੂ ਅਧਿਆਪਕ ਨਰਿੰਦਰ ਸਿੰਘ ਸਨਮਾਨਤ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਖਾਨ ਅਕੈਡਮੀ ਵੱਲੋਂ ਕਰਵਾਏ ਗਏ ਮੈਥ ਪ੍ਰੀਮੀਅਰ ਲੀਗ 'ਚ ਸਰਕਾਰੀ ਹਾਈ ਸਕੂਲ ਮੂਸੇ ਤੋਂ ਜੇਤੂ ਰਹੇ ਮੈਥ ਮਾਸਟਰ ਨਰਿੰਦਰ ਸਿੰਘ ਨੂੰ ਡਾਇਰੈਕਟਰ ਐੱਸਸੀਈਆਰਟੀ ਮੈਡਮ ਅਮਨਿੰਦਰ ਕੌਰ ਵੱਲੋਂ ਸਨਮਾਨਿਤ ਕੀਤਾ ਗਿਆ।ਦੱਸਣਯੋਗ ਹੈ ਕਿ ਰਾਜ ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੀ ਰਹਿਨੁਮਾਈ ਹੇਠ ਖਾਨ ਅਕੈਡਮੀ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਡੀਟੋਰੀਅਮ ਵਿੱਚ ਮੈਥ ਪ੍ਰੀਮੀਅਰ ਲੀਗ 'ਚ ਸ਼ਲਾਘਾਯੋਗ ਪ੍ਰਦਰਸ਼ਨ ਕਰਨ ਵਾਲੇ ਅਧਿਆਪਕਾਂ ਲਈ ਸਨਮਾਨ ਸਮਾਰੋਹ ਦਾ ਅਯੋਜਨ ਕੀਤਾ ਗਿਆ ਸੀ।

ਇੱਥੇ ਇਹ ਦੱਸਣਾ ਬੇਹੱਦ ਜ਼ਰੂਰੀ ਹੈ ਕਿ ਵਿਦਿਆਰਥੀਆਂ ਦੀ ਲਰਨਿੰਗ ਆਊਟਕਮ 'ਚ ਨਿਖ਼ਾਰ ਲਿਆਉਣ ਲਈ ਖਾਨ ਅਕੈਡਮੀ ਵੱਲੋਂ ਮੈਥ ਪ੍ਰੀਮੀਅਰ ਲੀਗ ਕਰਵਾਈ ਗਈ ਸੀ, ਜਿਸ ਵਿੱਚ ਸਰਕਾਰੀ ਹਾਈ ਸਕੂਲ ਮੂਸੇ ਦੇ ਵਿਦਿਆਰਥੀਆਂ ਨੇ ਮੈਥ ਮਾਸਟਰ ਨਰਿੰਦਰ ਸਿੰਘ ਦੀ ਅਗਵਾਈ ਹੇਠ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ ਸੀ।ਇਸ ਮੌਕੇ ਜਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸੁਸ਼ੀਲ ਕੁਮਾਰ ਤੁਲੀ ਵੱਲੋਂ ਮੈਥ ਮਾਸਟਰ ਨਰਿੰਦਰ ਸਿੰਘ ਤੇ ਸਕੂਲ ਮੁਖੀ ਗੁਲਬਾਗ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਆਸ ਪ੍ਰਗਟਾਈ ਗਈ ਕਿ ਆਉਣ ਵਾਲੇ ਸਮੇਂ ਵਿੱਚ ਵੀ ਸਰਕਾਰੀ ਹਾਈ ਸਕੂਲ ਮੂਸੇ ਦੇ ਅਧਿਆਪਕ ਤੇ ਵਿਦਿਆਰਥੀ ਇਸੇ ਤਰ੍ਹਾਂ ਸਕੂਲ ਦਾ ਨਾਂਅ ਰੌਸ਼ਨ ਕਰਦੇ ਰਹਿਣਗੇ।

ਇਸ ਮੌਕੇ ਸਕੂਲ ਮੁਖੀ ਗੁਲਬਾਗ ਸਿੰਘ, ਐੱਸਐੱਸ ਮਾਸਟਰ ਅਮਰਬੀਰ ਸਿੰਘ, ਕੰਪਿਊਟਰ ਅਧਿਆਪਕ ਨਰਿੰਦਰ ਕੁਮਾਰ, ਐੱਸਐੱਸ ਅਧਿਆਪਕਾ ਗੁਰਪ੍ਰੀਤ ਕੌਰ, ਮੈਥ ਮਾਸਟਰ ਉਪਦੀਪ ਸਿੰਘ, ਸਾਇੰਸ ਮਾਸਟਰ ਰਤਨ ਸਿੰਘ, ਕਲਰਕ ਅਜੀਤ ਸਿੰਘ, ਸਾਇੰਸ ਅਧਿਆਪਕਾ ਅਮਨਜੋਤ ਕੌਰ, ਸਾਇੰਸ ਅਧਿਆਪਕਾ ਲਵਪ੍ਰੀਤ ਕੌਰ ਸਮੇਤ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

## ਡਾ. ਇੰਦਰਜੀਤ ਸਿੰਘ ਗਰੋਵਰ ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਦੇ ਪ੍ਰਧਾਨ ਨਿਯੁਕਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਰਜਿ. ਗੁਰਦਆਰਾ ਸੈਕਟਰ 34 ਚੰਡੀਗੜ੍ਹ ਵਿਖੇ ਮੈਂਬਰ ਸਾਹਿਬਾਨ ਦੀ ਸਾਲਾਨਾ ਮੀਟਿੰਗ ਦੀ ਸ਼ੁਰੂਆਤ ਸੋਸਾਇਟੀ ਦੇ ਵਿਦਿਆਰਥੀਆਂ ਵੱਲੋ ਸ਼ਬਦ ਕੀਰਤਨ ਅਰਦਾਸ ਉਪਰੰਤ ਸੋਸਾਇਟੀ ਦੀਆਂ ਗਤੀਵਿਧੀਆਂ ਦੀ ਸਾਲਾਨਾ ਬਜਟ ਨਿਯਮ ਅਨੁਸਾਰ ਹਰ ਦੋ ਸਾਲ ਬਾਅਦ ਨਵੇਂ ਪ੍ਰਧਾਨ ਦੀ ਚੋਣ ਅਤੇ ਸੋਸਾਇਟੀ ਦੀ ਬਿਲਡਿੰਗ ਤੇ ਬਿਜਲੀ ਵਰਤੋਂ ਲਈ ਸੋਲਰ ਸਿਸਟਮ ਲਗਾਉਣ ਦੀ ਪ੍ਰਵਾਨਗੀ ਦਾ ਮਤਾ ਪਾਸ ਕਰਨ ਲਈ ਵਿਚਾਰ ਕੀਤੇ ਗਏ। ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਦੇ ਅਹੁਦੇਦਾਰਾਂ ਵਲੋ ਵੱਖ-ਵੱਖ ਏਜੰਡੇ ਪੜ੍ਹੇ ਗਏ ਅਤੇ ਕਰਨੈਲ ਸਿੰਘ ਰਿਟਾ ਮੇਜਰ ਜਨਰਲ ਵਲੋਂ ਸੰਗਤਾਂ ਵਿੱਚ ਨਵੇਂ ਪ੍ਰਧਾਨ ਦੀ ਚੋਣ ਬਾਰੇ ਨਾਮ ਪੇਸ਼ ਕੀਤੇ ਗਏ ਅਤੇ ਸੰਗਤਾਂ ਵਲੋਂ ਡਾ. ਇੰਦਰਜੀਤ ਸਿੰਘ ਗਰੋਵਰ ਲਈ ਨਵੇਂ ਪ੍ਰਧਾਨ ਦੀ ਚੋਣ ਕਰਨ ਲਈ ਜੈਕਾਰਾ ਛੱਡਿਆ। ਮੀਟਿੰਗ ਵਿੱਚ ਡੀ. ਪੀ. ਸਿੰਘ ਸਾਬਕਾ ਸੀਈਓ ਤਖਤ ਸ੍ਰੀ ਹਜ਼ੂਰ ਸਾਹਿਬ, ਸਾਬਕਾ ਡੀਜੀਐੱਮ ਪੰਜਾਬ ਐਂਡ ਸਿੰਧ ਬੈਂਕ, ਸੋਸਾਇਟੀ ਦੇ ਫਾਊਂਡਰ ਮੈਂਬਰ, ਸਾਬਕਾ ਪ੍ਰਧਾਨ ਅਤੇ ਐਡਵਾਇਜ਼ਰ ਵਲੋਂ ਆਈਆਂ ਸੰਗਤਾਂ ਵੱਲੋਂ ਦਿੱਤੀ ਗਈ ਦਾਨ ਰਾਸ਼ੀ ਅਤੇ ਗੁਰਦਆਰਾ ਸਾਹਿਬ ਦੀ ਮੈਨੇਜਮੈਂਟ ਦੇ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ ਗਿਆ।

# ਚੜ੍ਹਦੇ ਪੰਜਾਬ ਦੇ ਸਾਹਿਤਕਾਰ ਵਰਲਡ ਪੰਜਾਬੀ ਕਾਨਫਰੰਸ ਲਈ ਰਵਾਨਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਦੱਖਣੀ ਏਸ਼ੀਆ ਦੇ ਇਸ ਖਿੱਤੇ ਵਿੱਚ ਅਮਨ-ਸ਼ਾਂਤੀ ਅਤੇ ਵਿਕਾਸ ਨੂੰ ਮੁੱਖ ਰੱਖਦਿਆਂ ਲਹਿੰਦੇ ਪੰਜਾਬ ਦੇ ਲਾਹੌਰ ਸ਼ਹਿਰ ਵਿੱਚ ਕਰਵਾਈ ਜਾਣ ਵਾਲੀ ਵਰਲਡ ਪੰਜਾਬੀ ਕਾਨਫਰੰਸ ਵਿੱਚ ਹਿੱਸਾ ਲੈਣ ਲਈ ਚੜ੍ਹਦੇ ਪੰਜਾਬ ਤੋਂ ਇਕਵੰਜਾ ਮੈਂਬਰੀ ਵਫਦ ਵਾਹਗਾ ਸਰਹੱਦ ਰਾਹੀਂ ਪਾਕਿਸਤਾਨ ਰਵਾਨਾ ਹੋਇਆ। ਕੇਂਦਰੀ ਸਭਾ ਦੇ ਸਕੱਤਰ ਦੀਪ ਦੇਵਿੰਦਰ ਸਿੰਘ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਸਾਹਿਤਕਾਰਾਂ ਦੇ ਵਫਦ ਵੱਲੋਂ ਸਥਾਨਕ ਗੋਲਡਨ ਗੇਟ 'ਤੇ ਗੱਲਬਾਤ ਕਰਦਿਆਂ ਕੇਂਦਰੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸ਼੍ਰੋਮਣੀ ਸ਼ਾਇਰ ਬਲਵਿੰਦਰ ਸੰਧੂ, ਸ਼ਾਇਰ ਜੈਨਇੰਦਰ ਚੌਹਾਨ ਅਤੇ 'ਹੁਣ' ਪਰਚੇ ਦੀ ਸੰਪਾਦਕ ਕਮਲ ਦੁਸਾਂਝ ਨੇ ਕਿਹਾ ਕਿ ਲਹਿੰਦੇ ਪੰਜਾਬ ਦੇ ਲਾਹੌਰ ਸ਼ਹਿਰ ਵਿੱਚ ਹੋ ਰਹੀ ਇਸ ਤਿੰਨ ਰੋਜ਼ਾ ਕਾਨਫਰੰਸ ਵਿੱਚ ਸਾਹਿਤਕਾਰਾਂ ਦਾ ਇਕਵੰਜਾ ਮੈਂਬਰੀ ਵਫਦ ਹਿੱਸਾ ਲੈਣ ਲਈ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਮੁਲਕਾਂ ਤੋਂ ਹਿੱਸਾ ਲੈ ਰਹੇ ਪੰਜਾਬੀ ਵਿਦਵਾਨ ਇਸ ਖਿੱਤੇ ਦੀ ਤਰੱਕੀ ਅਤੇ ਖੁਸ਼ਹਾਲੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਵਿਚਾਰ ਚਰਚਾ ਦੌਰਾਨ ਸਾਂਝੀ ਰਾਏ ਉਸਾਰਨਗੇ।

ਉਨ੍ਹਾਂ ਇਹ ਵੀ ਦੱਸਿਆ ਕਿ ਇਸ ਵਫਦ ਵਿਚ ਹੋਰਨਾਂ ਤੋਂ ਇਲਾਵਾ ਪੰਜਾਬੀ ਸ਼ਾਇਰ ਗੁਰਭਜਨ ਗਿੱਲ, ਪ੍ਰਸਿੱਧ ਗਾਇਕ ਪੰਮੀ ਬਾਈ, ਗਾਇਕ ਰਵਿੰਦਰ ਗਰੇਵਾਲ, ਸਹਿਜ ਪ੍ਰੀਤ ਮਾਂਗਟ, ਫਿਲਮੀ ਅਦਾਕਾਰ ਸੁਨੀਤਾ ਧੀਰ, ਅਨੀਤਾ ਸਬਦੀਸ਼, ਗੁਰਚਰਨ ਕੌਰ ਕੋਚਰ, ਡਾ. ਸੀਮਾ ਗਰੇਵਾਲ, ਜਗਤਾਰ ਭੁੱਲਰ ਅਤੇ ਦਲਜੀਤ ਸਿੰਘ ਸਾਹੀ ਵੀ ਇਸ ਵਫਦ ਦਾ ਹਿੱਸਾ ਹਨ।

# 2 ਕਿੱਲੋ ਹੈਰੋਇਨ ਸਮੇਤ ਨਸ਼ਾ ਸਮੱਗਲਰ ਕਾਬੂ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਗਿਰੋਹ ਨੂੰ ਵੱਡਾ ਝਟਕਾ ਦਿੰਦੇ ਹੋਏ 01 ਵਿਅਕਤੀ ਨੂੰ ਗ੍ਰਿਫਤਾਰ ਕਰਕੇ ਨਸ਼ਾ ਤਸਕਰੀ ਦੇ ਇੱਕ ਵੱਡੇ ਰੈਕੇਟ ਦਾ ਪਰਦਾਫਾਸ਼ ਕੀਤਾ ਹੈ ਅਤੇ ਇਸਦੇ ਕਬਜ਼ੇ 'ਚੋਂ 02 ਕਿਲੋ ਹੈਰੋਇਨ ਬਰਾਮਦ ਹੋਈ ਹੈ।

ਪੁਲਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਫੜੇ ਗਏ ਨਸ਼ਾ ਤਸਕਰ ਦੀ ਪਛਾਣ ਜਸਬੀਰ ਸਿੰਘ ਉਰਫ ਮੱਲ ਉਰਫ ਮੋਟਾ ਵਾਸੀ ਪਿੰਡ ਖਿਆਲਾ ਕਲਾਂ, ਲੋਪੋਕੇ, ਅੰਮ੍ਰਿਤਸਰ ਦਿਹਾਤੀ ਉਮਰ ਕਰੀਬ 21 ਸਾਲ, ਵਜੋਂ ਕੀਤੀ ਹੈ। ਇਹ 12ਵੀਂ ਪਾਸ ਹੈ ਅਤੇ ਖੇਤੀਬਾੜੀ ਕਰਦਾ ਹੈ। ਸਮੱਲਰ 'ਤੇ ਮੁਕੱਦਮਾ ਨੰਬਰ 41 ਮਿਤੀ 02-03-2024 ਜੁਰਮ 21,21(ਸੀ),/61/85 ਐੱਨ.ਡੀ.ਪੀ.ਐੱਸ. ਐਕਟ ਥਾਣਾ ਛੇਹਰਟਾ, ਅੰਮ੍ਰਿਤਸਰ ਵਿਖੇ ਦਰਜ ਰਜਿਸਟਰ ਕੀਤਾ ਗਿਆ ਹੈ।



# ਪੈਦਲ ਸੰਗ ਦਾ ਨਿੱਘਾ ਸਵਾਗਤ



ਕਲਾਨੌਰ (ਮਨਦੀਪ ਕੋਹਲੀ)- ਡੇਰਾ ਬਾਬਾ ਨਾਨਕ ਵਿਖੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ (ਚੋਲਾ ਸਾਹਿਬ) ਮੇਲੇ 'ਚ ਸ਼ਾਮਲ ਹੋਣ ਲਈ ਹੁਸ਼ਿਆਰਪੁਰ ਦੇ ਖੰਡਿਆਲਾ ਸੈਣੀਆਂ ਤੋਂ ਡੇਰਾ ਬਾਬਾ ਨਾਨਕ ਲਈ ਰਵਾਨਾ ਹੋਈ ਸੰਗਤ ਦਾ ਕਲਾਨੌਰ 'ਚ ਪੁੱਜਣ ਤੇ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਹਜ਼ਾਰਾਂ ਦੀ ਗਿਣਤੀ ਵਿੱਚ ਪੈਦਲ ਚੱਲ ਰਹੀ ਸੰਗਤ ਹੱਥਾਂ ਵਿੱਚ ਭਗਵੇਂ ਅਤੇ ਖਾਲਸਾਈ ਝੰਡੇ ਫੜ ਕੇ ਸਤਿਨਾਮ ਵਾਹਿਗੁਰੂ ਦਾ ਜਾਪ ਕਰ ਰਹੀ ਸੀ। ਪਿੰਡ ਕਲਾਨੌਰ, ਪਿੰਡ ਬਖਸ਼ੀਵਾਲਾ, ਸੰਗਤਪੁਰ, ਗੋਸਲ, ਨੜਾਂਵਾਲੀ, ਬਿਸ਼ਨਕੋਟ, ਕੋਟਲਾ, ਬਾਬਾ ਕਾਰ ਜੀ ਸਟੇਡੀਅਮ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ, ਰੁੜਿਆਣਾ ਮੋੜ, ਸਰਜੇਚੱਕ, ਰੂੜਾ ਆਦਿ ਪਿੰਡਾਂ ਦੇ ਲੋਕਾਂ ਵੱਲੋਂ ਪਿਛਲੇ ਇੱਕ ਮਹੀਨੇ ਤੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਖੁਸ਼ੀਪੁਰ, ਅਦਾਲਤਪੁਰ ਆਦਿ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠਾਂ ਦੀ ਲੜੀ ਚਲਾਈ ਗਈ ਅਤੇ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਦਾ ਵੀ ਪ੍ਰਬੰਧ ਕੀਤਾ ਗਿਆ।

# 8 ਨੂੰ ਜ਼ਿਲੇ ਭਰ ਤੋਂ ਵੱਡੀ ਗਿਣਤੀ 'ਚ ਬੀਬੀਆਂ ਸ਼ੰਭੂ ਬਾਰਡਰ 'ਤੇ ਭਰਨਗੀਆਂ ਹਾਜ਼ਰੀ : ਮਾਣੋਚਾਹਲ/ਸ਼ਕਰੀ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਤਰਨਤਾਰਨ ਦੀ ਮੀਟਿੰਗ ਗੁਰਦੁਆਰਾ ਬਾਬਾ ਕਾਹਨ ਸਿੰਘ ਜੀ ਪਿੰਡ ਪਿੱਦੀ ਵਿਖੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਅਤੇ ਹਰਜਿੰਦਰ ਸਿੰਘ ਸ਼ਕਰੀ ਦੀ ਅਗਵਾਈ ਹੇਠ ਕੀਤੀ ਗਈ ਜਿਸ ਵਿੱਚ ਸੂਬੇ ਦੇ ਸੀਨੀਅਰ ਆਗੂ ਸਤਨਾਮ ਸਿੰਘ ਪੰਨੂੰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਜਰਨੈਲ ਸਿੰਘ ਨੂਰਦੀ, ਹਰਬਿਦਰਜੀਤ ਸਿੰਘ ਕੰਗ, ਰੇਸ਼ਮ ਸਿੰਘ ਘੁਰਕਵਿੰਡ, ਧੰਨਾ ਸਿੰਘ ਲਾਲੂਘੁੰਮਣ ਨੇ ਦੱਸਿਆ ਕਿ ਸ਼ੰਭੂ ਬਾਰਡਰ 'ਤੇ ਚਲ ਰਿਹਾ ਮੋਰਚਾ ਚੜ੍ਹਦੀਕਲਾ ਵਿੱਚ ਹੈ, ਮੋਰਚੇ ਵਿੱਚ ਪੂਰੇ ਪੰਜਾਬ ਤੋਂ ਵੱਡੀ ਗਿਣਤੀ ਵਿੱਚ ਲੋਕ ਸਾਥ ਦੇ ਰਹੇ ਹਨ।ਇਸ ਮੌਕੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰਿੰ. ਨਵਤੇਜ ਸਿੰਘ ਏਕਲ ਗੱਡਾ ਤੇ ਭੁਪਿੰਦਰ ਸਿੰਘ ਭਿੰਦਾ ਖਡੂਰ ਸਾਹਿਬ ਨੇ ਦੱਸਿਆ ਕਿ ਮੀਟਿੰਗ ਵਿੱਚ 12 ਫਰਵਰੀ ਤੋਂ ਸ਼ੰਭੂ ਬਾਰਡਰ ਤੇ ਚੱਲ ਰਹੇ ਮੋਰਚੇ ਦੀਆਂ ਰਿਪੋਰਟਾਂ ਲਈਆਂ ਗਈਆਂ। 8 ਨੂੰ ਔਰਤ ਦਿਵਸ ਮੌਕੇ ਸ਼ੰਭੂ ਬਾਰਡਰ ਤੇ ਜ਼ਿਲ੍ਹਾ ਤਰਨਤਾਰਨ ਤੋਂ ਵੱਡੀ ਗਿਣਤੀ ਵਿੱਚ ਬੀਬੀਆਂ ਦੇ ਸ਼ਾਮਿਲ ਹੋਣ ਸਬੰਧੀ ਜੋਨ ਪ੍ਰਧਾਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਤਾਂ ਕਿ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਬੀਬੀਆਂ ਨੂੰ ਲੈ ਕੇ ਮੋਰਚੇ ਵਿੱਚ ਪਹੁੰਚਿਆ ਜਾ ਸਕੇ।ਆਗੂਆਂ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 10 ਮਾਰਚ ਨੂੰ ਪੂਰੇ ਪੰਜਾਬ ਵਿੱਚ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਲਵਿੰਦਰ ਸਿੰਘ ਜੀਉਬਾਲਾ, ਸਤਨਾਮ ਸਿੰਘ ਖੋਜਕੀਪੁਰ, ਸਵਰਨ ਸਿੰਘ ਹਰੀਕੇ, ਕੁਲਦੀਪ ਸਿੰਘ, ਕੁਲਵੰਤ ਸਿੰਘ ਭੈਲ, ਸੁਖਦੇਵ ਸਿੰਘ ਦੁੱਬਲੀ, ਪਾਖਰ ਸਿੰਘ ਲਾਲਪੁਰਾ, ਤਰਸੇਮ ਸਿੰਘ ਏਕਲ ਗੱਡਾ, ਅਜੀਤ ਸਿੰਘ ਚੰਬਾ, ਸੁਖਵਿੰਦਰ ਸਿੰਘ ਦੁਗਲਵਾਲਾ, ਲਖਵਿੰਦਰ ਸਿੰਘ ਪਲਾਸੌਰ, ਅਜਮੇਰ ਸਿੰਘ, ਹਰਦੀਪ ਸਿੰਘ ਜੌਹਲ, ਕੁਲਜੀਤ ਸਿੰਘ ਛੀਨਾ, ਹਰਜਿੰਦਰ ਸਿੰਘ ਘੱਗੇ, ਸ਼ਮਸ਼ੇਰ ਸਿੰਘ, ਰਣਜੀਤ ਕੌਰ ਕੱਲਾ, ਦਵਿੰਦਰ ਕੌਰ ਪਿੱਦੀ, ਸਰਬਜੀਤ ਕੌਰ, ਸੰਦੀਪ ਕੌਰ ਏਕਲ ਗੱਡਾ, ਸਰਬਜੀਤ ਕੌਰ ਅੱਲੋਵਾਲ, ਮਨਬੀਰ ਕੌਰ ਕੋਟਲੀ, ਸਰਬਜੀਤ ਕੌਰ ਏਕਲ ਗੱਡਾ, ਸੁਖਵੰਤ ਕੌਰ ਆਦਿ ਆਗੂ ਹਾਜ਼ਰ ਸਨ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਕੀਤੀ ਗਈ ਵਿਸ਼ਾਲ ਰੈਲੀ



ਚੰਡੀਗੜ੍ਹ ( ਗੁਰਜੀਤ ਬਿੱਲਾ) ਪੰਜਾਬ ਦੇ ਲੱਗਭੱਗ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੇ ਜਾਣ ਦੇ ਰੋਸ ਵਜੋਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਵਿਧਾਨ ਸਭਾ ਬਜਟ ਸੈਸ਼ਨ ਦੇ ਪਹਿਲੇ ਦਿਨ ਸਥਾਨਕ 39 ਸੈਕਟਰ ਦੀ ਅਨਾਜ ਮੰਡੀ ਵਿੱਚ ਵਿਸ਼ਾਲ ਸੂਬਾ ਪੱਧਰੀ ਰੈਲੀ ਕੀਤੀ ਗਈ ਜਿਸ ਵਿੱਚ ਪੰਜਾਬ ਦੇ ਕੋਨੇ-ਕੋਨੇ ਵਿੱਚੋਂ ਪੁੱਜੇ ਹਜ਼ਾਰਾਂ ਮੁਲਾਜ਼ਮ, ਪੈਨਸ਼ਨਰ ਅਤੇ ਮਾਣਭੱਤਾ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੈਲੀ ਨੂੰ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਆਗੂਆਂ ਕਰਮ ਸਿੰਘ ਧਨੋਆ, ਸ਼ਵਿੰਦਰ ਮੋਲੋਵਾਲੀ, ਜਰਮਨਜੀਤ ਸਿੰਘ, ਸਤੀਸ਼ ਰਾਣਾ, ਰਣਜੀਤ ਰਾਣਵਾਂ, ਡਾ. ਐੱਨ. ਕੇ. ਕਲਸੀ, ਭਜਨ ਸਿੰਘ ਗਿੱਲ, ਬਾਜ ਸਿੰਘ ਖਹਿਰਾ, ਗਗਨਦੀਪ ਬਠਿੰਡਾ, ਰਤਨ ਸਿੰਘ ਮਜਾਰੀ, ਹਰਭਜਨ ਪਿਲਖਣੀ, ਰਾਧੇ ਸ਼ਿਆਮ, ਗੁਰਮੇਲ ਮੈਲਡੇ, ਜਸਵੀਰ ਤਲਵਾੜਾ ਅਤੇ ਸ਼ਿੰਗਾਰਾ ਸਿੰਘ ਨੇ ਆਖਿਆ ਕਿ ਪੰਜਾਬ ਸਰਕਾਰ ਉਹਨਾਂ ਆਖਿਆ ਕਿ ਪੰਜਾਬ ਸਰਕਾਰ 01-01-2004 ਉੱਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਪੈਨਸ਼ਨਰਾਂ ਦੀ ਪੈਨਸ਼ਨ ਸੁਧਾਈ ਤੇ 2.59 ਦਾ ਗੁਣਾਂਕ ਲਾਗੂ ਕਰਨ ਕੱਚੇ ਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਪੱਕਾ ਕਰਨ, ਮਾਣ ਭੱਤਾ ਵਰਕਰਾਂ ਤੇ ਘੱਟੋ-ਘੱਟ ਉਜਰਤਾਂ ਕਾਨੂੰਨ ਲਾਗੂ ਕਰਨ, ਖਰਖ ਕਾਲ ਸੰਬੰਧੀ 15-1-2015 ਅਤੇ 09-07-2016 ਦੇ ਨੋਟੀਫਿਕੇਸ਼ਨਾਂ ਨੂੰ ਰੱਦ ਕਰਨ, 17-7-2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਕੇਂਦਰ ਦੀ ਬਜਾਏ ਪੰਜਾਬ ਦੇ ਤਨਖਾਹ ਸਕੇਲ ਲਾਗੂ ਕਰਨ, ਪੇਂਡੂ ਅਤੇ ਬਾਰਡਰ ਏਰੀਆ ਸਮੇਤ ਕੱਟੇ ਗਏ 37 ਭੱਤੇ ਅਤੇ ਏ. ਸੀ. ਪੀ. ਬਹਾਲ ਕਰਨ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਤੇ ਬਕਾਏ ਜਾਰੀ ਕਰਨ, ਜਜ਼ੀਆ ਰੁਪੀ 200 ਰੁਪਏ ਵਿਕਾਸ ਟੈਕਸ ਬੰਦ ਕਰਨ ਤੋਂ ਲੱਗਭੱਗ ਪੂਰੀ ਤਰ੍ਹਾਂ ਮੁਨਕਰ ਹੋ ਗਈ ਹੈ ਜਦੋਂਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਨੂੰ ਅਨੇਕਾਂ ਕਿਸਮ ਦੀਆਂ ਗਰੰਟੀਆਂ ਦਿੱਤੀਆਂ ਗਈਆਂ ਸਨ। ਇਸ ਰੈਲੀ ਵਿੱਚ ਸਾਥੀਆਂ ਸਮੇਤ ਪੁੱਜੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਰੁਲਦੂ ਸਿੰਘ ਮਾਨਸਾ ਨੇ ਸਾਂਝੇ ਫਰੰਟ ਦੇ ਸੰਘਰਸ਼ ਦੀ ਹਮਾਇਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਆਗੂਆਂ ਸੁਖਵਿੰਦਰ ਸਿੰਘ ਚਾਹਲ, ਹਰਦੀਪ ਟੋਡਰਪੁਰ, ਐੱਨ.ਡੀ. ਤਿਵਾੜੀ, ਅਵਿਨਾਸ਼ ਚੰਦਰ, ਸੁਰਿੰਦਰ ਪੁਆਰੀ, ਬੀ.ਐੱਸ. ਸੈਣੀ, ਦਿਗਵਿਜੇ ਪਾਲ ਸ਼ਰਮਾਂ, ਬੋਬਿੰਦਰ ਸਿੰਘ, ਹਰਭਜਨ ਸਿੰਘ ਖੁੰਗਰ, ਗੁਰਪ੍ਰੀਤ ਗੱਡੀਵਿੰਡ, ਅਤਿੰਦਰ ਪਾਲ ਘੱਗਾ, ਗੁਰਜੰਟ ਕੋਕਰੀ, ਸੁਖਜੀਤ ਸਿੰਘ ਤੇ ਜਗਸੀਰ ਸਹੋਤਾ,ਸ਼ਿੰਗਾਰਾਂ ਸਿੰਘ ਨੇ ਆਖਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਲੋਕਾਂ ਨਾਲ ਵਾਅਦਾ ਖ਼ਿਲਾਫ਼ੀ ਕਰਨ ਦੇ ਮਾਮਲੇ ਵਿੱਚ ਪਿਛਲੀਆਂ ਸਰਕਾਰਾਂ ਨੂੰ ਵੀ ਪਿੱਛੇ ਛੱਡ ਗਈ ਹੈ ਜਿਸ ਕਾਰਨ ਨਿੱਤ ਦਿਨ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿੱਚ ਬੇਰੁਜ਼ਗਾਰਾਂ, ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਹੋਰ ਲੋਕਾਂ ਨਾਲ ਪੁਲਸ ਦੁਆਰਾ ਧੱਕਾ ਮੁੱਕੀ ਕੀਤੀ ਜਾਂਦੀ ਹੈ। ਉਹਨਾਂ ਆਖਿਆ ਕਿ ਜੇਕਰ ਪੰਜਾਬ ਸਰਕਾਰ ਦੁਆਰਾ 5 ਮਾਰਚ ਨੂੰ ਪੇਸ਼ ਕੀਤੇ ਜਾਣ ਵਾਲੇ ਬਜਟ ਵਿੱਚ ਉਹਨਾਂ ਦੀਆਂ ਮੰਗਾਂ ਸੰਬੰਧੀ ਠੋਸ ਐਲਾਨ ਨਾ ਕੀਤੇ ਗਏ ਤਾਂ 6 ਅਤੇ 7 ਮਾਰਚ ਨੂੰ ਪੰਜਾਬ ਦੇ ਕੋਨੇ-ਕੋਨੇ ਵਿਚ ਪੰਜਾਬ ਸਰਕਾਰ ਦੇ ਬਜਟ ਦੀਆਂ ਕਾਪੀਆਂ ਫੂਕੀਆਂ ਜਾਣਗੀਆਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਰਸ਼ਨ ਸਿੰਘ ਲੁਬਾਣਾ, ਧਨਵੰਤ ਭੱਠਲ, ਗੁਰਦੀਪ ਸਿੰਘ ਬਾਜਵਾ, ਵਿਕਰਮ ਦੇਵ ਸਿੰਘ, ਸੋਮ ਸਿੰਘ ਗੁਰਦਾਸਪੁਰ, ਬਾਬੂ ਸਿੰਘ, ਜਸਮੇਰ ਸਿੰਘ ਬਾਠ, ਹਰਜੀਤ ਸਿੰਘ ਫਤਿਹਗੜ੍ਹ, ਬੂਟਾ ਸਿੰਘ ਫਾਜ਼ਿਲਕਾ, ਹਰਪ੍ਰੀਤ ਸਿੰਘ ਸੰਧੂ, ਮਨਦੀਪ ਰਾਮ,ਅਮਰਜੀਤ ਸਿੰਘ ਖੋਸਾ, ਸੁਖਜੀਤ ਸਿੰਘ, ਸੁਸ਼ੀਲ ਕੁਮਾਰ ਫੌਜੀ, ,ਮਨਜੀਤ ਸਿੰਘ ਲਹਿਰਾ,ਹਰਵੀਰ ਸਿੰਘ ਢੀਂਡਸਾ, ਤੇਜਿੰਦਰ ਸਿੰਘ ਨੰਗਲ ,ਮਮਤਾ ਸ਼ਰਮਾ ਤੇ ਪ੍ਰਵੀਨ ਬਾਲਾ ਵੀ ਹਾਜ਼ਰ ਸਨ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦੀ ਤਰੀਕ 'ਚ ਵਾਧਾ



ਬਟਾਲਾ (ਡਾ. ਮਲਵਿੰਦਰ)-ਡਾ. ਹਿਮਾਂਸ਼ੂ ਅਗਰਵਾਲ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੀਫ਼ ਕਮਿਸ਼ਨਰ ਗੁਰਦੁਆਰਾ ਚੋਣਾਂ, ਪੰਜਾਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਚੋਣਾਂ ਲਈ ਵੋਟਰ ਸੂਚੀ ਦੀ ਤਿਆਰੀ ਦਾ ਸ਼ਡਿਊਲ ਜਾਰੀ ਕੀਤਾ ਗਿਆ ਸੀ।ਹੁਣ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਪਹਿਲਾਂ ਜਾਰੀ ਸ਼ਡਿਊਲ ਵਿੱਚ ਸੋਧ ਕਰਦੇ ਹੋਏ ਰਿਵਾਈਜ਼ਡ ਸ਼ਡਿਊਲ ਜਾਰੀ ਕੀਤਾ ਗਿਆ ਹੈ ।

ਪਹਿਲਾਂ ਜਾਰੀ ਸ਼ਡਿਊਲ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਚੋਣਾਂ ਲਈ ਵੋਟਰ ਸੂਚੀ ਵਿੱਚ ਰਜਿਸਟਰੇਸ਼ਨ ਲਈ ਫਾਰਮ 21 ਅਕਤੂਬਰ 2023 ਤੋਂ 29 ਫਰਵਰੀ 2024 ਤੱਕ ਪ੍ਰਾਪਤ ਕੀਤੇ ਜਾਣੇ ਸਨ ਪਰੰਤੂ ਹੁਣ ਰਿਵਾਈਜ਼ਡ ਸ਼ਡਿਊਲ ਅਨੁਸਾਰ ਫਾਰਮ ਪ੍ਰਾਪਤ ਕਰਨ ਦੀ ਆਖ਼ਰੀ ਮਿਤੀ ਵਧਾ ਕੇ 30 ਅਪ੍ਰੈਲ 2024 ਤੱਕ ਕਰ ਦਿੱਤੀ ਗਈ ਹੈ ।

# ਸਿਹਤ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਦਮ ਚੁੱਕ ਰਹੀ ਪੰਜਾਬ ਸਰਕਾਰ : ਬਲਕਾਰ ਸਿੰਘ



**ਜਲੰਧਰ (ਸ਼ੈਲੀ ਐਲਬਰਟ)**:- ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ।ਇਥੇ ਇਕ ਚੈਰੀਟੇਬਲ ਹਸਪਤਾਲ ਦਾ ਉਦਘਾਟਨ ਕਰਨ ਮੌਕੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਮੁਫ਼ਤ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ 829 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਖੋਲ੍ਹੇ ਗਏ ਇਹ ਕਲੀਨਿਕ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ ਕਿਉਂਜੋ ਇਨ੍ਹਾਂ ਕੇਂਦਰਾਂ ਵਿੱਚ ਲੱਖਾਂ ਲੋਕਾਂ ਨੂੰ ਬਿਹਤਰੀਨ ਇਲਾਜ ਸਹੂਲਤਾਂ ਮੁਫ਼ਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਸਿਹਤ ਅਤੇ ਸਿੱਖਿਆ ਹਮੇਸ਼ਾ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ ਰਹੀ ਹੈ ਅਤੇ ਇਨ੍ਹਾਂ ਦੋਵਾਂ ਖੇਤਰਾਂ ਨੂੰ ਹੋਰ ਬਿਹਤਰ ਬਣਾਉਣ ਲਈ ਸੂਬਾ ਸਰਕਾਰ ਲਗਾਤਾਰ ਕਾਰਜਸ਼ੀਲ ਹੈ।

ਮੰਤਰੀ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਸੇ ਵਚਨਬੱਧਤਾ ਤਹਿਤ ਸਰਕਾਰ ਨੇ 600 ਯੂਨਿਟ ਮੁਫ਼ਤ ਬਿਜਲੀ, ਸਕੂਲ ਆਫ ਐਮੀਨੈਂਸ, ਮੁੱਖ ਮੰਤਰੀ ਤੀਰਥ ਯਾਤਰਾ, ਘਰ ਬੈਠੇ ਸੇਵਾਵਾਂ ਪ੍ਰਾਪਤ ਕਰਨ ਲਈ ਹੈਲਪਲਾਈਨ ਨੰਬਰ 1076, ਘਰ-ਘਰ ਰਾਸ਼ਨ, 'ਆਪ ਦੀ ਸਰਕਾਰ, ਆਪ ਦੇ ਦੁਆਰ' ਆਦਿ ਸਮੇਤ ਕਈ ਲੋਕਪੱਖੀ ਪਹਿਲਕਦਮੀਆਂ ਕੀਤੀਆਂ ਹਨ।

# ਖਾਲਸਾ ਸਕੂਲ ਦੀ ਓਲਡ ਐਸੋਸੀਏਸ਼ਨ ਦੀ ਮੀਟਿੰਗ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਸਥਾਨਕ ਖਾਲਸਾ ਸਕੂਲ ਵਿਖੇ ਓਲਡ ਸਟੂਡੈਂਟ ਐਸੋਸੀਏਸ਼ਨ ਅਤੇ ਸਕੂਲ ਸਟਾਫ ਸਮੇਤ ਇਲਾਕੇ ਦੇ ਪਤਵੰਤੇ ਸੱਜਣ ਦੀ ਇੱਕ ਸਾਂਝੀ ਮੀਟਿੰਗ ਮੈਨਜਰ ਜਥੇ ਹਰਬੰਸ ਸਿੰਘ ਕੰਧੋਲਾ ਦੀ ਪ੍ਰਧਾਨਗੀ ਹੇਠ ਹੋਈ। ਸਕੂਲ ਪ੍ਰਿੰਸੀਪਲ ਕਿਰਨਜੋਤ ਕੌਰ ਖੰਗੂੜਾ ਨੇ ਦੱਸਿਆ ਕਿ ਮੀਟਿੰਗ ਵਿੱਚ ਸਕੂਲ ਦੇ ਸਟੇਡੀਅਮ ਦੀ ਦਿੱਖ ਸੰਵਾਰਨ ਅਤੇ ਇਸ ਨੂੰ ਸੋਹਣਾ ਬਣਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ ਫੈਸਲਾ ਕੀਤਾ ਕਿ ਸਕੂਲ ਦੇ ਸਟੇਡੀਅਮ ਜੋ ਕਿ ਮੇਨ ਸੜਕ ਦੇ ਨਾਲ ਹੈ, ਦਾ ਗੇਟ ਖੁੱਲ੍ਹਾ ਅਤੇ ਵੱਡਾ ਬਣਾਇਆ ਜਾਵੇਗਾ ਤਾਂ ਜੋ ਕਿ ਸ਼ਹੀਦੀ ਪੰਦਰਵਾੜੇ ਦੌਰਾਨ ਸੰਗਤਾਂ ਨੂੰ ਵੱਧ ਤੋਂ ਵੱਧ ਸਹੂਲਤ ਮਿਲਦੀ ਰਹੇ ਅਤੇ ਨਾਲ ਹੀ ਰੋਸ਼ਨੀ ਦੇ ਪ੍ਰਬੰਧ ਲਈ ਸੋਲਰ ਲਾਈਟਾਂ ਲਗਾ ਕੇ ਇਸ ਦੀ ਲੋੜ ਅਨੁਸਾਰ ਮੁਰੰਮਤ ਕਰਨ ਤੋਂ ਇਲਾਵਾ ਸਟੇਡੀਅਮ ਨੂੰ ਜਾਂਦੇ ਰਸਤਿਆਂ ਦੀ ਦਿੱਖ ਵੀ ਸਵਾਰੀ ਜਾਵੇ। ਸਾਬਕਾ ਪ੍ਰਿੰਸੀਪਲ ਅਜਾਇਬ ਸਿੰਘ ਮਾਂਗਟ ਨੇ ਦੱਸਿਆ ਕਿ ਇਸ ਕੰਮ ਨੂੰ ਕਰਨ ਲਈ ਪ੍ਰਬੰਧਕਾਂ ਵੱਲੋਂ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ ਜੋ ਕਿ ਜਲਦੀ ਹੀ ਉਕਤ ਕੰਮਾਂ ਨੂੰ ਕਰਵਾਉਣ ਵਿੱਚ ਮੱਦਦ ਕਰੇਗੀ। ਇਸ ਮੌਕੇ ਪ੍ਰਗਟ ਸਿੰਘ ਰੌਲੂਮਾਜਰਾ, ਕੈਪਟਨ ਹਰਪਾਲ ਸਿੰਘ, ਸਾਬਕਾ ਪ੍ਰਿੰਸੀਪਲ ਅਮਰਜੀਤ ਸਿੰਘ ਕੰਗ, ਕੁਲਵੰਤ ਸਿੰਘ ਭੂਰੜੇ, ਕੈਪਟਨ ਗੁਰਦੇਵ ਸਿੰਘ ਅਤੇ ਸੁਰਿੰਦਰਪਾਲ ਸਿੰਘ ਆਦਿ ਹਾਜ਼ਰ ਸਨ।

# ਧਰਮ ਪਾਲ ਪੈਂਥਰ ਦਾ 'ਚਰਨ ਦਾਸ ਨਿਧੜਕ' ਯਾਦਗਾਰੀ ਪੁਰਸਕਾਰ ਨਾਲ ਸਨਮਾਨ 10 ਨੂੰ



**ਫਗਵਾੜਾ ( ਜਸਵਿੰਦਰ ਢੱਡਾ, ਡਾ. ਰਮਨ)** ਬਹੁਜਨ ਸਮਾਜ ਦੇ ਕ੍ਰਾਂਤੀਕਾਰੀ ਕਵੀ ਤੇ ਚਿੰਤਕ ਕਪੂਰਥਲਾ ਇਲਾਕੇ ਦੇ ਉੱਘੇ ਸਮਾਜਸੇਵੀ ਬਾਬਾ ਸਾਹਿਬ ਡਾਕਟਰ ਬੀ ਆਰ ਅੰਬੇਡਕਰ ਸੋਸਾਇਟੀ ਰਜਿ ਰੇਲ ਕੋਚ ਫੈਕਟਰੀ ਕਪੂਰਥਲਾ ਦੇ ਜਨਰਲ ਸਕੱਤਰ ਧਰਮ ਪਾਲ ਪੈਂਥਰ ਨੂੰ ਸਾਹਿਤਕ ਅਤੇ ਸਮਾਜ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਦੇ ਬਦਲੇ ਪ੍ਰਗਤੀ ਕਲਾ ਕੇਂਦਰ ਲਾਂਦੜਾ ਰਜਿ. ਜਿਲ੍ਹਾ ਜਲੰਧਰ ਵੱਲੋਂ 10 ਮਾਰਚ ਨੂੰ ਕ੍ਰਾਂਤੀ ਭਵਨ ਪਿੰਡ ਪਾਲ-ਕਦੀਮ ਜ਼ਿਲ੍ਹਾ (ਜਲੰਧਰ) ਵੱਲੋਂ ਕਰਵਾਏ ਜਾ ਰਹੇ ਸੱਤਵੇਂ ਕ੍ਰਾਂਤੀ ਮੇਲੇ 'ਤੇ ਚਰਨ ਦਾਸ ਨਿਧੜਕ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਇਹ ਮੇਲਾ ਵਿਹੜਿਆਂ ਦਾ ਕਲਾਕਾਰ, ਰੰਗਮੰਚ ਦੇ ਸ਼ਹੀਦ ਮਾਸਟਰ ਮੱਖਣ ਕ੍ਰਾਂਤੀ ਜੀ ਦੀ ਯਾਦ ਵਿੱਚ ਹਰੇਕ ਸਾਲ ਕਰਵਾਇਆ ਜਾਂਦਾ ਹੈ। ਚਰਨ ਦਾਸ ਨਿਧੜਕ ਅਜ਼ਾਦੀ ਘੁਲਾਟੀਏ ਅਤੇ ਬਹੁਜਨ ਸਮਾਜ ਦੇ ਉੱਘੇ ਕਵੀ ਸਨ।ਉਨ੍ਹਾਂ ਦੀ ਬਹੁਤ ਹੀ ਮਸ਼ਹੂਰ ਰਚਨਾ ਝੰਡਾ ਚੁੱਕ ਬਗਾਵਤ ਦਾ ਸਾਨੂੰ ਬਾਗੀ ਹੋਣਾ ਦੱਸ ਗਿਆ ਜੋ ਬਾਬਾ ਸਾਹਿਬ ਡਾਕਟਰ ਅੰਬੇਡਕਰ ਦੇ ਜੀਵਨ ਤੇ ਮਿਸ਼ਨ ਨੂੰ ਸਮਰਪਿਤ ਸੀ ਤੇ ਅਕਸਰ ਹੀ ਦਲਿਤਾਂ ਸਮਾਜ ਦੇ ਵਿਹੜਿਆਂ ਵਿੱਚ ਗੂੰਜਦਾ ਹੁੰਦਾ ਸੀ। ਚਰਨ ਦਾਸ ਨਿਧੜਕ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕਰਨ ਤੇ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੋਸਾਇਟੀ ਰਜਿ. ਰੇਲ ਕੋਚ ਫੈਕਟਰੀ ਦੇ ਪ੍ਰਧਾਨ ਕ੍ਰਿਸ਼ਨ ਲਾਲ ਜੱਸਲ, ਸੀਨੀਅਰ ਉਪ ਪ੍ਰਧਾਨ ਸੰਤੋਖ ਰਾਮ ਜਨਾਗਲ, ਉਪ ਪ੍ਰਧਾਨ ਨਿਰਮਲ ਸਿੰਘ, ਚਿੰਤਕ ਨਿਰਵੈਰ ਸਿੰਘ ਸਮਾਜ ਸੇਵਕ ਅਮਰਜੀਤ ਸਿੰਘ ਮੱਲ, ਸ਼੍ਰੀ ਗੁਰੂ ਰਵਿਦਾਸ ਸੇਵਕ ਸਭ ਦੇ ਜਨਰਲ ਸਕੱਤਰ ਝਲਮਣ ਸਿੰਘ, ਉੱਪ ਪ੍ਰਧਾਨ ਨਰੇਸ਼ ਕੁਮਾਰ ,ਕੈਸ਼ੀਅਰ ਰੂਪ ਲਾਲ, ਸਾਬਕਾ ਜਨਰਲ ਸਕੱਤਰ ਮਨਜੀਤ ਸਿੰਘ ਕੈਲਪੁਰੀਆ, ਲੋਕ ਸਾਹਿਤ ਕਲਾ ਕੇਂਦਰ ਦੇ ਪ੍ਰਧਾਨ ਅਸ਼ਵਨੀ ਕੁਮਾਰ ਜੋਸ਼ੀ, ਗੀਤਕਾਰ ਜੈਲਦਾਰ ਸਿੰਘ ਹੱਸਮੁਖ, ਕਹਾਣੀਕਾਰ ਬਲਰਾਜ ਕੋਹਾੜਾ, ਪ੍ਰਿੰਸੀਪਲ ਕੇਵਲ ਸਿੰਘ ਪ੍ਰਵਾਨਾ, ਧਰਮਵੀਰ ਅੰਬੇਡਕਰੀ, ਲਾਰਡ ਬੁੱਧ ਐਜੂਕੈਸ਼ਨ ਟਰੱਸਟ ਕੇ ਪ੍ਰਧਾਨ ਪੂਰਨ ਸਿੰਘ, ਰੂਪ ਲਾਲ ਮੰਡਲ, ਪੂਰਨ ਚੰਦ ਬੋਧ, ਦੇਸ ਰਾਜ, ਗੁਰਦਿਆਲ ਸਿੰਘ, ਕੁਲਵਿੰਦਰ ਸਿੰਘ ਸਿਵੀਆ, ਪੂਰਨ ਚੰਦ ਬੋਧ, ਹਰਮੇਸ਼ ਲਾਲ, ਪ੍ਰਨੀਸ਼ ਕੁਮਾਰ, ਗਿਆਨੀ ਗੁਰਮੁੱਖ ਸਿੰਘ, ਮਦਨ ਲਾਲ ਸੂਦ, ਸੋਨੂੰ ਅਰੀਆਂਵਾਲ, ਜਗਤਾਰ ਸਿੰਘ, ਹੰਸ ਰਾਜ ਬੱਸੀ ਅਤੇ ਕੰਵਲਪ੍ਰੀਤ ਸਿੰਘ ਕੌੜਾ ਆਦਿ ਨੇ ਖੁਸ਼ੀ ਪ੍ਰਗਟ ਕੀਤੀ ।

# ਮਾਂ ਮਾਤੇਸ਼ਵਰੀ ਮੰਦਰ ਢੋਲਵਾਹਾ ਜਨੌੜੀ ਵਿਖੇ ਮਹਾਂ ਸ਼ਿਵਰਾਤਰੀ ਪਰਵ ਉਤਸਵ ਸਮਾਗਮ 8 ਨੂੰ



**ਟਾਂਡਾ ਉੜਮੁੜ,4ਮਾਰਚ (ਉਂਕਾਰ ਸਿੰਘ, ਜਸਵਿੰਦਰ ਸੰਧੂ )**- ਮਾਂ ਮਾਤੇਸ਼ਵਰੀ ਮੰਦਰ ਢੋਲਵਾਹਾ ਜਨੌੜੀ ਵਿਖੇ ਮਹਾਂ ਸ਼ਿਵਰਾਤਰੀ ਪਰਵ ਉਤਸਵ ਦੇ ਮੌਕੇ ਕਰਵਾਏ ਜਾ ਰਹੇ ਸਮਾਗਮ ਦੀਆਂ ਤਿਆਰੀਆਂ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਮੰਦਰ ਦੇ ਸੰਸਥਾਪਕ ਰਵੀ ਗਾਂਧੀ ਦੀ ਅਗਵਾਈ ਵਿੱਚ ਮੰਦਰ ਕਮੇਟੀ ਦੇ ਹੈਡ ਆਫਿਸ ਟਾਂਡਾ ਵਿਖੇ ਇੱਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੰਦਰ ਕਮੇਟੀ ਪ੍ਰਧਾਨ ਅਰਵਿੰਦ ਠਾਕੁਰ, ਮੁੱਖ ਸਲਾਹਕਾਰ ਸਾਬਕਾ ਸਰਪੰਚ ਠਾਕੁਰ ਮੰਗਤ ਰਾਮ ਅਤੇ ਚੇਅਰਮੈਨ ਮਹਾਵੀਰ ਮਸੀਤੀ ਤੋਂ ਇਲਾਵਾ ਵੱਖ-ਵੱਖ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ।

ਮੀਟਿੰਗ 'ਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਰਵੀ ਗਾਂਧੀ, ਅਰਵਿੰਦ ਠਾਕੁਰ, ਮੰਗਤ ਰਾਮ ਅਤੇ ਮਹਾਵੀਰ ਮਸੀਤੀ ਨੇ ਕਿਹਾ ਕਿ 8 ਮਾਰਚ ਨੂੰ ਮਹਾਂ ਸ਼ਿਵਰਾਤਰੀ ਪਰਬ ਉਤਸਵ ਦੇ ਮੌਕੇ ਮੰਦਰ ਵਿੱਚ ਸਵੇਰੇ ਪੂਜਾ ਅਰਚਨਾ ਕਰਨ ਉਪਰੰਤ ਹਵਨ ਯੱਗ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੰਦਰ ਦੀ ਸਜਾਵਟ ਲਈ ਜੰਗੀ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ ਅਤੇ ਸ਼ਰਧਾਲੂਆਂ ਲਈ ਔਰਤਾਂ ਤੇ ਮਰਦਾਂ ਦੇ ਬੈਠਨ ਲਈ ਵੱਖ-ਵੱਖ ਇੰਤਜਾਮ ਲਈ ਮੰਦਰ ਦੇ ਵਲੰਟੀਰਾਂ ਦੀ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਮੰਦਰ ਵਿੱਚ ਸਥਾਪਿਤ ਸ਼ਿਵਲਿੰਗ ਤੇ ਜਲ ਚੜਾਉਣ ਦੀ ਰਸਮ 8 ਮਾਰਚ ਨੂੰ ਸਾਰਾ ਦਿਨ ਰਾਤ ਚਲਦੀ ਰਹੇਗੀ।

# ਗੁਰੂ ਰਵਿਦਾਸ ਦਾ 647ਵਾਂ ਆਗਮਨ ਪੂਰਬ ਤੇ ਰਵਿਦਾਸੀਆ ਧਰਮ ਦਾ 15ਵਾਂ ਸਥਾਪਨਾ ਦਿਵਸ ਮਨਾਇਆ





**ਅਲਾਵਲਪੁਰ (ਮਦਨ ਬੰਗੜ)**- ਰਵਿਦਾਸੀਆ ਧਰਮ ਪ੍ਰਚਾਰ ਸਥਾਨ ਕਾਹਨਪੁਰ ਜਲੰਧਰ ਵਿਖੇ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਆਗਮਨ ਪੂਰਬ ਅਤੇ ਰਵਿਦਾਸੀਆ ਧਰਮ ਦਾ 15ਵਾਂ ਸਥਾਪਨਾ ਦਿਵਸ ਸੰਤ ਸੁਰਿੰਦਰ ਦਾਸ ਬਾਵਾ ਜੀ ਦੀ ਸਰਪ੍ਰਸਤੀ ਹੇਠ ਉਤਸ਼ਾਹ ਪੂਰਵਕ ਮਨਾਇਆ ਗਿਆ।

ਅੰਮ੍ਰਿਤ ਵੇਲੇ ਤੋਂ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਜਾਪਾਂ ਦੀ ਸੰਪੂਰਨਤਾ ਹੋਈ।ਆਰਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਸੰਤ ਸੁਰਿੰਦਰ ਦਾਸ ਬਾਵਾ ਨੇ ਜਗਤ ਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਜੀਵਨ ਸੰਘਰਸ਼, ਕ੍ਰਾਂਤੀਕਾਰੀ ਸਮਾਜਵਾਦੀ, ਕਲਿਆਣਕਾਰੀ ਅਤੇ ਅਧਿਆਤਮਿਕ ਵਿਚਾਰਧਾਰਾ ਅਤੇ ਰਵਿਦਾਸੀਆਂ ਧਰਮ ਦੇ ਵਿਸ਼ਵ ਭਰ ਵਿੱਚ ਹੋ ਰਹੇ ਪ੍ਰਚਾਰ ਪ੍ਰਸਾਰ 'ਤੇ ਚਾਨਣਾ ਪਾਇਆ। ਉਨ੍ਹਾਂ ਆਖਿਆ ਕਿ ਜਗਤ ਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਉਪਦੇਸ਼ ਅੰਮ੍ਰਿਤ ਬਾਣੀ ਦੇ ਰੂਪ ਵਿਸ਼ਵ ਦੇ ਕੋਨੇ-ਕੋਨੇ ਵਿੱਚ ਪਹੁੰਚ ਰਹੇ ਹਨ । ਉਨ੍ਹਾਂ ਨੇ ਬੱਚਿਆਂ ਨੂੰ ਵੱਧ ਤੋਂ ਵੱਧ ਵਿਦਿਆ ਪੜਾਉਣਾ, ਆਪਣੇ ਮੂਲ ਨਾਲ ਜੁੜ ਕੇ ਰਹਿਣ, ਨਸ਼ਿਆਂ ਤੋਂ ਦੂਰ ਰਹਿਣ, ਮਾਤਾ ਪਿਤਾ ਦੀ ਸੇਵਾ, ਮਨਵਤਾਂ ਨਾਲ ਪਿਆਰ, ਸੰਤਾਂ ਦੀ ਸੰਗਤ, ਹਰ ਦਾ ਸਿਮਰਨ ਅਤੇ ਰਵਿਦਾਸੀਆ ਧਰਮ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਉਪਦੇਸ਼ ਦਿੱਤਾ। ਬੇਗਮਪੁਰੇ ਵਤਨ ਦੀ ਸਥਾਪਨਾ ਲਈ ਸਾਰੇ ਭਾਰਤੀਆਂ ਨੂੰ ਸੰਵਿਧਾਨਿਕ ਹੱਕਾਂ ਤੇ ਪਹਿਰਾਂ ਦੇਣਾ ਚਾਹੀਦਾ ਹੈ।ਸ਼੍ਰੀ ਗੁਰੂ ਰਵਿਦਾਸ ਧਰਮ ਅਸਥਾਨ ਚਮਾਰਵਾੜਾ ਜੌਹੜ ਤੁਗਲਕਾਬਾਦ ਦਿੱਲੀ ਦੀ ਸਾਰੀ ਜ਼ਮੀਨ ਰਵਿਦਾਸੀਆ ਕੌਮ ਨੂੰ ਮਿਲਣੀ ਚਾਹੀਦੀ ਹੈ।ਇਸ ਮੌਕੇ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਸਟੀਕ, ਸੰਤ ਸੁਰਿੰਦਰ ਦਾਸ ਬਾਬਾ ,ਸੰਤ ਸਮਾਜ ਵੱਲੋਂ ਸੰਗਤ ਦੀ ਹਾਜ਼ਰੀ ਵਿੱਚ ਰਿਲੀਜ਼ ਕੀਤੀ ਗਈ। ਇਸ ਮੌਕੇ ਸੰਤ ਹਰਵਿੰਦਰ ਦਾਸ ਆਦਮਪੁਰ, ਸੰਤ ਤਰਸੇਮ ਸਿੰਘ ਆਦਮਪੁਰ, ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਮਾਸਟਰ ਕਮਲ ਵਰਿਆਣਵੀ, ਭਾਈ ਤਜਿੰਦਰ ਸਿੰਘ, ਧੰਨਪਤ ਰਾਏ ਪੁਰਤਗਾਲ ਨੇ ਹਾਜ਼ਰੀ ਲਗਵਾਈ ਗੁਰੂ ਕਾ ਅਤੁੱਟ ਲੰਗਰ ਵਰਤਿਆ ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਵੱਲੋਂ ਨਿਭਾਈ ਗਈ।

# ਅਗਰਸੇਨ ਮੈਡੀਕਲ ਕਾਲਜ 'ਚ ਸਥਾਪਤ ਹੋਵੇਗੀ ਮਹਾਰਾਜਾ ਅਗਰਸੇਨ ਚੇਅਰ : ਖੱਟਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ )**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਨੇ ਅਗਰੋਹਾ ਵਿਚ ਸਥਿਤ ਮਹਾਰਾਜਾ ਅਗਰਸੇਨ ਮੈਡੀਕਲ ਕਾਲਜ ਵਿਚ ਖੋਜ ਲਈ ਮਹਾਰਾਜਾ ਅਗਰਸੇਨ ਦੇ ਨਾਂਅ 'ਤੇ ਚੇਅਰ ਅਤੇ ਹਿਸਾਰ ਹਵਾਈ ਅੱਡੇ 'ਤੇ ਮਹਾਰਾਜਾ ਅਗਰਸੇਨ ਦੀ ਪ੍ਰਤਿਮਾ ਸਥਾਪਤ ਕਰਨ ਦਾ ਐਲਾਨ ਕੀਤਾ। ਇਹ ਐਲਾਨ ਉਨ੍ਹਾਂ ਨੇ ਦਿੱਲੀ ਸਥਿਤ ਹਰਿਆਣਾ ਭਵਨ ਵਿਚ ਹਿਸਾਰ ਦੇ ਅਗਰੋਹਾ ਵਿਚ ਸਥਿਤ ਪੁਰਾਤੱਤਵ ਸਥਾਨ ਨੂੰ ਵਿਕਸਿਤ ਕਰਨ ਨੂੰ ਲੈ ਕੇ ਭਾਰਤੀ ਪੁਰਾਤੱਤਵ ਸਰਵੇਖਣ (ਏ ਐਸ ਆਈ) ਅਤੇ ਹਰਿਆਣਾ ਪੁਰਾਤੱਤਵ ਅਤੇ ਅਜਾਇਬ-ਘਰ ਵਿਭਾਗ ਦੇ ਵਿਚ ਸਮਝੌਤਾ ਮੈਮੋ (ਐਮ ਓ ਯੂ) 'ਤੇ ਹਸਤਾਖਰ ਮੌਕੇ 'ਤੇ ਕੀਤਾ। ਇਸ ਸਮਝੌਤਾ ਮੈਮੋ 'ਤੇ ਏ ਐਸ ਆਈ ਵੱਲੋਂ ਮਹਾਨਿਰਦੇਸ਼ਕ ਯਦੂਬੀਰ ਸਿੰਘ ਰਾਵਤ ਅਤੇ ਹਰਿਆਣਾ ਸੈਰ-ਸਪਾਟਾ ਅਤੇ ਵਿਰਾਸਤ ਵਿਭਾਗ ਦੇ ਪ੍ਰਧਾਨ ਸਕੱਤਰ ਐਮ ਡੀ ਸਿਨ੍ਹਾ ਨੇ ਮੁੱਖ ਮੰਤਰੀ ਦੀ ਮੌਜੂਦਗੀ ਵਿਚ ਹਸਤਾਖਰ ਕੀਤੇ। ਇਸ ਮੌਕੇ ਹਰਿਆਣਾ ਵਿਧਾਨਸਭਾ ਸਪੀਕਰ ਅਤੇ ਅਗਰੋਹਾ ਵਿਕਾਸ ਪਰਿਯੋਜਨਾ ਦੇ ਚੇਅਰਮੈਨ ਗਿਆਨਚੰਦ ਗੁਪਤਾ ਅਤੇ ਸ਼ਹਿਰੀ ਸਥਾਨਕ ਲਿਗਮ ਮੰਤਰੀ ਅਤੇ ਅਗਰੋਹਾ ਵਿਕਾਸ ਪਰਿਯੋਜਨਾ ਦੇ ਕੋ ਚੇਅਰਮੈਨ ਡਾ. ਕਮਲ ਗੁਪਤਾ ਵੀ ਮੁੱਖ ਰੂਪ ਨਾਲ ਮੌਜੂਦ ਰਹੇ। ਮੁੱਖ ਮੰਤਰੀ ਨੇ ਇਸ ਮੌਕੇ ਕਿਹਾ ਕਿ ਹਿਸਾਰ ਹਵਾਈ ਅੱਡੇ 'ਤੇ ਮਹਾਰਾਜਾ ਅਗਰਸੇਨ ਦੀ ਪ੍ਰਤਿਮਾ ਸਥਾਪਤ ਕੀਤੀ ਜਾਵੇਗੀ ਅਤੇ ਇਹ ਪ੍ਰਤਿਮਾ ਸਮਾਜ ਦੇ ਸਹਿਯੋਗ ਨਾਲ ਨਿਰਮਾਣਤ ਹੋਵੇਗੀ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਉਨ੍ਹਾਂ ਨੇ ਹਿਸਾਰ ਵਿਚ ਬਣਾਏ ਗਏ ਵਿਸ਼ਵ ਦੇ ਸਭ ਤੋਂ ਵੱਡੇ ਹਵਾਈ ਅੱਡੇ ਦਾ ਨਾਂਅਕਰਣ ਮਹਾਰਾਜਾ ਅਗਰਸੇਨ ਦੇ ਨਾਂਅ 'ਤੇ ਕੀਤਾ ਹੈ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਪਹਿਲੇ ਪੜਾਅ ਵਿਚ ਜੀ ਪੀ ਆਰ ਸਰਵੇ ਦਾ ਕੰਮ ਤੁਰੰਤ ਸ਼ੁਰੂ ਕਰਵਾਇਆ ਜਾਵੇ।

# ਮੰਦਰ ਦੇ ਬਾਹਰੋਂ ਐਕਟਿਵਾ ਚੋਰੀ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)** ਇਥੋਂ ਦੇ ਮਾਡਲ ਟਾਉਨ ਵਿਖੇ ਸਥਿਤ ਗੀਤਾ ਮੰਦਰ ਵਿਖੇ ਅੰਤਿਮ ਅਰਦਾਸ 'ਚ ਸ਼ਾਮਲ ਹੋਣ ਗਏ ਵਿਅਕਤੀ ਦੀ ਐਕਟਿਵਾ ਚੋਰੀ ਹੋਣ ਦੀ ਸੂਚਨਾ ਮਿਲੀ ਹੈ।ਘਟਨਾ ਸੰਬੰਧੀ ਜਾਣਕਾਰੀ ਦਿੰਦਿਆ ਸੁਸ਼ੀਲ ਕੁਮਾਰ ਪੁੱਤਰ ਚਰਨਜੀਤ ਵਾਸੀ ਖੇੜਾਂ ਮਸਜਿਦ ਨੇ ਦੱਸਿਆ ਕਿ ਉਹ ਦੁਪਹਿਰ ਕਿਸੇ ਵਿਅਕਤੀ ਦੀ ਰਸਮ ਪਗੜੀ 'ਚ ਸ਼ਾਮਲ ਹੋਣ ਲਈ ਗੀਤਾ ਮੰਦਰ ਵਿਖੇ ਆਪਣੀ ਐਕਟਿਵਾ ਖੜੀ ਕਰਕੇ ਚਲਾ ਗਿਆ ਤੇ ਜਦੋਂ ਵਾਪਸ ਆ ਕੇ ਦੇਖਿਆ ਤਾਂ ਉਸਦੀ ਐਕਟਿਵਾ ਗਾਇਬ ਸੀ।ਘਟਨਾ ਸੰਬੰਧੀ ਪੁਲਸ ਨੂੰ ਸੂਚਨਾ ਦੇ ਦਿੱਤੀ ਗਈ ਹੈ।

# ਗੁਰੂ ਰਾਮਦਾਸ ਆਨੰਦ ਕਾਰਜ ਸੁਸਾਇਟੀ ਨੇ 13 ਲੜਕੀਆਂ ਦੇ ਆਨੰਦ ਕਾਰਜ ਕਰਵਾਏ



**ਨੂਰਮਹਿ ( ਬਾਲ ਕ੍ਰਿਸ਼ਨ ਬਾਲੀ)** ਸ੍ਰੀ ਗੁਰੂ ਰਾਮਦਾਸ ਆਨੰਦ ਕਾਰਜ ਸੁਸਾਇਟੀ ਵੱਲੋਂ ਪ੍ਰਵਾਸੀ ਭਾਰਤੀਆਂ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਡੇਹਰਾ ਸਾਹਿਬ ਪਾਤਸ਼ਾਹੀ ਪੰਜਵੀਂ ਜੰਡਿਆਲਾ-ਭੰਗਾਲਾ ਵਿੱਚ 13 ਜਰੂਰਤਮੰਦ ਲੜਕੀਆਂ ਦੇ ਸਲਾਨਾ ਆਨੰਦ ਕਾਰਜ ਕਰਵਾਏ ਗਏ। ਸੁਸਾਇਟੀ ਦੇ ਸੇਵਾਦਾਰ ਸੁਰਜੀਤ ਸਿੰਘ ਜੰਡਿਆਲਾ ਨੇ ਦੱਸਿਆ ਕਿ ਵਿਆਹੀਆਂ ਲੜਕੀਆਂ ਨੂੰ ਡਬਲ ਬੈਡ, ਐਲਸੀਡੀ, ਸੂਟ, ਬਰਤਨ, ਅਲਮਾਰੀ ਅਤੇ ਹੋਰ ਰੋਜਾਨਾ ਵਰਤੋਂ ਵਿੱਚ ਆਉਣ ਵਾਲਾ ਬਹੁਤ ਸਾਰਾ ਸਮਾਨ ਵੀ ਸੁਸਾਇਟੀ ਵੱਲੋਂ ਦਿੱਤਾ ਗਿਆ। ਇਸ ਮੌਕੇ ਢੁੱਕੀਆਂ 13 ਬਰਾਤਾਂ ਲਈ ਚਾਹ ਪਾਣੀ ਅਤੇ ਲੰਗਰ ਦਾ ਵੀ ਸ਼ਾਨਦਾਰ ਪ੍ਰਬੰਧ ਕੀਤਾ ਗਿਆ।

ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ ਇਸ ਮੌਕੇ ਬਾਬਾ ਕੁਲਦੀਪ ਸਿੰਘ ਕਾਰ ਸੇਵਾ ਵਾਲੇ, ਜਗਜੀਤ ਸਿੰਘ ਜੌਹਲ ਕੈਨੇਡਾ, ਸੁਰਜੀਤ ਸਿੰਘ ਜੌਹਲ ਕੈਨੇਡਾ, ਨਰਿੰਦਰ ਸਿੰਘ ਕਾਲਕਟ, ਭੁਪਿੰਦਰ ਸਿੰਘ ਖਾਲਸਾ, ਰਮੇਸ ਗੁਪਤਾ, ਕਸਮੀਰ ਸਿੰਘ, ਹੈਡ ਗ੍ਰੰਥੀ ਗੁਰਮੁਖ ਸਿੰਘ, ਮਨਜਿੰਦਰ ਸਿੰਘ, ਹਰਜੀਤ ਸਿੰਘ, ਮਿਸਤਰੀ ਚਰਨ ਸਿੰਘ, ਸੁਖਵਿੰਦਰ ਸਿੰਘ, ਜਥੇਦਾਰ ਬਲਰਾਜ ਸਿੰਘ, ਜੋਗਿੰਦਰ ਸਿੰਘ ਰਿਟਾਇਰਡ ਐਸਡੀਓ ਆਦਿ ਵੀ ਹਾਜ਼ਰ ਸਨ।

# ਹਨੂਮਤ ਸਕੂਲ 'ਚ ਗ੍ਰੈਜੂਏਸ਼ਨ ਸਮਾਰੋਹ



**ਗੁਰਾਇਆ (ਬਿੰਦਰ ਸੁੰਮਨ)** ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੁਰਾਇਆ ਵਿਖੇ ਪ੍ਰਿੰਸੀਪਲ ਆਰਤੀ ਸੋਬਤੀ ਦੀ ਪ੍ਰਧਾਨਗੀ ਹੇਠ ਗ੍ਰੈਜੂਏਸ਼ਨ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਕਲਾਸ ਯੂ.ਕੇ.ਜੀ ਦੇ ਵਿਦਿਆਰਥੀਆਂ ਨੂੰ ਡਿਗਰੀਆਂ ਦਿੱਤੀਆਂ ਗਈਆਂ। ਇਸ ਮੌਕੇ ਸਕੱਤਰ ਸੁਰਿੰਦਰ ਗੁਲਾਟੀ ਸਮੇਤ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ। ਇਸ ਪ੍ਰੋਗਰਾਮ ਵਿੱਚ ਮਿਸ ਭਾਵਨਾ ਖਹਿਰਾ (ਸਮਾਜ ਸੇਵਕ) ਅਤੇ ਮੋਨਾ ਗੁਲਾਟੀ (ਸਿਹਤ ਅਤੇ ਫਿਟਨੈਸ ਕੋਚ) ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਆਏ ਮਹਿਮਾਨਾਂ ਦਾ ਨਿੱਕੇ-ਨਿੱਕੇ ਵਿਦਿਆਰਥੀਆਂ ਵੱਲੋਂ ਬੜੇ ਹੀ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਹਾਜ਼ਰ ਮਹਿਮਾਨਾਂ ਵੱਲੋਂ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਡਿਗਰੀਆਂ (ਗ੍ਰੈਜੂਏਸ਼ਨ ਸਰਟੀਫਿਕੇਟ) ਦੇ ਕੇ ਸਨਮਾਨਿਤ ਕੀਤਾ ਗਿਆ। ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਆਪਣੇ ਵੱਡਮੁੱਲੇ ਵਿਚਾਰ ਪ੍ਰਗਟ ਕੀਤੇ। ਪ੍ਰਿੰਸੀਪਲ ਆਰਤੀ ਸੋਬਤੀ ਨੇ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਅਤੇ ਸਮਾਗਮ ਵਿੱਚ ਹਾਜ਼ਰੀ ਭਰਨ ਲਈ ਧੰਨਵਾਦ ਕੀਤਾ। ਅੰਤ ਵਿੱਚ ਸਕੂਲ ਦੀ ਪ੍ਰਿੰਸੀਪਲ ਆਰਤੀ ਸੋਬਤੀ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਅਤੇ ਸ਼ੁਭ ਕਾਮਨਾਵਾਂ

# ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਪੱਧਰੀ ਰੈਲੀ ਭਲਕੇ



**ਹੁਸ਼ਿਆਰਪੁਰ, (ਬਲਵੀਰ ਸੈਣੀ)** ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਇੰਦਰਜੀਤ ਵਿਰਦੀ, ਸਕੱਤਰ ਦੀਪਾਂਜਲੀ ਭੱਟੀ ਅਤੇ ਵਿੱਤ ਸਕੱਤਰ ਇੰਦਰਪ੍ਰੀਤ ਸਿੰਘ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਹੈ ਕਿ ਮੌਜੂਦਾ ਸਰਕਾਰ ਵਲੋਂ ਹੋਂਦ ਵਿੱਚ ਆਉਂਦਿਆਂ ਹੀ ਪਿਛਲੀਆਂ ਸਰਕਾਰਾਂ ਵਾਂਗ ਮੁਲਾਜ਼ਮ ਮਾਰੂ ਨੀਤੀਆਂ ਲਾਗੂ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ ਅਤੇ ਮੁਲਾਜ਼ਮਾਂ ਵਲੋਂ ਸੰਘਰਸ਼ਾਂ ਰਾਹੀਂ ਪ੍ਰਾਪਤ ਕੀਤੀਆਂ ਸਹੂਲਤਾਂ ਨੂੰ ਇੱਕ-ਇੱਕ ਕਰਕੇ ਖੋਹਿਆ ਜਾ ਰਿਹਾ ਹੈ। ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਕਹੀ ਜਾਣ ਵਾਲੀ ਜਮਾਤ ਫਾਰਮੇਸੀ ਅਫਸਰਾਂ ਦੀਆਂ ਮੰਗਾਂ ਵੱਲ ਵੀ ਵਿਭਾਗ ਅਤੇ ਸਿਹਤ ਮੰਤਰੀ ਵਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ, ਵਾਰ ਵਾਰ ਮੀਟਿੰਗਾਂ ਕਰਕੇ ਮੰਨੀਆਂ ਮੰਗਾਂ ਨੂੰ ਵੀ ਲਾਗੂ ਨਹੀਂ ਕੀਤਾ ਜਾ ਰਿਹਾ ਸਗੋਂ ਪਹਿਲਾਂ ਤੋਂ ਮਿਲ ਰਹੀਆਂ ਸਹੂਲਤਾਂ ਨੂੰ ਵੀ ਕੱਟਣ ਦੀ ਤਿਆਰੀ ਕੀਤੀ ਜਾ ਰਹੀ ਹੈ। ਜੱਥੇਬੰਦੀ ਦੇ ਜ਼ਿਲ੍ਹਾ ਪ੍ਰੈਸ ਸਕੱਤਰ ਬਲਵਿੰਦਰ ਸਿੰਘ ਬਸਰਾ ਨੇ ਦੱਸਿਆ ਕਿ ਇਹਨਾਂ ਮੰਗਾਂ ਦੀ ਪ੍ਰਾਪਤੀ ਲਈ ਕੇਡਰ ਅੰਦਰ ਭਾਰੀ ਰੋਸ ਹੈ ਅਤੇ ਸੂਬਾ ਕਮੇਟੀ ਵਲੋਂ ਉਲੀਕੇ ਗਏ ਪ੍ਰੋਗਰਾਮ ਦੇ ਤਹਿਤ ਭਲਕੇ 6 ਮਾਰਚ ਨੂੰ ਸਿਵਲ ਸਰਜਨ ਦਫਤਰ ਅੱਗੇ ਰੋਸ ਰੈਲੀ ਕਰਕੇ ਸਿਹਤ ਮੰਤਰੀ ਨੂੰ ਮੰਗ ਪੱਤਰ ਭੇਜਿਆ ਜਾਵੇਗਾ ਅਤੇ ਜੇਕਰ ਫਿਰ ਵੀ ਮੀਟਿੰਗ ਦਾ ਸਮਾਂ ਦੇ ਕੇ ਮੰਗਾਂ ਨੂੰ ਹੱਲ ਨਾ ਕੀਤਾ ਗਿਆ ਤਾਂ 17 ਮਾਰਚ ਨੂੰ ਪਟਿਆਲਾ ਵਿਖੇ ਸੂਬਾਈ ਰੈਲੀ ਕਰਕੇ ਸਿਹਤ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ ਜਿਸ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਵੀ ਫਾਰਮੇਸੀ ਅਫਸਰ ਵਡੀ ਗਿਣਤੀ ਵਿੱਚ ਪਹੁੰਚਣਗੇ। ਆਗੂਆਂ ਵਲੋਂ ਜ਼ਿਲ੍ਹੇ ਦੇ ਸਮੂਹ ਫਾਰਮੇਸੀ ਅਫਸਰਾਂ ਨੂੰ ਠੀਕ 3 ਵਜੇ ਸਿਵਲ ਸਰਜਨ ਦਫਤਰ ਹੁਸ਼ਿਆਰਪੁਰ ਵਿਖੇ ਪਹੁੰਚਣ ਦੀ ਬੇਨਤੀ ਕੀਤੀ ਹੈ ਅਤੇ 17 ਮਾਰਚ ਦੀ ਪਟਿਆਲਾ ਰੈਲੀ ਲਈ ਵੀ ਤਿਆਰ ਰਹਿਣ ਦੀ ਅਪੀਲ ਕੀਤੀ ਹੈ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਜਤਿੰਦਰਪਾਲ ਗੋਲਡੀ, ਵਰਿੰਦਰ ਸਿੰਘ, ਬਲਕਾਰ ਚੰਦ, ਓ.ਪੀ. ਸਿੰਘ, ਪ੍ਰਭਜੋਤ ਕੌਰ, ਪਰਮਿੰਦਰ ਸਿੰਘ, ਮਨਜੀਤ ਸਿੰਘ, ਅਜੈ ਸ਼ਰਮਾ ਆਦਿ ਆਗੂ ਵੀ ਹਾਜਰ ਸਨ।

# ਉੱਗੀ ਦੇ ਸ਼ਮਸ਼ਾਨਘਾਟ 'ਚ ਮੋਰਚਰੀ, ਸ਼ੈਂਡ ਤੇ ਬਾਥਰੂਮਾਂ ਦੇ ਉਦਘਾਟਨ





**ਕਾਲਾ ਸੰਘਿਆਂ (ਮਨਜੀਤ ਮਾਨ)** ਪਿੰਡ ਉੱਗੀ ਜ਼ਿਲ੍ਹਾ ਜਲੰਧਰ ਵਿਖੇ ਸ਼ਮਸ਼ਾਨਘਾਟ ਦੀ ਮੋਰਚਰੀ, ਇੰਟਰਲਾਕ ਟਾਇਲਾ, ਸੈਂਡ, ਬਾਥਰੂਮਾ ਦੀ ਸੇਵਾ ਸਾਹਿਲ ਅਗਰਵਾਲ ਪੁੱਤਰ ਸੋਮ ਨਾਥ ਅਗਰਵਾਲ ਦਿੱਲੀ ਵਾਲਿਆਂ ਵੱਲੋਂ ਤੇ ਉੱਘੇ ਸਮਾਜ ਸੇਵਕ ਰਜਨੀਸ਼ ਤਿਵਾੜੀ ਉਰਫ਼ ਬਿੱਟੂ ਤਿਵਾੜੀ ਦੀ ਯੋਗ ਅਗਵਾਈ ਹੇਠ ਕਰਵਾਈ ਗਈ ਜਿਸ ਦਾ ਉਦਘਾਟਨ ਹਲਕਾ ਨਕੋਦਰ ਦੀ ਵਿਧਾਇਕਾ ਬੀਬੀ ਇੰਦਰਜੀਤ ਕੌਰ ਮਾਨ , ਲਾਲਾਂ ਸੋਮ ਨਾਥ ਅਗਰਵਾਲ ਦਿੱਲੀ ਵਾਲਿਆਂ, ਉੱਘੇ ਸਮਾਜ ਸੇਵਕ ਸਾਬਕਾ ਇਸਪੈਕਟਰ ਪੰਜਾਬ ਪੁਲਿਸ ਸ਼੍ਰੀ ਅਵਤਾਰ ਸਿੰਘ ਭੋਲਾ, ਕ੍ਰਿਸ਼ਨ ਲਾਲ ਬਠਲਾ, ਜੁਵਾਹਰ ਲਾਲ ਖੁੰਗਰ, ਸੁਰਿੰਦਰ ਬਠਲਾ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਨਕੋਦਰ, ਸੁਖਵਿੰਦਰ ਸਿੰਘ ਚਾਵਲਾ, ਕੁਲਵਿੰਦਰ ਸਿੰਘ ਫਰਮਾਹਾ, ਪ੍ਰਵੀਨ ਕਾਲੜਾ, ਪ੍ਰਦੀਪ ਖੁੰਗਰ ਵੱਲੋਂ ਸਾਂਝੇ ਤੌਰ ਤੇ ਕੀਤਾ ਗਿਆ ਇਸ ਮੌਕੇ ਬੀਬੀ ਇੰਦਰਜੀਤ ਕੌਰ ਮਾਨ ਹਲਕਾ ਵਿਧਾਇਕਾ ਨਕੋਦਰ ਨੇ ਆਪਣੇ ਉਦਘਾਟਨੀ ਭਾਸ਼ਣ ਵਿੱਚ ਕਿਹਾ ਕਿ ਉਹ ਆਪਣੇ ਹਲਕਾ ਨਕੋਦਰ ਤੇ ਦੋਨੋ ਇਲਾਕੇ ਦੇ ਪਿੰਡਾਂ ਨੂੰ ਇੱਕ ਨਕਸ਼ੇ ਕਦਮ ਤੇ ਲੈ ਕੇ ਆਉਣਗੇ ਹਲਕਾ ਨਕੋਦਰ ਦੇ ਪਿੰਡਾਂ ਨੂੰ ਗ੍ਰਾਂਟਾਂ ਦੀ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਇਸ ਮੌਕੇ ਉੱਘੇ ਸਮਾਜ ਸੇਵਕ ਲਾਲਾ ਸੋਮ ਨਾਥ ਅਗਰਵਾਲ ਨੇ ਕਿਹਾ ਕਿ ਉਹ ਆਪਣੇ ਪਿੰਡ ਦੇ ਵਿਕਾਸ ਦੇ ਕੰਮਾਂ ਲਈ ਪਹਿਲ ਦੇ ਆਧਾਰ ਤੇ ਸੇਵਾ ਕਰਦੇ ਰਹਿਣਗੇ ਸ਼੍ਰੀ ਅਗਰਵਾਲ ਨੇ ਪਿੰਡ ਦੀ ਪੰਚਾਇਤ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜਲਦੀ ਗਰਾਊਂਡ ਦੀ ਨਿਸ਼ਾਨਦੇਹੀ ਕਰਵਾ ਕੇ ਦੇਣ ਮੈਂ ਇੱਕ ਕਰੋੜ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਨੂੰ ਆਪਣੇ ਭਰਾ ਸਵਰਗਵਾਸੀ ਸ਼੍ਰੀ ਸੰਜੀਵ ਅਗਰਵਾਲ ਦੀ ਯਾਦ ਵਿੱਚ ਇੱਕ ਨਮੂਨੇ ਦੇ ਤੌਰ ਤੇ ਬਣਾਵਾਂਗਾ ਦੇਵਾਂਗਾ ਇਸ ਮੌਕੇ ਉੱਘੇ ਸਮਾਜ ਸੇਵਕ ਸ਼੍ਰੀ ਰਜਨੀਸ਼ ਤਿਵਾੜੀ ਨੇ ਕਿਹਾ ਕਿ ਲਾਲਾ ਸੋਮ ਨਾਥ ਅਗਰਵਾਲ ਵਾਲਿਆਂ ਵੱਲੋਂ ਪਿੰਡ ਨੂੰ ਸਮੇਂ ਸਮੇਂ ਤੇ ਇੱਕ ਨਕਸ਼ੇ ਕਦਮਾਂ ਤੇ ਲਿਆਂਦਾ ਜਾ ਰਿਹਾ ਹੈ ਉਨ੍ਹਾਂ ਕਿਹਾ ਲਾਲਾ ਸੋਮ ਨਾਥ ਅਗਰਵਾਲ ਵਾਲਿਆਂ ਵੱਲੋਂ ਸ਼ਮਸ਼ਾਨਘਾਟ ਦੇ ਵਿਹੜੇ ਵਿੱਚ ਇੰਟਰਲਾਕ ਟਾਇਲਾ ਲਗਵਾ ਕੇ ਵੀ ਦੇਣ ਦਾ ਵਾਅਦਾ ਕੀਤਾ ਇਸ ਮੌਕੇ ਸ੍ਰੀ ਰਜਨੀਸ਼ ਤਿਵਾੜੀ, ਸੁਰਿੰਦਰ ਬਠਲਾ ਬਲਾਕ ਪ੍ਰਧਾਨ ਆਪ,ਅਵਤਾਰ ਸਿੰਘ ਭੋਲਾ ਭਲਵਾਨ ਸਾਬਕਾ ਇਸਪੈਕਟਰ ਪੰਜਾਬ ਪੁਲਿਸ, ਕ੍ਰਿਸ਼ਨ ਲਾਲ ਬਠਲਾ, ਪ੍ਰਦੀਪ ਖੁੰਗਰ, ਜੁਵਾਹਰ ਲਾਲ ਖੁੰਗਰ, ਸੁਖਵਿੰਦਰ ਚਾਵਲਾ, ਕੁਲਵਿੰਦਰ ਸਿੰਘ ਫਰਮਾਹਾ, ਪਰਵੀਨ ਕਾਲੜਾ, ਅਰਜਨ ਸਿੰਘ ਹੈਪੀ ਤਲਵੰਡੀ ਭਰੋ, ਬਲਵਿੰਦਰ ਸਿੰਘ ਗਿੱਲ ਖੀਵਾ, ਰਣਜੀਤ ਸਿੰਘ ਜੀਤਾ ਮੱਲ੍ਹੀ ਸਾਬਕਾ ਸਰਪੰਚ ਮੱਲ੍ਹੀਆਂ ਕਲਾਂ,ਗੋਰੂ,ਜੋਨ ਸ਼ਰਮਾ, ਸੁਰਜੀਤ ਸਿੰਘ ਰਸੂਲਪੁਰ ਕਲਾਂ, ਅਮਰਜੀਤ ਸਿੰਘ, ਮੇਜ਼ਰ ਸਿੰਘ ਰਹੀਮਪੁਰ, ਜਸਵੀਰ ਧੰਜਲ, ਸ਼ਾਂਤੀ ਸਰੂਪ, ਨਰੇਸ਼ ਕੁਮਾਰ, ਬੋਬੀ ਸ਼ਰਮਾ ਨਕੋਦਰ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ ਹਾਜ਼ਰ ਸਨ ।

# ਆਈ ਐੱਚ ਜੀ ਆਈ ਦੇ ਵਿਦਿਆਰਥੀਆਂ ਵੱਲੋਂ ਟੈਕ ਸਿੰਫੋਨਿਕ 2024 'ਚ ਪ੍ਰਾਪਤੀਆਂ



**ਜਲੰਧਰ: ( ਸ਼ੈਲੀ ਐਲਬਰਟ)**- ਆਈ ਐਚ ਜੀ ਆਈ, ਲੋਹਾਰਾਂ ਦੇ ਵਿਦਿਆਰਥੀਆਂ ਨੇ ਲਾਇਲਪੁਰ ਖਾਲਸਾ ਕਾਲਜ, ਟੈਕਨੀਕਲ ਕੈਂਪਸ, ਜਲੰਧਰ ਦੁਆਰਾ ਆਯੋਜਿਤ ਟੈਕ ਸਿੰਫੋਨਿਕ 2024 ਵਿੱਚ ਮਿਸਾਲੀ ਪ੍ਰਤਿਭਾ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਨੇ ਉਨ੍ਹਾਂ ਨੂੰ ਵੱਖ-ਵੱਖ ਈਵੈਂਟਾਂ ਵਿੱਚ ਇੱਕ ਗੋਲਡ ਦੀ ਪੁਜ਼ੀਸ਼ਨ ਅਤੇ ਦੋ ਸਿਲਵਰ ਦੀਆਂ ਪੁਜ਼ੀਸ਼ਨਾਂ ਹਾਸਲ ਕਰਕੇ ਸਮੁੱਚੇ ਜੇਤੂਆਂ ਵਜੋਂ ਉਭਰਨ ਦੀ ਅਗਵਾਈ ਕੀਤੀ। ਸੋਲੋ ਡਾਂਸ ਵਰਗ ਵਿੱਚ, ਬੀ ਬੀ ਏ 4ਵੀਂ ਦੀ ਹਿਨਾ ਨੇ ਆਪਣੇ ਮਨਮੋਹਕ ਪ੍ਰਦਰਸ਼ਨ ਨਾਲ ਦਰਸ਼ਕਾਂ ਨੂੰ ਮੋਹਿਤ ਕਰਦੇ ਹੋਏ ਵੱਕਾਰੀ ਪਹਿਲਾ ਇਨਾਮ ਪ੍ਰਾਪਤ ਕੀਤਾ। ਬਿਜ਼ਨਸ ਪਲਾਨ ਮੁਕਾਬਲੇ ਵਿੱਚ, ਬੀਬੀਏ 6ਵੀਂ ਦੀ ਕੋਮਲ ਅਤੇ ਬੀਕਾਮ 6ਵੀਂ ਦੀ ਸੁਹਾਨੀ ਨੇ ਬੇਮਿਸਾਲ ਉੱਦਮੀ ਹੁਨਰ ਦਾ ਪ੍ਰਦਰਸ਼ਨ ਕੀਤਾ, ਜਿਸ ਨਾਲ ਉਨ੍ਹਾਂ ਨੂੰ ਦੂਜਾ ਇਨਾਮ ਮਿਲਿਆ। ਇਸ ਤੋਂ ਇਲਾਵਾ, ਰੋਮਾਂਚਕ ਟ੍ਰੇਜ਼ਰ ਹੰਟ ਈਵੈਂਟ ਵਿੱਚ, ਆਈ ਐਚ ਜੀ ਆਈ ਦੀਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ, ਬੀਸੀਏ 6ਵੀਂ ਦੇ ਆਕਾਸ਼ ਅਤੇ ਕਰਨ ਦੇ ਨਾਲ, ਬੀਜੀਏ 6ਵੀਂ ਦੇ ਵਿਨੀਤ ਅਤੇ ਸੰਜਨਾ ਦੇ ਨਾਲ, ਦੂਜੇ ਇਨਾਮ ਦਾ ਦਾਅਵਾ ਕੀਤਾ । ਉਹਨਾਂ ਦੀ ਰਣਨੀਤਕ ਸੋਚ ਅਤੇ ਟੀਮ ਵਰਕ ਸ਼ਲਾਘਾਯੋਗ ਸੀ।ਆਈਐਚਜੀਆਈ ਵਿਦਿਆਰਥੀਆਂ ਦੀ ਸ਼ਾਨਦਾਰ ਪ੍ਰਾਪਤੀ ਨਾ ਸਿਰਫ਼ ਉਹਨਾਂ ਦੀ ਵਿਅਕਤੀਗਤ ਪ੍ਰਤਿਭਾ ਨੂੰ ਦਰਸਾਉਂਦੀ ਹੈ ਬਲਕਿ ਉੱਤਮਤਾ ਨੂੰ ਪਾਲਣ ਅਤੇ ਨਵੀਨਤਾ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸੰਸਥਾ ਦੀ ਵਚਨਬੱਧਤਾ ਨੂੰ ਵੀ ਰੇਖਾਂਕਿਤ ਕਰਦੀ ਹੈ।

# ਪਹਿਲੇ ਦਿਨ 6318 ਬੱਚਿਆਂ ਨੂੰ ਪਿਲਾਈਆਂ ਪੋਲੀਓਰੋਧੀ ਬੂੰਦਾਂ



**ਆਦਮਪੁਰ ( ਪਰਮਜੀਤ ਸਿੰਘ)**: ਬੱਚਿਆਂ ਨੂੰ ਪੋਲੀਓ ਬਿਮਾਰੀ ਤੋਂ ਸੁਰੱਖਿਅਤ ਰੱਖਣ ਦੇ ਲਈ ਕੌਮੀ ਪਲਸ ਪੋਲੀਓ ਮੁਹਿੰਮ ਦਾ ਆਗਾਜ਼ ਹੋਇਆ।ਪਹਿਲੇ ਦਿਨ ਬਲਾਕ ਦੇ 0 ਤੋਂ 05 ਸਾਲ ਤੱਕ ਦੇ 6318 ਬੱਚਿਆਂ ਨੂੰ ਪੋਲੀਓਰੋਧੀ ਬੂੰਦਾਂ ਪਿਲਾਈਆਂ ਗਈਆਂ।ਸੀਨੀਅਰ ਮੈਡੀਕਲ ਅਫਸਰ ਡਾ. ਕਮਲਜੀਤ ਕੌਰ ਨੇ ਸੀ ਐਚ ਸੀ ਆਦਮਪੁਰ ਵਿਖੇ ਲਗਾਏ ਗਏ ਕੈਂਪ ਵਿੱਚ ਮੁਹਿੰਮ ਦੀ ਰਸਮੀ ਸ਼ੁਰੂਆਤ ਕੀਤੀ।ਇਸ ਮੌਕੇ ਉਹਨਾਂ ਦੇ ਨਾਲ ਨੋਡਲ ਅਫਸਰ ਡਾ. ਮਨਮੋਹਨ ਕੇ ਕਪਿਲਾ, ਬੀ ਈ ਈ ਚੰਦਨ ਮਿਸ਼ਰਾ, ਐਲ ਐਚ ਵੀ ਗੁਰਮੇਜ ਕੌਰ, ਸਟਾਫ ਨਰਸ ਸੁਖਜੀਤ, ਫਾਰਮੇਸੀ ਅਫਸਰ ਜਸਵਿੰਦਰ ਸਿੰਘ, ਉਪਵੈਦ ਜਸਵੀਰ ਕੌਰ ਅਤੇ ਮਾਤਾ ਗੁਜਰੀ ਨਰਸਿੰਗ ਇੰਸਟੀਟਿਊਟ ਦੇ ਵਿਦਿਆਰਥੀ ਮੌਜੂਦ ਸਨ।

## ਪਲਸ ਪੋਲੀਓ ਮੌਕੇ 3022 ਬੱਚਿਆਂ ਨੂੰ ਬੂੰਦਾਂ ਪਿਲਾਈਆਂ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)** ਰਾਸ਼ਟਰੀ ਇਮਊਨਾਈਜੇਸ਼ਨ ਡੇ ਤਹਿਤ ਪਲਸ ਪੋਲੀਓ ਰਾਊਂਡ -2024 ਸੰਬੰਧੀ ਸਿਵਲ ਹਸਪਤਾਲ ਫਗਵਾੜਾ ਦੇ ਸੀਨੀਅਰ ਮੈਡੀਕਲ ਅਫਸਰ ਡਾ ਲਹਿੰਬਰ ਰਾਮ ਤੇ ਨੋਡਲ ਅਫ਼ਸਰ ਡਾ. ਨਰੇਸ਼ ਕੁੰਦਰਾ ਦੀ ਅਗਵਾਈ ਹੇਠ ਪਲਸ ਪੋਲੀਓ ਮੁਹਿੰਮ ਸ਼ੁਰੂ ਕੀਤੀ ਗਈ।ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਲਹਿੰਬਰ ਰਾਮ ਨੇ ਸਮੂਹ ਟੀਮਾ ਨੂੰ ਹਦਾਇਤ ਕੀਤੀ ਕਿ ਪੋਲੀਓ ਰਾਊਂਡ ਦੌਰਾਨ ਜਨਮ ਤੋਂ ਲੈ ਕੇ 5 ਸਾਲ ਤੱਕ ਦਾ ਕੋਈ ਵੀ ਬੱਚਾ ਪੋਲੀਓ ਦੀ ਖੁਰਾਕ ਤੋਂ ਵਾਂਝਾ ਨਾ ਰਹੇ, ਇਸ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਹਾਈ ਰਿਸਕ ਖੇਤਰਾਂ, ਸਲੱਮ ਏਰੀਆ, ਝੁੱਗੀਆਂ ਝੌਂਪੜੀਆਂ, ਡੇਰੇ, ਇੰਡਸਟਰੀ ਏਰੀਆ, ਇੱਟਾਂ ਦੇ ਭੱਠੇ ਆਦਿ ਥਾਵਾਂ ' ਤੇ ਖਾਸ ਧਿਆਨ ਦਿੱਤਾ ਜਾਵੇ। ਜਾਣਕਾਰੀ ਦਿੰਦਿਆਂ ਨੋਡਲ ਅਫ਼ਸਰ ਪਲਸ ਪੋਲੀਓ ਡਾ. ਨਰੇਸ਼ ਕੁੰਦਰਾ ਨੇ ਦੱਸਿਆ ਕਿ ਲਗਾਏ ਗਏ ਪਲਸ ਪੋਲੀਓ ਰਾਊਂਡ -2024 ਦੌਰਾਨ 3 ਮਾਰਚ ਨੂੰ ਸਬ ਡਵੀਜ਼ਨ ਫਗਵਾੜਾ ਦੇ ਸ਼ਹਿਰੀ ਖੇਤਰਾਂ 'ਚ 47 ਪੋਲੀਓ ਬੂਥ ਲਗਾਏ ਲਗਾਏ ਗਏ ਜਿਸ ਦੌਰਾਨ 3022 ਬੱਚਿਆ ਨੂੰ ਪੋਲੀਓ ਦੀਆ ਖੁਰਾਕਾਂ ਪਿਲਾਈਆ ਗਈਆਂ।

## ਜਮਹੂਰੀ ਕਿਸਾਨ ਸਭਾ ਨੇ ਟਵੀਟ ਕਰਕੇ ਪੰਜਾਬ ਸਰਕਾਰ ਤੋਂ ਮੁਆਵਜ਼ੇ ਦੀ ਕੀਤੀ ਮੰਗ

**ਗੁਰਾਇਆ (ਬਿੰਦਰ ਸੁੰਮਨ)**--ਜਮਹੂਰੀ ਕਿਸਾਨ ਸਭਾ ਪੰਜਾਬ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਕਿਸਾਨਾਂ ਦੇ ਹੋਏ ਨੁਕਸਾਨ ਦੀ ਗੁਰਦਾਵਰੀ ਦੀ ਮੰਗ ਕੀਤੀ ਹੈ। ਪੰਜਾਬ 'ਚ ਦੋ ਥਾਵਾਂ 'ਤੇ ਆਏ ਟੋਰਨੇਡੋ ਨਾਲ ਹੋਏ ਨੁਕਸਾਨ ਦਾ ਮੁਆਵਜ਼ਾਂ ਦੇਣ ਦੀ ਮੰਗ ਵੀ ਕੀਤੀ। ਉਨ੍ਹਾ ਅੱਗੇ ਕਿਹਾ ਕਿ ਕਣਕ ਦੇ ਖੇਤਾਂ ਤੋਂ ਬਿਨ੍ਹਾਂ ਹਰੇ ਚਾਰੇ ਦਾ ਵੀ ਨੁਕਸਾਨ ਹੋਇਆ ਹੈ। ਗੜ੍ਹੇ ਮਾਰੀ ਨਾਲ ਫ਼ਸਲਾਂ ਤਬਾਹ ਹੋ ਗਈਆਂ ਹਨ। ਟੋਰਨੇਡੋ ਨਾਲ ਵੀ ਪਸ਼ੂਆਂ ਦੇ ਸ਼ੈੱਡ ਉਡ ਗਏ। ਇਸ ਤੋਂ ਬਿਨ੍ਹਾਂ ਇਸ ਤੁਫਾਨ ਨਾਲ ਭਾਰੀ ਨੁਕਸਾਨ ਹੋਇਆ ਹੈ। ਜਿਸ ਲਈ ਪੰਜਾਬ ਸਰਕਾਰ ਤੁਰੰਤ ਕਾਰਵਾਈ ਕਰਦੇ ਹੋਏ ਗੁਰਦਾਵਰੀ ਦਾ ਹੁਕਮ ਜਾਰੀ ਕਰੇ। ਦਰਖਤ ਡਿੱਗਣ ਕਾਰਨ ਭਾਰੀ ਨੁਕਸਾਨ ਹੋਇਆ ਹੈ, ਜਿਸ ਦੀ ਪੰਜਾਬ ਸਰਕਾਰ ਭਰਪਾਈ ਕਰੇ।

## ਸਤਿਗੁਰੂ ਰਵਿਦਾਸ ਜੀ ਨੇ ਹਮੇਸ਼ਾ ਗਰੀਬਾਂ, ਮਜ਼ਲੂਮਾਂ ਦੇ ਹੱਕ 'ਚ ਕੀਤੀ ਅਵਾਜ਼ ਬੁਲੰਦ : ਕੁਲਵੰਤ ਸਿੰਘ

**ਮੋਹਾਲੀ (ਕ੍ਰਿਸ਼ਨ ਗਰਗ)**-ਸਤਿਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ ਦਾ ਆਯੋਜਨ ਡਾਕਟਰ ਬੀ. ਆਰ. ਅੰਬੇਡਕਰ ਵੈਲਫੇਅਰ ਮਿਸ਼ਨ (ਪੰਜਾਬ) ਮੋਹਾਲੀ ਦੀ ਤਰਫੋਂ ਕੀਤਾ ਗਿਆ। ਅੰਬੇਡਕਰ ਭਵਨ, ਸੈਕਟਰ- 69 ਵਿਖੇ ਮਿਸ਼ਨ ਦੇ ਸਰਪ੍ਰਸਤ ਕੁਲਵੰਤ ਸਿੰਘ ਸੰਧੂ, ਪ੍ਰਧਾਨ ਡਾਕਟਰ ਜਗਤਾਰ ਸਿੰਘ ਰਿਟਾਇਰਡ ਆਈ.ਆਰ.ਐਸ. ਦੀ ਅਗਵਾਈ ਹੇਠ ਕਰਵਾਏ ਗਏ ਸਮਾਗਮ ਦੇ ਵਿੱਚ ਉਚੇਚੇ ਤੌਰ 'ਤੇ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਹਮੇਸ਼ਾ ਦੱਬੇ ਕੁਚਲਿਆਂ ਦੇ ਹੱਕ ਵਿੱਚ ਅਵਾਜ਼ ਬੁਲੰਦ ਕੀਤੀ ਅਤੇ ਸਾਨੂੰ ਸਭਨਾਂ ਨੂੰ ਵੀ ਆਪਣਾ ਜੀਵਨ ਨਿਰਵਾਹ- ਸਤਿਗੁਰੂ ਰਵਿਦਾਸ ਜੀ ਦੀ ਦੁਆਰਾ ਦਰਸਾਏ ਮਾਰਗ 'ਤੇ ਚਲਦਿਆਂ ਹੀ ਬਸਰ ਕਰਨਾ ਚਾਹੀਦਾ ਹੈ ਅਤੇ ਹਮੇਸ਼ਾ ਲੋੜਵੰਦਾਂ ਦੀ ਮਦਦ ਲਈ ਬਿਨਾਂ ਕਿਸੇ ਸਵਾਰਥ ਦੇ ਅਗਾਂਹ ਹੋ ਕੇ ਪਹਿਲ- ਕਦਮੀ ਕਰਨੀ ਚਾਹੀਦੀ ਹੈ, ਤਾਂ ਕਿ ਲੋੜਵੰਦਾਂ ਅਤੇ ਬੇਸਹਾਰਿਆਂ ਦੀ ਮਦਦ ਕਰਨ ਦੇ ਲਈ ਅਜਿਹੇ ਕਦਮ ਹੋਰਨਾਂ ਲੋਕਾਂ ਦੇ ਲਈ ਵੀ ਪ੍ਰੇਰਨਾਦਾਇਕ ਬਣ ਸਕਣ। ਇਸ ਮੌਕੇ ਸੰਤ ਬਾਬਾ ਜਸਪਾਲ ਸਿੰਘ, ਰਿਟਾਇਰਡ ਆਈ.ਏ.ਐਸ. ਪ੍ਰਿਥਵੀ ਚੰਦ, ਸਰੂਪ ਸਿੰਘ ਰਿਟਾਇਰਡ ਚੀਫ ਇੰਜੀਨੀਅਰ, ਆਰ.ਐਲ. ਸੰਧੂ ਚੀਫ ਇੰਜੀਨੀਅਰ ਰਿਟਾਇਰਡ, ਪਿਆਰੇ ਲਾਲ ਸੀਨੀਅਰ ਮੀਤ ਪ੍ਰਧਾਨ, ਸਿਕੰਦਰ ਸਿੰਘ ਭਨੋਟ ਜਨਰਲ ਸਕੱਤਰ, ਪ੍ਰੀਤਮ ਸਿੰਘ ਰਿਟਾਇਰਡ ਪ੍ਰਿੰਸੀਪਲ, ਬਲਦੇਵ ਸਿੰਘ, ਬੀ.ਡੀ. ਸਵੈਣ, ਹਰਬੰਸ ਸਿੰਘ ਮਹਿਮੀ ਵੀ ਹਾਜ਼ਰ ਸਨ।


# ਜਨਮ ਦਿਨ ਮੁਬਾਰਕ



ਓਂਕਾਰਜੋਤ (

# ਵਰ੍ਹੇਗੰਢ ਮੁਬਾਰਕ



ਪਰਮਿੰਦਰ ਸਿੰਘ ਸਹਿਗਲ ਪੰਚ ਅਤੇ ਬੀਬੀ ਗੁਰਮੀਤ ਕੌਰ ਵਾਸੀ ਪਿੰਡ ਭੁੰਗਰਨੀ, ਜ਼ਿਲ੍ਹਾ ਹੁਸ਼ਿਆਰਪੁਰ ਨੇ ਵਿਆਹ ਦੀ 24ਵੀਂ ਵਰ੍ਹੇਗੰਢ ਮਨਾਈ।


# ਥਾਂਦੀਆਂ ਵਿਖੇ ਅੱਖਾਂ ਦਾ ਫਰੀ ਅਪਰੇਸ਼ਨ ਕੈਂਪ ਅੱਜ

**ਬਹਿਰਾਮ (ਅਵਤਾਰ ਕਲੇਰ)** ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਪੰਜਵਾਂ ਸਾਲਾਨਾ ਫਰੀ ਅੱਖਾਂ ਦਾ ਅਪਰੇਸ਼ਨ ਕੈਂਪ ਅਤੇ ਫਰੀ ਮੈਡੀਕਲ ਚੈੱਕਅੱਪ 5 ਮਾਰਚ ਦਿਨ ਮੰਗਲਵਾਰ ਨੂੰ ਗੁਰਦੁਆਰਾ ਬਾਬਾ ਮੀਹਾਂ ਸਾਹਿਬ ਪਿੰਡ ਥਾਂਦੀਆਂ ਵਿਖੇ ਸਵੇਰੇ 9.00 ਵਜੇ ਤੋਂ ਦੁਪਿਹਰ 2 ਵਜੇ ਤੱਕ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਅੱਜ ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਅਤੇ ਸਮਾਜ ਸੇਵਕ ਦਲਵੀਰ ਸਿੰਘ ਥਾਂਦੀ ਟੋਰਾਂਟੋ ਨੇ ਦਿੱਤੀ। ਕੈਂਪ ਪ੍ਰਬੰਧਕਾਂ ਨੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਅੱਖਾਂ ਦੀਆਂ ਬਿਮਾਰੀਆਂ ਦੇ ਹਰ ਤਰ੍ਹਾਂ ਦੇ ਅਪਰੇਸ਼ਨਾਂ ਦੇ ਮਾਹਿਰ, ਸਰੀਰਕ ਬਿਮਾਰੀਆਂ, ਬਲੱਡ ਪ੍ਰੈਸ਼ਰ, ਸ਼ੂਗਰ, ਬੁਖਾਰ, ਦਿਲ ਦੀਆਂ ਬਿਮਾਰੀਆਂ, ਔਰਤਾਂ ਦੀਆਂ ਬਿਮਾਰੀਆਂ, ਹੱਡੀਆਂ, ਗੋਡਿਆਂ ਦੀਆਂ ਬਿਮਾਰੀਆਂ ਦੇ, ਨੱਕ-ਕੰਨ-ਗਲੇ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਫ਼ਤ ਚੈੱਕਅੱਪ ਕੀਤਾ ਜਾਵੇਗਾ ਅਤੇ ਮੁਫ਼ਤ ਦਵਾਈਆਂ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਮੌਕੇ ਪਹਿਲਾ ਸਵੈ ਇੱਛਕ ਖੂਨਦਾਨ ਕੈਂਪ ਵੀ ਸੰਗਤਾਂ ਦੇ ਸਹਿਯੋਗ ਨਾਲ ਲਗਾਇਆ ਜਾਵੇਗਾ । ਕੈਂਪ ਪ੍ਰਬੰਧਕਾਂ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਪਿੰਡ ਥਾਂਦੀਆਂ ਵਿਖੇ ਲੱਗ ਰਹੇ ਫਰੀ ਕੈਂਪ ਦਾ ਲਾਭ ਪ੍ਰਾਪਤ ਕਰਨ ਦੀ ਅਪੀਲ ਵੀ ਕੀਤੀ ।

# ਭਗੌੜਾ ਕਾਬੂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸੁਰਿੰਦਰ ਲਾਂਬਾ ਆਈ, ਪੀ ਐਸ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁ ਵੱਲੋਂ ਦਿੱਤੇ ਦਿਸ਼ਾ ਨਿਰਦੇਸਾ ਅਤੇ ਸਰਬਜੀਤ ਸਿੰਘ ਪੀ.ਪੀ.ਐਸ, ਐਸ. ਪੁਲਸ ਕਪਤਾਨ ਹੁਸ਼ਿਆਰਪੁਰ ਦੀ ਰਹਿਨੁਮਾਈ ਹੇਠ ਭਗੌੜੇ ਵਿਅਕਤੀਆ ਨੂੰ ਗ੍ਰਿਫਤਾਰ ਕਰਨ ਲਈ ਖਾਸ ਮੁਹਿੰਮ ਸ਼ੁਰੂ ਕੀਤੀ ਗਈ ਸੀ।ਇਸ ਮੁਹਿੰਮ ਤਹਿਤ ਸ਼ਿਵ ਦਰਸ਼ਨ ਸਿੰਘ ਉਪ ਕਪਤਾਨ ਪੁਲਸ ਤਫਤੀਸ਼ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾ ਹੇਠ ਇੰਸਪੈਕਟਰ ਊਸ਼ਾ ਰਾਣੀ ਮੁੱਖ ਅਫਸਰ ਥਾਣਾ ਮੇਹਟੀਆਣਾ ਵਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਤੇ ਏ ਐਸ਼ ਆਈ ਉਕਾਰ ਸਿੰਘ ਸਮੇਤ ਪੁਲਸ ਪਾਰਟੀ ਨਾਲ ਗਸ਼ਤ ਬਾ ਤਲਾਸ਼ ਪੀ.ਓ ਸਬੰਧੀ ਉਦੋਂ ਸਫਲਤਾ ਮਿਲੀ ਜਦੋਂ ਮੁਕੱਦਮਾ ਨੰਬਰ 62 ਮਿਤੀ 19-06-2018 ਅ/ਧ 323,452,506,34 ਭ/ਦ ਥਾਣਾ ਮੇਹਟੀਆਣਾ ਵਿੱਚ ਦੋਸ਼ੀ ਅਮਨਦੀਪ ਸਿੰਘ ਪੁੱਤਰ ਰਾਏ ਪ੍ਰਤਾਪ ਸਿੰਘ ਵਾਸੀ ਪਧਿਆਣਾ ਥਾਣਾ ਆਦਮਪੁਰ ਜਿਲ੍ਹਾ ਜਲੰਧਰ ਨੂੰ ਮਾਨਯੋਗ ਅਦਾਲਤ ਸਿਮਰਨਦੀਪ ਸਿੰਘ ਸੋਹੀ ਜੇ.ਐਮ.ਆਈ.ਸੀ ਹੁਸ਼ਿ: ਵਲੋਂ ਮਿਤੀ 22-08-2022 ਨੂੰ ਪੀ.ਓ ਕਰਾਰ ਕੀਤਾ ਗਿਆ ਸੀ ।ਜਿਸ ਨੂੰ ਮਿਤੀ 02-03-2024 ਨੂੰ ਹਸਬ ਜਾਬਤਾ ਗ੍ਰਿਫਤਾਰ ਕੀਤਾ।

# ਪੋਲੀਓ ਖੁਰਾਕ ਪੀਣ ਨਾਲ ਹੀ ਬਿਮਾਰੀ ਤੋਂ ਬਚਿਆ ਜਾ ਸਕਦਾ : ਸੰਜੀਵ ਅਰੋੜਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)** ਦੇਸ਼ ਭਰ ਵਿੱਚ ਚਲਾਈ ਜਾ ਰਹੀ ਪਲਸ ਪੋਲਿਓ ਮੁਹਿੰਮ ਦੇ ਤਹਿਤ 0 ਤੋਂ 5 ਸਾਲ ਤੱਕ ਦੀ ਉਮਰ ਦੇ ਬੱਚਿਆਂ ਨੂੰ ਪੋਲੀਓ ਦੀ ਖੁਰਾਕ ਪਿਲਾਉਣ ਲਈ ਕਮਾਲਪੁਰ ਚੌਂਕ, ਟੈਪੂ ਅੱਡਾ, ਹੁਸ਼ਿਆਰਪੁਰ ਵਿਖੇ ਲਗਾਏ ਗਏ ਬੂਥ ਵਿੱਚ ਸਹਿਯੋਗ ਕਰਨ ਲਈ ਪ੍ਰਧਾਨ ਰਜਿੰਦਰ ਮੌਦਗਿਲ ਦੀ ਅਗਵਾਈ ਵਿੱਚ ਭਾਰਤ ਵਿਕਾਸ ਪ੍ਰੀਸ਼ਦ ਦੇ ਮੈਂਬਰ ਪਹੁੰਚੇ। ਇਸ ਮੌਕੇ ਉੱਘੇ ਸਮਾਜਸੇਵੀ ਅਤੇ ਸੂਬਾਈ ਕਨਵੀਨਰ ਸੰਜੀਵ ਅਰੋੜਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਹੈਲਥ ਵਰਕਰਸ ਦੇ ਸਹਿਯੋਗ ਨਾਲ ਭਾਰਤ ਵਿਕਾਸ ਪ੍ਰੀਸ਼ਦ ਦੇ ਮੈਂਬਰਾਂ ਨੇ ਬੱਚਿਆਂ ਨੂੰ ਪੋਲੀਓ ਦੀ ਬੂੰਦਾਂ ਪਿਲਾਈਆਂ। ਸੂਬਾਈ ਕਨਵੀਨਰ ਸੰਜੀਵ ਅਰੋੜਾ ਨੇ ਕਿਹਾ ਕਿ ਭਾਰਤ ਨੇ ਡਬਲਯੂ ਐਚ ਓ ਦੇ ਗਲੋਬਲ ਪੋਲੀਓ ਖਾਤਮੇ ਦੇ ਉਪਰਾਲੇ ਦੇ ਸਦਕਾ 1995 ਵਿੱਚ ਪਲਸ ਪੋਲੀਓ ਟੀਕਾਕਰਨ (ਪੀ ਪੀ ਆਈ) ਪ੍ਰੋਗਰਾਮ ਸ਼ੁਰੂ ਕੀਤਾ ਸੀ। ਇਸ ਪ੍ਰੋਗਰਾਮ ਤਹਿਤ 5 ਸਾਲ ਤੋਂ ਘੱਟ ਉਮਰ ਦੇ ਸਾਰੇ ਬੱਚਿਆਂ ਨੂੰ ਪੋਲੀਓ ਖਤਮ ਹੋਣ ਤੱਕ ਹਰ ਸਾਲ ਦਸੰਬਰ ਤੇ ਜਨਵਰੀ ਮਹੀਨੇ ਵਿੱਚ ਓਰਲ ਪੋਲੀਓ ਦੀ ਦੋ ਖੁਰਾਕਾਂ ਪਿਲਾਈਆਂ ਜਾਂਦੀਆਂ ਹਨ। ਇਸ ਮੌਕੇ ਪ੍ਰਧਾਨ ਰਜਿੰਦਰ ਮੌਦਗਿਲ ਨੇ ਕਿਹਾ ਕਿ ਭਾਰਤ ਪੋਲੀਓ ਮੁਕਤ ਹੋ ਚੁੱਕਾ ਹੈ ਪਰ ਅਜੇ ਵੀ ਕੁਝ ਦੇਸ਼ਾਂ ਵਿੱਚ ਪੋਲੀਓ ਦੀ ਬਿਮਾਰੀ ਹੈ, ਜਿਸ ਦੀ ਫਿਰ ਤੋਂ ਵਾਪਸ ਆਉਣ ਦੀ ਸੰਭਾਵਨਾ ਬਣੀ ਹੋਈ ਹੈ। ਆਪਣੇ ਬੱਚਿਆਂ ਦੀ ਸੁਰੱਖਿਆ ਲਈ ਸਾਨੂੰ ਕੋਈ ਵੀ ਚੂਕ ਨਹੀਂ ਹੋਣ ਦੇਣੀ ਚਾਹੀਦੀ। ਇਸ ਲਈ ਪੋਲੀਓ ਦੀ ਖੁਰਾਕ ਆਪਣੇ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਜਰੂਰ ਪਿਲਾਓ ਤਾਂ ਕਿ ਦੇਸ਼ ਨੂੰ ਪੋਲੀਓ ਮੁਕਤ ਬਣਾਈ ਰੱਖਿਆ ਜਾ ਸਕੇ। ਇਸ ਮੌਕੇ ਸੰਜੀਵ ਅਰੋੜਾ, ਰਜਿੰਦਰ ਮੋਦਗਿਲ, ਦਵਿੰਦਰ ਅਰੋੜਾ, ਅਮਰਜੀਤ ਸ਼ਰਮਾ, ਸਟਾਫ ਨਰਸ ਸੰਦੀਪ ਸੈਣੀ, ਸਿੰਮੀ ਰੁਮਾਨ ਅਤੇ ਕੋਮਲ ਆਦਿ ਮੌਜੂਦ ਸਨ।